DUMMY-EIRST PAGE-AJIT.qxd 2/8/2024 10:55 PM Page 1

ਸ਼ੁੱਕਰਵਾਰ, 9 ਫਰਵਰੀ, 2024
27 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 250

# ਨਵਾਂ ਜ਼ਮਾਨਾ

DAILY NAWAN ZAMANA • FRIDAY, 9 FEBRUARY, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਹੱਕ ਲੈਣ ਲਈ ਇਤਿਹਾਸਕ ਪ੍ਰਦਰਸ਼ਨ

## ਕੋਆਪ੍ਰੇਟਿਵ ਫੈਡਰਲਿਜ਼ਮ ਨੂੰ ਬਚਾਉਣ ਲਈ ਖੱਬੀਆਂ ਪਾਰਟੀਆਂ ਦੇ ਆਗੂਆਂ ਨਾਲ ਤਿੰਨ ਮੁੱਖ ਮੰਤਰੀ ਜੰਤਰ ਮੰਤਰ 'ਤੇ ਜੁੜੇ



**ਨਵੀਂ ਦਿੱਲੀ** : ਕੇਰਲਾ ਦੇ ਖੱਬੇ ਜਮਹੂਰੀ ਮੋਰਚੇ (ਐੱਲ ਡੀ ਐੱਫ) ਦੇ ਨੇਤਾਵਾਂ ਅਤੇ ਸੰਸਦ ਮੈਂਬਰਾਂ ਨੇ ਵੀਰਵਾਰ ਇੱਥੇ ਜੰਤਰ-ਮੰਤਰ 'ਤੇ ਮੁੱਖ ਮੰਤਰੀ ਪਿਨਾਰਾਈ ਵਿਜਯਨ ਦੀ ਅਗਵਾਈ 'ਚ ਕੇਂਦਰ ਸਰਕਾਰ ਖਿਲਾਫ ਪ੍ਰਦਰਸ਼ਨ ਕੀਤਾ। ਵਿਜਯਨ ਨੇ ਕੇਂਦਰ ਸਰਕਾਰ 'ਤੇ ਰਾਜਾਂ ਨੂੰ ਟੈਕਸਾਂ ਵਿਚ ਉਨ੍ਹਾਂ ਦਾ ਬਣਦਾ ਹਿੱਸਾ ਨਾ ਦੇਣ ਅਤੇ ਵਿਰੋਧੀ ਪਾਰਟੀਆਂ ਦੇ ਸ਼ਾਸਨ ਵਾਲੇ ਰਾਜਾਂ ਵਿਚ ਰਾਜਪਾਲਾਂ ਰਾਹੀਂ ਸਰਕਾਰ ਦੇ ਕੰਮਕਾਜ ਵਿਚ ਰੁਕਾਵਟ ਪਾਉਣ ਦਾ ਦੋਸ਼ ਲਗਾਇਆ। ਇਸ ਪ੍ਰਦਰਸ਼ਨ 'ਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਨੈਸ਼ਨਲ ਕਾਨਫਰੰਸ ਦੇ ਆਗੂ ਫਾਰੂਕ ਅਬਦੁੱਲਾ, ਡੀ ਐੱਮ ਕੇ ਆਗੂ ਤਿਰੂਚੀ ਸ਼ਿਵਾ ਅਤੇ ਪਲਾਨੀਵੇਲ ਥਿਆਗਰਾਜਨ, ਸੀ ਪੀ ਆਈ (ਐੱਮ) ਦੇ ਜਨਰਲ ਸਕੱਤਰ ਸੀਤਾਰਾਮ ਯੇਚੁਰੀ ਅਤੇ ਸੀ ਪੀ ਆਈ ਦੇ ਜਨਰਲ ਸਕੱਤਰ ਡੀ ਰਾਜਾ ਵੀ ਸ਼ਾਮਲ ਹੋਏ।

ਵਿਜਯਨ ਨੇ ਆਪਣੇ ਸੰਬੋਧਨ 'ਚ ਇਨ੍ਹਾਂ ਦੋਸ਼ਾਂ ਨੂੰ ਵੀ ਰੱਦ ਕੀਤਾ ਕਿ ਇਹ ਪ੍ਰਦਰਸ਼ਨ ਉੱਤਰ ਅਤੇ ਦੱਖਣ ਵਿਚਾਲੇ ਪਾੜਾ ਵਧਾਏਗਾ। ਉਨ੍ਹਾ ਕਿਹਾ ਕਿ ਇਹ ਪ੍ਰਦਰਸ਼ਨ ਇਸ ਲਈ ਹੈ ਤਾਂ ਜੋ ਰਾਜ ਦੇ ਲੋਕਾਂ ਦੇ ਹਿੱਤਾਂ ਵੱਧ ਧਿਆਨ ਦਿੱਤਾ ਜਾਵੇ।

ਵਿਜਯਨ ਨੇ ਕਿਹਾ ਕਿ 8 ਫਰਵਰੀ 2024 ਭਾਰਤੀ ਗਣਰਾਜ ਦੇ ਇਤਿਹਾਸ ਵਿਚ ਲਾਲ ਅੱਖਰਾਂ ਨਾਲ ਲਿਖਿਆ ਜਾਵੇਗਾ। ਉਨ੍ਹਾ ਕਿਹਾ ਕਿ ਭਾਰਤ ਨੂੰ 'ਰਾਜਾਂ ਦਾ ਸੰਘ' ਬਣਾਇਆ ਗਿਆ ਸੀ, ਪਰ ਹੌਲੀ-ਹੌਲੀ ਗੈਰਜਮਹੂਰੀ ਰਾਜਾਂ ਦਾ ਸੰਘ ਬਣਾਇਆ ਜਾ ਰਿਹਾ ਹੈ। ਖਾਸ ਕਰਕੇ ਆਪੋਜ਼ੀਸ਼ਨ ਦੀਆਂ ਸਰਕਾਰਾਂ ਵਾਲੇ ਰਾਜਾਂ ਨਾਲ ਘੋਰ ਵਿਤਕਰਾ ਕੀਤਾ ਜਾ ਰਿਹਾ ਹੈ। ਉਹ ਇੱਥੇ ਇਸ ਵਿਰੁੱਧ ਤਕੜਾ ਪ੍ਰੋਟੈੱਸਟ ਕਰਨ ਤੇ ਭਾਰਤ ਦਾ ਸੰਘੀ ਢਾਂਚਾ ਬਚਾਉਣ ਲਈ ਆਏ ਹਨ। ਉਨ੍ਹਾ ਕਿਹਾ-ਅੱਜ ਅਸੀਂ ਲੜਾਈ ਦੀ ਮੁੜ ਸ਼ੁਰੂਆਤ ਕਰ ਰਹੇ ਹਾਂ, ਜਿਹੜੀ ਰਾਜਾਂ ਨਾਲ ਬਰਾਬਰ ਦਾ ਸਲੂਕ ਯਕੀਨੀ ਬਣਾਉਣ ਦਾ ਸੂਰਜ ਚੜ੍ਹਾਏਗੀ। ਇਹ ਲੜਾਈ ਕੇਂਦਰ ਤੇ ਰਾਜਾਂ ਵਿਚਾਲੇ ਰਿਸ਼ਤਿਆਂ ਵਿਚ ਸੰਤੁਲਨ ਵੀ ਯਕੀਨੀ ਬਣਾਏਗੀ। ਕੇਂਦਰ ਸਰਕਾਰ ਦੀਆਂ ਕਾਰਵਾਈਆਂ ਕੋਆਪ੍ਰੇਟਿਵ ਫੈਡਰਲਿਜ਼ਮ ਨੂੰ ਕਮਜ਼ੋਰ ਕਰ ਰਹੀਆਂ ਹਨ।

ਕੇਜਰੀਵਾਲ ਨੇ ਕਿਹਾ ਕਿ ਆਪੋਜ਼ੀਸ਼ਨ ਪਾਰਟੀਆਂ ਦੇਸ਼ ਦੇ 70 ਕਰੋੜ ਲੋਕਾਂ ਦੀ ਨੁਮਾਇੰਦਗੀ ਕਰਦੀਆਂ ਹਨ। ਭਾਜਪਾ ਨੇ ਆਪੋਜ਼ੀਸ਼ਨ ਪਾਰਟੀਆਂ ਦੀਆਂ ਸਰਕਾਰਾਂ ਵਾਲੇ ਰਾਜਾਂ ਖਿਲਾਫ ਜੰਗ ਛੇੜੀ ਹੋਈ ਹੈ। ਉਹ ਆਪੋਜ਼ੀਸ਼ਨ ਦੀਆਂ ਸਰਕਾਰਾਂ ਨੂੰ ਪ੍ਰੇਸ਼ਾਨ ਕਰਨ ਲਈ ਹਰ ਹਰਬਾ ਵਰਤ ਰਹੀ ਹੈ। ਕੇਂਦਰ ਸਰਕਾਰ ਬਣਦੇ ਫੰਡ ਨਹੀਂ ਦੇ ਰਹੀ। ਰਾਜਪਾਲਾਂ ਤੇ ਉਪ ਰਾਜਪਾਲਾਂ ਰਾਹੀਂ ਕੰਮਾਂ ਵਿਚ ਅੜਿੱਕੇ ਡਾਹ ਰਹੀ ਹੈ। ਆਪੋਜ਼ੀਸ਼ਨ ਆਗੂਆਂ ਨੂੰ ਗ੍ਰਿਫਤਾਰ ਕਰਨ ਲਈ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ। ਉਹ ਇੱਥੇ ਆਪਣੇ ਜਾਂ ਆਪਣੇ ਪਰਵਾਰਾਂ ਲਈ ਪ੍ਰੋਟੈੱਸਟ ਕਰਨ ਲਈ ਇਕੱਠੇ ਨਹੀਂ ਹੋਏ ਹਨ। ਉਹ ਦਿੱਲੀ ਦੇ ਦੋ ਕਰੋੜ ਲੋਕਾਂ ਦੇ ਹੱਕਾਂ ਦੀ ਗੱਲ ਕਰਨ ਆਏ ਹਨ। ਜੇ ਕੇਂਦਰ ਸਰਕਾਰ ਫੰਡ ਨਹੀਂ ਦੇਵੇਗੀ ਤਾਂ ਉਹ ਸੜਕਾਂ ਕਿਵੇਂ ਬਣਾਉਣਗੇ, ਬਿਜਲੀ ਕਿਵੇਂ ਉਪਲੱਬਧ ਕਰਾਉਣਗੇ ਅਤੇ ਵਿਕਾਸ ਦੇ ਕੰਮ ਕਿਵੇਂ ਕਰਨਗੇ।

ਕੇਜਰੀਵਾਲ ਨੇ ਪੰਜਾਬ ਦੀ ਮਿਸਾਲ ਦਿੰਦਿਆਂ ਕਿਹਾ ਕਿ ਕਿਵੇਂ ਸੂਬਾ ਸਰਕਾਰ ਨੂੰ ਪੇਂਡੂ ਵਿਕਾਸ ਫੰਡ ਜਾਰੀ ਕਰਾਉਣ ਲਈ ਸੁਪਰੀਮ ਕੋਰਟ ਜਾਣਾ ਪਿਆ।

ਉਨ੍ਹਾ ਕਿਹਾ-ਕੇਂਦਰ ਸਰਕਾਰ ਈ ਡੀ ਵਰਗੀਆਂ ਏਜੰਸੀਆਂ ਨੂੰ ਵਰਤ ਰਹੀ ਹੈ। ਹੇਮੰਤ ਸੋਰੇਨ ਨੂੰ ਗ੍ਰਿਫਤਾਰ ਕਰ ਲਿਆ ਹੈ ਤੇ ਮੈਨੂੰ ਵੀ ਗ੍ਰਿਫਤਾਰ ਕਰ ਸਕਦੇ ਹਨ। ਉਹ ਰਾਜ ਸਰਕਾਰਾਂ ਉਲਟਾਉਣ ਲਈ ਕਿਸੇ ਨੂੰ ਵੀ ਗ੍ਰਿਫਤਾਰ ਕਰਕੇ ਜੇਲ੍ਹਾਂ ਭੇਜ ਸਕਦੇ ਹਨ। ਮੈਂ ਭਾਜਪਾ ਨੂੰ ਕਹਿਣਾ ਚਾਹੁੰਦਾ ਹਾਂ ਕਿ ਹੰਕਾਰੀ ਨਾ ਬਣੇ। ਸਮਾਂ ਆ ਸਕਦਾ ਹੈ ਜਦੋਂ ਅਸੀਂ ਉੱਥੇ (ਸੱਤਾ ਵਿਚ) ਹੋਵਾਂਗੇ ਤੇ ਤੁਸੀਂ ਇੱਥੇ (ਆਪੋਜ਼ੀਸ਼ਨ ਵਿਚ) ਅਤੇ ਇਹੀ ਕਾਨੂੰਨ ਤੁਹਾਨੂੰ ਲੱਭਣਗੇ।

ਸਾਰੇ ਆਗੂ ਸਵੇਰ ਦੀ ਠੰਢ 'ਚ ਕੇਰਲਾ ਹਾਊਸ ਤੋਂ ਜੰਤਰ ਮੰਤਰ ਪੁੱਜੇ। ਉਨ੍ਹਾਂ ਬੈਨਰ ਤੇ ਤਖਤੀਆਂ ਚੁੱਕੀਆਂ ਹੋਈਆਂ ਸਨ, ਜਿਨ੍ਹਾਂ 'ਤੇ ਕੇਰਲਾ ਨੂੰ ਮਾਲੀ ਸੰਕਟ ਵਿਚ ਪਾਉਣ ਲਈ ਕੇਂਦਰ ਦੀਆਂ ਆਰਥਿਕ ਨੀਤੀਆਂ ਵਿਰੁੱਧ ਨਾਅਰੇ ਲਿਖੇ ਹੋਏ ਸਨ।

## ਕੀਮਤ ਘਟੀ ਤਾਂ ਸਰਕਾਰ ਸਰ੍ਹੋਂ ਖਰੀਦੇਗੀ : ਮੁੰਡਾ

**ਨਵੀਂ ਦਿੱਲੀ** : ਕੇਂਦਰੀ ਖੇਤੀਬਾੜੀ, ਕਿਸਾਨ ਭਲਾਈ ਅਤੇ ਕਬਾਇਲੀ ਮਾਮਲਿਆਂ ਬਾਰੇ ਮੰਤਰੀ ਅਰਜੁਨ ਮੁੰਡਾ ਨੇ ਕਿਹਾ ਹੈ ਕਿ ਜੇ ਸਰ੍ਹੋਂ ਦੀ ਕੀਮਤ ਐੱਮ ਐੱਸ ਪੀ ਤੋਂ ਹੇਠਾਂ ਜਾਂਦੀ ਹੈ ਤਾਂ ਸਰਕਾਰ ਕਿਸਾਨਾਂ ਤੋਂ ਇਸ ਨੂੰ ਐੱਮ ਐੱਸ ਪੀ 'ਤੇ ਖਰੀਦੇਗੀ। ਉਨ੍ਹਾ ਕਿਹਾ ਕਿ ਇਸ ਲਈ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ। ਮੁੰਡਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਹਾੜ੍ਹੀ ਦੇ ਮੰਡੀਕਰਨ ਸੀਜ਼ਨ ਦੌਰਾਨ ਐੱਮ ਐੱਸ ਪੀ ਜਾਂ ਪੀ ਐੱਸ ਐੱਸ ਤਹਿਤ ਸਰ੍ਹੋਂ ਦੀ ਖਰੀਦ ਲਈ ਤਿਆਰੀਆਂ ਕੀਤੀਆਂ ਹਨ।

## ਵਿਸ਼ਵ ਪੁਸਤਕ ਮੇਲਾ ਭਲਕ ਤੋਂ

**ਨਵੀਂ ਦਿੱਲੀ** : ਵਿਸ਼ਵ ਪੁਸਤਕ ਮੇਲਾ 10 ਤੋਂ 18 ਫਰਵਰੀ ਤੱਕ ਇਥੋਂ ਦੇ ਪ੍ਰਗਤੀ ਮੈਦਾਨ 'ਚ ਲੱਗੇਗਾ। ਨੈਸ਼ਨਲ ਬੁੱਕ ਟਰੱਸਟ ਨੇ ਦੱਸਿਆ ਕਿ ਮੇਲੇ ਦੌਰਾਨ ਹਰ ਭਾਰਤੀ ਭਾਸ਼ਾ ਦੀਆਂ ਕਿਤਾਬਾਂ, ਪ੍ਰਕਾਸ਼ਨ ਸੰਸਥਾਵਾਂ, ਸਾਹਿਤਕ ਸੰਸਥਾਵਾਂ ਸ਼ਮੂਲੀਅਤ ਕਰਨਗੀਆਂ। ਸਾਹਿਤਕ ਸਰਗਰਮੀਆਂ ਹੋਣਗੀਆਂ। ਬੱਚਿਆਂ ਤੇ ਨਵੇਂ ਉਭਰਦੇ ਸਾਹਿਤਕਾਰਾਂ ਲਈ ਸਮਾਗਮ ਉਲੀਕੇ ਗਏ ਹਨ।

## ਭਾਰਤ ਅਮਰੀਕੀਆਂ 'ਤੇ ਭਰੋਸਾ ਨਹੀਂ ਕਰਦਾ : ਹੈਲੀ

**ਵਾਸ਼ਿੰਗਟਨ** : ਅਮਰੀਕਾ ਵਿਚ ਰਿਪਬਲਿਕਨ ਪਾਰਟੀ ਦੀ ਰਾਸ਼ਟਰਪਤੀ ਅਹੁਦੇ ਦੀ ਉਮੀਦਵਾਰ ਬਣਨ ਦੀ ਦੌੜ ਵਿਚ ਸ਼ਾਮਲ ਨਿੱਕੀ ਹੈਲੀ ਨੇ ਕਿਹਾ ਹੈ ਕਿ ਭਾਰਤ ਅਮਰੀਕਾ ਦਾ ਭਾਈਵਾਲ ਬਣਨਾ ਚਾਹੁੰਦਾ ਹੈ, ਪਰ ਇਸ ਸਮੇਂ ਉਹ ਅਗਵਾਈ ਲਈ ਅਮਰੀਕੀਆਂ 'ਤੇ ਭਰੋਸਾ ਨਹੀਂ ਕਰਦਾ। ਭਾਰਤੀ-ਅਮਰੀਕੀ ਹੈਲੀ ਨੇ ਕਿਹਾ ਕਿ ਮੌਜੂਦਾ ਆਲਮੀ ਹਾਲਾਤ 'ਚ ਭਾਰਤ ਨੇ ਬਹੁਤ ਚਲਾਕੀ ਦਿਖਾਈ ਹੈ ਅਤੇ ਰੂਸ ਨਾਲ ਨਜ਼ਦੀਕੀ ਸੰਬੰਧ ਬਣਾਏ ਰੱਖੇ ਹਨ। ਹੈਲੀ ਨੇ 'ਫਾਕਸ ਬਿਜ਼ਨਸ ਨਿਊਜ਼' ਨੂੰ ਦਿੱਤੀ ਇੰਟਰਵਿਊ 'ਚ ਕਿਹਾ ਕਿ ਮੌਜੂਦਾ ਸਮੇਂ 'ਚ ਭਾਰਤ ਅਮਰੀਕਾ ਨੂੰ ਕਮਜ਼ੋਰ ਸਮਝਦਾ ਹੈ।

## 'ਆਪ' ਨੇ ਆਸਾਮ ਤੋਂ ਤਿੰਨ ਉਮੀਦਵਾਰ ਐਲਾਨੇ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਨੇ ਵੀਰਵਾਰ ਆਸਾਮ ਤੋਂ ਲੋਕ ਸਭਾ ਦੇ ਤਿੰਨ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਤੇ ਆਸ ਪ੍ਰਗਟਾਈ ਕਿ ਇੰਡੀਆ ਗੱਠਜੋੜ ਇਨ੍ਹਾਂ 'ਤੇ ਮੋਹਰ ਲਾਵੇਗਾ। ਰਾਜ ਸਭਾ ਸਾਂਸਦ ਸੰਦੀਪ ਪਾਠਕ ਨੇ ਪ੍ਰੈੱਸ ਕਾਨਫਰੰਸ ਵਿਚ ਕਿਹਾ ਕਿ ਡਿਬਰੂਗੜ੍ਹ ਤੋਂ ਮਨੋਜ ਧਨੋਹਰ, ਗੁਹਾਟੀ ਤੋਂ ਭਵੇਨ ਚੌਧਰੀ ਤੇ ਸੋਨਿਤਪੁਰ ਤੋਂ ਰਿਸ਼ੀ ਰਾਜ ਉਮੀਦਵਾਰ ਬਣਾਏ ਗਏ ਹਨ। ਉਨ੍ਹਾ ਕਿਹਾ ਕਿ ਲੋਕ ਸਭਾ ਚੋਣਾਂ ਵਿਚ ਵਕਤ ਥੋੜ੍ਹਾ ਰਹਿ ਗਿਆ ਹੈ ਤੇ ਇੰਡੀਆ ਗੱਠਜੋੜ ਨੂੰ ਸੀਟਾਂ ਦੀ ਵੰਡ ਦਾ ਕੰਮ ਛੇਤੀ ਨਿਬੇੜਨਾ ਚਾਹੀਦਾ ਹੈ।

## ਈ ਐੱਮ ਆਈ 'ਚ ਕੋਈ ਬਦਲਾਅ ਨਹੀਂ ਹੋਣਾ

**ਮੁੰਬਈ** : ਭਾਰਤੀ ਰਿਜ਼ਰਵ ਬੈਂਕ ਨੇ ਵੀਰਵਾਰ ਲਗਾਤਾਰ ਛੇਵੀਂ ਵਾਰ ਨੀਤੀਗਤ ਦਰ ਰੈਪੋ ਨੂੰ 6.5 ਫੀਸਦੀ 'ਤੇ ਬਰਕਰਾਰ ਰੱਖਿਆ। ਇਸ ਦਾ ਮਤਲਬ ਹੈ ਕਿ ਘਰ, ਵਾਹਨ ਸਮੇਤ ਵੱਖ-ਵੱਖ ਕਰਜ਼ਿਆਂ 'ਤੇ ਮਹੀਨਾਵਾਰ ਕਿਸ਼ਤ (ਈ ਐੱਮ ਆਈ) 'ਚ ਕੋਈ ਬਦਲਾਅ ਨਹੀਂ ਹੋਵੇਗਾ। ਨਾਲ ਹੀ ਅਗਲੇ ਵਿੱਤੀ ਸਾਲ 2024-25 ਲਈ ਵਿਕਾਸ ਦਰ 7 ਫੀਸਦੀ ਰਹਿਣ ਦਾ ਅਨੁਮਾਨ ਲਗਾਇਆ ਗਿਆ ਹੈ। ਇਸ ਦੇ ਨਾਲ ਹੀ ਮੌਜੂਦਾ ਵਿੱਤੀ ਸਾਲ 'ਚ ਪ੍ਰਚੂਨ ਮਹਿੰਗਾਈ ਦਰ 5.4 ਫੀਸਦੀ ਰਹਿਣ ਦੀ ਉਮੀਦ ਹੈ। ਬੈਂਕ ਦੇ ਗਵਰਨਰ ਸ਼ਕਤੀਕਾਂਤ ਦਾਸ ਨੇ ਮੁਦਰਾ ਨੀਤੀ ਕਮੇਟੀ ਦੀ ਤਿੰਨ ਦਿਨਾਂ ਬੈਠਕ 'ਚ ਲਏ ਫੈਸਲੇ ਦੀ ਜਾਣਕਾਰੀ ਦਿੰਦੇ ਹੋਏ ਕਿਹਾ-ਹਾਲਾਤ ਨੂੰ ਦੇਖਦੇ ਹੋਏ ਰੈਪੋ ਦਰ ਨੂੰ 6.5 ਫੀਸਦੀ 'ਤੇ ਬਰਕਰਾਰ ਰੱਖਣ ਦਾ ਫੈਸਲਾ ਕੀਤਾ ਗਿਆ ਹੈ।

## ਲੋਕਤੰਤਰ ਦੀ ਗੱਲ ਛਿੜੇਗੀ ਤਾਂ ਮਨਮੋਹਨ ਸਿੰਘ ਯਾਦ ਆਉਣਗੇ : ਮੋਦੀ



**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਦੇਸ਼ ਲਈ ਯੋਗਦਾਨ ਦੀ ਤਾਰੀਫ ਕਰਦਿਆਂ ਕਿਹਾ ਕਿ ਜਦੋਂ ਵੀ ਲੋਕਤੰਤਰ ਦੀ ਗੱਲ ਕੀਤੀ ਜਾਵੇਗੀ ਤਾਂ ਉਨ੍ਹਾ ਦੇ ਯੋਗਦਾਨ ਨੂੰ ਯਾਦ ਕੀਤਾ ਜਾਵੇਗਾ। ਰਾਜ ਸਭਾ ਦੇ ਸੇਵਾਮੁਕਤ ਹੋ ਰਹੇ ਮੈਂਬਰਾਂ ਦੀ ਵਿਦਾਇਗੀ ਮੌਕੇ ਉਪਰਲੇ ਸਦਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਸਰੀਰਕ ਬਿਮਾਰੀ ਦੇ ਬਾਵਜੂਦ ਸਦਨ ਦੀ ਕਾਰਵਾਈ 'ਚ ਸ਼ਮੂਲੀਅਤ ਯਕੀਨੀ ਬਣਾਉਣ ਲਈ ਮਨਮੋਹਨ ਸਿੰਘ ਦੀ ਸ਼ਲਾਘਾ ਕੀਤੀ ਅਤੇ ਉਨ੍ਹਾ ਦੀ ਲੰਬੀ ਉਮਰ ਦੀ ਕਾਮਨਾ ਵੀ ਕੀਤੀ। ਮਨਮੋਹਨ ਸਿੰਘ ਸਮੇਤ ਉਪਰਲੇ ਸਦਨ ਦੇ 68 ਮੈਂਬਰ ਫਰਵਰੀ ਤੋਂ ਮਈ ਦਰਮਿਆਨ ਸੇਵਾਮੁਕਤ ਹੋ ਰਹੇ ਹਨ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। -ਮੈਨੇਜਰ

## 10 ਸਾਲ ਅਨਿਆਏ ਕਾਲ



**ਨਵੀਂ ਦਿੱਲੀ** : ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਦੀਆਂ ਪਿਛਲੇ 10 ਸਾਲਾਂ ਦੀਆਂ ਨਾਕਾਮੀਆਂ 'ਤੇ ਵੀਰਵਾਰ 'ਬਲੈਕ ਪੇਪਰ' ਜਾਰੀ ਕੀਤਾ, ਜਿਸ 'ਚ ਪਾਰਟੀ ਨੇ ਬੇਰੁਜ਼ਗਾਰੀ, ਮਹਿੰਗਾਈ, ਕਿਸਾਨਾਂ ਦੀਆਂ ਸਮੱਸਿਆਵਾਂ ਤੇ ਸਰਕਾਰ ਦੀਆਂ ਨਾਕਾਮੀਆਂ ਨੂੰ ਸਾਹਮਣੇ ਲਿਆਂਦਾ ਹੈ। ਖੜਗੇ ਨੇ ਕਿਹਾ ਕਿ ਸਰਕਾਰ ਨੇ 2 ਕਰੋੜ ਨੌਕਰੀਆਂ ਦੇਣ ਤੇ ਕਿਸਾਨਾਂ ਲਈ ਘੱਟੋ-ਘੱਟ ਸਮਰਥਨ ਮੁੱਲ ਯਕੀਨੀ ਬਣਾਉਣ ਦੀ ਮੋਦੀ ਦੀ ਗਰੰਟੀ ਦਿੱਤੀ ਸੀ, ਪਰ ਅਜਿਹਾ ਨਹੀਂ ਹੋਇਆ ਤੇ ਹੁਣ ਉਹ ਨਵੀਂ ਗਰੰਟੀ ਦੀ ਗੱਲ ਕਰ ਰਹੇ ਹਨ। ਉਨ੍ਹਾ ਕਿਹਾ ਕਿ ਕਾਂਗਰਸ ਨੇ ਦੇਸ਼ ਦੀ ਆਜ਼ਾਦੀ ਨੂੰ ਯਕੀਨੀ ਬਣਾਇਆ ਅਤੇ 2024 'ਚ ਦੇਸ਼ ਨੂੰ ਭਾਜਪਾ ਦੇ ਬੇਇਨਸਾਫੀ ਦੇ ਹਨੇਰੇ ਵਿੱਚੋਂ ਕੱਢੇਗੀ। '10 ਸਾਲ ਅਨਿਆਏ ਕਾਲ 2014-24' ਨਾਂਅ ਦੇ ਬਲੈਕ ਪੇਪਰ ਵਿਚ ਕਿਹਾ ਗਿਆ ਹੈ ਕਿ ਮੋਦੀ ਰਾਜ ਵਿਚ ਅਰਥਵਿਵਸਥਾ ਬਰਬਾਦ ਹੋ ਗਈ, ਬੇਰੁਜ਼ਗਾਰੀ ਹੋਰ ਵਧ ਗਈ ਤੇ ਖੇਤੀਬਾੜੀ ਵੀ ਤਬਾਹ ਹੋ ਗਈ। ਇਸ ਨੇ ਮਹਿਲਾਵਾਂ 'ਤੇ ਅੱਤਿਆਚਾਰ ਵਧਾਇਆ ਅਤੇ ਘੱਟਗਿਣਤੀਆਂ ਨਾਲ ਘੋਰ ਬੇਇਨਸਾਫੀ ਕੀਤੀ। ਮੋਦੀ ਸਰਕਾਰ ਨੇ ਸਮਾਜੀ ਇਕਸੁਰਤਾ ਨੂੰ ਤੋੜਿਆ ਅਤੇ ਕੌਮੀ ਸੁਰੱਖਿਆ ਨਾਲ ਸਮਝੌਤਾ ਕੀਤਾ।

ਖੜਗੇ ਨੇ ਪ੍ਰਧਾਨ ਮੰਤਰੀ ਦੇ ਇਸ ਦਾਅਵੇ ਨੂੰ ਝੁਠਲਾਇਆ ਕਿ ਉਨ੍ਹਾ ਅਨੁਸੂਚਿਤ ਜਾਤੀ ਤੇ ਜਨਜਾਤੀ ਦੇ ਵਿਅਕਤੀ ਰਾਸ਼ਟਰਪਤੀ ਬਣਾਏ। ਖੜਗੇ ਨੇ ਕਿਹਾ-ਯੇ ਤੋ ਬਨਤੇ ਰਹਤੇ ਹੈਂ। ਕਾਂਗਰਸ ਨੇ ਭੀ ਅਨੁਸੂਚਿਤ ਜਾਤੀ ਦੇ ਵਿਅਕਤੀ (ਕੇ ਆਰ

● ਬਾਕੀ ਸਫ਼ਾ 2 'ਤੇ

## ਫੈਸਲਾ ਰਾਖਵਾਂ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਇਸ ਕਾਨੂੰਨੀ ਸਵਾਲ 'ਤੇ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਹੈ ਕਿ ਕੀ ਕਿਸੇ ਵੀ ਰਾਜ ਸਰਕਾਰ ਨੂੰ ਦਾਖਲਿਆਂ ਅਤੇ ਸਰਕਾਰੀ ਨੌਕਰੀਆਂ 'ਚ ਰਾਖਵਾਂਕਰਨ ਦੇਣ ਲਈ ਅਨੁਸੂਚਿਤ ਜਾਤੀਆਂ (ਐੱਸ ਸੀ) ਅਤੇ ਅਨੁਸੂਚਿਤ ਜਨਜਾਤੀਆਂ (ਐੱਸ ਟੀ) 'ਚ ਉਪ-ਸ਼੍ਰੇਣੀ ਬਣਾਉਣ ਦਾ ਅਧਿਕਾਰ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਸੱਤ ਜੱਜਾਂ ਦੀ ਸੰਵਿਧਾਨਕ ਬੈਂਚ ਨੇ ਅਟਾਰਨੀ ਜਨਰਲ ਆਰ ਵੈਂਕਟਾਰਮਣੀ, ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਤੇ ਰਾਜਾਂ ਦੇ ਵਕੀਲਾਂ ਦੀਆਂ ਦਲੀਲਾਂ ਸੁਣੀਆਂ, ਜਿਨ੍ਹਾਂ 'ਚ ਈ ਵੀ ਚਿਨੱਈਆ ਦੇ ਫੈਸਲੇ ਦੀ ਸਮੀਖਿਆ ਕਰਨ ਦੀ ਮੰਗ ਕੀਤੀ ਗਈ।

## ਸਮੀਰ ਨੇ ਖੁਦਕੁਸ਼ੀ ਕੀਤੀ



**ਨਿਊਯਾਰਕ** : ਅਮਰੀਕਾ ਦੀ ਪਰਡਿਊ ਯੂਨੀਵਰਸਿਟੀ 'ਚ ਭਾਰਤੀ ਮੂਲ ਦੇ 23 ਸਾਲਾ ਵਿਦਿਆਰਥੀ ਦੀ ਮੌਤ 'ਤੇ ਅਧਿਕਾਰੀਆਂ ਨੇ ਕਿਹਾ ਕਿ ਉਸ ਨੇ ਆਪਣੇ ਸਿਰ 'ਚ ਗੋਲੀ ਮਾਰ ਕੇ ਖੁਦਕੁਸ਼ੀ ਕੀਤੀ ਹੈ। ਵਿਦਿਆਰਥੀ ਦੀ ਲਾਸ਼ ਇਸ ਹਫਤੇ ਇੰਡੀਆਨਾ ਰਾਜ 'ਚ ਮਿਲੀ ਸੀ। ਸਮੀਰ ਕਾਮਤ ਅਮਰੀਕੀ ਨਾਗਰਿਕ ਸੀ, ਜੋ 5 ਫਰਵਰੀ ਨੂੰ ਸ਼ਾਮ ਕਰੀਬ ਪੰਜ ਵਜੇ ਇੰਡੀਆਨਾ ਦੇ ਵਿਲੀਅਮਸਪੋਰਟ 'ਚ ਕ੍ਰੋਜ਼ ਗਰੋਵ ਦੇ ਜੰਗਲ 'ਚ ਮਰਿਆ ਮਿਲਿਆ ਸੀ। ਕਾਮਤ ਦਾ ਪੋਸਟਮਾਰਟਮ 6 ਫਰਵਰੀ ਨੂੰ ਕੀਤਾ ਗਿਆ ਸੀ।

# ਪੁਲਸ ਨਾਕਾਮ ਰਹੀ ਤਾਂ ਮੁਟਿਆਰ ਨੇ ਲੁਟੇਰਾ ਖੁਦ ਨੱਪਿਆ

**ਬਠਿੰਡਾ (ਬਖਤੌਰ ਢਿੱਲੋਂ, ਪਰਵਿੰਦਰ ਸ਼ਰਮਾ)**

ਬੀਤੀ 4 ਫਰਵਰੀ (ਐਤਵਾਰ) ਵਕਤ ਸ਼ਾਮ ਦੇ ਕਰੀਬ 4 ਵਜੇ ਦਾ ਹੋਵੇਗਾ, ਆਪਣੇ ਬਾਪ ਨਾਲ ਗੱਲ ਕਰਨ ਉਪਰੰਤ ਅਪੋਲੋ ਹਸਪਤਾਲ ਦਿੱਲੀ ਵਿਖੇ ਨੌਕਰੀ ਕਰ ਰਹੀ 24 ਸਾਲਾ ਲੜਕੀ ਨਿਕਤਾ ਸ਼ਰਮਾ ਜਦ ਆਪਣਾ ਸਮਾਰਟ ਫੋਨ ਪਰਸ 'ਚ ਪਾਉਣ ਲੱਗੀ ਤਾਂ ਇੱਕ ਲੁਟੇਰਾ ਖੋਹ ਕੇ ਫਰਾਰ ਹੋ ਜਾਂਦਾ ਹੈ। ਇਹ ਘਟਨਾ ਹੰਸ ਰੋਡ ਬਠਿੰਡਾ ਦੇ ਭੀੜ-ਭੜੱਕੇ ਵਾਲੇ ਇਲਾਕੇ ਵਿੱਚ ਵਾਪਰਦੀ ਹੈ। ਇੱਕ ਹਿੰਦੀ ਅਖ਼ਬਾਰ ਦੇ ਪੱਤਰਕਾਰ ਦੀ ਇਹ ਧੀ ਤੁਰੰਤ 112 ਨੰਬਰ 'ਤੇ ਕਾਲ ਕਰਨ ਤੋਂ ਇਲਾਵਾ ਸਥਾਨਕ ਕੈਨਾਲ ਕਲੋਨੀ ਥਾਣੇ ਦੀ ਪੁਲਿਸ ਨੂੰ ਸੂਚਿਤ ਕਰ ਦਿੰਦੀ ਹੈ, ਪਰ ਮੌਕੇ 'ਤੇ ਕੋਈ ਕਰਮਚਾਰੀ ਨਹੀਂ ਪੁੱਜਦਾ। ਕੁਝ ਸਮੇਂ ਬਾਅਦ ਥਾਣੇ 'ਚੋਂ ਬਿਆਨ ਦਰਜ ਕਰਵਾਉਣ ਲਈ ਕਾਲ ਆਉਂਦੀ ਹੈ। ਥਾਣੇ ਦੇ ਅੰਦਰ ਦਾਖ਼ਲ ਹੋਣ ਲਈ ਨਿਕਤਾ ਤੇ ਉਸ ਦੀ ਮਾਂ ਨੂੰ ਕਾਫ਼ੀ ਜੱਦੋਜਹਿਦ ਕਰਨੀ ਪੈਂਦੀ



ਹੈ, ਕਿਉਂਕਿ ਡਿਊਟੀ 'ਤੇ ਤਾਇਨਾਤ ਸੰਤਰੀ ਹੀ ਆਪਣੇ ਪੱਧਰ 'ਤੇ ਪੀੜਤਾ ਤੋਂ ਪੁੱਛ-ਪੜਤਾਲ ਸ਼ੁਰੂ ਕਰ ਦਿੰਦਾ ਹੈ। ਸਮਾਂ ਬੀਤਦਾ ਜਾ ਰਿਹੈ, ਪਰ ਪੁਲਸ ਦੀ ਹਰਕਤ ਨਾ ਮਹਿਸੂਸ ਹੁੰਦੀ ਹੈ ਤੇ ਨਾ ਹੀ ਪੀੜਤ ਪਰਵਾਰ ਦੇ ਨਜ਼ਰ ਪੈਂਦੀ ਹੈ। ਕੌਮੀ ਰਾਜਧਾਨੀ ਦੇ ਵਾਤਾਵਰਣ ਤੋਂ ਸੁਚੇਤ ਮੁਟਿਆਰ ਸਿਸਟਮ ਅਤੇ ਪੱਤਰਕਾਰਤਾ ਨੂੰ ਲੈ ਕੇ ਆਪਣੇ ਬਾਪ ਨੂੰ ਸੁਆਲ ਕਰਦੀ ਹੈ, ਤਾਂ ਆਮ ਲੋਕਾਂ ਨੂੰ ਇਨਸਾਫ਼ ਦਿਵਾਉਣ ਵਾਲਾ ਸਮਝਿਆ ਜਾਂਦਾ ਅਖ਼ਬਾਰ ਦਾ ਪੱਤਰਕਾਰ ਧੀ ਸਾਹਮਣੇ ਨਿਰਉੱਤਰ ਹੁੰਦਾ ਹੈ।

ਮੁਟਿਆਰ ਆਪਣੇ ਪੱਧਰ 'ਤੇ ਆਧੁਨਿਕ ਤਕਨੀਕ ਨਾਲ ਲੁਟੇਰੇ ਦੀ ਸ਼ਨਾਖ਼ਤ ਕਰਨ ਤੋਂ ਇਲਾਵਾ ਐਕਟਿਵਾ ਦੀ ਆਨਲਾਈਨ ਟਰੇਸਿੰਗ ਕਰਕੇ ਉਸ ਦੇ ਘਰ ਤੱਕ ਜਾ ਪੁੱਜਦੀ ਹੈ। ਕਿਸੇ ਕਿਸਮ ਦੇ ਝਮੇਲੇ ਤੋਂ ਬਚਣ ਦਾ ਹਵਾਲਾ ਦੇ ਕੇ ਬਾਪ ਆਪਣੀ ਬੇਟੀ ਨੂੰ ਕਾਨੂੰਨ ਆਪਣੇ ਹੱਥ 'ਚ ਨਾ ਲੈਣ ਤੋਂ ਵਰਜਦਾ ਹੋਇਆ ਪੱਤਰਕਾਰ ਭਾਈਚਾਰੇ ਕੋਲ ਪਹੁੰਚ ਕਰਦਾ ਹੈ। ਡਿਪਟੀ ਕਮਿਸ਼ਨਰ, ਬਠਿੰਡਾ ਸ਼ਹਿਰੀ ਤੋਂ ਆਪ ਦੇ ਵਿਧਾਇਕ ਜਗਰੂਪ ਸਿੰਘ ਗਿੱਲ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਦੀ ਪ੍ਰੈੱਸ

● ਬਾਕੀ ਸਫ਼ਾ 2 'ਤੇ

# ਪਾਕਿਸਤਾਨ 'ਚ ਕੌਮੀ ਤੇ ਸੂਬਾਈ ਅਸੰਬਲੀਆਂ ਲਈ ਪੋਲਿੰਗ

**ਇਸਲਾਮਾਬਾਦ** : ਪਾਕਿਸਤਾਨ ਦੀ ਕੌਮੀ ਅਸੰਬਲੀ ਤੇ ਸੂਬਾਈ ਅਸੰਬਲੀਆਂ ਲਈ ਵੀਰਵਾਰ ਪੋਲਿੰਗ ਹੋਈ। ਨਤੀਜਿਆਂ ਦਾ ਐਲਾਨ 9 ਫਰਵਰੀ ਨੂੰ ਕੀਤਾ ਜਾਣਾ ਹੈ, ਪਰ ਅਣਅਧਿਕਾਰਤ ਨਤੀਜੇ ਰਾਤ ਨੂੰ ਹੀ ਮਿਲਣੇ ਸ਼ੁਰੂ ਹੋ ਜਾਣੇ ਸਨ। ਆਰਥਕ ਤੰਗੀ ਦੇ ਬਾਵਜੂਦ ਪਿਛਲੀਆਂ ਚਾਰ ਚੋਣਾਂ ਨਾਲੋਂ ਐਤਕੀਂ ਦੀ ਚੋਣ ਸਭ ਤੋਂ ਖਰਚੀਲੀ ਹੈ। ਕਰੀਬ ਇਕ ਹਜ਼ਾਰ ਕਰੋੜ ਰੁਪਏ ਖਰਚੇ ਗਏ। ਪੋਲਿੰਗ ਦੌਰਾਨ ਮੋਬਾਇਲ ਤੇ ਇੰਟਰਨੈੱਟ ਸੇਵਾ ਬੰਦ ਰੱਖੀ ਗਈ।

ਖੈਬਰ ਸੂਬੇ ਦੇ ਡੇਰਾ ਇਸਮਾਈਲ ਖਾਨ ਜ਼ਿਲ੍ਹੇ ਦੇ ਕੁਲਾਚੀ ਇਲਾਕੇ ਵਿਚ ਪੁਲਸ ਦੀ ਗਸ਼ਤੀ ਪਾਰਟੀ 'ਤੇ ਹਮਲੇ ਵਿਚ 4 ਪੁਲਸ ਵਾਲੇ ਮਾਰੇ ਗਏ।

ਟਾਂਕ ਖੇਤਰ ਵਿਚ ਪੋਲਿੰਗ ਸਟੇਸ਼ਨ 'ਤੇ ਗੋਲੀਬਾਰੀ ਵਿਚ ਇਕ ਪੁਲਸਮੈਨ ਦੀ ਮੌਤ ਹੋ ਗਈ।



ਇੱਕ ਸਿੱਖ ਵੋਟਰ ਵੋਟ ਪਾਉਂਦਾ ਹੋਇਆ।

ਬਲੋਚਿਸਤਾਨ ਦੇ ਖਰਾਨ ਵਿਚ ਇਕ ਵਾਹਨ ਕੋਲ ਧਮਾਕੇ ਵਿਚ ਇਕ ਪੁਲਸ ਅਫਸਰ ਦੀ ਮੌਤ ਹੋ ਗਈ। ਬਲੋਚਿਸਤਾਨ ਦੇ ਲੱਜਾ ਸ਼ਹਿਰ ਵਿਚ ਧਮਾਕੇ ਨਾਲ ਦੋ ਸੁਰੱਖਿਆ ਕਰਮੀਆਂ ਦੀ ਮੌਤ ਹੋ ਗਈ।

# ਨੋਇਡਾ ਦੇ ਕਿਸਾਨਾਂ ਨੂੰ ਦਿੱਲੀ 'ਚ ਦਾਖਲ ਹੋਣੋਂ ਰੋਕਿਆ

**ਨਵੀਂ ਦਿੱਲੀ** : ਸੰਸਦ ਵੱਲ ਮਾਰਚ ਕਰਨ ਦੀ ਕੋਸ਼ਿਸ਼ ਕਰ ਰਹੇ ਕਿਸਾਨਾਂ ਨੂੰ ਪੁਲਸ ਨੇ ਨੋਇਡਾ ਦੇ ਮਹਾਮਾਯਾ ਫਲਾਈਓਵਰ ਨੇੜੇ ਰੋਕ ਲਿਆ। ਕਿਸਾਨਾਂ ਨੇ ਪੁਲਸ ਵੱਲੋਂ ਖੜ੍ਹੇ ਕੀਤੇ ਬੈਰੀਕੇਡਾਂ ਨੂੰ ਟੱਪਣ ਦੀ ਕੋਸ਼ਿਸ਼ ਕੀਤੀ। ਨੋਇਡਾ ਤੇ ਗ੍ਰੇਟਰ ਨੋਇਡਾ ਦੇ ਪਿੰਡਾਂ ਦੇ ਕਿਸਾਨਾਂ ਦੀ ਮੰਗ ਹੈ ਕਿ ਉਨ੍ਹਾਂ ਨੂੰ ਜ਼ਮੀਨ ਦਾ ਮੁਆਵਜ਼ਾ ਵਧਾਇਆ ਜਾਵੇ ਤੇ ਪਰਵਾਰਾਂ ਦੇ ਮੁੜ-ਵਸੇਬੇ ਦਾ ਪ੍ਰਬੰਧ ਕੀਤਾ ਜਾਵੇ। ਦਸੰਬਰ ਤੋਂ ਅੰਦੋਲਨ ਕਰ ਰਹੇ ਕਿਸਾਨਾਂ ਨੇ ਟਰੈਕਟਰਾਂ, ਬੱਸਾਂ ਤੇ ਹੋਰ ਸਾਧਨਾਂ ਨਾਲ ਦਿੱਲੀ ਵਿਚ ਦਾਖਲ ਹੋਣ ਦਾ ਐਲਾਨ ਕੀਤਾ ਸੀ। ਭਾਰਤੀ ਕਿਸਾਨ



ਯੂਨੀਅਨ ਦੇ ਆਗੂ ਰਾਕੇਸ਼ ਟਿਕੈਤ ਮਾਰਚ ਵਿਚ ਗ੍ਰੇਟਰ ਨੋਇਡਾ ਤੋਂ ਸ਼ਾਮਲ ਹੋਏ।

# ਸ੍ਰੀਨਗਰ 'ਚ ਦੂਜੇ ਪੰਜਾਬੀ ਮਜ਼ਦੂਰ ਨੇ ਵੀ ਦਮ ਤੋੜਿਆ

**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)**

ਸ਼ਹਿਰ ਦੇ ਹੱਬਾ ਕਦਲ ਦੇ ਸ਼ਾਲਾ ਕਦਲ ਇਲਾਕੇ ਵਿਚ ਦਹਿਸ਼ਤਗਰਦਾਂ ਦੇ ਹਮਲੇ ਵਿਚ ਜ਼ਖਮੀ ਹੋਇਆ ਪੰਜਾਬ ਦਾ ਵਰਕਰ ਰੋਹਿਤ ਮਸੀਹ ਵੀਰਵਾਰ ਸਵੇਰੇ ਹਸਪਤਾਲ 'ਚ ਦਮ ਤੋੜ ਗਿਆ। ਬੁੱਧਵਾਰ ਰਾਤ ਹੋਏ ਹਮਲੇ ਵਿਚ ਅੰਮ੍ਰਿਤਪਾਲ ਸਿੰਘ ਦੀ ਮੌਕੇ 'ਤੇ ਮੌਤ ਹੋ ਗਈ ਸੀ। ਦੋਨੋਂ ਅਜਨਾਲਾ ਨੇੜੇ ਪੈਂਦੇ ਪਿੰਡ ਚਮਿਆਰੀ ਦੇ ਸਨ।

ਇਸ ਸਾਲ ਵਿੱਚ ਇਹ ਪਹਿਲੀ ਟਾਰਗੈਟ ਕਿਲਿੰਗ ਹੈ।

# ਮੋਦੀ ਨੇ ਓ ਬੀ ਸੀ ਫੈਮਿਲੀ 'ਚ ਜਨਮ ਨਹੀਂ ਲਿਆ : ਰਾਹੁਲ



**ਝਾਰਸੁਗੁੜਾ (ਓਡੀਸ਼ਾ)** : ਰਾਹੁਲ ਗਾਂਧੀ ਨੇ ਦਾਅਵਾ ਕੀਤਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹੋਰ ਪੱਛੜੀਆਂ ਸ਼੍ਰੇਣੀਆਂ (ਓ ਬੀ ਸੀ) ਨਾਲ ਸੰਬੰਧਤ ਪਰਵਾਰ 'ਚ ਪੈਦਾ ਨਹੀਂ ਹੋਏ ਅਤੇ ਉਹ ਆਪਣੇ-ਆਪ ਨੂੰ ਓ ਬੀ ਸੀ ਦੱਸ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਓਡੀਸ਼ਾ 'ਚ 'ਭਾਰਤ ਜੋੜੋ ਨਿਆਏ ਯਾਤਰਾ' ਦੇ ਤੀਜੇ ਅਤੇ ਆਖਰੀ ਦਿਨ ਵੀਰਵਾਰ ਇੱਥੇ ਸੰਖੇਪ ਭਾਸ਼ਣ 'ਚ ਰਾਹੁਲ ਨੇ ਕਿਹਾ ਕਿ ਮੋਦੀ ਇੱਕ ਅਜਿਹੇ ਪਰਵਾਰ 'ਚ ਪੈਦਾ ਹੋਏ ਹਨ, ਜੋ ਆਮ ਜਾਤੀ ਸ਼੍ਰੇਣੀ 'ਚ ਆਉਂਦਾ ਹੈ। ਮੋਦੀ ਜੀ ਲੋਕਾਂ ਨੂੰ ਇਹ ਕਹਿ ਕੇ ਗੁੰਮਰਾਹ ਕਰ ਰਹੇ ਹਨ ਕਿ ਉਹ ਓ ਬੀ ਸੀ ਨਾਲ ਸੰਬੰਧਤ ਹਨ। ਮੋਦੀ ਦਾ ਜਨਮ ਤੇਲੀ ਜਾਤੀ 'ਚ ਹੋਇਆ ਸੀ, ਜਿਸ ਨੂੰ ਗੁਜਰਾਤ 'ਚ ਭਾਜਪਾ ਸਰਕਾਰ ਦੇ ਕਾਰਜਕਾਲ ਦੌਰਾਨ 2000 'ਚ ਓ ਬੀ ਸੀ ਸ਼੍ਰੇਣੀ 'ਚ ਸ਼ਾਮਲ ਕੀਤਾ ਗਿਆ ਸੀ। ਇਸ ਤਰ੍ਹਾਂ ਮੋਦੀ ਜੀ ਜਨਮ ਤੋਂ ਓ ਬੀ ਸੀ ਨਹੀਂ ਹਨ। ਰਾਹੁਲ ਨੇ ਸਰੋਤਿਆਂ ਨੂੰ ਕਿਹਾ-ਤੁਸੀਂ ਜਾਨਣਾ ਚਾਹੋਗੇ ਕਿ ਮੈਨੂੰ ਕਿਵੇਂ ਪਤਾ ਲੱਗਾ ਕਿ ਮੋਦੀ ਓ ਬੀ ਸੀ ਵਿਚ ਪੈਦਾ ਨਹੀਂ ਹੋਏ? ਇਸ ਲਈ ਜਨਮ ਸਰਟੀਫਿਕੇਟ ਦੀ ਲੋੜ ਨਹੀਂ ਪਈ, ਕਿਉਂਕਿ ਉਹ ਓ ਬੀ ਸੀ ਨੂੰ ਜੱਫੀ ਨਹੀਂ ਪਾਉਂਦੇ ਤੇ ਨਾ ਕਿਸਾਨਾਂ ਤੇ ਮਜ਼ਦੂਰਾਂ ਨਾਲ ਹੱਥ ਮਿਲਾਉਂਦੇ ਹਨ, ਉਹ ਅਡਾਨੀ ਜੀ ਨਾਲ ਹੱਥ ਮਿਲਾਉਂਦੇ ਹਨ। ਰਾਹੁਲ ਦੀ ਯਾਤਰਾ ਹੁਣ ਕੁਝ ਦਿਨ ਬ੍ਰੇਕ ਪਾ ਕੇ 11 ਫਰਵਰੀ ਨੂੰ ਛੱਤੀਸਗੜ੍ਹ ਦੇ ਰਾਇਗੜ੍ਹ ਤੋਂ ਸ਼ੁਰੂ ਹੋਵੇਗੀ ਤੇ 14 ਫਰਵਰੀ ਦੀ ਸਵੇਰ ਮੁੜ ਝਾਰਖੰਡ 'ਚ ਦਾਖਲ ਹੋਵੇਗੀ। ਉਸਤੋਂ ਬਾਅਦ 15 ਫਰਵਰੀ ਨੂੰ ਫਿਰ ਬਿਹਾਰ ਵਿਚ ਦਾਖਲ ਹੋਵੇਗੀ। 16 ਫਰਵਰੀ ਨੂੰ ਯੂ ਪੀ ਪਹੁੰਚੇਗੀ।

## ਅੱਜ-ਨਾਮਾ

ਪੇਪਰ ਕੇਂਦਰ ਸਰਕਾਰ ਇੱਕ ਪੇਸ਼ ਕੀਤਾ,
ਕਾਂਗਰਸ ਰਾਜ ਦੇ ਗੁਨਾਹ ਗਿਣਾਏ ਬੇਲੀ।
ਟੈਲੀਕਾਮ, ਕੋਲਾ ਜਾਂ ਵੱਡਾ ਖੇਡ ਘਪਲਾ,
ਇੰਦਰਾ ਰਾਜ ਦੇ ਕੇਸ ਕਈ ਪਾਏ ਬੇਲੀ।
ਕਾਂਗਰਸ ਪਾਰਟੀ ਲੱਭਿਆ ਤੋੜ ਇਹਦਾ,
ਘੇਰਨ ਮੂਹਰਿਉਂ ਉਹ ਹਨ ਆਏ ਬੇਲੀ।
ਤੋੜਨ ਕਿੱਦਾਂ ਸਰਕਾਰ, ਕੀ ਪਾਪ ਕਰਦੇ,
ਉਨ੍ਹਾਂ ਦੇ ਪੇਪਰ ਆ ਕੱਢ ਵਿਛਾਏ ਬੇਲੀ।
ਹੋਣੀ ਚੋਣ ਜਿਹੀ ਐਤਕੀਂ ਕਿਸ ਤਰ੍ਹਾਂ ਦੀ,
ਕਰ'ਤੀ ਝਲਕ ਅਗੇਤੀ ਇਹ ਪੇਸ਼ ਬੇਲੀ।
ਰਿੜ੍ਹਦੀ ਗੱਡੀ ਨਿਵਾਣਾਂ ਤੱਕ ਜਾਊ ਕਿੱਥੇ,
ਟੁੱਕ-ਟੁੱਕ ਉਂਗਲਾਂ ਝਾਕੇਗਾ ਦੇਸ਼ ਬੇਲੀ।

-ਤੀਸ ਮਾਰ ਖਾਂ

# 16 ਦੇ ਬੰਦ ਤੇ ਹੜਤਾਲ ਦੀਆਂ ਅੰਮ੍ਰਿਤਸਰ 'ਚ ਤਿਆਰੀਆਂ ਮੁਕੰਮਲ

**ਅੰਮ੍ਰਿਤਸਰ** : ਭਾਰਤ ਦੀਆ ਪ੍ਰਮੁੱਖ ਮਜ਼ਦੂਰ ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ 16 ਫਰਵਰੀ ਨੂੰ ਦੇਸ਼-ਵਿਆਪੀ ਮਜ਼ਦੂਰ ਹੜਤਾਲ ਅਤੇ ਪੇਂਡੂ ਬੰਦ ਦੇ ਸੱਦੇ ਸਬੰਧੀ ਏਕਤਾ ਭਵਨ ਪੁਤਲੀਘਰ ਵਿਖੇ ਅੰਮ੍ਰਿਤਸਰ ਦੀਆਂ ਮਜ਼ਦੂਰ ਜਥੇਬੰਦੀਆਂ-ਏਟਕ ਇੰਟਕ, ਐੱਚ ਐੱਮ ਐੱਸ ਅਤੇ ਸੀ ਟੀ ਯੂ ਪੰਜਾਬ ਵੱਲੋਂ ਸਾਂਝੀ ਮੀਟਿੰਗ ਅਤੇ ਪ੍ਰੈੱਸ ਕਾਨਫਰੰਸ ਕੀਤੀ ਗਈ। ਪੰਜਾਬ ਏਟਕ ਦੇ ਡਿਪਟੀ ਜਨਰਲ ਸਕੱਤਰ ਅਮਰਜੀਤ ਸਿੰਘ ਆਸਲ, ਪੰਜਾਬ ਇੰਟਕ ਦੇ ਪ੍ਰਧਾਨ ਸੁਰਿੰਦਰ ਸ਼ਰਮਾ, ਹਿੰਦ ਮਜ਼ਦੂਰ ਸਭਾ ਪੰਜਾਬ ਦੇ ਜਨਰਲ ਸਕੱਤਰ ਕਲਵੰਤ ਸਿੰਘ ਬਾਵਾ ਅਤੇ ਸੀ ਟੀ ਯੂ ਪੰਜਾਬ ਦੇ ਆਗੂ ਜਗਤਾਰ ਸਿੰਘ ਕਰਮਪੁਰਾ ਨੇ ਮੁੱਖ ਤੌਰ 'ਤੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ 16 ਫਰਵਰੀ ਨੂੰ ਦੇਸ਼-ਵਿਆਪੀ ਹੜਤਾਲ ਅਤੇ ਪੇਂਡੂ ਬੰਦ ਦੀ ਸਫਲਤਾ ਲਈ ਤਿਆਰੀਆਂ ਅੰਮ੍ਰਿਤਸਰ ਵਿੱਚ ਮੁਕੰਮਲ ਕੀਤੀਆਂ ਜਾ ਚੁੱਕੀਆਂ ਹਨ। ਉਹਨਾਂ ਕਿਹਾ ਕਿ ਇਹ ਬੰਦ/ ਹੜਤਾਲ ਇਤਿਹਾਸਕ ਹੋਵੇਗੀ ਅਤੇ ਦੇਸ਼ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਮਜ਼ਦੂਰਾਂ ਅਤੇ ਕਿਸਾਨਾਂ ਦੀਆਂ ਜਥੇਬੰਦੀਆਂ ਸਾਂਝੇ ਤੌਰ 'ਤੇ ਮਿਲ ਕੇ ਦੇਸ਼-ਵਿਆਪੀ ਹੜਤਾਲ ਅਤੇ ਪੇਂਡੂ ਬੰਦ ਕਰ ਰਹੀਆਂ ਹਨ। ਉਹਨਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਅਤੇ ਮਜ਼ਦੂਰ/ ਕਿਸਾਨ/ ਆਮ ਜਨਤਾ ਵਿਰੋਧੀ ਨੀਤੀਆਂ ਕਾਰਨ ਦੇਸ਼ ਦੇ ਹਰ ਵਰਗ ਦੇ ਲੋਕ ਦੁਖੀ ਹਨ। ਉਹਨਾਂ ਕਿਹਾ ਕਿ 16 ਫਰਵਰੀ ਨੂੰ ਅੰਮ੍ਰਿਤਸਰ ਦੇ ਭੰਡਾਰੀ ਪੁਲ ਉਪਰ ਮਜ਼ਦੂਰਾਂ, ਕਿਸਾਨਾਂ ਦਾ ਭਾਰੀ ਇਕੱਠ ਕੀਤਾ ਜਾਵੇਗਾ, ਜਿਸ ਵਿੱਚ ਮੰਗ ਕੀਤੀ ਜਾਵੇਗੀ ਕਿ ਮਜ਼ਦੂਰਾਂ ਦੀਆਂ ਘੱਟੋ-ਘੱਟ ਤਨਖਾਹਾਂ ਵਿੱਚ ਵਾਧਾ ਕੀਤਾ ਜਾਵੇ ਅਤੇ ਗੈਰ-ਹੁਨਰਮੰਦ ਮਜ਼ਦੂਰ ਦੀ ਘੱਟੋ-ਘੱਟ ਤਨਖਾਹ 26 ਹਜ਼ਾਰ ਰੁਪਏ ਨਿਸ਼ਚਿਤ ਕੀਤੀ ਜਾਵੇ। 44 ਲੇਬਰ ਕਾਨੂੰਨਾਂ ਨੂੰ ਤੋੜ ਕੇ ਬਣਾਏ 4 ਲੇਬਰ ਕੋਡ ਰੱਦ ਕੀਤੇ ਜਾਣ ਅਤੇ ਲੇਬਰ ਕਾਨੂੰਨ ਬਹਾਲ ਕੀਤੇ ਜਾਣ। ਲੇਬਰ ਕਾਨੂੰਨਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ, ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ਸਰਕਾਰੀ ਅਦਾਰਿਆਂ ਦਾ ਅੰਨ੍ਹੇਵਾਹ ਨਿੱਜੀਕਰਨ ਬੰਦ ਕੀਤਾ ਜਾਵੇ। ਠੇਕਾ/ਆਊਟਸੋਰਸ ਭਰਤੀਆਂ ਬੰਦ ਕੀਤੀਆਂ ਜਾਣ। ਸਾਰੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ। ਕਿਸਾਨਾਂ ਦੀਆਂ ਸਾਰੀਆਂ ਫਸਲਾਂ ਉੱਪਰ ਐੱਮ ਐੱਸ ਪੀ ਲਾਗੂ ਕੀਤੀ ਜਾਵੇ। ਕਿਸਾਨਾਂ ਦੀ ਆਰਥਕ ਹਾਲਤ ਬੇਹਤਰ ਕਰਨ ਲਈ ਐੱਮ ਐੱਸ ਪੀ ਦੀ ਗਰੰਟੀ ਕੀਤੀ ਜਾਵੇ। ਕੇਂਦਰੀ ਮੰਤਰੀ ਅਜੈ ਮਿਸ਼ਰਾ ਟੋਨੀ ਨੂੰ ਬਰਖਾਸਤ ਕਰਕੇ ਉਸ ਉਪਰ ਮੁਕੱਦਮਾ ਦਰਜ ਕੀਤਾ ਜਾਵੇ। ਬੁਲਾਰਿਆਂ ਜ਼ੋਰ ਦੇ ਕੇ ਕਿਹਾ ਕਿ 16 ਫਰਵਰੀ ਦੀ ਹੜਤਾਲ ਦੇਸ਼ ਦੇ ਮਜ਼ਦੂਰਾਂ/ ਕਿਸਾਨਾਂ ਅਤੇ ਆਮ ਪੇਂਡੂ/ ਸ਼ਹਿਰੀਆਂ ਦੇ ਹੱਕਾਂ ਦੀ ਲੜਾਈ ਦਾ ਬਿਗਲ ਹੈ। ਇਸ ਲਈ ਸਭ ਵਰਗਾਂ ਦੇ ਲੋਕਾਂ ਨੂੰ ਅਪੀਲ ਹੈ ਕਿ ਇਸ ਹੜਤਾਲ/ ਬੰਦ ਦਾ ਭਰਪੂਰ ਸਮਰਥਨ ਕੀਤਾ ਜਾਵੇ।



ਇਸ ਮੌਕੇ ਡਾ. ਭੁਪਿੰਦਰ ਸਿੰਘ, ਬਿੱਟੂ ਵੇਰਕਾ, ਪ੍ਰੇਮ ਚੰਦ ਅਜ਼ਾਦ, ਜਨਕ ਰਾਜ, ਕੇਵਲਜੀਤ, ਬ੍ਰਹਮਦੇਵ ਸ਼ਰਮਾ, ਦਸਵਿੰਦਰ ਕੌਰ, ਸ਼ਮਸ਼ੇਰ ਨਾਥ, ਜਸਬੀਰ ਸਿੰਘ, ਜੈਮਲ ਸਿੰਘ, ਸਤਨਾਮ ਸਿੰਘ ਅਤੇ ਗੁਰਦੀਪ ਸਿੰਘ ਆਦਿ ਹਾਜ਼ਰ ਸਨ।

# ਬਿਸ਼ਨੋਈ ਦੇ 8 ਗੈਂਗਸਟਰ ਜਲੰਧਰ ਤੋਂ ਗ੍ਰਿਫਤਾਰ



**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**

ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਫਿਰੌਤੀ, ਧਮਕੀਆਂ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਲਾਰੈਂਸ ਬਿਸ਼ਨੋਈ ਗੈਂਗ ਦੇ ਅੱਠ ਗੈਂਗਸਟਰਾਂ ਨੂੰ ਜਲੰਧਰ 'ਚ ਹਥਿਆਰਾਂ ਸਮੇਤ ਕਾਬੂ ਕੀਤਾ ਹੈ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ 27 ਜਨਵਰੀ ਨੂੰ ਕਰਮਾ ਫੈਸ਼ਨ ਸ਼ੋਅ ਰੂਮ ਦੇ ਮਾਲਕ ਨੂੰ 50 ਲੱਖ ਰੁਪਏ ਦੀ ਮੋਟੀ ਰਕਮ ਦੀ ਮੰਗ ਲਈ ਇੱਕ ਕਾਲ ਆਈ ਸੀ। ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਗਰੋਹ ਦੇ ਮੈਂਬਰਾਂ ਨੇ ਯੋਜਨਾਬੱਧ ਤਰੀਕੇ ਨਾਲ ਉਦਯੋਗਪਤੀਆਂ ਅਤੇ ਕਾਰੋਬਾਰੀਆਂ ਬਾਰੇ ਜਾਣਕਾਰੀ ਇਕੱਠੀ ਕੀਤੀ ਸੀ, ਜਿਸ ਦੀ ਵਰਤੋਂ ਕਰਕੇ ਪੈਸੇ ਦੀ ਲੁੱਟ ਕੀਤੀ ਜਾਂਦੀ ਸੀ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੇ ਤਫ਼ਤੀਸ਼ ਦੇ ਆਧਾਰ 'ਤੇ 8 ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਦੀ ਪਛਾਣ ਸੰਜੇ ਬਾਵਾ ਵਾਸੀ ਮੁਹੱਲਾ ਕਰਾਰ ਖਾਂ, ਦੀਪਕ ਕੁਮਾਰ ਵਾਸੀ ਰਤਨ ਨਗਰ ਗੁਲਾਬ ਦੇਵੀ ਰੋਡ ਜਲੰਧਰ, ਗਜਿੰਦਰ ਰਾਜਪੁਰ ਉਰਫ ਗੱਜੂ ਵਾਸੀ ਨਿਊ ਸ਼ਹੀਦ ਬਾਬੂ ਲਾਭ ਸਿੰਘ ਨਗਰ, ਰਾਧੇ ਨਿਊ ਸ਼ਹੀਦ ਬਾਬੂ ਲਾਭ

● ਬਾਕੀ ਸਫ਼ਾ 2 'ਤੇ

CMYK

## ਰਣਜੀਤ ਸਿੰਘ ਤੂਰ ਤੀਜੀ ਵਾਰ ਪ੍ਰਧਾਨ ਬਣੇ



**ਬਠਿੰਡਾ (ਬਖਤੌਰ ਢਿੱਲੋਂ)**-ਪੁਲੀਸ ਪੈਨਸ਼ਨਰਜ ਵੈੱਲਫੇਅਰ ਐਸੋਸੀਏਸ਼ਨ ਦੀ ਜਥੇਬੰਦੀ ਦੇ ਦਫ਼ਤਰ ਵਿਖੇ ਸ੍ਰੀ ਅਸ਼ੋਕ ਮੋਹਨ ਸੇਵਾਮੁਕਤ ਡੀ ਐੱਸ ਪੀ ਰਿਟਰਨਿੰਗ ਅਫ਼ਸਰ ਅਤੇ ਸੰਤੋਖ ਸਿੰਘ ਏ ਐੱਸ ਆਈ ਚੰਡੀਗੜ੍ਹ ਦੀ ਨਿਗਰਾਨੀ ਹੇਠ ਹੋਈ ਚੋਣ 'ਚ ਰਣਜੀਤ ਸਿੰਘ ਤੂਰ ਸੇਵਾਮੁਕਤ ਡੀ ਐੱਸ ਪੀ ਤੀਜੀ ਵਾਰ ਨਿਰਵਿਰੋਧ ਪ੍ਰਧਾਨ ਚੁਣੇ ਗਏ। ਇਸ ਤੋਂ ਇਲਾਵਾ ਸਿਕੰਦਰ ਸਿੰਘ ਬਰਾੜ ਸੇਵਾਮੁਕਤ ਸਬ ਇੰਸਪੈਕਟਰ ਸੀਨੀਅਰ ਮੀਤ ਪ੍ਰਧਾਨ, ਅਤੇ ਜਰਨੈਲ ਸਿੰਘ ਸੇਵਾਮੁਕਤ ਇੰਸਪੈਕਟਰ ਜਨਰਲ ਸਕੱਤਰ ਚੁਣੇ ਗਏ। ਇਸ ਚੋਣ ਲਈ ਬਲਤੇਜ ਸਿੰਘ ਸੇਵਾਮੁਕਤ ਇੰਸਪੈਕਟਰ ਨੇ ਪ੍ਰਧਾਨ ਅਤੇ ਸੁਖਦਰਸ਼ਨ ਸਿੰਘ ਸੇਵਾਮੁਕਤ ਇੰਸਪੈਕਟਰ ਨੇ ਮੀਤ ਪ੍ਰਧਾਨ ਲਈ ਕਾਗਜਾਤ ਦਾਖ਼ਲ ਕੀਤੇ ਸਨ, ਜੋ ਤਕਨੀਕੀ ਕਾਰਨਾਂ ਕਰਕੇ ਰੱਦ ਹੋ ਗਏ।

## 18 ਫੁੱਟੀ ਸੜਕ ਦਾ ਕੰਮ 6 ਮਹੀਨੇ 'ਚ ਹੋਵੇਗਾ ਪੂਰਾ : ਮੁੰਡੀਆਂ



**ਲੁਧਿਆਣਾ (ਰਾਜ ਸਿੰਗਲਾ)**-ਵਿਧਾਨ ਸਭਾ ਹਲਕਾ ਸਾਹਨੇਵਾਲ ਦੇ ਵਿਧਾਇਕ ਹਰਦੀਪ ਸਿੰਘ ਮੁੰਡੀਆਂ ਨੇ ਨੂਰਵਾਲਾ ਤੋਂ ਜਮਾਲਪੁਰ ਲੇਲੀ ਦੀ 4.10 ਕਿਲੋਮੀਟਰ ਲੰਬੀ ਤੇ 18 ਫੁੱਟ ਚੌੜੀ ਸੜਕ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ।ਵਿਧਾਇਕ ਮੁੰਡੀਆਂ ਨੇ ਦੱਸਿਆ ਕਿ ਇਸ ਸੜਕ ਉੱਤੇ 484 ਲੱਖ ਦੀ ਲਾਗਤ ਆਵੇਗੀ ਅਤੇ 6 ਮਹੀਨਿਆਂ ਵਿੱਚ ਬਣ ਕੇ ਤਿਆਰ ਹੋ ਜਾਵੇਗੀ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਵੇਲੇ ਹਲਕੇ ਦੀਆਂ ਸਾਰੀਆਂ ਸੜਕਾਂ ਦੀ ਹਾਲਤ ਬਹੁਤ ਵੀ ਬਦਤਰ ਸੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਬਹੁਤ ਸਾਰੀਆਂ ਸੜਕਾਂ ਬਣਕੇ ਲੋਕ ਅਰਪਣ ਹੋ ਚੁੱਕੀਆਂ ਹਨ ਅਤੇ ਕਈਆਂ ਦਾ ਕੰਮ ਚੱਲ ਰਿਹਾ ਹੈ।ਉਨ੍ਹਾਂ ਰਹਿੰਦੀਆਂ ਸੜਕਾਂ ਦੇ ਨਿਰਮਾਣ ਕਾਰਜ ਜਲਦ ਸ਼ੁਰੂ ਹੋਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਜਿਸ ਵਿਸ਼ਵਾਸ ਨਾਲ ਆਮ ਆਦਮੀ ਪਾਰਟੀ ਨੂੰ ਸੂਬੇ ਦੀ ਵਾਗਡੋਰ ਸੰਭਾਲੀ ਹੈ, ਉਸ ਉੱਤੇ ਖਰਾ ਉਤਰਨ ਲਈ ਪੰਜਾਬ ਦੇ ਮੁੱਖ ਮੰਤਰੀ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ।ਇਸ ਮੌਕੇ ਰਣਜੀਤ ਸਿੰਘ ਸੈਣੀ ਪੀ.ਏ, ਬਲਾਕ ਪ੍ਰਧਾਨ ਜਸਪ੍ਰੀਤ ਸਿੰਘ ਪੰਧੇਰ, ਸ਼ੰਟੀ ਨੂਰਵਾਲਾ, ਜਸਵੀਰ ਸਿੰਘ, ਪ੍ਰਿੰਸ ਸੈਣੀ, ਪਿੰਡ ਵਾਸੀ ਤੇ ਸੰਬੰਧਿਤ ਅਧਿਕਾਰੀਆਂ ਮੌਜੂਦ ਸਨ।

## ਐਸ ਡੀ ਐਮ ਵੱਲੋਂ ਡਰਾਈਵਿੰਗ ਟੈੱਸਟ ਟਰੈਕ ਦਾ ਅਚਨਚੇਤ ਨਿਰੀਖਣ



**ਜਗਰਾਉਂ (ਅਮਿਤ ਖੰਨਾ)**-ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦਾ ਰੁਖ ਬਿਲਕੁਲ ਸਾਫ਼ ਹੈ ਕਿ ਸੂਬੇ ਦੇ ਹਰ ਨਾਗਰਿਕ ਨੂੰ ਸਰਕਾਰ ਵੱਲੋਂ ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸਹੂਲਤਾਂ ਸਮੇਂ ਸਿਰ ਅਤੇ ਸਰਕਾਰੀ ਨਿਯਮਾਂ ਅਨਸੁਾਰ ਪਹਿਲ ਦੇ ਆਧਾਰ ਤੇ ਮਿਲਣੀਆਂ ਯਕੀਨੀ ਹੋਣ। ਇਹ ਵਿਚਾਰ ਐਸਡੀਐਮ ਗੁਰਬੀਰ ਸਿੰਘ ਕੋਹਲੀ ਨੇ ਡਰਾਈਵਿੰਗ ਟੈਸਟ ਟਰੈਕ ਦਾ ਅਚਨਚੇਤ ਨਿਰੀਖਣ ਕਰਨ ਉਪਰੰਤ ਸਾਂਝੇ ਕੀਤੇ। ਐਸਡੀਐਮ ਕੋਹਲੀ ਨੇ ਦੱਸਿਆ ਕਿ ਟਰੈਕ ਦੀ ਚੈਕਿੰਗ ਸਮੇਂ ਕੋਈ ਵੀ ਊਣਤਾਈ ਨਹੀਂ ਸਾਹਮਣੇ ਨਹੀਂ ਆਈ ਅਤੇ ਬਿਨੈਕਾਰ ਆਪਣੇ ਟੈਸਟ ਦੇਣ ਲਈ ਖੁਦ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਅਖਬਾਰਾਂ ਰਾਹੀਂ ਇਹ ਗੱਲ ਉਜਾਗਰ ਹੋਈ ਹੈ ਕਿ ਜਗਰਾਉਂ ਟੈਸਟ ਟਰੈਕ ਤੇ ਲੁਧਿਆਣਾ ਸ਼ਹਿਰ ਦੇ ਡਰਾਈਵਿੰਗ ਟੈੱਸਟ ਲਏ ਜਾਂਦੇ ਹਨ। ਇਥੇ ਇਹ ਸਾਫ ਕੀਤਾ ਜਾਂਦਾ ਹੈ ਕਿ ਕੋਈ ਵੀ ਨਾਗਰਿਕ ਆਪਣੇ ਜ਼ਿਲ੍ਹੇ ਵਿੱਚ ਕਿਸੇ ਵੀ ਟਰੈਕ 'ਤੇ ਲਾਈਸੈਂਸ ਅਪਲਾਈ ਕਰਕੇ ਟੈੱਸਟ ਦੇ ਸਕਦਾ ਹੈ, ਇਸ ਵਿੱਚ ਕਾਨੂੰਨ ਕੁਝ ਵੀ ਗ਼ਲਤ ਨਹੀਂ ਹੈ। ਐਸਡੀਐਮ ਕੋਹਲੀ ਨੇ ਅੱਗੇ ਦੱਸਿਆ ਕਿ ਇੱਕ ਅਖਬਾਰ ਰਾਹੀਂ ਵਾਰ-ਵਾਰ ਇਹ ਉਜਾਗਰ ਕੀਤਾ ਜਾਂਦਾ ਹੈ ਕਿ ਲੁਧਿਆਣਾ ਦੇ ਕੁਝ ਦਲਾਲ ਨਾਗਰਿਕਾਂ ਤੋਂ ਡਰਾਈਵਿੰਗ ਲਾਈਸੈਂਸ ਬਣਵਾਉਣ ਦੀ ਆੜ ਵਿੱਚ 5-8 ਹਜ਼ਾਰ ਰੁਪਏ ਵਸੂਲਦੇ ਹਨ, ਜੋ ਸਰਾਸਰ ਗ਼ੈਰ-ਕਾਨੂੰਨੀ ਹੈ। ਇਸ ਲਈ ਹਰ ਨਾਗਰਿਕ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਆਪ ਖੁਦ ਲਾਈਸੈਂਸ ਅਪਲਾਈ ਕਰਕੇ ਟੈਸਟ ਦੇ ਸਕਦੇ ਹਨ ਅਤੇ ਇਹ ਵੀ ਸੁਨਿਸਚਿਤ ਕੀਤਾ ਜਾਵੇ ਕਿ ਤੁਹਾਡੇ ਤੋਂ ਸਰਕਾਰੀ ਫ਼ੀਸ ਤੋਂ ਇਲਾਵਾ ਕੁਝ ਵੀ ਹੋਰ ਨਾ ਵਸੂਲਿਆ ਜਾਵੇ ਤੇ ਦਲਾਲਾਂ ਵੱਲੋਂ ਮਾਰੀ ਜਾਂਦੀ ਠੱਗੀ ਤੋਂ ਬਚਣਾ ਚਾਹੀਦਾ ਹੈ।

## ਵਿਦਿਆਰਥੀਆਂ ਦਾ ਵਿੱਦਿਅਕ ਟੂਰ ਗਿਆ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਵਿਦਿਆਰਥੀਆਂ ਦਾ ਵਿਦਿਅਕ ਟੂਰ ਲਿਜਾਇਆ ਗਿਆ। ਇਸ ਵਿਦਿਅਕ ਟੂਰ ਵਿੱਚ ਬੱਚਿਆਂ ਨੂੰ ਚੰਡੀਗੜ੍ਹ ਵਿਖੇ ਰਾਕ ਗਾਰਡਨ ਲਿਜਾਇਆ ਗਿਆ।ਇਸ ਟੂਰ ਦੌਰਾਨ ਬੱਚਿਆਂ ਨੇ ਬਹੁਤ ਜ਼ਿਆਦਾ ਆਨੰਦ ਮਾਣਿਆ ਅਤੇ ਬੱਚਿਆਂ ਨੂੰ ਰਸਤੇ ਦੇ ਵਿੱਚ ਰਿਫਰੈਸ਼ਮੈਂਟ ਵੀ ਦਿੱਤੀ ਗਈ।ਇਸ ਮੌਕੇ ਬੱਚਿਆਂ ਦੇ ਨਾਲ ਵੀਨਾ ਰਾਣੀ, ਰੂਚੀ, ਜਸਵਿੰਦਰ ਕੌਰ, ਪੂਨਮ ਸੂਦ, ਬਲਜੀਤ ਕੌਰ, ਜਸਵੀਰ ਕੌਰ ਸੁਖਵਿੰਦਰ ਕੌਰ, ਪ੍ਰਦੀਪ ਸਿੰਘ, ਹੁਸ਼ਿਆਰ ਸਿੰਘ, ਨਾਨਕ ਸਿੰਘ ਤੇ ਜੋਗਿੰਦਰ ਸਿੰਘ ਆਦਿ ਸ਼ਾਮਲ ਸਨ।

## ਵਿਦਿਆਰਥੀਆਂ ਨੂੰ ਰੁਜ਼ਗਾਰ ਕਿੱਟਾਂ ਵੰਡੀਆਂ



**ਕੋਟ ਈਸੇ ਖਾਂ (ਅਰੋੜਾ)**-ਸ਼ਹੀਦ ਜੈਮਲ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਲੋਟੀ ਵਿਖੇ ਪੰਜਾਬ ਸਰਕਾਰ ਵੱਲੋਂ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਕਿੱਤਾ ਮੁਖੀ ਬਣਾਉਣ ਦੇ ਲਈ ਐਨ ਐਸ ਕਿਉ ਐਫ ਅਧੀਨ ਵਿਸ਼ਾ ਆਈ ਟੀ ਪੜ੍ਹਨ ਵਾਲੇ 22 ਵਿਦਿਆਰਥੀਆਂ ਨੂੰ ਰੁਜ਼ਗਾਰ ਸ਼ੁਰੂ ਕਰਨ ਲਈ ਕਿੱਟਾਂ ਵੰਡੀਆਂ ਗਈਆਂ। ਇਹ 22 ਕਿੱਟਾਂ 2700 ਰੁਪਏ ਪ੍ਰਤੀ ਵਿਦਿਆਰਥੀ ਦੇ ਹਿਸਾਬ ਨਾਲ ਵੰਡੀਆਂ ਗਈਆਂ। ਪ੍ਰਿੰਸੀਪਲ ਜਗਰਾਜ ਸਿੰਘ ਨੇ ਵਿਦਿਆਰਥੀਆਂ ਨੂੰ ਇਨ੍ਹਾਂ ਕਿੱਟਾਂ ਦੀ ਯੋਗ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਇਨ੍ਹਾਂ ਕਿੱਟਾਂ ਨੂੰ ਵਿਦਿਆਰਥੀ ਆਪਣੀ ਰੋਜ਼ਮਰ੍ਹਾ ਦੀ ਜ਼ਿੰਦਗੀ ਵਿੱਚ ਵਰਤ ਕੇ ਰੁਜ਼ਗਾਰ ਪ੍ਰਾਪਤ ਕਰ ਸਕਦੇ ਹਨ। ਆਪਣੇ ਪਰਵਾਰ ਤੇ ਆਪਣੀ ਆਮਦਨ ਵਧਾਉਣ ਵਿੱਚ ਵਿੱਚ ਯੋਗ ਹਿੱਸਾ ਪਾ ਸਕਦੇ ਹਨ। ਇਹ ਕਿੱਟਾਂ ਪ੍ਰਿੰਸੀਪਲ ਸ੍ਰੀ ਜੁਗਰਾਜ ਸਿੰਘ, ਵੋਕੇਸ਼ਨਲ ਟ੍ਰੇਨਰ ਜਗਰੂਪ ਕੌਰ ਤੇ ਸਮੂਹ ਸਟਾਫ਼ ਦੀ ਅਗਵਾਈ ਹੇਠ ਵੰਡੀਆਂ ਗਈਆਂ।

## 11 ਦਿਨ 'ਚ ਲੱਗਾ ਕੈਨੇਡਾ ਦਾ ਸਟੱਡੀ ਵੀਜ਼ਾ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਦੱਸਿਆ ਕਿ ਰਵਿੰਦਰ ਕੌਰ ਨੇ 2017 ਵਿੱਚ ਆਪਣੀ +2 ਪੂਰੀ ਕੀਤੀ ਸ,।ਜਿਸ ਤੋਂ ਬਾਅਦ ਰਵਿੰਦਰ ਦਾ 6 ਸਾਲ ਦਾ ਗੈਪ ਵੀ ਸੀ।ਰਵਿੰਦਰ ਗੈਪ ਕਾਰਨ ਬਹੁਤ ਚਿੰਤਤ ਸਨ।ਰਵਿੰਦਰ ਨੇ ਸਾਨੂੰ ਦੱਸਿਆ ਕਿ ਉਨ੍ਹਾਂ ਨੇ ਬਹੁਤ ਸਾਰੇ ਏਜੰਟਾਂ ਨਾਲ ਗੱਲਬਾਤ ਕੀਤੀ, ਪਰ ਕੋਈ ਚੰਗਾ ਰਿਜ਼ਲਟ ਨਹੀਂ ਮਿਲ ਰਿਹਾ ਸੀ।ਉਸ ਤੋਂ ਬਾਅਦ ਰਵਿੰਦਰ ਨੇ ਐਸ ਸਟੂਡੈਂਟ ਸਾਡੇ ਕੋਲ ਜੁਆਇਨ ਕੀਤਾ, ਜਿਸ ਤੋਂ ਬਾਅਦ ਰਵਿੰਦਰ ਨੇ ਡੇਲੀ ਸਟੱਡੀ ਵੀਜ਼ੇ ਦੇ ਰਿਜ਼ਲਟ ਨੂੰ ਦੇਖਦੇ ਹੋ ਆਪਣੀ ਫਾਈਲ ਅਪਲਾਈ ਕਰਨ ਬਾਰੇ ਸੋਚਿਆ ਤੇ ਉਸ ਤੋਂ ਬਾਅਦ ਰਵਿੰਦਰ ਨੇ ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨਾਲ ਗੱਲਬਾਤ ਕਰਦੇ ਹੋਏ ਚੰਗੀ ਸਲਾਹ ਲਈ ਅਤੇ ਵਾਹਿਗੁਰੂ ਦੀ ਕਿਰਪਾ ਸਦਕਾ 11 ਦਿਨਾਂ ਵਿੱਚ ਆਪਣਾ ਸਟੱਡੀ ਵੀਜ਼ਾ ਹਾਸਿਲ ਕੀਤਾ।ਅੱਜ ਰਵਿੰਦਰ ਕੌਰ ਕਨੇਡਾ ਪਹੁੰਚ ਗਏ ਹਨ।ਬੈਟਰ ਸਕਿੱਲ ਇਮੀਗ੍ਰੇਸ਼ਨ ਵੱਲੋਂ ਰਵਿੰਦਰ ਕੌਰ ਨੂੰ ਆਉਣ ਵਾਲੇ ਭਵਿੱਖ ਲਈ ਸ਼ੁਭ ਦੁਆਵਾਂ।

## ਸੰਸਥਾ ਵੱਲੋਂ ਰੇਲਵੇ ਰੋਡ ਦੀ ਸੜਕ ਠੀਕ ਕੀਤੀ ਗਈ



**ਬੁਢਲਾਡਾ (ਅਸ਼ੋਕ ਲਾਕੜਾ)**-ਰੇਲਵੇ ਰੋਡ ਬੁਢਲਾਡਾ ਮਧੁਰ ਕੌਫ਼ੀ ਵਾਲਿਆਂ ਨੇੜੇ ਸੜਕ ਦਾ ਬਹੁਤ ਬੁਰਾ ਹਾਲ ਸੀ।ਰੋਜ਼ਾਨਾ ਹੀ ਦੁਰਘਟਨਾਵਾਂ ਹੁੰਦੀਆਂ ਸਨ।ਨੇੜਲੇ ਦੁਕਾਨਦਾਰਾਂ ਤੇ ਹੋਰ ਸ਼ਹਿਰੀਆਂ ਵੱਲੋਂ ਬੇਨਤੀ ਕਰਨ 'ਤੇ ਸਟੇਟ ਐਵਾਰਡੀ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਜਿੱਥੇ ਅਨੇਕਾਂ ਹੋਰ ਸਮਾਜ ਭਲਾਈ ਕਾਰਜ ਕੀਤੇ ਜਾ ਰਹੇ ਹਨ, ਉੱਥੇ ਹੀ ਰਾਹਗੀਰਾਂ ਦੀ ਸਹੂਲਤ ਲਈ ਇਸ ਬਹੁਤ ਖ਼ਰਾਬ ਰਾਸਤੇ ਨੂੰ ਠੀਕ ਕੀਤਾ ਗਿਆ।ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਅਤੇ ਨੇੜਲੇ ਦੁਕਾਨਦਾਰਾਂ ਨੇ ਦੱਸਿਆ ਕਿ ਸੜਕ ਦਾ ਇੱਕ ਵੱਡਾ ਹਿੱਸਾ ਕਾਫੀ ਖਰਾਬ ਸੀ।ਮੁੱਖ ਰਸਤਾ ਹੋਣ ਕਾਰਨ ਇਲਾਕਾ ਨਿਵਾਸੀ ਬੜੇ ਔਖੇ ਹੁੰਦੇ ਸਨ।ਖ਼ਰਾਬ ਸੜਕ ਪੁੱਟ ਕੇ ਉੱਥੇ ਇੰਟਰਲਾਕ ਟਾਈਲਾਂ ਲਾ ਕੇ ਤੇ ਮਸਾਲਾ ਪਾ ਕੇ ਮਜਬੂਤ ਕੰਮ ਕੀਤਾ ਗਿਆ। ਟਾਈਲਾਂ ਦੀ ਸੇਵਾ ਸ੍ਰੀ ਕੁਲਦੀਪ ਸ਼ੀਮਾਰ ਵੱਲੋਂ ਤੇ ਚਾਹ ਆਦਿ ਸੇਵਾ ਅਗਰਵਾਲ ਸਵੀਟ ਦੇ ਭੂਸ਼ਨ ਕੁਮਾਰ ਵਲੋਂ ਕੀਤੀ ਗਈ।ਮਿਸਤਰੀ ਕਪੂਰ ਸਿੰਘ, ਮਿਸਤਰੀ ਮਿਠੂ ਸਿੰਘ, ਮਿਸਤਰੀ ਮੇਜ਼ਰ ਸਿੰਘ ਵੱਲੋਂ ਫ੍ਰੀ ਸੇਵਾ ਕੀਤੀ।ਬਾਕੀ ਸਾਰੀਆਂ ਸੇਵਾਵਾਂ ਸੰਸਥਾ ਮੈਂਬਰਾਂ ਵੱਲੋਂ ਕੀਤੀਆਂ ਗਈਆਂ।ਸੰਸਥਾ ਮੈਂਬਰ ਕੁਲਦੀਪ ਸਿੰਘ ਅਨੇਜਾ ਤੇ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸੰਸਥਾ ਵਲੋਂ 8 ਮਾਰਚ ਦੇ ਵਿਆਹਾਂ ਤੋਂ ਬਾਅਦ ਉਹ ਸਾਰੇ ਰਾਸਤੇ ਠੀਕ ਕੀਤੇ ਜਾਣਗੇ, ਜੋ ਸਾਂਝੇ ਹਨ ਤੇ ਜਿੱਥੋਂ ਲੋਕ ਬੜੇ ਔਖੇ ਹੁੰਦੇ ਹਨ ਅਤੇ ਘੱਟ ਖ਼ਰਚ ਵਾਲੇ ਹਨ।ਮਿਹਨਤ ਕਰਨ ਲਈ ਮੈਂਬਰ ਤਤਪਰ ਰਹਿੰਦੇ ਹਨ।ਸੰਸਥਾ ਵੱਲੋਂ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।

# ਨਵੀਂ ਪੀੜ੍ਹੀ ਨੂੰ ਵਿਰਾਸਤ ਤੋਂ ਜਾਣੂ ਕਰਾਉਣਾ ਸਮੇਂ ਦੀ ਮੁੱਖ ਲੋੜ : ਜਸਪ੍ਰੀਤ ਸਿੰਘ

**ਗਾਇਕ ਕੰਵਰ ਗਰੇਵਾਲ ਸਮੇਤ ਹੋਰਨਾਂ ਵੱਲੋਂ ਕੀਤਾ ਜਾਵੇਗਾ ਕਲਾ ਦਾ ਪ੍ਰਦਰਸ਼ਨ**



**ਬਠਿੰਡਾ (ਪਰਵਿੰਦਰ ਜੀਤ ਸਿੰਘ)**
ਕੌਮਾਂ ਨੂੰ ਜਿਊਂਦਾ ਰੱਖਣ ਲਈ ਵਿਰਾਸਤ ਨੂੰ ਸੰਭਾਲਣਾ ਬਹੁਤ ਜ਼ਰੂਰੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਵਿਧਾਇਕ ਬਠਿੰਡਾ (ਸ਼ਹਿਰੀ) ਜਗਰੂਪ ਸਿੰਘ ਗਿੱਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਕੀਤਾ।ਇਸ ਮੌਕੇ ਵਿਧਾਇਕ ਜਗਰੂਪ ਸਿੰਘ ਗਿੱਲ, ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਅਤੇ ਮਾਲਵਾ ਹੈਰੀਟੇਜ ਤੇ ਸੱਭਿਆਚਾਰਕ ਫਾਊਂਡੇਸ਼ਨ ਪ੍ਰਧਾਨ ਹਰਵਿੰਦਰ ਸਿੰਘ ਖਾਲਸਾ ਤੇ ਨੁਮਾਇੰਦਿਆਂ ਵਲੋਂ ਇੱਥੇ ਸਥਿਤ ਵਿਰਾਸਤੀ ਪਿੰਡ ਜੈਪਾਲਗੜ੍ਹ ਵਿਖੇ 9, 10 ਤੇ 11 ਫਰਵਰੀ 2024 ਨੂੰ ਕਰਾਏ ਜਾ ਰਹੇ 17ਵੇਂ ਵਿਰਾਸਤੀ ਮੇਲੇ ਦਾ ਪੋਸਟਰ ਵੀ ਜਾਰੀ ਕੀਤਾ ਗਿਆ।ਵਿਧਾਇਕ ਗਿੱਲ ਨੇ ਕਿਹਾ ਕਿ ਸਾਡਾ ਸਭ ਦਾ ਫ਼ਰਜ ਬਣਦਾ ਹੈ ਕਿ ਪੰਜਾਬੀ ਮਾਂ ਬੋਲੀ ਦਾ ਵੱਧ ਤੋਂ ਵੱਧ ਸਤਿਕਾਰ ਕਰੀਏ ਅਤੇ ਇਸ ਨੂੰ ਵੱਧ ਤੋਂ ਵੱਧ ਵਰਤੋਂ ਵਿੱਚ ਲਿਆਈਏ।ਉਨ੍ਹਾਂ ਇਹ ਵੀ ਕਿਹਾ ਕਿ ਉਹ ਕੌਮਾਂ ਹੀ ਹਮੇਸ਼ਾ ਜਿਊਂਦਾ ਰਹਿੰਦੀਆਂ ਹਨ, ਜੋ ਆਪਣੀ ਵਿਰਾਸਤ ਅਤੇ ਆਪਣੀ ਮਾਤ ਭਾਸ਼ਾ ਨੂੰ ਸੰਭਾਲ ਕੇ ਰੱਖਦੀਆਂ ਹਨ।ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਤੇ ਪੰਜਾਬੀਅਤ ਦੇ ਪੁਰਾਣੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਪੁਰਾਣੀ ਵਿਰਾਸਤ ਦੀ ਸਾਂਭ-ਸੰਭਾਲ ਨੂੰ ਸਮਰਪਤ ਹਰ ਸੰਭਵ ਯਤਨ ਤੇ ਉਪਰਾਲੇ ਕੀਤੇ ਜਾ ਰਹੇ ਹਨ।ਇਸ ਤਹਿਤ ਹੀ ਸੂਬਾ ਸਰਕਾਰ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਅਤੇ ਮਾਲਵਾ ਹੈਰੀਟੇਜ ਅਤੇ ਸੱਭਿਆਚਾਰਕ ਫਾਊਂਡੇਸ਼ਨ ਵਲੋਂ ਇਹ ਵਿਰਾਸਤੀ ਮੇਲਾ ਕਰਾਇਆ ਜਾ ਰਿਹਾ ਹੈ।ਉਨ੍ਹਾਂ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਵਿਰਾਸਤੀ ਮੇਲਾ ਨੌਜਵਾਨ ਪੀੜ੍ਹੀ ਨੂੰ ਪੁਰਾਣੇ ਸੱਭਿਆਚਾਰ ਤੇ ਵਿਰਾਸਤ ਸਬੰਧੀ ਜਾਣਕਾਰੀ ਦੇਣ ਲਈ ਲਾਹੇਵੰਦ ਸਾਬਤ ਹੋਵੇਗਾ।ਉਨ੍ਹਾਂ ਹੋਰ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਇਹ ਮੇਲਾ ਨਵੀਂ ਪੀੜ੍ਹੀ ਨੂੰ ਵਿਰਾਸਤ ਤੋਂ ਜਾਣੂ ਕਰਾਉਣ ਚ ਸਹਾਈ ਸਿੱਧ ਵੀ ਹੋਵੇਗਾ।ਉਨ੍ਹਾਂ ਇਹ ਵੀ ਕਿਹਾ ਕਿ ਇਹ ਮੇਲਾ ਭਵਿੱਖ ਵਿੱਚ ਵੀ ਹਰ ਸਾਲ ਦੀ ਤਰ੍ਹਾਂ ਦੀ ਕਰਾਇਆ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਇੱਕ ਹੋਰ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਇਸ ਮੇਲੇ ਦੀ ਸ਼ੁਰੂਆਤ 9 ਫਰਵਰੀ ਨੂੰ ਸਵੇਰੇ 11:30 ਵਜੇ ਗੁਰਦੁਆਰਾ ਹਾਜੀ ਰਤਨ ਵਿਖੇ ਅਰਦਾਸ ਕਰਾਉਣ ਉਪਰੰਤ ਦਰਗਾਹ ਤੇ ਚਾਦਰ ਚੜ੍ਹਾਉਣ ਨਾਲ ਹੋਵੇਗੀ।ਇਸ ਮੌਕੇ ਇੱਥੋ ਹੀ ਵਿਰਾਸਤੀ ਕਾਫ਼ਲਾ ਕੱਢਿਆ ਜਾਵੇਗਾ, ਜਿਸ ਚ ਪੰਜਾਬ ਦੇ ਮਾਣਮੱਤੇ ਇਤਿਹਾਸ ਅਤੇ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਦਰਸਾਉਂਦੀਆਂ ਝਾਕੀਆਂ ਇਸ ਕਾਫ਼ਲੇ ਦਾ ਸਿੰਗਾਰ ਬਨਣਗੀਆਂ।ਇਸ ਤੋਂ ਇਲਾਵਾ ਇਸ ਕਾਫ਼ਲੇ ਚ ਪੁਰਾਤਨ ਤੇ ਵਿਰਾਸਤੀ ਵਸਤਾਂ ਤੇ ਵੱਖ-ਵੱਖ ਰਾਜਾਂ ਦੇ ਸੱਭਿਆਚਾਰ ਨੂੰ ਦਰਸਾਉਂਦੀਆਂ ਹੋਈਆਂ ਪ੍ਰਦਰਸ਼ਨੀਆਂ ਸਮੇਤ ਇਹ ਕਾਫ਼ਲਾ ਸ਼ਹਿਰ ਦੇ ਵੱਖ-ਵੱਖ ਸਥਾਨਾਂ ਤੋਂ ਹੁੰਦਾ ਹੋਇਆ ਵਿਰਾਸਤੀ ਪਿੰਡ ਜੈਪਾਲਗੜ੍ਹ ਵਿਖੇ ਪਹੁੰਚੇਗਾ।ਇਸ ਉਪਰੰਤ ਇੱਥੇ ਵਿਰਾਸਤੀ ਮੇਲਾ ਸ਼ੁਰੂ ਹੋਵੇਗਾ ਜੋ ਲਗਾਤਾਰ 11 ਫ਼ਰਵਰੀ ਤੱਕ ਚੱਲੇਗਾ।ਇਸ ਵਿਰਾਸਤੀ ਮੇਲੇ ਦੌਰਾਨ ਵੱਖ-ਵੱਖ ਰਾਜਾਂ ਨਾਲ ਸਬੰਧਤ ਸੱਭਿਆਚਾਰਕ ਵੰਨਗੀਆਂ, ਨਾਟਕਾਂ,ਕਵੀਸ਼ਰੀ, ਮਲਵਈ ਗਿੱਧਾ, ਭੰਗੜਾ, ਸਮੀ, ਲੁੱਡੀ ਅਤੇ ਭੰਡਾ ਦੇ ਹਾਸਰਸ ਰੰਗਾਂ ਤੋਂ ਇਲਾਵਾ ਪ੍ਰਸਿੱਧ ਸੂਫ਼ੀ ਗਾਇਕ ਕੰਵਰ ਗਰੇਵਾਲ ਸਮੇਤ ਹੋਰ ਗਾਇਕਾਂ ਵਲੋਂ ਆਪਣੀ ਕਲਾਂ ਦਾ ਪ੍ਰਦਰਸ਼ਨ ਵੀ ਕੀਤਾ ਜਾਵੇਗਾ।

# ਉੱਘੇ ਸਿੱਖਿਆ ਸ਼ਾਸਤਰੀ, ਉੱਚ ਕੋਟੀ ਦੇ ਲੇਖਕ ਤੇ ਸਮਾਜ ਸੁਧਾਰਕ ਸ਼ਖ਼ਸੀਅਤ : ਡਾ. ਮੋਹਨ ਲਾਲ ਸ਼ਰਮਾ

**ਸਿੱਖਿਆ ਖੇਤਰ 'ਚ 'ਵਿਜ਼ਡਮ ਸਕੂਲ' ਰਾਹੀਂ ਲੈ ਕੇ ਆ ਰਹੇ ਨੇ ਨਵਾਂ ਰੰਗ, ਨਵਾਂ ਸਵੇਰਾ, ਨਵਾਂ ਸਫਰ, ਨਵੀਂ ਉਡਾਨ ਤੇ ਨਵੀਂ ਰੋਸ਼ਨੀ**




**ਸਮਾਣਾ (ਇਕਬਾਲ ਸਿੰਘ ਬੱਲ)**-ਪ੍ਰਿੰਸੀਪਲ ਡਾ. ਮੋਹਨ ਲਾਲ ਸ਼ਰਮਾ, ਜੋ ਪਿਛਲੇ 30 ਸਾਲਾਂ ਤੋਂ ਸਿੱਖਿਆ ਖੇਤਰ ਵਿੱਚ ਆਪਣੀਆਂ ਸੇਵਾਵਾਂ ਨਿਭਾਉਂਦੇ ਆ ਰਹੇ ਹਨ।ਉਨ੍ਹਾਂ ਦੀ ਰਹਿਨੁਮਾਈ 'ਚ ਪੜ੍ਹੇ ਸੈਂਕੜੇ ਵਿਦਿਆਰਥੀ ਪ੍ਰੋਫ਼ੈਸਰ, ਡਾਕਟਰ, ਬੈਂਕਰ, ਫੌਜੀ ਅਧਿਕਾਰੀ, ਪੁਲਸ ਅਧਿਕਾਰੀ, ਅਧਿਆਪਕ, ਸਫ਼ਲ ਉਦਯੋਗਪਤੀ, ਦੁਕਾਨਦਾਰ ਅਤੇ ਚੰਗੇ ਨਾਗਰਿਕ ਆਦਿ ਬਣੇ ਦੇਖੇ ਜਾ ਸਕਦੇ ਹਨ। ਉਨ੍ਹਾਂ ਦੇ ਉੱਤਮ ਕਾਰਜਾਂ ਲਈ ਕਈ ਰਾਸ਼ਟਰੀ ਤੇ ਅੰਤਰਰਾਸ਼ਟਰੀ ਵੱਡੇ-ਵੱਡੇ ਪੁਰਸਕਾਰਾਂ ਨਾਲ ਉਨ੍ਹਾਂ ਨੂੰ ਸਨਮਾਨਤ ਕੀਤਾ ਜਾ ਚੁੱਕਾ ਹੈ, ਜਿਨ੍ਹਾਂ 'ਚ ਸਾਲ 2003 ਵਿੱਚ ਗਲੋਰੀ ਆਫ਼ ਇੰਡੀਅਨ ਇੰਸਟੀਚਿਊਟ ਐਵਾਰਡ, ਭਾਰਤ ਦਾ ਸਰਵੋਤਮ ਨਾਗਰਿਕ ਪੁਰਸਕਾਰ, ਆਊਟ ਸਟੈਂਡਿੰਗ ਐਜੂਕੇਸ਼ਨਿਸਟ ਐਵਾਰਡ, ਭਾਰਤ ਜੋਤੀ ਐਵਾਰਡ-ਇੰਟਰਨੈਸ਼ਨਲ, ਸਤੀ ਮੰਦਰ ਕੰਪਲੈਕਸ ਵੱਲੋਂ ਹੈੱਡਮਾਸਟਰ ਸਾਧੂਰਾਮ ਐਵਾਰਡ, ਮਹਾਰਾਣੀ ਪ੍ਰਨੀਤ ਕੌਰ (ਸਾਬਕਾ ਕੇਂਦਰੀ ਵਿਦੇਸ਼ ਰਾਜ ਮੰਤਰੀ) ਵੱਲੋਂ ਅਧਿਆਪਕ ਦਿਵਸ 'ਤੇ ਵਿਸ਼ੇਸ਼ ਸਨਮਾਨ ਅਤੇ ਇੰਡੀਆ ਇੰਟਰਨੈਸ਼ਨਲ ਸੈਂਟਰ ਲੋਧੀ ਅਸਟੇਟ, 'ਵਿਸ਼ੇਸ਼ ਸਿੱਖਿਆ ਸ਼ਾਸ਼ਤਰੀ' ਐਵਾਰਡ ਨਵੀਂ ਦਿੱਲੀ, ਬ੍ਰਿਟਿਸ਼ ਕੌਂਸਲ ਇੰਟਰਨੈਸ਼ਨਲ ਐਵਾਰਡ ਤੇ ਗਣਤੰਤਰ ਦਿਵਸ 2019 'ਚ ਪ੍ਰਿੰਸੀਪਲ ਦੀਆਂ ਸੇਵਾਵਾਂ ਦੇ ਲਈ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਸਨਮਾਨਤ ਕੀਤਾ ਜਾਣਾ ਆਪ ਦੀ ਸ਼ਖ਼ਸੀਅਤ ਨੂੰ ਉਘਾੜਦੇ ਹਨ।ਸਿੱਖਿਆ ਤੇ ਸਮਾਜ ਦੇ ਖੇਤਰ ਵਿੱਚ ਨਵੇਂ ਸੁਧਾਰ ਲਿਆਉਣ ਲਈ ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਸਮਾਣਾ-ਪਾਤੜਾਂ ਦੀਆਂ ਸਬ-ਡਵੀਜ਼ਨਾਂ, ਪੇਂਡੂ ਖੇਤਰਾਂ ਵਿੱਚ ਜਿਵੇਂ-ਡੀ.ਏ.ਵੀ. ਕਕਰਾਲਾ, ਡੀ.ਏ.ਵੀ. ਕੁਲਾਰਾਂ, ਡੀ.ਏ.ਵੀ. ਬਾਦਸ਼ਾਹਪੁਰ, ਡੀ.ਏ.ਵੀ. ਨਿਆਲ (ਪਾਤੜਾਂ), ਡੀ.ਏ.ਵੀ. ਬਰੇਟਾ, ਡੀ.ਏ.ਵੀ. ਸਮਾਣਾ ਆਦਿ ਸਕੂਲਾਂ ਦੀ ਲੰਮੀ ਲੜੀ ਸਥਾਪਤ ਕੀਤੀ ਹੈ ਅਤੇ ਹੁਣ ਇਸ ਲੜੀ 'ਚ ਵਾਧਾ ਕਰਦੇ ਹੋਏ 30 ਸਾਲਾਂ ਤੋਂ ਸਿੱਖਿਆ ਖੇਤਰ ਵਿੱਚ ਆਪਣੇ ਬਣਾਏ ਵਿਸ਼ਵਾਸ ਤੇ ਸ਼ਾਨਦਾਰ ਨਤੀਜਿਆਂ ਤੋਂ ਬਾਅਦ ਇੱਕ ਹੋਰ ਨਵੇਂ ਅਧਿਆਏ 'ਵਿਜ਼ਡਮ ਸਕੂਲ' ਦੀ ਸ਼ੁਰੂਆਤ ਕਰਨ ਜਾ ਰਹੇ ਹਨ ਜਾਂ ਕਹਿ ਲਵੋ ਕਿ ਇੱਕ ਨਵਾਂ ਰੰਗ, ਨਵਾਂ ਸਵੇਰਾ, ਨਵਾਂ ਸਫ਼ਰ, ਨਵੀਂ ਉਡਾਨ ਅਤੇ ਨਵੀਂ ਰੌਸ਼ਨੀ ਲੈ ਕੇ ਆ ਰਹੇ ਹਨ।

# ਜੋੜ ਮੇਲਾ ਰਵਾਇਤੀ ਸ਼ਾਨੋ-ਸ਼ੌਕਤ ਨਾਲ ਸੰਪਨ





**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**
ਬੰਦ-ਬੰਦ ਕਟਵਾਉਣ ਵਾਲੇ ਸਿੱਖ ਕੌਮ ਦੇ ਮਹਾਨ ਸ਼ਹੀਦ ਬ੍ਰਹਮ ਗਿਆਨੀ ਭਾਈ ਮਨੀ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਜੋੜ ਮੇਲਾ ਗੁਰਦੁਆਰਾ ਯਾਦਗਰ ਸ਼ਹੀਦ ਭਾਈ ਮਨੀ ਸਿੰਘ ਕੈਂਬੋਵਾਲ ਸਾਹਿਬ ਲੌਂਗੋਵਾਲ ਵਿਖੇ ਸ਼ਾਨੋ ਸ਼ੌਕਤ ਨਾਲ ਸੰਪਨ ਹੋ ਗਿਆ ਹੈ। ਸਮਾਗਮ ਦੇ ਪਹਿਲੇ ਦਿਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਆਰੰਭ ਹੋਏ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਗੁਰਦੁਆਰਾ ਕੈਂਬੋਵਾਲ ਸਾਹਿਬ ਤੋਂ ਮੁੱਖ ਸੇਵਾਦਾਰ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਦੀ ਦੇਖ ਰੇਖ ਹੇਠ ਨਗਰ ਕੀਰਤਨ ਸਜਾਇਆ ਗਿਆ। ਭਾਈ ਲੌਂਗੋਵਾਲ ਨੇ ਦੱਸਿਆ ਕਿ ਜੋੜ ਮੇਲੇ ਦੇ ਦੂਜੇ ਦਿਨ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰੀ ਜੱਥਿਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਦਿਨ ਕਰਾਏ ਗਏ ਕਵੀਸ਼ਰੀ ਮੁਕਾਬਲੇ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਕੂਲ ਛਾਜਲੀ ਨੇ ਪਹਿਲਾ, ਪੰਜਾਬ ਪਬਲਿਕ ਸਕੂਲ ਧਨੌਲਾ ਨੇ ਦੂਜਾ ਅਤੇ ਸ਼੍ਰੀ ਗੁਰੂ ਤੇਗ ਬਹਾਦਰ ਸਕੂਲ ਛਾਜਲੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਦਸਤਾਰ ਮੁਕਾਬਲੇ ਚੋਂ ਅੰਮ੍ਰਿਤਪਾਲ ਸਿੰਘ ਨੇ ਪਹਿਲਾ, ਗੁਰਸੇਵਕ ਸਿੰਘ ਨੇ ਦੂਜਾ ਅਤੇ ਖ਼ੁਸ਼ਹਾਲ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਸ਼ਬਦ ਗਾਇਨ ਮੁਕਾਬਲੇ ਚੋਂ ਅਕਾਲ ਅਕੈਡਮੀ ਮਸਤੂਆਣਾ ਸਾਹਿਬ ਨੇ ਪਹਿਲਾ, ਬਾਬਾ ਬੱਗਾ ਸਿੰਘ ਸਕੂਲ ਹੀਰੋ ਕਲਾਂ ਨੇ ਦੂਜਾ, ਗਰੀਨ ਫੀਲਡ ਪਬਲਿਕ ਸਕੂਲ ਦਾਨਗੜ੍ਹ ਨੇ ਤੀਜਾ ਅਤੇ ਪੰਜਾਬ ਪਬਲਿਕ ਸਕੂਲ ਧਨੌਲਾ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਜੇਤੂ ਬੱਚਿਆਂ ਨੂੰ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸਨਮਾਨਤ ਕੀਤਾ ਗਿਆ। ਇਨ੍ਹਾਂ ਮੁਕਾਬਲਿਆਂ ਦੀ ਜੱਜਮੈਂਟ ਬਲਦੇਵ ਸਿੰਘ ਲੌਂਗੋਵਾਲ, ਮਨਜੀਤ ਸਿੰਘ ਸਾਗਰ, ਬਲਵਿੰਦਰ ਸਿੰਘ ਪ੍ਰਚਾਰਕ, ਬਹਾਦਰ ਸਿੰਘ ਹੀਰੋਂ ਕਲਾਂ, ਜੱਸੀ ਸਰਦਾਰ, ਕੁਲਵਿੰਦਰ ਸਿੰਘ ਅਤੇ ਸਾਹਿਬ ਸਿੰਘ ਚੀਮਾ ਨੇ ਕੀਤੀ। ਜੋੜ ਮੇਲੇ ਦੇ ਤੀਜੇ ਦਿਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭਾਈ ਸੱਜਣ ਸਿੰਘ ਅਮਰੀਕਾ ਦੇ ਰਾਗੀ ਜਥੇ ਵਲੋਂ ਰਸਭਿੰਨਾ ਸ਼ਬਦ ਕੀਰਤਨ ਕੀਤਾ ਗਿਆ। ਇਸ ਤੋਂ ਇਲਾਵਾ ਹੋਰਨਾਂ ਪੰਥ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰੀ ਜਥਿਆਂ ਵਲੋਂ ਦੀਵਾਨ ਸਜਾਏ ਗਏ।

## ਨੰਬਰਦਾਰ ਯੂਨੀਅਨ ਐਸੋਸੀਏਸ਼ਨ ਗਾਲਿਬ ਗਰੁੱਪ ਦੀ ਮੀਟਿੰਗ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਨੰਬਰਦਾਰ ਯੂਨੀਅਨ ਐਸੋਸੀਏਸ਼ਨ ਗਾਲਿਬ ਗਰੁੱਪ ਦੀ ਮੀਟਿੰਗ ਗੁਰਦੁਆਰਾ ਬਾਬਾ ਪੂਰਨ ਸਿੰਘ ਵਿਖੇ ਕੀਤੀ ਗਈ, ਜਿਸ ਦੀ ਪ੍ਰਧਾਨਗੀ ਤਹਿਸੀਲ ਪ੍ਰਧਾਨ ਹਰਬਿੰਦਰ ਸਿੰਘ ਮਸੀਤਾਂ ਨੇ ਕੀਤੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮਸੀਤਾਂ ਨੇ ਕਿਹਾ ਕਿ ਪੰਜਾਬ ਵਿੱਚ ਮੌਜੂਦਾ ਤੇ ਰਾਜ ਕਰ ਚੁੱਕੀਆਂ ਸਰਕਾਰਾਂ ਦੇ ਧਿਆਨ ਦਿਵਾਉਣ ਦੇ ਬਾਵਜੂਦ ਨੰਬਰਦਾਰਾਂ ਦੀਆਂ ਮੰਗਾਂ ਵੱਲ ਕੋਈ ਵੀ ਤੇ ਕਿਸੇ ਵੀ ਸਰਕਾਰ ਨੇ ਧਿਆਨ ਨਹੀਂ ਦਿੱਤਾ। ਸਾਡੀਆਂ ਮੰਗਾਂ ਹਨ ਨੰਬਰਦਾਰੀ ਜੱਦੀ ਪੁਸ਼ਤੀ ਕਰਨੀ, ਮਾਣਭੱਤੇ ਵਿੱਚ ਵਾਧਾ ਕਰਨਾ, ਬੱਸ ਕਿਰਾਇਆ, ਟੋਲ ਪਲਾਜ਼ਾ, ਮੈਡੀਕਲ ਫ੍ਰੀ, ਸਿਹਤ ਬੀਮਾ ਸਕੀਮ ਵਰਗੀਆਂ ਸਹੂਲਤਾਂ ਆਦਿ ਲਾਗੂ ਕੀਤੀਆਂ ਜਾਣ। ]

ਮਸੀਤਾਂ ਨੇ ਕਿਹਾ ਹੈ ਕਿ ਜੋ ਪਿੰਡਾਂ ਦਾ ਚੌਕੀਦਾਰਾਂ ਦਾ ਬਕਾਇਆ ਪਿੰਡਾਂ ਵਿੱਚ ਪਿਆ ਹੈ। ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਪਟਵਾਰੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਨਵੀਂ ਢਾਲ ਵਾਸ਼ਕ ਬਣਾ ਕੇ ਚੌਕੀਦਾਰ ਪੱਤੀਆਂ ਮੁਤਾਬਕ ਨੰਬਰਦਾਰਾਂ ਨੂੰ ਮੁਹੱਈਆ ਕਰਾਈਆਂ ਜਾਣ ਤਾਂ ਜੁ ਰਹਿੰਦਾ ਬਕਾਇਆ ਸਰਕਾਰ ਦੇ ਖਜ਼ਾਨੇ ਵਿੱਚ ਜਮਾ ਹੋ ਸਕੇ। ਨਵੀਂ ਢਾਲ ਵਾਸ਼ਕ ਮੁਤਾਬਕ ਉਨ੍ਹਾਂ ਕਿਹਾ ਹੈ ਕਿ ਅਸੀਂ ਸਰਕਾਰ ਤੋਂ ਪੁਰਜ਼ੋਰ ਮੰਗ ਕਰਦੇ ਹਾਂ ਕਿ ਕਿਸੇ ਵੀ ਆਦਮੀ ਦੀ ਤਸਦੀਕ ਕਰਨ ਸਮੇਂ ਯਕੀਨੀ ਬਣਾਇਆ ਜਾਵੇ ਕਿ ਜਿਸ ਪਿੰਡ ਦਾ ਆਦਮੀ ਹੋਵੇ ਉਸ ਪਿੰਡ ਦੇ ਨੰਬਰਦਾਰ ਤੋਂ ਹੀ ਤਸਦੀਕ ਕੀਤੀ ਜਾਵੇ ਤਾਂ ਜੁ ਕੋਈ ਨੰਬਰਦਾਰ ਗਲਤ ਅਨਸਰ ਦੀ ਗਵਾਹੀ ਪਾ ਫ਼ਸ ਨਾ ਜਾਵੇ।

## ...ਸ.ਫ਼ਾ 1 ਦੇ ਬਾਕੀ

### 10 ਸਾਲ ਅਨਿਆਏ ...

ਨਾਰਾਇਣਨ) ਨੂੰ ਰਾਸ਼ਟਰਪਤੀ ਬਣਾਇਆ ਸੀ। ਨਾਰਾਇਣਨ ਤੇ ਵਰਤਮਾਨ ਰਾਸ਼ਟਰਪਤੀ ਦਰੋਪਦੀ ਮੁਰਮੂ ਦੀ ਤੁਲਨਾ ਕਰਦਿਆਂ ਖੜਗੇ ਨੇ ਕਿਹਾ-ਮੈਂ ਰਾਸ਼ਟਰਪਤੀ ਮੁਰਮੂ ਦੀ ਅਲੋਚਨਾ ਨਹੀਂ ਕਰ ਰਿਹਾ, ਮੈਂ ਉਨ੍ਹਾ ਦੀ ਕਦਰ ਕਰਦਾ ਹਾਂ, ਪਰ ਕਾਂਗਰਸ ਨੇ ਚੰਗੇ, ਪੜ੍ਹੇ-ਲਿਖੇ, ਕੌਮਾਂਤਰੀ ਪੱਧਰ 'ਤੇ ਪ੍ਰਸਿੱਧ ਨੂੰ ਰਾਸ਼ਟਰਪਤੀ ਬਣਾਇਆ ਸੀ। ਨਾਰਾਇਣਨ ਪੱਤਰਕਾਰ ਤੇ ਰਾਜਦੂਤ ਰਹੇ, ਫਿਰ ਉਪ ਰਾਸ਼ਟਰਪਤੀ ਤੇ ਰਾਸ਼ਟਰਪਤੀ ਬਣੇ। ਖੜਗੇ ਨੇ ਦੋਸ਼ ਲਾਇਆ ਕਿ ਮੋਦੀ ਸਰਕਾਰ ਨੇ ਕਾਰਪੋਰੇਟੀਆਂ ਦੇ ਹਜ਼ਾਰਾਂ ਕਰੋੜ ਦੇ ਕਰਜ਼ੇ ਮੁਆਫ ਕੀਤੇ, ਪਰ ਨੌਜਵਾਨਾਂ ਨੂੰ ਨੌਕਰੀਆਂ ਨਹੀਂ ਦਿੱਤੀਆਂ। ਮੋਦੀ ਦੀ ਭਾਸ਼ਾ ਚੰਗੀ ਹੈ, ਪਰ ਇਸ ਨਾਲ ਆਰਥਿਕ ਸਥਿਤੀ ਨਹੀਂ ਸੁਧਰਦੀ ਅਤੇ ਨਾ ਹੀ ਕੀਮਤਾਂ ਘਟਦੀਆਂ ਹਨ ਤੇ ਨੌਕਰੀਆਂ ਪੈਦਾ ਹੁੰਦੀਆਂ ਹਨ। ਖੜਗੇ ਨੇ ਕਿਹਾ ਕਿ ਭਾਜਪਾ ਨੇ ਲੋਕਾਂ ਨੂੰ ਏਜੰਸੀਆਂ ਰਾਹੀਂ ਤੰਗ ਕਰਕੇ ਇਲੈਕਟੋਰਲ ਬਾਂਡਾਂ ਨਾਲ ਧਨ ਇਕੱਠਾ ਕੀਤਾ। ਉਸ ਨੇ ਜਮਹੂਰੀਅਤ ਨੂੰ ਤਬਾਹ ਕਰਨ ਲਈ ਧਨ ਦੀ ਵਰਤੋਂ ਕੀਤੀ। ਭਾਜਪਾ ਨੇ ਪਿਛਲੇ 10 ਸਾਲਾਂ ਵਿਚ ਸਰਕਾਰਾਂ ਤੋੜਨ ਲਈ 411 ਵਿਧਾਇਕਾਂ ਦੀ ਦਲਬਦਲੀ ਕਰਵਾਈ। ਕੇਂਦਰੀ ਫੰਡਾਂ ਦੇ ਮਾਮਲੇ ਵਿਚ ਮੋਦੀ ਵੱਲੋਂ ਕਾਂਗਰਸ 'ਤੇ ਦੇਸ਼ ਨੂੰ ਉੱਤਰ-ਦੱਖਣ ਵਿਚ ਵੰਡਣ ਦੇ ਦੋਸ਼ ਬਾਰੇ ਖੜਗੇ ਨੇ ਕਿਹਾ-ਮੁੱਖ ਮੰਤਰੀ ਹੁੰਦਿਆਂ ਮੋਦੀ ਨੇ ਮੰਗ ਕੀਤੀ ਸੀ ਕਿ ਯੂ ਪੀ ਏ ਸਰਕਾਰ ਗੁਜਰਾਤ ਵਿੱਚੋਂ ਇਕੱਠੇ ਕੀਤੇ ਜਾਣ ਵਾਲੇ ਫੰਡ ਵਿੱਚੋਂ ਅੱਧਾ ਮੋੜੇ। ਉਨ੍ਹਾ ਕਿਹਾ ਸੀ ਕਿ ਗੁਜਰਾਤ 48600 ਕਰੋੜ ਫੰਡ ਦਿੰਦਾ ਹੈ, ਪਰ ਉਸ ਨੂੰ ਵਾਪਸ ਢਾਈ ਫੀਸਦੀ ਮਿਲਦਾ ਹੈ। ਜਦੋਂ ਕੋਈ ਹੋਰ ਇਹ ਮੰਗ ਕਰਦਾ ਹੈ ਤਾਂ ਉਹ ਦੇਸ਼ਧ੍ਰੋਹੀ ਬਣ ਜਾਂਦਾ ਹੈ। ਦੇਸ਼ ਤੋੜਨ ਵਾਲਾ ਬਣ ਜਾਂਦਾ ਹੈ। ਖੜਗੇ ਨੇ ਕਿਹਾ ਕਿ ਮੋਦੀ ਦੇਸ਼ ਨੂੰ ਵੰਡ ਰਹੇ ਹਨ ਅਤੇ ਲੋਕਾਂ ਨੂੰ ਭੜਕਾਅ ਕੇ ਦੰਗੇ ਕਰਾਉਣਾ ਚਾਹੁੰਦੇ ਹਨ। ਇਸੇ ਦੌਰਾਨ ਮੋਦੀ ਨੇ ਕਾਂਗਰਸ ਦੇ ਬਲੈਕ ਪੇਪਰ ਨੂੰ ਆਪਣੇ ਲਈ ਕਾਲਾ ਟਿੱਕਾ ਕਰਾਰ ਦਿੱਤਾ ਹੈ।

### ਪੁਲਸ ਨਾਕਾਮ ਰਹੀ...

ਕਾਨਫਰੰਸ ਵਿੱਚ ਸ਼ਾਮਲ ਹੋਣ ਉਪਰੰਤ ਪੱਤਰਕਾਰ ਭਾਈਚਾਰਾ ਫਰਿਆਦ ਲੈ ਕੇ ਐੱਸ ਐੱਸ ਪੀ ਹਰਮਨਬੀਰ ਸਿੰਘ ਗਿੱਲ ਦੇ ਦਫ਼ਤਰ ਪਹੁੰਚ ਕਰਦਾ ਹੈ। ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਦੀ ਮੌਜੂਦਗੀ 'ਚ ਪੱਤਰਕਾਰ ਆਪਣੇ ਸਾਥੀ ਦੀ ਬੇਟੀ ਨਾਲ ਵਾਪਰੀ ਘਟਨਾ ਤੋਂ ਜਾਣੂ ਕਰਵਾਉਂਦਾ ਹੋਇਆ ਕਾਰਵਾਈ ਦੀ ਮੰਗ ਕਰਦਾ ਹੈ। ਪੁਲਸ ਮੁਖੀ ਐਕਸ਼ਨ ਦਾ ਭਰੋਸਾ ਦਿੰਦੇ ਹੋਏ ਨਾਗਰਿਕਾਂ ਨੂੰ ਖ਼ੁਦ ਸੁਚੇਤ ਰਹਿਣ ਦਾ ਮਸ਼ਵਰਾ ਦੇਣ ਤੋਂ ਇਲਾਵਾ ਇਹ ਵੀ ਇਕਬਾਲ ਕਰਦੇ ਹਨ ਕਿ ਖੋਹ-ਖਿੰਝ ਦੇ ਛੋਟੇ ਮਾਮਲਿਆਂ ਨੂੰ ਰੋਕਿਆ ਨਹੀਂ ਜਾ ਸਕਦਾ। ਜੇਕਰ ਪੁਲਸ ਨੂੰ ਸਿਰਫ਼ ਇਸੇ ਪਾਸੇ ਲਾ ਦਿੱਤਾ ਜਾਵੇ ਤਾਂ ਵੱਡੇ ਅਪਰਾਧਿਕ ਮਾਮਲਿਆਂ ਨੂੰ ਠੱਲ੍ਹ ਪਾਉਣੀ ਅਸੰਭਵ ਹੋ ਜਾਵੇਗੀ। ਬਿਲਕੁਲ ਉਸੇ ਸਮੇਂ ਵੀਰਵਾਰ ਸਵੇਰੇ ਪੱਤਰਕਾਰ ਦੀ ਪੀੜਤ ਤੇ ਬਹਾਦਰ ਬੇਟੀ ਖ਼ੁਦ ਲੁਟੇਰੇ ਦੇ ਘਰ ਪਹੁੰਚਦੀ ਹੈ। ਬਿਜਲੀ ਦੀ ਗਰਜ ਤੇ ਚਮਕ ਵਾਂਗ ਜਦ ਨਿਕਤਾ ਲੁਟੇਰੇ ਨੂੰ ਟੁੱਟ ਕੇ ਪੈਂਦੀ ਹੈ ਤਾਂ ਜਿਸ ਮੋਬਾਇਲ ਫੋਨ ਨੂੰ ਪੁਲਸ ਚਾਰ ਦਿਨਾਂ ਤੋਂ ਬਰਾਮਦ ਨਹੀਂ ਸੀ ਕਰ ਸਕੀ, ਨਿਕਤਾ ਉਹ ਲੁਟੇਰੇ ਤੋਂ ਪ੍ਰਾਪਤ ਕਰ ਲੈਂਦੀ ਹੈ। ਜ਼ਿਕਰਯੋਗ ਹੈ ਕਿ ਪੀੜਤ ਪਰਵਾਰ ਨੇ ਲੁਟੇਰੇ ਦੀ ਲਾਈਵ ਲੁਕੇਸ਼ਨ ਤੇ ਉਸ ਦੇ ਘਰ ਦਾ ਅਤਾ-ਪਤਾ ਵੀ ਪੁਲਸ ਨੂੰ ਦੇ ਦਿੱਤਾ ਸੀ, ਪਰ ਇਸ ਨੂੰ ਪੁਲਸ ਦੀ ਮੁਸਤੈਦੀ ਕਿਹਾ ਜਾਵੇ ਜਾਂ ਅਸਫ਼ਲਤਾ ਕਿ ਜੋ ਕਾਮਯਾਬੀ ਨਿਕਤਾ ਨੇ ਹਾਸਲ ਕੀਤੀ, ਪੁਲਿਸ ਅਜਿਹਾ ਕਿਉਂ ਨਹੀਂ ਕਰ ਸਕੀ ? ਕੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਸ ਸੰਬੰਧੀ ਜਵਾਬਤਲਬੀ ਕਰਕੇ ਬਣਦੀ ਕਾਰਵਾਈ ਕਰਨਗੇ ? ਇਹ ਸੁਆਲ ਸ਼ਹਿਰ ਦੇ ਹਰ ਬਾਸ਼ਿੰਦੇ ਦੀ ਜ਼ੁਬਾਨ 'ਤੇ ਹੈ।

### ਬਿਸ਼ਨੋਈ ਦੇ 8 ਗੈਂਗਸਟਰ...

ਸਿੰਘ ਨਗਰ, ਅਭਿਸ਼ੇਕ ਗਿੱਲ ਵਾਸੀ ਗੁਰਦੇਵ ਨਗਰ, ਪੱਪੂ ਵਾਸੀ ਸ਼ਹੀਦ ਬਾਬੂ ਲਾਭ ਸਿੰਘ, ਮਨੋਜ ਵਾਸੀ ਸ਼ਹੀਦ ਬਾਬੂ ਲਾਭ ਸਿੰਘ ਅਤੇ ਦੀਪਕ ਕੁਮਾਰ ਵਾਸੀ ਸ਼ਹੀਦ ਬਾਬੂ ਲਾਭ ਸਿੰਘ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰੇ ਗੈਂਗਸਟਰਾਂ ਨੂੰ ਧੋਬੀ ਘਾਟ ਨੇੜੇ ਟੀ.ਵੀ ਟਾਵਰ ਜਲੰਧਰ ਤੋਂ ਕਾਬੂ ਕੀਤਾ ਗਿਆ ਅਤੇ ਇਨ੍ਹਾਂ ਕੋਲੋਂ ਇੱਕ ਪਿਸਤੌਲ 30 ਬੋਰ 05 ਕਾਰਤੂਸ, ਇੱਕ ਪਿਸਤੌਲ 32 ਬੋਰ 05 ਕਾਰਤੂਸ, ਇੱਕ ਦੇਸੀ ਕੱਟਾ 315 ਬੋਰ, 4 ਮੈਗਜ਼ੀਨ, ਇੱਕ ਸਪਲੈਂਡਰ ਮੋਟਰਸਾਈਕਲ ਅਤੇ ਦੋ ਸਕੂਟਰ (ਐਕਟਿਵਾ) ਬਰਾਮਦ ਕੀਤਾ ਹੈ। ਪੜਤਾਲ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਇਨ੍ਹਾਂ ਗੈਂਗਸਟਰਾਂ ਦੀਆਂ ਕਾਰਵਾਈਆਂ ਕੌਮੀ ਸਰਹੱਦਾਂ ਤੋਂ ਪਾਰ ਫੈਲੀਆਂ ਹੋਈਆਂ ਸਨ, ਇਨ੍ਹਾਂ ਦੇ ਸੰਬੰਧ ਮੌਜੂਦਾ ਸਮੇਂ ਇੰਗਲੈਂਡ ਵਿੱਚ ਰਹਿੰਦੇ ਸੂਰਜ ਨਾਲ ਸਨ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਇਹ ਗਰੋਹ ਲੋਕਾਂ ਤੋਂ ਪੈਸੇ ਕਢਵਾਉਣ ਲਈ ਕਾਲਾਂ ਅਤੇ ਚਿੱਠੀਆਂ ਵਿੱਚ ਸ਼ਾਮਲ ਸੀ। ਕਾਲਾਂ ਲਈ ਵਰਤੇ ਜਾਂਦੇ ਅੰਤਰਰਾਸ਼ਟਰੀ ਨੰਬਰ ਬਾਰੇ ਵੇਰਵੇ ਪ੍ਰਾਪਤ ਕਰਨ ਲਈ ਜਾਂਚ ਪਹਿਲਾਂ ਹੀ ਚੱਲ ਰਹੀ ਹੈ। ਸ੍ਰੀ ਸਵਪਨ ਸ਼ਰਮਾ ਨੇ ਕਿਹਾ ਕਿ ਅਜੇ ਤੱਕ ਸਾਰੇ ਅੱਠ ਗੈਂਗਸਟਰਾਂ ਦਾ ਕੋਈ ਵੀ ਅਪਰਾਧਿਕ ਪਿਛੋਕੜ ਨਹੀਂ ਲੱਭਿਆ ਗਿਆ, ਪਰ ਇਸ ਸੰਬੰਧੀ ਵਿਸਥਾਰਤ ਜਾਂਚ ਕੀਤੀ ਜਾ ਰਹੀ ਹੈ।

## ਸਕੂਲ ਵੈਨਾਂ ਦੀ ਚੈਕਿੰਗ ਕੀਤੀ

**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਆਰ ਟੀ ਓ ਸੰਜੀਵ ਕੁਮਾਰ ਵੱਲੋਂ ਸਕੂਲ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਉਨ੍ਹਾਂ ਦੇ ਦਸਤਾਵੇਜ਼ ਚੈੱਕ ਕੀਤੇ ਗਏ। ਡਰਾਈਵਰਾਂ ਨੂੰ ਨਿਰਦੇਸ਼ ਦਿੱਤਾ ਗਿਆ ਕਿ ਵੈਨਾਂ ਵਿੱਚ ਅੱਗ ਬੁਝਾਊ ਸਿਲੰਡਰ, ਮੈਡੀਕਲ ਕਾਲ ਕਿੱਟ, ਡਰਾਈਵਰਾਂ ਨੂੰ ਵਰਦੀ ਵਿਚ ਰਹਿਣਾ ਲਾਜ਼ਮੀ ਅਤੇ ਖਾਸ ਕਰਕੇ ਜਿਨ੍ਹਾਂ ਵੈਨਾਂ ਵਿੱਚ ਕੁੜੀਆਂ ਹੁੰਦੀਆਂ ਹਨ, ਉਨ੍ਹਾਂ ਦੇ ਡਰਾਈਵਰਾਂ ਨੂੰ ਹਦਾਇਤ ਕੀਤੀ ਗਈ ਕੀ ਲੇਡੀ ਅਟੈਂਡੈਂਟ ਲਾਜ਼ਮੀ ਹੋਵੇ। ਜਿਨ੍ਹਾਂ ਸਕੂਲ ਵਾਹਨਾਂ ਵਿਚ ਕਿਸੇ ਵੀ ਤਰ੍ਹਾਂ ਦੀ ਕਮੀ ਪਾਈ ਗਈ, ਉਨ੍ਹਾਂ ਦੇ ਮੌਕੇ 'ਤੇ ਚਲਾਨ ਕੀਤੇ ਗਏ। ਇਸ ਸਮੇਂ ਨੀਰਜ ਕੁਮਾਰ, ਗੁਰਵਿੰਦਰ ਸਿੰਘ, ਇੰਦੀਵਰ ਯਾਦਵ, ਪਰਮਿੰਦਰ ਸਿੰਘ ਅਤੇ ਆਰ ਟੀ ਓ ਦਫ਼ਤਰ ਦਾ ਸਟਾਫ ਮੌਕੇ 'ਤੇ ਮੌਜੂਦ ਸੀ।

## ਪਹਿਲ ਮੰਡੀ ਦਾ ਉਦਘਾਟਨ ਅੱਜ

**ਧੂਰੀ (ਸੁਖਦੇਵ ਧੂਰੀ)**-ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਵੱਲੋਂ ਪਹਿਲ ਮੰਡੀ ਧੂਰੀ ਦੁਆਰਾ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ ਹੈ।ਇਸ ਦਾ ਉਦਘਾਟਨ 9 ਫਰਵਰੀ ਨੂੰ ਸਵੇਰੇ 10 ਵਜੇ ਕੀਤਾ ਜਾਵੇਗਾ।ਇਹ ਮੰਡੀ ਅੱਗੇ ਤੋਂ ਨਗਰ ਕੌਂਸਲ ਦੇ ਦਫ਼ਤਰ ਦੇ ਸਾਹਮਣੇ ਗਰਾਊਂਡ ਵਿੱਚ ਸਵੇਰੇ 10 ਵਜੇ ਤੋਂ 2 ਵਜੇ ਤੱਕ ਹਰ ਵੀਰਵਾਰ ਲੱਗਿਆ ਕਰੇਗੀ।ਇਥੇ ਰਸੋਈ ਦਾ ਔਰਗੈਨਿਕ, ਜ਼ਹਿਰ ਰਹਿਤ, ਸਾਰਾ ਸਮਾਨ ਮਿਲਿਆ ਕਰੇਗਾ, ਜਿਵੇਂ ਕਣਕ ਦਾ ਆਟਾ, ਬਾਜਰੇ-ਰਾਗੀ-ਜਵਾਰ-ਮਿਲਟਸ-ਮਲਟੀਗਰੇਨ ਆਟਾ, 5 ਤਰ੍ਹਾਂ ਦੇ ਮਿਲਟ, ਬੇਸਨ, ਸਰ੍ਹੋਂ, ਖੋਪੇ ਤੇ ਅਲਸੀ ਦਾ ਤੇਲ, ਸਾਰੀਆਂ ਦਾਲਾਂ, ਮਸਾਲੇ, ਸਰ੍ਹੋਂ ਦਾ ਸਾਗ, ਗੁੜ-ਸ਼ੱਕਰ ਤੇ ਗੁੜ ਦੀਆਂ ਕਈ ਆਇਟਮਾਂ, ਕਈ ਤਰ੍ਹਾਂ ਦੇ ਅਚਾਰ, ਸ਼ਹਿਦ, ਸਬਜ਼ੀਆਂ ਮੌਸਮ ਦੀਆਂ, ਖੋਏ ਦੀ ਬਰਫੀ, ਬੱਚਿਆਂ ਲਈ ਮਿਲਟਸ ਦੀਆਂ ਖਾਣ ਵਾਲੀਆਂ ਆਈਟਮਾਂ, ਔਲੇ ਦਾ ਰਸ ਆਦਿ।ਇਹ ਜਾਣਕਾਰੀ ਡਾ ਏ. ਐਸ. ਮਾਨ, ਮਾਸਟਰ ਮਿਸਰਾ ਸਿੰਘ ਬਮਾਲ, ਗੁਰਦੀਪ ਸਿੰਘ ਬਾਲੀਆਂ ਤੇ ਅਮਰਿੰਦਰ ਸਿੰਘ ਮਾਨਾਂ ਨੇ ਦਿੱਤੀ ।


**ਉਤਰ ਰੇਲਵੇ**

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

**ਸ਼ੁਧੀ ਪੱਤਰ**

ਸੀਨੀਅਰ ਮੰਡਲ ਵਾਣਿਜਕ ਪ੍ਰਬੰਧਕ/ਐਫਐਸ, ਉਤਰ ਰੇਲਵੇ, ਫਿਰੋਜ਼ਪੁਰ ਨੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਰੇਲਵੇ ਸਟੇਸ਼ਨ ਤੇ ਜੀਸੀਟੀ ਦੇ ਵਿਕਾਸ ਦੇ ਲਈ ਨਿਵਿਦਾ (ਦੋ ਪੈਕੇਟ ਪ੍ਰਣਾਲੀ) ਮੰਗ ਕੀਤੀ ਗਈ ਹੈ, ਹੇਠਾਂ ਲਿਖਤ:

| ਸਟੇਸ਼ਨ | ਬਾਰਾਮੂਲਾ | ਕੋਡ | BRML | ਕਾਂਟਰੈਕਟ ਦਾ ਸਮਾਂ | 35 ਸਾਲ |
|---|---|---|---|---|---|
| ਈਐਮਡੀ ਜ਼ਰੂਰੀ (ਰੁ. ਵਿਚ) | ₹3,39,32,831/- | ਨਿਵਿਦਾ ਫਾਰਮ ਲਾਗਤ (ਰੁ. ਵਿਚ) | | | ₹11,800/- |
| ਬੋਲੀ ਪੂਰਵ ਬੈਠਕ/ਸੰਮੇਲਨ | 19.02.2024 ਨੂੰ 15:30 ਵਜੇ ਡੀਆਰਐਮ ਦਫਤਰ ਸੰਮੇਲਨ ਰੂਮ ਵਿਚ | | | | |

ਪ੍ਰੀ-ਬਿਡ ਮੀਟਿੰਗ ਦੀ ਮਿਤੀ ਜੋ 16.02.2024 ਨੂੰ ਤੈਅ ਕੀਤੀ ਗਈ ਸੀ, ਉਸ ਨੂੰ ਰੱਦ ਕਰ ਦਿਤਾ ਗਿਆ ਹੈ ਅਤੇ ਉਪਰੋਕਤ ਤਾਲਿਕਾ ਵਿਚ ਸਹੀ ਕੀਤਾ ਗਿਆ ਹੈ। ਇਹ ਹੁਣ 19.02.2024 ਨੂੰ 15:30 ਵਜੇ ਹੋਵੇਗਾ, ਬਾਕੀ ਸ਼ਰਤਾਂ ਜਿਵੇਂ ਦੀ ਤਿਵੇਂ ਬਣੀਆਂ ਰਹਿਣਗੀਆਂ। ਵਧੇਰੇ ਜਾਣਕਾਰੀ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ ireps.gov.in ਵੇਖੋ।

ਨੰਬਰ: 3-ਈਸੀ-ਜੀਸੀਟੀ-ਬੀਆਰਐਮਐਲ-ਐਫਜੇਡਆਰ-24 ਮਿਤੀ: 07.02.2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 416/2024



**ਜੇ. ਸੀ. ਟੀ. ਲਿਮਟਿਡ**

**[CIN-L17117PB1946PLC004565]**

ਰਜਿਸਟਰਡ ਦਫਤਰ: ਪਿੰਡ ਚੋਹਲ, ਜ਼ਿਲ੍ਹਾ ਹੁਸ਼ਿਆਰਪੁਰ 146024 (ਪੰਜਾਬ)

ਟੈਲੀਫੋਨ: 01882-258780; ਫੈਕਸ: 01882-258059

ਵੈੱਬਸਾਈਟ: www.jct.co.in; ਈਮੇਲ ਆਈਡੀ: jctsecretarial@jctltd.com

**ਜੇ. ਸੀ. ਟੀ. ਲਿਮਟਿਡ ਦੇ ਮੈਂਬਰਾਂ ਨੂੰ ਗ਼ੈਰ-ਰਸਮੀ ਆਮ ਮੀਟਿੰਗ ਦਾ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਕੰਪਨੀ ਐਕਟ, 2013 ("ਐਕਟ") ਦੀ ਧਾਰਾ 101 ਦੇ ਉਪਬੰਧਾਂ ਦੇ ਅਨੁਸਾਰ ਕੰਪਨੀ (ਪ੍ਰਬੰਧਨ ਅਤੇ ਪ੍ਰਸ਼ਾਸਨ) ਨਿਯਮ, 2014 ਦੇ ਨਾਲ ਪੜ੍ਹਿਆ ਜਾਂਦਾ ਹੈ (ਜਿਸ ਵਿੱਚ ਕੋਈ ਕਾਨੂੰਨੀ ਸੋਧ ਜਾਂ ਇਸ ਸਮੇਂ ਲਈ ਇਸ ਨੂੰ ਦੁਬਾਰਾ ਲਾਗੂ ਕਰਨਾ ਸ਼ਾਮਲ ਹੈ) ਕਿ ਜੇ. ਸੀ. ਟੀ. ਲਿਮਟਿਡ ਦੇ ਮੈਂਬਰਾਂ ਦੀ ਇੱਕ ਵਾਧੂ ਆਮ ਆਮ ਮੀਟਿੰਗ (ਈ. ਜੀ. ਐੱਮ.) ਵੀਰਵਾਰ, 29 ਫਰਵਰੀ, 2024 ਨੂੰ 02.00 P.M. ਵੀਡੀਓ ਕਾਨਫਰੰਸਿੰਗ/ਹੋਰ ਆਡੀਓ ਵਿਜ਼ੂਅਲ ਸਾਧਨਾਂ ("ਵੀ. ਸੀ./ਓ. ਏ. ਵੀ. ਐੱਮ".) ਦੁਆਰਾ ਆਯੋਜਿਤ ਕੀਤੀ ਜਾਏਗੀ।

ਕੰਪਨੀ ਐਕਟ, 2013 ਦੀ ਧਾਰਾ 108 ਦੇ ਉਪਬੰਧਾਂ ਦੇ ਨਾਲ-ਨਾਲ ਕੰਪਨੀ (ਪ੍ਰਬੰਧਨ ਅਤੇ ਪ੍ਰਸ਼ਾਸਨ) ਨਿਯਮ, 2014 (ਜਿਵੇਂ ਸੋਧਿਆ ਗਿਆ ਹੈ) ਦੇ ਨਿਯਮ 20 ਅਤੇ ਸੇਬੀ ਦੇ ਨਿਯਮ 44 (ਸੂਚੀਬੱਧ ਕਰਨ ਦੀਆਂ ਜ਼ਿੰਮੇਵਾਰੀਆਂ ਅਤੇ ਖੁਲਾਸਾ ਜ਼ਰੂਰਤਾਂ) ਨਿਯਮ 2015 (ਜਿਵੇਂ ਸੋਧਿਆ ਗਿਆ ਹੈ) ਅਤੇ 08 ਅਪ੍ਰੈਲ, 2020,13 ਅਪ੍ਰੈਲ, 2020 ਅਤੇ 05 ਮਈ, 2020 ਦੇ ਐਮਸੀਏ ਸਰਕੂਲਰ ਦੇ ਅਨੁਸਾਰ ਕੰਪਨੀ ਈਜੀਐਮ ਵਿੱਚ ਲੈਣ-ਦੇਣ ਕਰਨ ਵਾਲੇ ਕਾਰੋਬਾਰ ਦੇ ਸਬੰਧ ਵਿੱਚ ਆਪਣੇ ਮੈਂਬਰਾਂ ਨੂੰ ਰਿਮੋਟ ਈ-ਵੋਟਿੰਗ ਦੀ ਸਹੂਲਤ ਪ੍ਰਦਾਨ ਕਰ ਰਹੀ ਹੈ। ਇਸ ਮੰਤਵ ਲਈ ਕੰਪਨੀ ਨੇ ਅਧਿਕਾਰਤ ਈ-ਵੋਟਿੰਗ ਏਜੰਸੀ ਵਜੋਂ ਇਲੈਕਟ੍ਰੌਨਿਕ ਸਾਧਨਾਂ ਰਾਹੀਂ ਵੋਟਿੰਗ ਦੀ ਸਹੂਲਤ ਲਈ ਸੈਂਟਰਲ ਡਿਪਾਜ਼ਟਰੀ ਸਰਵਿਸਿਜ਼ (ਇੰਡੀਆ) ਲਿਮਟਿਡ (ਸੀ. ਡੀ. ਐੱਸ. ਐੱਲ.) ਨਾਲ ਸਮਝੌਤਾ ਕੀਤਾ ਹੈ। ਈਜੀਐੱਮ ਦੀ ਮਿਤੀ 'ਤੇ ਰਿਮੋਟ ਈ-ਵੋਟਿੰਗ ਦੇ ਨਾਲ-ਨਾਲ ਈ-ਵੋਟਿੰਗ ਪ੍ਰਣਾਲੀ ਦੀ ਵਰਤੋਂ ਕਰਦੇ ਹੋਏ ਇੱਕ ਮੈਂਬਰ ਦੁਆਰਾ ਵੋਟ ਪਾਉਣ ਦੀ ਸਹੂਲਤ ਸੀਡੀਐੱਸਐੱਲ ਦੁਆਰਾ ਪ੍ਰਦਾਨ ਕੀਤੀ ਜਾਵੇਗੀ।

(ਏ). ਮੈਂਬਰ ਨੋਟਿਸ ਵਿੱਚ ਦੱਸੀ ਗਈ ਪ੍ਰਕਿਰਿਆ ਦਾ ਪਾਲਣ ਕਰਦੇ ਹੋਏ ਮੀਟਿੰਗ ਸ਼ੁਰੂ ਹੋਣ ਦੇ ਨਿਰਧਾਰਤ ਸਮੇਂ ਤੋਂ 15 ਮਿੰਟ ਪਹਿਲਾਂ ਅਤੇ ਬਾਅਦ ਵਿੱਚ ਵੀ. ਸੀ./ਓ. ਏ. ਵੀ. ਐੱਮ. ਮੋਡ ਵਿੱਚ ਈ. ਜੀ. ਐੱਮ. ਵਿੱਚ ਸ਼ਾਮਲ ਹੋ ਸਕਦੇ ਹਨ। ਵੀ. ਸੀ./ਓ. ਏ. ਵੀ. ਐੱਮ. ਰਾਹੀਂ ਈ. ਜੀ. ਐੱਮ. ਵਿੱਚ ਹਿੱਸਾ ਲੈਣ ਦੀ ਸੁਵਿਧਾ ਘੱਟੋ-ਘੱਟ 1000 ਮੈਂਬਰਾਂ ਨੂੰ ਪਹਿਲਾਂ ਆਓ ਪਹਿਲਾਂ ਪਾਓ ਦੇ ਅਧਾਰ 'ਤੇ ਉਪਲਬਧ ਕਰਵਾਈ ਜਾਵੇਗੀ।

(ਬੀ). ਈਜੀਐੱਮ ਦਾ ਨੋਟਿਸ ਅਤੇ ਈਜੀਐੱਮ ਦੇ ਵੇਰਵਿਆਂ 'ਤੇ ਰਿਮੋਟ ਈ-ਵੋਟਿੰਗ ਅਤੇ ਈ-ਵੋਟਿੰਗ ਲਈ ਨਿਰਦੇਸ਼ ਵੀਰਵਾਰ, 8 ਫਰਵਰੀ, 2024 ਨੂੰ ਇਲੈਕਟ੍ਰੌਨਿਕ ਮੋਡ ਵਿੱਚ ਉਨ੍ਹਾਂ ਸਾਰੇ ਮੈਂਬਰਾਂ ਨੂੰ ਭੇਜੇ ਗਏ ਹਨ ਜਿਨ੍ਹਾਂ ਦੇ ਈ-ਮੇਲ ਆਰਟੀਏ ਨਾਲ ਮਿਤੀ 2 ਫਰਵਰੀ, 2024 ਤੱਕ ਰਜਿਸਟਰਡ ਹਨ। ਕਾਰਪੋਰੇਟ ਮਾਮਲੇ ਮੰਤਰਾਲੇ (ਐੱਮ. ਸੀ. ਏ.) ਦੇ ਸਰਕੂਲਰ ਨੰ. 17/2020 ਮਿਤੀ 13 ਅਪ੍ਰੈਲ, 2020 ਨੂੰ, ਈਜੀਐਮ ਨੂੰ ਬੁਲਾਉਣ ਦਾ ਨੋਟਿਸ ਕੰਪਨੀ ਦੀ ਵੈਬਸਾਈਟ www.jct.co.in 'ਤੇ ਅਪਲੋਡ ਕੀਤਾ ਗਿਆ ਹੈ। ਇਹ ਨੋਟਿਸ ਸਟਾਕ ਐਕਸਚੇਂਜ ਦੀ ਵੈੱਬਸਾਈਟਾਂ .ਏ. ਤੋਂ ਵੀ ਪ੍ਰਾਪਤ ਕੀਤਾ ਜਾ ਸਕਦਾ ਹੈ। ਬੀਐਸਈ ਲਿਮਟਿਡ www.bseindia.com 'ਤੇ ਈਜੀਐੱਮ ਨੋਟਿਸ ਨੂੰ ਸੀਡੀਐੱਸਐੱਲ ਦੀ ਵੈੱਬਸਾਈਟ (ਈਜੀਐਮ ਦੇ ਦੌਰਾਨ ਰਿਮੋਟ ਈ-ਵੋਟਿੰਗ ਸੁਵਿਧਾ ਅਤੇ ਈ-ਵੋਟਿੰਗ ਪ੍ਰਣਾਲੀ ਪ੍ਰਦਾਨ ਕਰਨ ਵਾਲੀ ਏਜੰਸੀ) i.e. 'ਤੇ ਵੀ ਪ੍ਰਸਾਰਿਤ ਕੀਤਾ ਜਾਂਦਾ ਹੈ। www.evotingindia.com.

**ਸਾਰੇ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ:**

(i) ਵੋਟਿੰਗ ਦੀ ਮਿਆਦ 26 ਫਰਵਰੀ, 2024 ਨੂੰ (9:00 A.M IST) ਤੋਂ ਸ਼ੁਰੂ ਹੁੰਦੀ ਹੈ ਅਤੇ 28 ਫਰਵਰੀ, 2024 ਨੂੰ ਖਤਮ ਹੁੰਦੀ ਹੈ। (5:00 P.M IST). ਇਸ ਮਿਆਦ ਦੇ ਦੌਰਾਨ ਕੰਪਨੀ ਦੇ ਸ਼ੇਅਰਧਾਰਕ, 22 ਫਰਵਰੀ, 2024 ਦੀ ਕੱਟ-ਆਫ ਮਿਤੀ ਨੂੰ ਜਾਂ ਤਾਂ ਭੌਤਿਕ ਰੂਪ ਵਿੱਚ ਜਾਂ ਡੀਮੈਟੀਰੀਅਲਾਈਜ਼ਡ ਰੂਪ ਵਿੱਚ ਸ਼ੇਅਰ ਰੱਖਦੇ ਹੋਏ ਇਲੈਕਟ੍ਰੌਨਿਕ ਢੰਗ ਨਾਲ ਆਪਣੀ ਵੋਟ ਪਾ ਸਕਦੇ ਹਨ। ਈ-ਵੋਟਿੰਗ ਮੋਡੀਊਲ ਨੂੰ ਸੀਡੀਐੱਸਐੱਲ ਦੁਆਰਾ ਬਾਅਦ ਵਿੱਚ ਵੋਟਿੰਗ ਲਈ ਅਯੋਗ ਕਰ ਦਿੱਤਾ ਜਾਵੇਗਾ।

(ii) ਕੋਈ ਵੀ ਵਿਅਕਤੀ, ਜੋ ਕੰਪਨੀ ਦੇ ਸ਼ੇਅਰ ਪ੍ਰਾਪਤ ਕਰਦਾ ਹੈ ਅਤੇ ਕੰਪਨੀ ਦੇ ਈਜੀਐਮ ਦਾ ਨੋਟਿਸ ਈਮੇਲ ਦੁਆਰਾ ਭੇਜਣ ਤੋਂ ਬਾਅਦ ਕੰਪਨੀ ਦਾ ਮੈਂਬਰ ਬਣ ਜਾਂਦਾ ਹੈ ਅਤੇ ਕੱਟ-ਆਫ ਮਿਤੀ i .e. ਤੇ ਸ਼ੇਅਰ ਰੱਖਦਾ ਹੈ. 22 ਫਰਵਰੀ, 2024 ਨੂੰ ਕੰਪਨੀ ਦੇ ਈਮੇਲ ਪਤੇ jctsecretarial@jctltd.com 'ਤੇ ਬੇਨਤੀ ਭੇਜ ਕੇ ਉਪਭੋਗਤਾ ਆਈਡੀ ਅਤੇ ਪਾਸਵਰਡ ਪ੍ਰਾਪਤ ਕਰ ਸਕਦੀ ਹੈ। ਹਾਲਾਂਕਿ, ਜੇ ਤੁਸੀਂ ਪਹਿਲਾਂ ਹੀ ਰਿਮੋਟ ਈ-ਵੋਟਿੰਗ ਲਈ ਸੀਡੀਐੱਸਐੱਲ ਨਾਲ ਰਜਿਸਟਰਡ ਹੋ ਤਾਂ ਤੁਸੀਂ ਆਪਣੀ ਵੋਟ ਪਾਉਣ ਲਈ ਆਪਣੀ ਮੌਜੂਦਾ ਯੂਜ਼ਰ ਆਈਡੀ ਅਤੇ ਪਾਸਵਰਡ ਦੀ ਵਰਤੋਂ ਕਰ ਸਕਦੇ ਹੋ। ਜੇ ਤੁਸੀਂ ਆਪਣਾ ਪਾਸਵਰਡ ਭੁੱਲ ਗਏ ਹੋ, ਤਾਂ ਤੁਸੀਂ ਸੀ. ਡੀ. ਐੱਸ. ਐੱਲ. ਵੈੱਬਸਾਈਟ 'ਤੇ ਉਪਲਬਧ "ਉਪਭੋਗਤਾ ਵੇਰਵੇ/ਪਾਸਵਰਡ ਭੁੱਲ ਗਏ?" ਜਾਂ "ਭੌਤਿਕ ਉਪਭੋਗਤਾ ਪਾਸਵਰਡ ਰੀਸੈਟ ਕਰੋ?" ਵਿਕਲਪ ਦੀ ਵਰਤੋਂ ਕਰਕੇ ਆਪਣਾ ਪਾਸਵਰਡ ਰੀਸੈਟ ਕਰ ਸਕਦੇ ਹੋ।

(iii) ਜਿਹੜੇ ਸ਼ੇਅਰਧਾਰਕ ਮੀਟਿੰਗ ਦੀ ਮਿਤੀ ਤੋਂ ਪਹਿਲਾਂ ਹੀ ਵੋਟ ਪਾ ਚੁੱਕੇ ਹਨ, ਉਹ ਮੀਟਿੰਗ ਵਾਲੀ ਥਾਂ 'ਤੇ ਵੋਟ ਪਾਉਣ ਦੇ ਹੱਕਦਾਰ ਨਹੀਂ ਹੋਣਗੇ।

(iv) ਭੌਤਿਕ ਢੰਗ ਨਾਲ ਡੀਮੈਟੀਰੀਅਲਾਈਜ਼ਡ ਰੂਪ ਵਿੱਚ ਸ਼ੇਅਰ ਰੱਖਣ ਵਾਲੇ ਮੈਂਬਰਾਂ ਅਤੇ ਜਿਨ੍ਹਾਂ ਮੈਂਬਰਾਂ ਨੇ ਆਪਣੇ ਈਮੇਲ ਪਤੇ ਰਜਿਸਟਰ ਨਹੀਂ ਕੀਤੇ ਹਨ, ਉਨ੍ਹਾਂ ਲਈ ਈ-ਵੋਟਿੰਗ ਦਾ ਤਰੀਕਾ ਈਜੀਐੱਮ ਦੇ ਨੋਟਿਸ ਵਿੱਚ ਦਿੱਤਾ ਗਿਆ ਹੈ। ਵੇਰਵੇ ਕੰਪਨੀ ਦੀ ਵੈੱਬਸਾਈਟ 'ਤੇ ਵੀ ਉਪਲਬਧ ਕਰਵਾਏ ਜਾਣਗੇ। ਮੈਂਬਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਅਜਿਹੇ ਵੇਰਵੇ ਪ੍ਰਾਪਤ ਕਰਨ ਲਈ www.jct.co.in 'ਤੇ ਜਾਣ।

(v) ਮੈਂਬਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਈ. ਜੀ. ਐੱਮ. ਵਿੱਚ ਸ਼ਾਮਲ ਹੋਣ, ਰਿਮੋਟ ਈ-ਵੋਟਿੰਗ ਰਾਹੀਂ ਵੋਟ ਪਾਉਣ ਦੇ ਢੰਗ, ਈ. ਜੀ. ਐੱਮ. ਦੌਰਾਨ ਈ-ਵੋਟਿੰਗ ਅਤੇ ਈ. ਜੀ. ਐੱਮ. ਦੇ ਨੋਟਿਸ ਵਿੱਚ ਛਪੇ ਵੀ. ਸੀ./ਓ. ਵੀ. ਏ. ਐੱਮ. ਰਾਹੀਂ ਈ. ਜੀ. ਐੱਮ. ਵਿੱਚ ਸ਼ਾਮਲ ਹੋਣ ਨਾਲ ਸਬੰਧਤ ਨਿਰਦੇਸ਼ਾਂ ਨੂੰ ਧਿਆਨ ਨਾਲ ਪੜ੍ਹਨ। ਜੇ ਤੁਹਾਡੇ ਕੋਲ ਈ-ਵੋਟਿੰਗ ਸੰਬੰਧੀ ਕੋਈ ਪ੍ਰਸ਼ਨ ਜਾਂ ਮੁੱਦੇ ਹਨ, ਤਾਂ ਤੁਸੀਂ ਅਕਸਰ ਪੁੱਛੇ ਜਾਂਦੇ ਪ੍ਰਸ਼ਨ ("ਅਕਸਰ ਪੁੱਛੇ ਜਾਂਦੇ ਪ੍ਰਸ਼ਨ") ਅਤੇ www.evotingindia.com 'ਤੇ ਉਪਲਬਧ ਈ-ਵੋਟਿੰਗ ਮੈਨੂਅਲ ਨੂੰ ਹੈਲਪ ਸੈਕਸ਼ਨ ਦੇ ਤਹਿਤ ਦੇਖ ਸਕਦੇ ਹੋ ਜਾਂ ਇਲੈਕਟ੍ਰੌਨਿਕ ਸਾਧਨਾਂ ਦੁਆਰਾ ਵੋਟਿੰਗ ਦੀ ਸਹੂਲਤ ਨਾਲ ਜੁੜੀਆਂ ਸਾਰੀਆਂ ਸ਼ਿਕਾਇਤਾਂ ਨੂੰ ਸੰਬੋਧਿਤ ਕੀਤਾ ਜਾ ਸਕਦਾ ਹੈ। ਮੈਨੇਜਰ, (ਸੀਡੀਐੱਸਐੱਲ,) ਸੈਂਟਰਲ ਡਿਪਾਜ਼ਟਰੀ ਸਰਵਿਸਿਜ਼ (ਇੰਡੀਆ) ਲਿਮਟਿਡ, ਏ ਵਿੰਗ, 25 ਵੀਂ ਮੰਜ਼ਲ, ਮੈਰਾਥਨ ਫਿਊਚਰੈਕਸ, ਮਫਤਲਾਲ ਮਿੱਲ ਕੰਪਾਊਂਡਜ਼, ਐੱਨਐੱਮ ਜੋਸ਼ੀ ਮਾਰਗ, ਲੋਅਰ ਪਰੇਲ (ਪੂਰਬੀ) ਮੁੰਬਈ-400013 ਜਾਂ helpdesk.evoting@cdslindia.com 'ਤੇ ਈਮੇਲ ਭੇਜੋ ਜਾਂ ਟੋਲ ਫਰੀ ਨੰ. 1800.22.55.33.

ਜੇ. ਸੀ. ਟੀ. ਲਿਮਟਿਡ ਲਈ ਬੋਰਡ ਦੇ ਆਦੇਸ਼ ਅਨੁਸਾਰ

ਐਸਡੀ/-

ਸਥਾਨ : ਹੁਸ਼ਿਆਰਪੁਰ — ਸਮੀਰ ਥਾਪਰ (ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ)

ਮਿਤੀ : 08.02.2024 — (ਧੀਂ: 00062287)



✓ YES BANK

Regd. Office: YES BANK House, Off Western Express Highway, Santacruz (East), Mumbai – 400055
Branch Office: YES BANK LIMITED.| B-XX 2427 – 928, 1st Floor, Gobind Nagar, Ferozepur Road, Ludhiana – 141001, website: www.yesbank.in

**[(ਰੂਲ-8 (1)] ਸੰਕੇਤਕ ਕਬਜ਼ਾ ਨੋਟਿਸ**

ਜਦਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ, ਰਹਿਣਕਾਰ ਅਤੇ ਗਰੰਟਰ ਨੂੰ ਨੋਟਿਸ 'ਚ ਦਰਸਾਈ ਰਕਮ ਅਤੇ ਇਸ ਉਪਰ ਭਵਿੱਖੀ ਵਿਆਜ ਅਤੇ ਹੋਰ ਖਰਚੇ, ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਅਤੇ ਗਰੰਟਰ ਪੂਰੀ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਹਨਾਂ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ, ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਹੇਠ ਦਰਸਾਈ ਬਕਾਇਆ ਰਕਮ ਅਤੇ ਇਸ ਉੱਪਰ ਵਿਆਜ ਅਤੇ ਲਾਗਤਾਂ ਸਮੇਤ ਯੈੱਸ ਬੈਂਕ ਲਿਮ: ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਐੱਨ ਪੀ ਏ ਖਾਤੇ ਦਾ ਨਾਂਅ | ਅਚੱਲ ਜਾਇਦਾਦ ਦਾ ਵੇਰਵਾ | 13 (2) ਨੋਟਿਸ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| (1) ਮੈਸ: ਰੁਬਲ ਇੰਬਰਾਇਡਰੀ ਰਾਹੀਂ ਇਸ ਦੇ ਮਾਲਕ ਸ੍ਰੀ ਜਸਵਿੰਦਰ ਸਿੰਘ ਪੁੱਤਰ ਖਜ਼ਾਨ ਸਿੰਘ ਪਤਾ : ਸਾਈ ਹਸਪਤਾਲ ਸਟ੍ਰੀਟ, ਗਲੀ ਨੰ. 3, ਗੁਰੂ ਗੋਬਿੰਦ ਸਿੰਘ ਨਗਰ, ਟਿੱਬਾ ਰੋਡ, ਲੁਧਿਆਣਾ-140413, ਪਤਾ : ਮਕਾਨ ਨੰ. 3596, ਗਲੀ ਨੰ. ਬੀ-4, ਗੋਬਿੰਦ ਨਗਰ, ਮੁੰਡੀਆਂ ਕਲਾਂ, ਲੁਧਿਆਣਾ-141015 ("ਕਰਜ਼ਦਾਰ") (2) ਸ੍ਰੀ ਜਸਵਿੰਦਰ ਸਿੰਘ ਪੁੱਤਰ ਖਜ਼ਾਨ ਸਿੰਘ ਪਤਾ : ਮਕਾਨ ਨੰ. 3596, ਗਲੀ ਨੰ. ਬੀ-4, ਗੋਬਿੰਦ ਨਗਰ, ਮੁੰਡੀਆਂ ਕਲਾਂ, ਲੁਧਿਆਣਾ-141015, ਪਤਾ : ਸਾਈ ਹਸਪਤਾਲ ਸਟ੍ਰੀਟ, ਗਲੀ ਨੰ. 3, ਗੁਰੂ ਗੋਬਿੰਦ ਨਗਰ, ਟਿੱਬਾ ਰੋਡ, ਲੁਧਿਆਣਾ-14041("ਸਹਿ-ਕਰਜ਼ਦਾਰ") (3) ਸ੍ਰੀਮਤੀ ਹਰਪ੍ਰੀਤ ਕੌਰ ਪਤਨੀ ਸ੍ਰੀ ਜਸਵਿੰਦਰ ਸਿੰਘ ਪਤਾ : ਮਕਾਨ ਨੰ. 3596, ਗਲੀ ਨੰ. ਬੀ-4, ਗੋਬਿੰਦ ਨਗਰ, ਮੁੰਡੀਆਂ ਕਲਾਂ, ਲੁਧਿਆਣਾ-141015 ("ਸਹਿ-ਕਰਜ਼ਦਾਰ/ ਰਹਿਣਕਾਰ") (4) ਸ੍ਰੀ ਹੁਸਨਪ੍ਰੀਤ ਸਿੰਘ ਪੁੱਤਰ ਸ੍ਰੀ ਜਸਵਿੰਦਰ ਸਿੰਘ ਪਤਾ: ਮਕਾਨ ਨੰ. 3596, ਗਲੀ ਨੰ. ਬੀ-4, ਗੋਬਿੰਦ ਨਗਰ, ਮੁੰਡੀਆਂ ਕਲਾਂ, ਲੁਧਿਆਣਾ-141015 ("ਸਹਿ-ਕਰਜ਼ਦਾਰ") | ਪਲਾਟ ਐੱਮ ਸੀ ਨੰ. ਬੀ-31-1136/131/246 (ਸਾਲ 2019-2020 ਦੇ ਟੀ ਸੀ 1 ਫਾਰਮ ਅਨੁਸਾਰ) ਜਾਇਦਾਦ ਰਕਬਾ 150 ਵਰਗ ਗਜ਼, ਖਸਰਾ ਨੰ. 3, ਖੱਤਾ ਨੰ. 26/34, ਸਫਾ ਨੰ. 40, ਜਮ੍ਹਾਂਬੰਦੀ ਸਾਲ 2004-2005 (ਖੱਤਾ ਨੰ. 32/36, ਸਫਾ ਨੰ. 49, ਜਮ੍ਹਾਂਬੰਦੀ ਸਾਲ 2009-2010) ਪਿੰਡ ਮੁੰਡੀਆਂ ਕਲਾਂ, ਹਦਬਸਤ ਨੰ. 179, ਅਬਾਦੀ ਗੋਬਿੰਦ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਰਹਿਣਕਾਰ: ਸ੍ਰੀਮਤੀ ਹਰਪ੍ਰੀਤ ਕੌਰ ਪਤਨੀ ਸ੍ਰੀ ਜਸਵਿੰਦਰ ਸਿੰਘ | 18.05.2023 | 06.02.2024 | ਰੁਪਏ 39,77,374.19/- (ਉਨਤਾਲੀ ਲੱਖ ਸਤੱਤਰ ਹਜ਼ਾਰ ਤਿੰਨ ਸੌ ਚੁਹੱਤਰ ਰੁਪਏ ਅਤੇ ਉੱਨੀ ਪੈਸੇ ਕੇਵਲ) 16 ਮਈ 23 ਨੂੰ ਬਕਾਇਆ। |
| (1) ਮੈਸ: ਏ ਸੀ ਸੀ ਸਟਰਕਚਰ ਰਾਹੀਂ ਇਸ ਦੇ ਮਾਲਕ ਸ੍ਰੀ ਸਾਰੰਗ ਸ਼ਰਮਾ ਪੁੱਤਰ ਸ੍ਰੀ ਬੰਦੀ ਲਾਲ ਸ਼ਰਮਾ ਪਤਾ : ਐੱਫ-278, ਫੇਸ-VIII, ਫੋਕਲ ਪੁਆਇੰਟ, ਲੁਧਿਆਣਾ-141010, ਪਤਾ : ਮਕਾਨ ਨੰ. ਐੱਚ ਆਈ 1156, ਸੈਕਟਰ 40, ਨੇੜੇ ਬਾਬਾ ਜਸਵੰਤ ਡੈਂਟਲ ਕਾਲਜ, ਜਮਾਲਪੁਰ ਫੋਕਲ ਪੁਆਇੰਟ, ਲੁਧਿਆਣਾ-141010 ("ਕਰਜ਼ਦਾਰ") (2) ਸ੍ਰੀ ਸਾਰੰਗ ਸ਼ਰਮਾ ਪੁੱਤਰ ਬੰਦੀ ਲਾਲ ਸ਼ਰਮਾ ਪਤਾ : ਮਕਾਨ ਨੰ. ਐੱਚ ਆਈ ਜੀ 1156, ਸੈਕਟਰ -40, ਨੇੜੇ ਬਾਬਾ ਜਸਵੰਤ ਡੈਂਟਲ ਕਾਲਜ, ਜਮਾਲਪੁਰ, ਫੋਕਲ ਪੁਆਇੰਟ, ਲੁਧਿਆਣਾ-141010 ("ਸਹਿ-ਕਰਜ਼ਦਾਰ ਅਤੇ ਗਰੰਟਰ") (3) ਸ੍ਰੀਮਤੀ ਅਮੀਸ਼ਾ ਸ਼ਰਮਾ ਪਤਨੀ ਸ੍ਰੀ ਸਾਰੰਗ ਸ਼ਰਮਾ ਪਤਾ : ਮਕਾਨ ਨੰ. ਐੱਚ ਆਈ ਜੀ-1156, ਸੈਕਟਰ-40, ਨੇੜੇ ਬਾਬਾ ਜਸਵੰਤ ਡੈਂਟਲ ਕਾਲਜ ਜਮਾਲਪੁਰ, ਫੋਕਲ ਪੁਆਇੰਟ, ਲੁਧਿਆਣਾ-141010 ("ਸਹਿ-ਕਰਜ਼ਦਾਰ/ਰਹਿਣਕਾਰ ਅਤੇ ਗਰੰਟਰ") | ਮਕਾਨ ਨੰ. ਐੱਚ ਆਈ ਜੀ 1156, ਜਾਇਦਾਦ ਰਕਬਾ 161.33 ਵਰਗ ਗਜ਼, ਸੈਕਟਰ-40, ਨੇੜੇ ਬਾਬਾ ਜਸਵੰਤ ਡੈਂਟਲ ਕਾਲਜ, ਜਮਾਲਪੁਰ, ਫੋਕਲ ਪੁਆਇੰਟ ਲੁਧਿਆਣਾ। ਰਹਿਣਕਾਰ : ਸ੍ਰੀਮਤੀ ਅਮੀਸ਼ਾ ਸ਼ਰਮਾ ਪਤਨੀ ਸ੍ਰੀ ਸਾਰੰਗ ਸ਼ਰਮਾ | 30.05.2023 | 05.02.2024 | ਰੁਪਏ 70,46,760.81/- (ਸੱਤਰ ਲੱਖ ਛਿਆਲੀ ਹਜ਼ਾਰ ਸੱਤ ਸੌ ਸੱਠ ਰੁਪਏ ਅਤੇ ਇਕਿਆਸੀ ਪੈਸੇ ਕੇਵਲ) 23 ਮਈ 23 ਨੂੰ ਬਕਾਇਆ |

ਮਿਤੀ : 09 ਫਰਵਰੀ 2024
ਸਥਾਨ : ਲੁਧਿਆਣਾ (ਪੰਜਾਬ)

ਵਾਸਤੇ ਯੈੱਸ ਬੈਂਕ ਲਿਮਟਿਡ
ਸ੍ਰੀ ਗੌਰਵ ਮਹਾਜਨ
ਅਧਿਕਾਰਤ ਅਫਸਰ



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਦਿੱਲੀ ਕੂਚ ਦੀਆਂ ਤਿਆਰੀਆਂ ਮੁਕੰਮਲ



**ਤਰਨ ਤਾਰਨ ( ਪ੍ਰਿਤਪਾਲ ਸਿੰਘ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੀ ਮੀਟਿੰਗ ਸੂਬਾ ਆਗੂ ਅਤੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਦੀ ਪ੍ਰਧਾਨਗੀ ਹੇਠ ਬਾਬਾ ਕਾਹਨ ਸਿੰਘ ਜੀ ਦੇ ਅਸਥਾਨਾਂ 'ਤੇ ਪਿੰਡ ਪਿੱਦੀ ਵਿਖੇ ਹੋਈ। ਮੀਟਿੰਗ ਵਿੱਚ ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਅਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ, ਜਰਨੈਲ ਸਿੰਘ ਨੂਰਦੀ, ਹਰਬਿੰਦਰਜੀਤ ਸਿੰਘ ਕੰਗ ਫਤਿਹ ਸਿੰਘ ਪਿੱਦੀ ਨੇ ਕਿਹਾ ਕਿ ਦਿੱਲੀ ਕੂਚ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਪਿੰਡੋਂ ਪਿੰਡੀ ਮੀਟਿੰਗਾਂ, ਕਾਨਫਰੰਸਾਂ ਅਤੇ ਟਰੈਕਟਰ ਮਾਰਚ ਕਰਕੇ ਵੱਡੇ ਪੱਧਰ 'ਤੇ ਤਿਆਰੀਆਂ ਹੋ ਚੁੱਕੀਆਂ ਹਨ। ਟਰੈਕਟਰ ਮਾਰਚਾਂ ਵਿੱਚ ਲੋਕਾਂ ਨੇ ਵੱਡੇ ਪੱਧਰ 'ਤੇ ਸ਼ਮੂਲੀਅਤ ਕੀਤੀ। ਰਣਯੋਧ ਸਿੰਘ ਗੱਗੋਬੂਹਾ, ਪ੍ਰਿੰਸੀਪਲ ਨਵਤੇਜ ਸਿੰਘ ਏਕਲਗੱਡਾ ਨੇ ਕਿਹਾ ਕਿ ਦੇਸ਼ ਦੇ ਹਾਕਮਾਂ ਵੱਲੋਂ 2020 ਵਿੱਚ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਬਣਾਏ ਕਾਲੇ ਖੇਤੀ ਕਾਨੂੰਨ ਨੂੰ ਤਾਂ ਦੇਸ਼ ਭਰ ਦੇ ਕਿਸਾਨਾਂ ਨੇ 700 ਦੇ ਕਰੀਬ ਸ਼ਹਾਦਤਾਂ ਦੇ ਕੇ ਮੋੜਾ ਦੇ ਦਿੱਤਾ ਸੀ । 13 ਮਹੀਨਿਆਂ ਦੇ ਅੰਦੋਲਨ ਨੇ ਮੋਦੀ ਸਰਕਾਰ ਨੂੰ ਕਿਸਾਨੀ ਸੰਘਰਸ਼ ਦੀ ਤਾਕਤ ਦਿਖਾਈ ਤਾਂ ਮੋਦੀ ਸਰਕਾਰ ਵੱਲੋਂ 19 ਨਵੰਬਰ 2021 ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਨ ਉੱਤੇ ਇਹ ਕਾਲੇ ਕਾਨੂੰਨ ਵਾਪਸ ਲੈ ਲਏ ਸਨ ਤੇ ਇਨ੍ਹਾਂ ਕਾਨੂੰਨਾਂ ਦੇ ਨਾਲ ਹੀ ਮੋਦੀ ਸਰਕਾਰ ਵੱਲੋਂ ਕਿਸਾਨ ਜਥੇਬੰਦੀਆਂ ਨਾਲ ਮੰਨੀਆਂ ਹੋਈਆਂ ਮੰਗਾਂ ਲਾਗੂ ਕਰਨ ਦਾ ਵਿਸ਼ਵਾਸ ਵੀ ਦਿਵਾਇਆ ਗਿਆ ਸੀ। ਜਿਨਾਂ ਵਿੱਚ ਐਮ ਐਸ ਪੀ ਦਾ ਗਾਰੰਟੀਸ਼ੁਦਾ ਕਾਨੂੰਨ, ਲਖੀਮਪੁਰ ਖੀਰੀ ਘਟਨਾ ਦੇ ਦੋਸ਼ੀਆਂ ਨੂੰ ਸਜ਼ਾਵਾਂ, ਅੰਦੋਲਨ ਦੌਰਾਨ ਕਿਸਾਨਾਂ 'ਤੇ ਹੋਏ ਮੁਕੱਦਮੇ ਵਾਪਸ ਲੈਣਾ ਤੇ 26 ਜਨਵਰੀ 2021 ਨੂੰ ਹੋਏ ਵੱਡੇ ਸਰਕਾਰੀ ਘੱਲੂਘਾਰੇ ਦੌਰਾਨ ਕਿਸਾਨਾਂ ਦੇ ਟਰੈਕਟਰ ਤੇ ਹੋਰ ਸਮਾਨ ਦੀ ਟੁੱਟ ਭੱਜ ਦਾ ਮੁਆਵਜ਼ਾ, ਅੰਦੋਲਨ ਦੌਰਾਨ 700 ਸ਼ਹੀਦਾਂ ਦੇ ਪਰਵਾਰਾਂ ਦੇ ਇੱਕ ਜੀ ਨੂੰ ਨੌਕਰੀ ਤੇ ਬਿਜਲੀ ਐਕਟ ਰੱਦ ਕਰਨਾ ਆਦਿ ਮੰਗਾਂ ਸਨ। ਪਰ ਅੱਜ ਤਿੰਨ ਸਾਲ ਬੀਤ ਜਾਣ 'ਤੇ ਵੀ ਮੰਗਾਂ ਜਿਉਂ ਦੀਆਂ ਤਿਉਂ ਹਨ। ਇਸ ਲਈ ਹੁਣ 13 ਫਰਵਰੀ ਨੂੰ ਪੰਜਾਬ ਤੇ ਉੱਤਰ ਭਾਰਤ ਦੀਆਂ ਲੱਗਭੱਗ 100 ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ ਦੁਬਾਰਾ ਦਿੱਲੀ ਅੰਦੋਲਨ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਮੌਕੇ ਗਿਆਨ ਸਿੰਘ ਚੋਹਲਾ ਖੁਰਦ, ਕੁਲਵੰਤ ਸਿੰਘ ਭੈਲ, ਨਿਰਵੈਲ ਸਿੰਘ ਧੁੰਨ, ਪਰਮਜੀਤ ਸਿੰਘ ਛੀਨਾ, ਸਲਵਿੰਦਰ ਸਿੰਘ ਜੀਉਬਾਲਾ, ਮੇਹਰ ਸਿੰਘ ਤਲਵੰਡੀ, ਸੁਖਵਿੰਦਰ ਸਿੰਘ ਦੁੱਗਲਵਾਲਾ, ਦਿਲਬਾਗ ਸਿੰਘ ਪਹੁਵਿੰਡ , ਸਰਵਨ ਸਿੰਘ ਵਲੀਪੁਰ, ਨਰੰਜਣ ਸਿੰਘ ਬਗਰਾੜੀ, ਮੁਖਤਾਰ ਸਿੰਘ ਬਿਹਾਰੀਪੁਰ, ਵੀਰ ਸਿੰਘ ਕੋਟ, ਮਨਜਿੰਦਰ ਸਿੰਘ ਗੋਹਲਵੜ, ਪਾਖਰ ਸਿੰਘ ਲਾਲਪੁਰਾ, ਸਵਰਣ ਸਿੰਘ ਹਰੀਕੇ ਆਦਿ ਆਗੂ ਹਾਜ਼ਰ ਸਨ।

# ਕੇਂਦਰੀ ਸਿੱਖ ਅਜਾਇਬਘਰ 'ਚ ਅੱਠ ਤਸਵੀਰਾਂ ਸੁਸ਼ੋਭਿਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਕੇਂਦਰੀ ਸਿੱਖ ਅਜਾਇਬ ਘਰ 'ਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਸੁਰਿੰਦਰ ਸਿੰਘ, ਜਥੇਦਾਰ ਮਾਨ ਸਿੰਘ ਹੰਭੋ, ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਰਤਨ ਸਿੰਘ ਜ਼ਫ਼ਰਵਾਲ, ਬੱਬਰ ਅਕਾਲੀ ਜਰਨੈਲ ਸਿੰਘ ਕਾਲਰੇ, ਬਾਬਾ ਜੰਗ ਸਿੰਘ ਸੰਪ੍ਰਦਾਇ ਮੁਖੀ ਬੁੰਗਾ ਮਸਤੂਆਣਾ, ਬਾਬਾ ਚੰਦਾ ਸਿੰਘ ਮਹੰਤ, ਸਿੱਖ ਇਤਿਹਾਸਕਾਰ ਸਵਰਨ ਸਿੰਘ ਚੂਸਲੇਵੜ ਤੇ ਕਥਾਵਾਚਕ ਗਿਆਨੀ ਦਲੀਪ ਸਿੰਘ ਦੀਆਂ ਤਸਵੀਰਾਂ ਸੁਸ਼ੋਭਿਤ ਕੀਤੀਆਂ ਗਈਆਂ। ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਬਾਬਾ ਨਿਹਾਲ ਸਿੰਘ ਮੁਖੀ ਤਰਨਾ ਦਲ ਹਰੀਆਂ ਵੇਲਾਂ ਤੇ ਮੈਂਬਰ ਭਾਈ ਮਨਜੀਤ ਸਿੰਘ ਨੇ ਨਿਭਾਈ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਸਿੱਖ ਇਤਿਹਾਸ ਅਤੇ ਵਿਰਾਸਤ ਦੇ ਅਹਿਮ ਸੋਮੇ ਕੇਂਦਰੀ ਸਿੱਖ ਅਜਾਇਬ ਘਰ ਵਿਚ ਕੌਮ ਲਈ ਘਾਲਣਾ ਘਾਲਣ ਵਾਲਿਆਂ ਦੀਆਂ ਤਸਵੀਰਾਂ ਸੁਸ਼ੋਭਿਤ ਕਰਕੇ ਉਨ੍ਹਾਂ ਨੂੰ ਕੌਮੀ ਸਨਮਾਨ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਿੰਸੀਪਲ ਸੁਰਿੰਦਰ ਸਿੰਘ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਰਹੇ ਹਨ, ਜਿਨ੍ਹਾਂ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਸਿੱਖ ਮਿਸ਼ਨਰੀ ਕਾਲਜ ਦੀ ਸਥਾਪਨਾ ਕਰਕੇ ਕੌਮ ਨੂੰ ਅਨੇਕਾਂ ਪ੍ਰਚਾਰਕ ਦਿੱਤੇ। ਉਨ੍ਹਾਂ ਜਥੇਦਾਰ ਮਾਨ ਸਿੰਘ ਹੰਭੋ ਬਾਰੇ ਕਿਹਾ ਕਿ ਜਥੇਦਾਰ ਨੇ ਕਈ ਮੋਰਚਿਆਂ ਵਿਚ ਸ਼ਾਮਲ ਹੋ ਕੇ ਗ੍ਰਿਫ਼ਤਾਰੀ ਦਿੱਤੀ ਅਤੇ ਲੰਮਾ ਸਮਾਂ ਜੇਲ੍ਹ ਕੱਟੀ। ਉਹ 20 ਸਾਲ ਸ਼੍ਰੋਮਣੀ ਕਮੇਟੀ ਦੇ ਮੈਂਬਰ ਵੀ ਰਹੇ। ਇਸੇ ਤਰ੍ਹਾਂ ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਰਤਨ ਸਿੰਘ ਜ਼ਫ਼ਰਵਾਲ ਨੇ ਵੀ ਪੰਜਾਬੀ ਸੂਬਾ ਮੋਰਚਾ ਅਤੇ ਧਰਮ ਯੁੱਧ ਮੋਰਚੇ ਦੌਰਾਨ ਜੇਲ੍ਹ ਕੱਟੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਹੁੰਦਿਆਂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਸ਼ਲਾਘਾਯੋਗ ਕਾਰਜ ਕੀਤੇ। ਉਨ੍ਹਾਂ ਬੱਬਰ ਅਕਾਲੀ ਜਰਨੈਲ ਸਿੰਘ ਕਾਲਰੇ ਬਾਰੇ ਗੱਲ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਅੰਗਰੇਜ਼ ਸਰਕਾਰ ਵਿਰੁੱਧ ਸੰਘਰਸ਼ ਦੌਰਾਨ ਬੱਬਰ ਅਕਾਲੀ ਲਹਿਰ ਵਿਚ ਅਹਿਮ ਯੋਗਦਾਨ ਪਾਇਆ। ਇਸੇ ਤਰ੍ਹਾਂ ਬਾਬਾ ਜੰਗ ਸਿੰਘ ਸੰਪ੍ਰਦਾਇ ਮੁਖੀ ਬੁੰਗਾ ਮਸਤੂਆਣਾ, ਬਾਬਾ ਚੰਦਾ ਸਿੰਘ ਮਹੰਤ ਤੇ ਕਥਾਵਾਚਕ ਗਿਆਨੀ ਦਲੀਪ ਸਿੰਘ ਨੇ ਵੀ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਜ਼ਿਕਰਯੋਗ ਸੇਵਾਵਾਂ ਨਿਭਾਈਆਂ। ਸਿੱਖ ਇਤਿਹਾਸਕਾਰ ਸਵਰਨ ਸਿੰਘ ਚੂਸਲੇਵੜ ਵੱਲੋਂ ਸਿੱਖ ਇਤਿਹਾਸ ਨਾਲ ਸਬੰਧਤ ਕਈ ਪੁਸਤਕਾਂ ਲਿਖ ਕੇ ਪਾਏ ਵੱਡੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ ਤੇ ਸਕੱਤਰ ਪ੍ਰਤਾਪ ਸਿੰਘ ਨੇ ਵੀ ਵਿਚਾਰ ਪ੍ਰਗਟਾਏ। ਇਸ ਮੌਕੇ ਪੁੱਜੀਆਂ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਬੀਬੀ ਦਵਿੰਦਰ ਕੌਰ ਕਾਲਰਾ, ਬੀਬੀ ਜਸਵੀਰ ਕੌਰ ਜ਼ਫ਼ਰਵਾਲ, ਬਾਬਾ ਟੇਕ ਸਿੰਘ, ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਗਿਆਨੀ ਸੁਖਦੇਵ ਸਿੰਘ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਕੰਵਰਚੜ੍ਹਤ ਸਿੰਘ, ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਇਕਬਾਲ ਸਿੰਘ ਮੁਖੀ, ਸਾਬਕਾ ਸਕੱਤਰ ਸੁਖਦੇਵ ਸਿੰਘ ਭੂਰਾਕੋਹਨਾ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਸੁਰਜੀਤ ਸਿੰਘ ਸਭਰਾ ਸਮੇਤ ਤਸਵੀਰਾਂ ਸੁਸ਼ੋਭਿਤ ਹੋਣ ਵਾਲੇ ਪਰਵਾਰਾਂ ਵਿੱਚੋਂ ਭਾਈ ਸੰਤ ਸਿੰਘ, ਭਾਈ ਚਤਰ ਸਿੰਘ, ਰਣਜੋਧ ਸਿੰਘ, ਸਰਵਨ ਸਿੰਘ ਮਲਕਪੁਰ, ਬੀਬੀ ਭੁਪਿੰਦਰ ਕੌਰ, ਬੀਬੀ ਇੰਦਰਪ੍ਰੀਤ ਕੌਰ, ਅਮਨਦੀਪ ਸਿੰਘ, ਚਰਨਪ੍ਰੀਤ ਸਿੰਘ, ਆਦਿ ਹਾਜ਼ਰ ਸਨ।

# ਬੀਬੀ ਕੌਲਾਂ ਜੀ ਪਬਲਿਕ ਸਕੂਲ 'ਚ ਬਾਬਾ ਦੀਪ ਸਿੰਘ ਦਾ ਜਨਮ ਦਿਹਾੜਾ ਮਨਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਬੀਬੀ ਕੌਲਾਂ ਜੀ ਪਬਲਿਕ ਸਕੂਲ (ਬ੍ਰਾਂਚ-2) ਤਰਨ ਤਾਰਨ ਰੋਡ ਸਕੂਲ ਵਿਖੇ ਭਾਈ ਗੁਰਇਕਬਾਲ ਦੀ ਪ੍ਰੇਰਨਾ ਸਦਕਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਆਗਮਨ ਦਿਵਸ ਅਤੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਸਕੂਲ ਪ੍ਰਿੰਸੀਪਲ ਜਸਲੀਨ ਕੌਰ ਨੇ ਦੱਸਿਆ ਕਿ ਬਾਬਾ ਦੀਪ ਸਿੰਘ ਜੀ ਦੇ ਆਗਮਨ ਦਿਹਾੜੇ ਨੂੰ ਸਮਰਪਤ ਸਕੂਲ ਵਿੱਚ ਸਹਿਜ ਪਾਠ ਦੇ ਭੋਗ ਪਾਏ ਗਏ। ਸਕੂਲ ਦੇ ਬੱਚਿਆਂ ਨੇ ਬਾਬਾ ਦੀਪ ਸਿੰਘ ਦਾ ਇਤਿਹਾਸ ਅਤੇ ਕਵਿਤਾਵਾਂ ਸਰਵਣ ਕਰਵਾਈਆਂ।

ਬੱਚਿਆਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 52 ਬਚਨ ਸਰਵਣ ਕਰਵਾਏ । ਜਫਰਨਾਮੇ , ਦਸਮ ਗ੍ਰੰਥ , ਚੰਡੀ ਦੀ ਵਾਰ ਬਾਰੇ ਜਾਣਕਾਰੀ ਦਿੱਤੀ । ਬੱਚਿਆਂ ਵੱਲੋਂ ਕੀਰਤਨ ਦੀ ਹਾਜ਼ਰੀ ਲਗਾਈ। ਇਸ ਉਪਰੰਤ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਨੇ ਕੀਰਤਨ ਦੀ ਹਾਜ਼ਰੀ ਭਰੀ ਅਤੇ ਕਿਹਾ ਕਿ ਬਾਬਾ ਦੀਪ ਸਿੰਘ ਜੀ ਵਰਗੀ ਮਿਸਾਲ ਹੋਰ ਕੋਈ ਦੁਨੀਆ ਵਿਚ ਨਹੀਂ ਹੋ ਸਕੀ। ਭਾਈ ਗੁਰਇਕਬਾਲ ਸਿੰਘ ਨੇ ਦੱਸਿਆ ਕਿ ਸਮਾਗਮ ਦੌਰਾਨ ਬੱਚਿਆਂ ਨੇ ਹੀ ਅਰਦਾਸ ਕੀਤੀ, ਹੁਕਮਨਾਮਾ ਲਿਆ, ਸਹਿਜ ਪਾਠ ਦੇ ਭੋਗ ਵੀ ਬੱਚਿਆਂ ਨੇ ਹੀ ਪਾਏ ਅਤੇ ਲੰਗਰ ਵਰਤਾਣ ਦੀ ਸੇਵਾ ਵੀ ਬੱਚਿਆਂ ਨੇ ਹੀ ਕੀਤੀ। ਭਾਈ ਸਾਹਿਬ ਨੇ ਦੱਸਿਆ ਕਿ ਬੱਚਿਆਂ ਨੂੰ ਸਕੂਲ ਵਿਚ ਦੁਨਿਆਵੀ ਪੜ੍ਹਾਈ ਦੇ ਨਾਲ ਅਧਿਆਤਮਕ ਪੜ੍ਹਾਈ ਵੀ ਕਰਾਈ ਜਾਦੀ ਹੈ ਤਾਂ ਕਿ ਬੱਚੇ ਮਨਮੁਖ ਨਾ ਨਿਕਲਣ ਅਤੇ ਅਤੇ ਆਪਣੇ ਮਾਤਾ ਪਿਤਾ ਦੀ ਸੇਵਾ ਕਰਨ ਅਤੇ ਆਗਿਆਕਾਰੀ ਬਣਨ । ਇਸ ਮੌਕੇ ਸਕੂਲ ਦੇ ਪਹਿਲੀ ਅਤੇ ਦੂਜੀ ਜਮਾਤ ਦੇ ਬੱਚਿਆਂ ਦਾ ਸਾਲਾਨਾ 2022-2023 ਇਨਾਮ ਵੰਡ ਸਮਾਰੋਹ ਵੀ ਹੋਇਆ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਭਾਈ ਗੁਰਇਕਬਾਲ ਸਿੰਘ, ਟਹਿਲਇੰਦਰ ਸਿੰਘ, ਰਜਿੰਦਰ ਸਿੰਘ ਰਾਣਾ ਵੀਰ, ਬੀਬੀ ਜਤਿੰਦਰ ਕੌਰ, ਬੀਬੀ ਹਰਜੀਤ ਕੌਰ, ਪ੍ਰਿੰਸੀਪਲ ਜਸਲੀਨ ਕੌਰ, ਬੀਬੀ ਪਰਮਜੀਤ ਕੌਰ, ਪ੍ਰਿੰਸੀਪਲ ਕੁਲਵਿੰਦਰ ਕੌਰ (ਮਾਤਾ ਗੁਜਰੀ ਜੀ ਕਾਲਜ), ਵੀ ਹਾਜ਼ਰ ਹੋਏ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਜਸਲੀਨ ਕੌਰ ਨੇ ਸਮੁੱਚੀ ਸੰਗਤ ਨੂੰ ਜੀ ਆਇਆਂ ਕਿਹਾ ।

# ਵੱਖ-ਵੱਖ ਵਾਰਡਾਂ ਤੇ ਪਿੰਡਾਂ 'ਚ ਲੱਗੇ ਵਿਸ਼ੇਸ਼ ਕੈਂਪ



**ਬਟਾਲਾ, (ਡਾ. ਮਲਵਿੰਦਰ ਸਿੰਘ)** 'ਆਪ ਦੀ ਸਰਕਾਰ ਆਪ ਦੇ ਦਵਾਰ' ਮੁਹਿੰਮ ਤਹਿਤ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਤੱਕ ਵੱਖ-ਵੱਖ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਲੱਗ ਰਹੇ ਵਿਸ਼ੇਸ਼ ਕੈਂਪਾਂ ਤਹਿਤ ਅੱਜ ਵਾਰਡ ਨੰਬਰ 32, ਪਿੰਡ ਬੱਲ, ਤਲਵੰਡੀ ਝੁੰਗਲਾਂ, ਕਿਸ਼ਨਕੋਟ, ਵਾਰਡ ਨੰਬਰ 24 ਅਤੇ ਰਾਮਪੁਰਾ ਵਿਖੇ ਵਿਸ਼ੇਸ਼ ਕੈਂਪ ਲੱਗੇ, ਜਿਸ ਵਿੱਚ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਮੌਕੇ 'ਤੇ ਪੁੱਜਦਾ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਤਹਿਸੀਲਦਾਰ ਅਭਿਸ਼ੇਕ ਵਰਮਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਆਦੇਸ਼ਾਂ ਅਤੇ ਐੱਸਡੀਐੱਮ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਿਸ਼ੇਸ਼ ਕੈਂਪਾਂ ਵਿੱਚ ਲੋਕਾਂ ਨੂੰ ਜਿਥੇ ਸਰਕਾਰੀ ਸੇਵਾਵਾਂ ਦਾ ਲਾਭ ਮੌਕੇ ਤੇ ਪੁੱਜਦਾ ਕੀਤਾ ਗਿਆ, ਉਸ ਦੇ ਨਾਲ-ਨਾਲ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸਕੀਮਾਂ ਬਾਰੇ ਜਾਗਰੂਕ ਵੀ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੇ ਘਰਾਂ ਦੇ ਨੇੜੇ ਵੱਖ-ਵੱਖ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਇਹ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਮਾਲ ਵਿਭਾਗ ਨਾਲ ਸਬੰਧਤ, ਸਿਹਤ ਵਿਭਾਗ, ਕਾਰਪੋਰੇਸ਼ਨ ਨਾਲ ਸਬੰਧਤ, ਪੰਚਾਇਤ ਵਿਭਾਗ, ਮਗਨਰੇਗਾ, ਸਮਾਜਿਕ ਸੁਰੱਖਿਆ ਵਿਭਾਗ, ਸਿੱਖਿਆ ਵਿਭਾਗ, ਖੇਤੀਬਾੜੀ ਆਦਿ ਨਾਲ ਸਬੰਧਤ ਸੇਵਾਵਾਂ ਦਾ ਲਾਭ ਪੁੱਜਦਾ ਕੀਤਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਸ਼ੇਸ਼ ਕੈਂਪਾਂ ਵਿੱਚ ਵੱਧ ਤੋਂ ਵੱਧ ਸ਼ਿਰਕਤ ਕਰਨ ਅਤੇ ਸਰਕਾਰੀ ਸੇਵਾਵਾਂ ਦਾ ਲਾਭ ਉਠਾਉਣ। 8 ਫਰਵਰੀ ਨੂੰ ਵਾਰਡ ਨੰ-4 ਮੀਰਪੁਰ, ਦੁਨੀਆਂ ਸੰਧੂ, ਪੱਡਾ, ਵਾਰਡ ਨੰ-25 (ਸਵੇਰੇ 10 ਵਜੇ ਤੋਂ 2 ਵਜੇ ਤਕ), ਚੀਮਾ (ਦੁਪਹਿਰ 2 ਵਜੇ ਤੋਂ 5 ਵਜੇ ਤੱਕ) ਵਿਸ਼ੇਸ਼ ਕੈਂਪ ਲੱਗਣਗੇ।

# ਗਣਤੰਤਰ/ਆਜ਼ਾਦੀ ਦਿਵਸ 'ਤੇ ਆਜ਼ਾਦੀ ਘੁਲਾਟੀਆਂ ਦੀ ਸ਼ਮੂਲੀਅਤ ਜ਼ਰੂਰੀ : ਹੀਰਾ ਸਿੰਘ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਪਿਛਲੇ ਦਿਨੀਂ ਗਣਤੰਤਰ ਦਿਵਸ (26 ਜਨਵਰੀ) ਰਾਜ ਸੱਤਾ 'ਤੇ ਕਾਬਜ਼ ਆਮ ਆਦਮੀ ਪਾਰਟੀ ਵੱਲੋਂ ਮਨਾਇਆ ਗਿਆ ਜਿਸ ਵਿੱਚ ਸਿਰਫ ਆਪ ਆਗੂ ਤੇ ਸਮਰਥਕ ਸ਼ਾਮਲ ਹੋਏ ਪਰ ਕਿਸੇ ਸਵਤੰਤਰਤਾ ਸੰਗਰਾਮੀ ਦੇ ਪਰਿਵਾਰਕ ਮੈਂਬਰ ਨੂੰ ਇਸ ਮੌਕੇ ਨਹੀਂ ਬੁਲਾਇਆ ਗਿਆ। ਦੇਸ਼ ਦੀ ਆਜ਼ਾਦੀ ਦੀ ਲੜਾਈ ਵਿੱਚ ਅੰਗਰੇਜ਼ਾਂ ਦੇ ਤਸੀਹੇ ਝੱਲਣ ਵਾਲੇ ਸੰਗਰਾਮੀਆਂ ਨੂੰ ਆਮ ਆਦਮੀ ਪਾਰਟੀ ਵੱਲੋਂ ਵਿਸਾਰ ਦਿੱਤਾ ਗਿਆ ਜੋ ਕਿ ਸਰਾਸਰ ਆਜ਼ਾਦੀ ਘੁਲਾਟੀਆਂ ਨਾਲ ਧੱਕਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਕਾਮਰੇਡ ਹੀਰਾ ਸਿੰਘ ਕੰਡਿਆਂ ਵਾਲੇ (ਪੋਤਰੇ ਫਰੀਡਮ ਫਾਈਟਰ ਬਾਬਾ ਮੋਤਾ ਸਿੰਘ ਹਕੀਮ ਪਿੰਡ ਚਾਹਲ) ਨੇ ਸਰਕਾਰ ਨੂੰ ਅਪੀਲ ਕੀਤੀ ਕਿ ਗਣਤੰਤਰ ਤੇ ਆਜ਼ਾਦੀ ਦਿਵਸ ਨੂੰ ਸਾਂਝੇ ਤੌਰ 'ਤੇ ਮਨਾਇਆ ਜਾਵੇ ਅਤੇ ਇਨ੍ਹਾਂ ਸਮਾਗਮਾਂ ਵਿੱਚ ਆਜ਼ਾਦੀ ਘੁਲਾਟੀਆਂ ਦੇ ਪੁੱਤਰ/ਪੋਤਰਿਆਂ ਅਤੇ ਪਰਿਵਾਰਾਂ ਨੂੰ ਸੱਦ ਕੇ ਉਨ੍ਹਾਂ ਦਾ ਸਨਮਾਨ ਕੀਤਾ ਜਾਵੇ ਜਿਵੇਂ ਕਿ ਪਹਿਲਾਂ ਕੀਤਾ ਜਾਂਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਉਨ੍ਹਾਂ ਦੀ ਉਕਤ ਮੰਗ ਨੂੰ ਸੰਜੀਦਗੀ ਨਾਲ ਲੈਣ ਅਤੇ ਅੱਗੇ ਤੋਂ 26 ਜਨਵਰੀ ਅਤੇ 15 ਅਗਸਤ ਵਾਲੇ ਦਿਨ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਅਤੇ ਸਾਰੇ ਰਾਜਨੀਤਕ/ਸਮਾਜਿਕ ਆਗੂਆਂ ਨੂੰ ਸੱਦਾ ਪੱਤਰ ਦਿੱਤਾ ਜਾਵੇ ਅਤੇ ਸਾਂਝੇ ਤੌਰ 'ਤੇ ਮਨਾਇਆ ਜਾਵੇ।

# ਸੱਚਰ ਦੀ ਅਗਵਾਈ 'ਚ ਹਲਕਾ ਮਜੀਠਾ ਦੀ ਪ੍ਰਭਾਵਸ਼ੈਲੀ ਮੀਟਿੰਗ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਵਿਧਾਨ ਸਭਾ ਹਲਕਾ ਮਜੀਠਾ ਦੇ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸੱਚਰ ਦੀ ਅਗਵਾਈ ਵਿੱਚ ਅੱਜ ਬਲਾਕ ਕਾਂਗਰਸ ਤਰਸਿੱਕਾ (ਮਜੀਠਾ) ਦੇ ਕਾਂਗਰਸੀ ਆਗੂਆਂ ਦੇ ਵਰਕਰਾਂ ਦੀ ਮੀਟਿੰਗ ਬਲਾਕ ਪ੍ਰਧਾਨ ਸਤਨਾਮ ਸਿੰਘ ਸਰਪੰਚ ਕਾਜੀਕੋਟ ਦੇ ਗ੍ਰਹਿ ਵਿਖੇ ਹੋਈ ਜਿਸ ਵਿੱਚ ਬਲਾਕ ਕਾਂਗਰਸ, ਜ਼ਿਲ੍ਹਾ ਕਾਂਗਰਸ ਕਮੇਟੀ, ਮੰਡਲ ਕਮੇਟੀਆਂ ਤੋਂ ਇਲਾਵਾ ਹਲਕੇ ਦੇ ਕਾਂਗਰਸੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੱਚਰ ਨੇ ਕਿਹਾ ਕਿ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕ ਅਰਜੁਨ ਖੜਗੇ 11 ਫਰਵਰੀ ਨੂੰ ਸਮਰਾਲਾ ਵਿਖੇ ਪਹੁੰਚ ਰਹੇ ਹਨ। ਅਸੀਂ ਸਾਰਿਆਂ ਨੇ ਬੱਸਾਂ, ਕਾਰਾਂ ਰਾਹੀਂ ਮਜੀਠਾ ਹਲਕੇ ਵਿੱਚੋਂ ਵੱਡੀ ਗਿਣਤੀ ਵਿੱਚ ਪਾਰਟੀ ਦੇ ਅਹੁਦੇਦਾਰਾਂ ਤੇ ਕਾਂਗਰਸੀ ਵਰਕਰਾਂ ਸਮੇਤ ਓਥੇ ਪਹੁੰਚਣਾ ਹੈ ਤੇ ਆਪਣੇ ਮਹਿਬੂਬ ਨੇਤਾ ਦੇ ਵਿਚਾਰ ਸੁਣਨੇ ਹਨ ਤਾਂ ਜੋ ਅਗਾਮੀ ਲੋਕ ਸਭਾ ਚੋਣਾਂ ਵਿੱਚ ਇਸ ਫਿਰਕੂਪ੍ਰਸਤ ਪਾਰਟੀ ਤੇ ਮੋਦੀ ਸਰਕਾਰ ਨੂੰ ਕਿਵੇਂ ਹਰਾਉਣਾ ਹੈ। ਸੱਚਰ ਨੇ ਕਿਹਾ ਕਿ ਮੈਂ ਬੱਸਾਂ ਦਾ ਇੰਤਜ਼ਾਮ ਕਰ ਦਿੱਤਾ ਹੈ। ਇਸ ਮੌਕੇ ਕੋਆਰਡੀਨੇਟਰ ਤਰਲੋਕ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ, ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਬਲਾਕ ਕਾਂਗਰਸ ਦੇ ਪ੍ਰਧਾਨ ਨਵਤੇਜ ਸਿੰਘ ਸੋਹੀਆਂ, ਕੌਂਸਲਰ ਨਵਦੀਪ ਸਿੰਘ ਸੋਨਾ ਮਜੀਠਾ, ਮੀਤ ਪ੍ਰਧਾਨ ਸੁੱਖ-ਚੈਨ ਸਿੰਘ ਭੰਗਵਾਂ, ਸਰਪੰਚ ਜਗਜੀਤ ਸਿੰਘ, ਸਰਪੰਚ ਜਗੀਰ ਸਿੰਘ ਸਾਧਪੁਰ, ਝਿਲਮਿਲ ਸਿੰਘ ਬਾਠ, ਉਂਕਾਰ ਸਿੰਘ ਬੱਗਾ, ਸ਼ਮਸ਼ੇਰ ਸਿੰਘ ਬਾਬੋਵਾਲ, ਮੁਕੇਸ਼ ਕੁਮਾਰ ਭਨੋਟ, ਨਥਵਿੰਦਰ ਸਿੰਘ ਗੱਦਰਜਾਦਾ, ਪਰਮਜੀਤ ਸਿੰਘ ਭੋਏ, ਸਵਿੰਦਰ ਸਿੰਘ ਸਰਪੰਚ ਤਨੇਲ, ਤਜਿੰਦਰ ਸਿੰਘ ਤਰਫਾਨ, ਕਰਨ ਚੋਗਾਵਾਂ, ਸਰਪੰਚ ਹਰਪ੍ਰੀਤ ਸਿੰਘ, ਬਲਬੀਰ ਸਿੰਘ ਵਡਾਲਾ, ਗੁਰਿੰਦਰ ਸਿੰਘ ਨਾਗ ਕਲਾਂ, ਹੈਪੀ ਵਡਾਲਾ, ਚੈਂਚਲ ਸਿੰਘ, ਰਾਜੂ ਥਰੀਏਵਾਲ, ਅਸ਼ੋਕ ਕੁਮਾਰ ਮੱਤੇਵਾਲ, ਬਲਪ੍ਰੀਤ ਸਿੰਘ ਰੰਜਰ, ਅਸ਼ਵਨੀ ਤੁੱਲੀ ਤੇ ਹੋਰ ਵੀ ਆਗੂ ਹਾਜ਼ਰ ਸਨ ।

# 'ਗੈਰ-ਸਰਕਾਰੀ ਸੰਸਥਾਵਾਂ ਬਿਰਧ ਘਰ ਸ਼ੁਰੂ ਕਰਨ ਸਮੇਂ ਰਜਿਸਟਰਡ ਜ਼ਰੂਰ ਕਰਵਾਉਣ'

**ਗੁਰਦਾਸਪੁਰ (ਦਿਨੇਸ਼ ਕੁਮਾਰ)**-ਪੰਜਾਬ ਸਰਕਾਰ ਵੱਲੋਂ ਗੈਰ-ਸਰਕਾਰੀ ਸੰਸਥਾਵਾਂ ਨੂੰ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਜਿਸ ਵੀ ਗੈਰ-ਸਰਕਾਰੀ ਸੰਸਥਾ ਵੱਲੋਂ ਬਿਰਧ ਘਰ ਚਲਾਇਆ ਜਾ ਰਿਹਾ ਹੈ ਉਸ ਨੂੰ ਆਪਣਾ ਬਿਰਧ ਘਰ 'ਪੰਜਾਬ ਮੈਨੇਜਮੈਂਟ ਆਫ ਸੀਨੀਅਰ ਸਿਟੀਜ਼ਨ ਹੋਮ ਫਾਰ ਐਲਡਰੀ ਪਰਸਨ ਸਕੀਮ 2019' ਤਹਿਤ ਰਜਿਸਟਰਡ ਕਰਵਾਉਣਾ ਲਾਜ਼ਮੀ ਹੈ। ਰਾਜ ਸਰਕਾਰ ਦੇ ਇਨ੍ਹਾਂ ਹੁਕਮਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਡਾ. ਕਿਰਤਪ੍ਰੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 'ਪੰਜਾਬ ਮੈਨੇਜਮੈਂਟ ਆਫ਼ ਸੀਨੀਅਰ ਸਿਟੀਜ਼ਨ ਹੋਮ ਫਾਰ ਐਲਡਰੀ ਪਰਸਨ ਸਕੀਮ, 2019' ਤਹਿਤ ਇਹ ਲਾਜ਼ਮੀ ਕੀਤਾ ਗਿਆ ਹੈ ਕਿ ਕੋਈ ਵੀ ਗੈਰ-ਸਰਕਾਰੀ ਸੰਸਥਾ ਬਿਰਧ ਘਰ ਸ਼ੁਰੂ ਕਰਨ ਸਮੇਂ ਆਪਣੇ ਆਪ ਨੂੰ ਸੀਨੀਅਰ ਸਿਟੀਜ਼ਨ ਐਕਟ 2007 ਅਤੇ ਪਾਲਿਸੀ 2019 ਤਹਿਤ ਰਜਿਸਟਰਡ ਕਰਵਾਏ ਅਤੇ ਰੂਲਾਂ ਦੀ ਇੰਨ-ਬਿੰਨ ਪਾਲਣਾ ਕਰੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਬਿਰਧ ਘਰ ਉਪਰੋਕਤ ਪਾਲਿਸੀ ਤਹਿਤ ਰਜਿਸਟਰਡ ਨਹੀਂ ਹੈ ਤਾਂ ਉਹ ਤੁਰੰਤ ਨਿਰਧਾਰਿਤ ਪ੍ਰੋਫਾਰਮਾ ਭਰ ਕੇ ਸਮਾਜਿਕ ਸੁਰੱਖਿਆ ਵਿਭਾਗ ਕੋਲ ਰਜਿਸਟਰੇਸ਼ਨ ਅਪਲਾਈ ਕਰੇ। ਉਨ੍ਹਾਂ ਕਿਹਾ ਕਿ ਅਰਜ਼ੀ ਪ੍ਰਾਪਤ ਹੋਣ ਤੋਂ ਬਾਅਦ ਵਿਭਾਗ ਦੇ ਅਧਿਕਾਰੀਆਂ ਵੱਲੋਂ ਉਸ ਬਿਰਧ ਘਰ ਦੀ ਇੰਸਪੈਕਸ਼ਨ ਕਰਕੇ ਕੇਸ ਨੂੰ 'ਪੰਜਾਬ ਮੈਨੇਜਮੈਂਟ ਆਫ਼ ਸੀਨੀਅਰ ਸਿਟੀਜ਼ਨ ਹੋਮ ਫਾਰ ਐਲਡਰੀ ਪਰਸਨ ਸਕੀਮ, 2019' ਅਧੀਨ ਰਜਿਸਟਰ ਕਰਨ ਲਈ ਭੇਜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਇਹ ਕੇਸ ਭੇਜਣ ਦੀ ਆਖਰੀ ਮਿਤੀ 10 ਫਰਵਰੀ 2024 ਨਿਰਧਾਰਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ, ਗੁਰਦਾਸਪੁਰ ਦੇ ਦਫਤਰ ਸੰਪਰਕ ਕੀਤਾ ਜਾ ਸਕਦਾ ਹੈ।

# ਖ਼ਾਲਸਾ ਕਾਲਜ ਗੁਰਦਾਸ ਨੰਗਲ 'ਚ ਬਾਰ੍ਹਵੀਂ ਜਮਾਤ ਦਾ ਵਿਦਾਇਗੀ ਸਮਾਰੋਹ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਵਿੱਦਿਆ ਸਕੱਤਰ ਸੁਖਮਿੰਦਰ ਸਿੰਘ ਦੀ ਸਰਪ੍ਰਸਤੀ ਹੇਠ ਅਤੇ ਕਾਲਜ ਪ੍ਰਿੰ. ਡਾ. ਗੁਰਜੀਤ ਸਿੰਘ ਦੀ ਯੋਗ ਅਗਵਾਈ ਅਧੀਨ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਹਰ ਸਾਲ ਵਾਂਗ ਬਾਰ੍ਹਵੀਂ ਜਮਾਤ ਦੀ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਗਿਆਰ੍ਹਵੀਂ ਅਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਕਾਲਜ ਪ੍ਰਿੰ. ਡਾ. ਗੁਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ ਅਤੇ ਵਿਦਿਆਰਥੀ ਵਰਗ ਨੂੰ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨਾਲ ਜੁੜੇ ਰਹਿ ਕੇ ਭਵਿੱਖ ਵਿੱਚ ਬੁਲੰਦੀਆਂ ਨੂੰ ਛੂਹਣ ਦੀ ਗੱਲ ਵੀ ਆਖੀ। ਇਸ ਮੌਕੇ ਕਾਲਜ ਦੇ ਬਾਰ੍ਹਵੀਂ ਜਮਾਤ ਦੇ ਹੁਸ਼ਿਆਰ ਅਤੇ ਅਨੁਸ਼ਾਸ਼ਨ ਵਿੱਚ ਰਹਿਣ ਵਾਲੇ ਵਿਦਿਆਰਥੀਆਂ ਨੂੰ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ ਗਿਆ ਤਾਂ ਕਿ ਹੋਰ ਵਿਦਿਆਰਥੀਆਂ ਵੀ ਉਤਸ਼ਾਹਿਤ ਹੋ ਸਕਣ। ਬਾਰ੍ਹਵੀਂ ਦੇ ਹੋਣਹਾਰ ਵਿਦਿਆਰਥੀ ਜਸਨਪ੍ਰੀਤ ਕੌਰ, ਅਮਨਦੀਪ ਕੌਰ, ਨਵਰੋਜਦੀਪ ਕੌਰ, ਗੁਰਇਕਬਾਲ ਸਿੰਘ, ਪ੍ਰਭਜੀਤ ਸਿੰਘ ਅਤੇ ਜਸਰਾਜ ਸਿੰਘ ਨੂੰ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸਨੰਗਲ ਦੇ ਪ੍ਰਿੰ. ਸਰਬਜੀਤ ਕੌਰ ਅਤੇ ਮੈਡਮ ਹਰਮਿੰਦਰ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਵੀ ਹਾਜ਼ਰ ਸਨ।

# ਨਵਾਂ ਸ਼ਾਲਾ ਗੰਦਗੀ ਦੇ ਢੇਰਾਂ ਤੋਂ ਲੋਕ ਪ੍ਰੇਸ਼ਾਨ



**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰੇ-ਮੁਕੇਰੀਆਂ ਮੁੱਖ ਸੜਕ 'ਤੇ ਪੈਂਦੇ ਪਿੰਡ ਨਵਾਂ ਸ਼ਾਲਾ ਨੇੜੇ ਗੰਦਗੀ ਦੇ ਢੇਰ ਹੋਣ ਕਰਕੇ ਪਿੰਡਾਂ ਦੇ ਲੋਕਾਂ ਦਾ ਜੀਵਨ ਦੁੱਭਰ ਹੋਇਆ ਪਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਵਾਸੀ ਜੋਗਿੰਦਰ ਸਿੰਘ ਡਿਪੂ ਹੋਲਡਰ ਨੇ ਦੱਸਿਆ ਕਿ ਲੋਕ ਆਪਣੇ ਘਰਾਂ ਅਤੇ ਦੁਕਾਨਦਾਰ ਦੁਕਾਨਾਂ ਦਾ ਕੂੜਾ ਕਰਕਟ ਪਿੰਡ ਨਵਾਂ ਸ਼ਾਲਾ ਨਜ਼ਦੀਕ ਸੁੱਟ ਰਹੇ ਹਨ। ਲੋਕਾਂ ਨੂੰ ਰੋਕਣ ਦੇ ਬਾਵਜੂਦ ਲੋਕ ਬਾਜ਼ ਨਹੀਂ ਆਉਂਦੇ। ਉਨ੍ਹਾਂ ਦੱਸਿਆ ਕਿ ਇਸ ਗੰਦਗੀ ਨਾਲ ਕੀੜੇ ਮਕੌੜੇ ਅਤੇ ਹੋਰ ਜ਼ਹਿਰੀਲੇ ਸੱਪ ਆਦਿ ਲੋਕਾਂ ਦੇ ਘਰਾਂ ਵਿਚ ਆ ਜਾਂਦੇ ਹਨ। ਇਸ ਗੰਦਗੀ ਦੀ ਭੈੜੀ ਬਦਬੂ ਨਾਲ ਲੋਕ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਦੀ ਗ੍ਰਿਫਤ ਵਿਚ ਫਸ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਮਮਲਾ ਕਈ ਵਾਰ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿਚ ਵੀ ਲਿਆਂਦਾ ਗਿਆ ਹੈ ਪਰ ਫ਼ਿਰ ਵੀ ਇਸ ਮਸਲੇ ਦਾ ਕੋਈ ਹੱਲ ਨਹੀਂ ਨਿਕਲਿਆ। ਇਲਾਕਾ ਵਾਸੀਆਂ ਨੇ ਕਿਹਾ ਜਦੋਂ ਮੀਂਹ ਪੈਂਦਾ ਹੈ ਤਾਂ ਕੂੜੇ ਦੇ ਢੇਰਾਂ ਅੰਦਰ ਮੱਖੀ ਮੱਛਰ ਪੈਦਾ ਹੁੰਦਾ ਹੈ ਜਿਸ ਨਾਲ ਡੇਂਗੂ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਪੈਦਾ ਹੁੰਦੀਆਂ ਹਨ। ਉਨ੍ਹਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪਿੰਡਾਂ ਅੰਦਰ ਕੂੜਾ ਡੰਪ ਕਰਵਾਉਣ ਲਈ ਕੋਈ ਜਗ੍ਹਾ ਨਿਸਚਿਤ ਕੀਤੀ ਜਾਵੇ ਜਿਸ ਨਾਲ ਲੋਕਾਂ ਨੂੰ ਗੰਦਗੀ ਤੋਂ ਰਾਹਤ ਮਿਲ ਸਕੇ।

## ਕਲਾਸਵਾਲਾ ਖਾਲਸਾ ਸਕੂਲ ਨੇ ਯੁਵਕ ਮੇਲੇ ਦੇ ਗਿੱਧਾ ਮੁਕਾਬਲੇ 'ਚ ਮੱਲ ਮਾਰੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਜ਼ਿਲ੍ਹਾ ਪੱਧਰੀ ਯੁਵਕ ਸੇਵਾਵਾਂ ਵੱਲੋਂ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ, ਦੀਨਾਨਗਰ ਵਿੱਚ ਮੁਕਾਬਲੇ ਕਰਵਾਏ ਗਏ ।ਜਿਸ ਵਿੱਚ ਕਲਾਸਵਾਲਾ ਖਾਲਸਾ ਸਕੂਲ ਕਾਦੀਆਂ ਦੀ ਹਰਮਨਦੀਪ ਕੌਰ ਨੇ ਭਾਸ਼ਣ ਪ੍ਰਤੀਯੋਗਤਾ ਵਿੱਚ ਹਿੱਸਾ ਲਿਆ। ਲੋਕ ਗੀਤ ਵਿੱਚ ਹਰਜੋਤ ਕੌਰ ਅਤੇ ਹਰਮਨਪ੍ਰੀਤ ਸਿੰਘ ਨੇ ਹਿੱਸਾ ਲਿਆ। ਇਸੇ ਤਰ੍ਹਾਂ ਪੁਰਾਤਨ ਪਹਿਰਾਵੇ ਵਿੱਚ ਕੇਜੀਆ ਅਤੇ ਸਿਮਰਨਜੀਤ ਕੌਰ, ਵਾਰ ਗਾਇਨ ਵਿੱਚ ਸਿਮਰਨਜੀਤ ਸਿੰਘ ਅਤੇ ਸੰਦੀਪ ਪਾਲ ਨੇ ਹਿੱਸਾ ਲਿਆ । ਕਲਾਸਵਾਲਾ ਖਾਲਸਾ ਸਕੂਲ ਨੇ ਗਿੱਧੇ ਵਿੱਚ ਤੀਸਰਾ ਸਥਾਨ ਹਾਸਲ ਕੀਤਾ । ਇਸ ਪ੍ਰੋਗਰਾਮ ਵਿੱਚ ਲਗਭਗ 20 ਤੋਂ 25 ਸਕੂਲ ਕਾਲਜਾਂ ਨੇ ਹਿੱਸਾ ਲਿਆ । ਸਕੂਲ ਪ੍ਰਿੰਸੀਪਲ ਸ਼ਾਲਿਨੀ ਸ਼ਰਮਾ ਨੇ ਪ੍ਰਤੀਯੋਗਤਾ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਸਕੂਲ ਪਹੁੰਚਣ 'ਤੇ ਉਪ ਪ੍ਰਿੰਸੀਪਲ ਅਤੇ ਪ੍ਰੋਗਰਾਮ ਅਫਸਰ ਪਰਮਿੰਦਰ ਕੌਰ, ਹੈੱਡਮਾਸਟਰ ਪਰਮਜੀਤ ਸਿੰਘ, ਸਹਾਇਕ ਪ੍ਰੋਗਰਾਮ ਅਫਸਰ ਹਰਦੀਪ ਸਿੰਘ ਅਤੇ ਸਮੂਹ ਸਕੂਲ ਸਟਾਫ ਨੇ ਵੀ ਬੱਚਿਆਂ ਦਾ ਸਵਾਗਤ ਕੀਤਾ ।

## ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਵਿਖੇ ਟ੍ਰੇਨਿੰਗ ਕੈਂਪ 13 ਤੋਂ

**ਮਜੀਠਾ (ਸੋਇਮ ਆਨੰਦ)**- ਖੇਤੀਬਾੜੀ ਯੂਨੀਵਰਸਟੀ ਲੁਧਿਆਣਾ ਅਧੀਨ ਚਲਦੇ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਮਜੀਠਾ ਵਿਖੇ ਸਮੇਂ ਸਮੇਂ 'ਤੇ ਬੱਚਿਆਂ ਨੂੰ ਕਿੱਤਾਮੁਖੀ ਕੋਰਸ ਕਰਵਾਏ ਜਾਦੇ ਹਨ ਜਿਸ ਵਿੱਚ ਇਹ ਕਿਤਾਮੁਖੀ ਕੋਰਸ ਕਰਕੇ ਬੱਚੇ ਆਪਣੇ ਆਪ 'ਤੇ ਨਿਰਭਰ ਹੋ ਜਾਂਦੇ ਹਨ। ਜਿਸ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਵਿਖੇ ਡਾ. ਬਿਕਰਮਜੀਤ ਸਿੰਘ ਡਾਇਰੈਕਟਰ ਕੇ ਵੀ ਕੇ ਦੀ ਪ੍ਰੇਰਨਾ ਅਤੇ ਸਦਕਾ ਕ੍ਰਿਸ਼ੀ ਵਿਗਿਆਨ ਦੇ ਮਾਹਰ ਮੈਡਮ ਸੁੱਖਵਿੰਦਰਬੀਰ ਕੌਰ ਦੀ ਅਗਵਾਈ ਹੇਠ 13 ਫਰਵਰੀ ਤੋਂ 21 ਫਰਵਰੀ ਤੱਕ ਸਰਦੀਆਂ ਦੀਆਂ ਸਬਜ਼ੀਆਂ ਅਤੇ ਫਲਾਂ ਦਾ ਪਦਾਰਥੀਕਰਨ ਕੈਂਪ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਅਚਾਰ, ਚਟਨੀ, ਮੁਰੱਬਾ, ਸਕੈਸ਼ ਆਦਿ ਕੋਰਸ ਕਰਵਾਏ ਜਾਣਗੇ । ਜਿਸ ਵਿੱਚ ਹੋਣਹਾਰ ਬੱਚਿਆਂ ਨੂੰ ਮੁਫਤ ਟ੍ਰੇਨਿੰਗ ਦਿੱਤੀ ਜਾਵੇਗੀ। ਇਸ ਮੌਕੇ ਡਾ. ਬਿਕਰਮਜੀਤ ਸਿੰਘ ਗਿੱਲ ਨੇ ਕਿਹਾ ਕਿ ਕੋਰਸ ਕਰਨ ਮੌਕੇ ਬੱਚੇ ਰਜਿਸਟ੍ਰੇਸ਼ਨ ਲਈ ਪਹਿਲ ਦੇ ਅਧਾਰ ਤੇ ਆਪਣੇ ਆਧਾਰ ਕਾਰਡ ਦੀ ਫੋਟੋ ਕਾਪੀ ਪਾਸਪੋਰਟ ਸਾਇਜ਼ ਫੋਟੋ ਦੇ ਕੇ ਨਾਗ ਕਲਾਂ ਜਹਾਂਗੀਰ ਰੋਡ ਅੰਮ੍ਰਿਤਸਰ ਵਿਖੇ ਜਮ੍ਹਾਂ ਕਰਵਾ ਸਕਦੇ ਹਨ। ਇਸ ਮੌਕੇ ਡਾ. ਬਿਕਰਮਜੀਤ ਸਿੰਘ ਅਤੇ ਮੈਡਮ ਸੁੱਖਵਿੰਦਰਬੀਰ ਕੌਰ ਨੇ ਦੱਸਿਆ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਮਜੀਠਾ ਵਿਖੇ ਹਜ਼ਾਰਾਂ ਬੱਚਿਆਂ ਨੂੰ ਵੱਖ ਵੱਖ ਤਰ੍ਹਾਂ ਦੇ ਕਿਤਾਮੁਖੀ ਕੋਰਸ ਕਰਵਾ ਕੇ ਆਪਣੇ ਆਪ 'ਤੇ ਨਿਰਭਰ ਕੀਤਾ ਜਾਂਦਾ ਹੈ।

## ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁੱਰ ਵੱਲੋਂ ਭੋਮਾ 'ਚ ਮੀਟਿੰਗ



**ਮਜੀਠਾ (ਸੋਇਮ ਆਨੰਦ)** -ਹਲਕਾ ਮਜੀਠਾ ਦੇ ਪਿੰਡ ਭੋਮਾਂ ਦੇ ਗੁਰਦੁਆਰਾ ਸਹਿਬ ਵਿਖੇ ਬਲਾਕ ਮਜੀਠਾ ਇਕਾਈ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵਲੋਂ ਬਲਾਕ ਪ੍ਰਧਾਨ ਭਗਵੰਤ ਸਿੰਘ ਭੋਮਾਂ ਦੀ ਪ੍ਰਧਾਨਗੀ ਵਿੱਚ ਮੀਟਿੰਗ ਹੋਈ। ਪਿੰਡ ਭੋਮਾਂ 'ਚ ਭਾਕਿਓ ਸਿੱਧੂਪੁਰ ਵਲੋਂ ਮੀਟ ਦੀ ਫੈਕਟਰੀ ਲਗਾਉਣ ਦੇ ਵਿਰੋਧ ਵਿੱਚ ਲਗਾਏ ਗਏ ਧਰਨੇ ਨੂੰ ਲਗਾਤਾਰ ਜਾਰੀ ਰੱਖਣ ਲਈ ਵਿਚਾਰ ਚਰਚਾ ਕੀਤੀ ਗਈ। ਬਲਾਕ ਪ੍ਰਧਾਨ ਭਗਵੰਤ ਸਿੰਘ ਭੋਮਾਂ ਨੇ ਦੱਸਿਆ ਕਿ ਕੇਂਦਰ ਸਰਕਾਰ ਖਿਲਾਫ 13 ਫਰਵਰੀ ਨੂੰ ਦਿੱਲੀ ਵਿਖੇ ਲਗਾਏ ਜਾ ਰਹੇ ਵੱਡੇ ਧਰਨੇ 'ਚ ਕਿਸਾਨ ਯੂਨੀਅਨ ਦੇ ਆਗੂਆਂ ਤੇ ਮੈਂਬਰਾਂ ਵਲੋਂ ਸ਼ਮੂਲੀਅਤ ਕੀਤੀ ਜਾਣੀ ਹੈ ਜਿਸ 'ਤੇ ਭੋਮਾਂ 'ਚ ਲੱਗੇ ਪੱਕੇ ਧਰਨੇ ਨੂੰ ਜਾਰੀ ਰੱਖਣ ਲਈ 15 ਮੈਂਬਰੀ ਕਮੇਟੀ ਦਾ ਸਰਬਸੰਮਤੀ ਨਾਲ ਗਠਨ ਕੀਤਾ ਗਿਆ, ਜਿਸ ਵਿੱਚ ਮਾਸਟਰ ਮਨਜੀਤ ਸਿੰਘ ਭੋਮਾਂ, ਸਰਪੰਚ ਗੁਰਨੇਕ ਸਿੰਘ ਭੋਮਾਂ, ਹਰਦੇਵ ਸਿੰਘ, ਧਰਮਪਾਲ ਸਿੰਘ, ਦਿਆਲ ਸਿੰਘ, ਪ੍ਰਗਟ ਸਿੰਘ ਫੌਜੀ, ਸੁੱਚਾ ਸਿੰਘ, ਕੁਲਵੰਤ ਸਿੰਘ, ਬਲਵੰਤ ਸਿੰਘ, ਸੁਖਦੇਵ ਸਿੰਘ, ਬਲਦੇਵ ਸਿੰਘ, ਜਸਪਾਲ ਸਿੰਘ, ਬਿਕਰਮਜੀਤ ਸਿੰਘ, ਰਣਜੀਤ ਸਿੰਘ ਸ਼ਹਿਦ ਵਾਲਾ, ਅਵਤਾਰ ਸਿੰਘ ਫੌਜੀ, ਲੱਖਾ ਸਿੰਘ ਆਦਿ ਜੋ ਪੱਕੇ ਧਰਨੇ ਜਾਰੀ ਰੱਖਣਗੇ। ਮੀਟਿੰਗ 'ਚ ਉਕਤ ਤੋਂ ਇਲਾਵਾ ਉਕਤ ਬਲਾਕ ਪ੍ਰਧਾਨ ਭਗਵੰਤ ਸਿੰਘ, ਗੁਰਮੀਤ ਸਿੰਘ ਨੰਬਰਦਾਰ, ਅਰਵਿੰਦਰ ਸਿੰਘ ਭੋਮਾਂ, ਜਸਪਾਲ ਸਿੰਘ ਸੰਧੂ, ਸੰਤੋਖ ਸਿੰਘ ਭੋਮਾਂ ਆਗੂ ਹਾਜਰ ਸਨ।

# ਸਰਕਾਰੀਆ ਵੱਲੋਂ ਜਾਰੀ ਗਰਾਂਟਾਂ ਨਾਲ ਡਿਸਪੈਂਸਰੀਆਂ ਦਾ ਕੰਮ ਕੀਤਾ ਸ਼ੁਰੂ : ਕੱਕੜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਕਾਂਗਰਸ ਸਰਕਾਰ ਸਮੇਂ ਹਲਕਾ ਰਾਜਾਸਾਂਸੀ ਦੇ ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਸੁਖਬਿੰਦਰ ਸਿੰਘ ਸਰਕਾਰੀਆ ਨੇ ਹਲਕਾ ਰਾਜਾਸਾਂਸੀ ਦੇ ਵਿਕਾਸ ਲਈ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਸਨ ਜਿਨ੍ਹਾਂ ਨਾਲ ਹਲਕੇ ਦਾ ਬਿਨਾਂ ਕਿਸੇ ਵਿਤਕਰੇ ਦੇ ਵਿਕਾਸ ਹੋਇਆ। ਸਰਕਾਰ ਬਦਲਣ ਸਮੇਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਰਹਿੰਦੀਆਂ ਗਰਾਂਟਾਂ ਨੂੰ ਰੋਕ ਲਿਆ ਗਿਆ। ਕੁਝ ਮਹੀਨਿਆਂ ਬਾਅਦ ਕੁਝ ਸਰਪੰਚਾਂ ਨੂੰ ਜਬਰੀ ਸ਼ਾਮਲ ਕਰਕੇ ਰਹਿੰਦੀਆਂ ਗਰਾਂਟਾਂ ਜਾਰੀ ਕੀਤੀਆਂ ਅਤੇ ਆਪਣੀ ਫੋਕੀ ਸ਼ੁਹਰਤ ਖੱਟਣ ਦੀ ਕੋਸ਼ਿਸ਼ ਕੀਤੀ। ਉਕਤ ਵਿਚਾਰਾਂ ਦਾ ਪ੍ਰਗਟਾਵਾ ਅਮਨਦੀਪ ਸਿੰਘ ਕੱਕੜ ਮੀਡੀਆ ਸਲਾਹਕਾਰ ਸਾਬਕਾ ਕੈਬਨਿਟ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਾਨਾਂਵਾਲਾ ਅਤੇ ਵਣੀਏਕੇ ਵਿੱਚ ਜਿਨ੍ਹਾਂ ਡਿਸਪੈਂਸਰੀਆਂ ਦਾ ਉਦਘਾਟਨ ਕੀਤਾ, ਉਹ ਗਰਾਂਟਾਂ ਵੀ ਸਰਕਾਰੀਆ ਨੇ ਕਾਂਗਰਸ ਸਰਕਾਰ ਸਮੇਂ ਜਾਰੀ ਕੀਤੀਆਂ ਸਨ। ਆਪ ਸਰਕਾਰ ਨੇ ਹਲਕੇ ਵਿੱਚ ਅਜੇ ਤੱਕ ਕੋਈ ਆਪਣੇ ਵੱਲੋਂ ਪੈਸਾ ਖਰਚ ਕਰਕੇ ਨਵਾਂ ਕੰਮ ਸ਼ੁਰੂ ਨਹੀਂ ਕੀਤਾ। ਚੋਗਾਵਾਂ ਵਿਖੇ ਵੀ ਸਰਕਾਰ ਬਣਨ ਤੋਂ ਬਾਅਦ ਵਿਕਾਸ ਦਾ ਕੋਈ ਕੰਮ ਛੂ ਮੰਤਰ ਹੋ ਚੁੱਕਾ ਹੈ। ਕੱਕੜ ਨੇ ਕਿਹਾ ਕਿ ਬੱਚੀਵਿੰਡ ਵਿਖੇ ਵੀ ਸਰਕਾਰੀਆ ਵੱਲੋਂ ਜਾਰੀ ਗਰਾਂਟ ਨਾਲ ਪੰਚਾਇਤ ਵੱਲੋਂ ਲਿਆਂਦੀਆਂ ਠੰਢੇ ਪਾਣੀ ਦੀਆਂ ਮਸ਼ੀਨਾਂ ਆਪ ਸਰਕਾਰ ਦੇ ਆਗੂ ਨੇ ਵੰਡੀਆਂ। ਹਲਕੇ ਦੀ ਜਨਤਾ ਅੱਜ ਵੀ ਸਰਕਾਰੀਆ ਵੱਲੋਂ ਕਰਵਾਏ ਗਏ ਵਿਕਾਸ ਨੂੰ ਯਾਦ ਕਰਦੀ ਹੈ।

ਸਰਕਾਰੀਆ ਹਲਕਾ, ਰਾਜਾਸਾਂਸੀ ਦੀ ਜਨਤਾ ਨੂੰ ਆਪਣਾ ਪਰਵਾਰ ਹੀ ਸਮਝਦੇ ਹਨ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਹਰਭੇਜ ਸਿੰਘ ਵਣੀਏਕੇ ਬਲਾਕ ਪ੍ਰਧਾਨ ਚੋਗਾਵਾਂ, ਸਰਪੰਚ ਲਖਵਿੰਦਰ ਸਿੰਘ ਝੰਜੋਟੀ ਬਲਾਕ ਪ੍ਰਧਾਨ ਹਰਸਾ ਛੀਨਾ, ਸਰਪੰਚ ਨਿਰਵੈਲ ਸਿੰਘ ਚੋਗਾਵਾਂ, ਜਸਪਾਲ ਸਿੰਘ ਭੱਟੀ ਪ੍ਰਧਾਨ ਰਾਜਾਸਾਂਸੀ, ਸਰਪੰਚ ਗੁਰਮੀਤ ਸਿੰਘ ਡਾਲਾ, ਸਰਪੰਚ ਸ਼ਮਸ਼ੇਰ ਸਿੰਘ ਸਾਰੰਗੜਾ, ਸਰਪੰਚ ਸੋਨਾ ਸਿੱਧੂ ਬਲਗਣ, ਸਰਪੰਚ ਰੇਸ਼ਮ ਸਿੰਘ ਬੱਚੀਵਿੰਡ, ਜਸਕਰਨ ਸੰਧੂ, ਸੁਖਮਨ ਸਿੰਘ, ਗੁਰਦੇਵ ਸਿੰਘ ਸ਼ੂਹਰਾ, ਸਰਪੰਚ ਨਿਸ਼ਾਨ ਸਿੰਘ ਮੰਝ, ਬਲਦੇਵ ਸਿੰਘ ਮੰਝ ਮੈਂਬਰ, ਦਿਲਬਾਗ ਸਿੰਘ ਖਿਆਲਾ, ਡਾਕਟਰ ਪ੍ਰਗਟ ਸਿੰਘ ਭੁੱਲਰ, ਰਿੰਕੂ ਚੋਗਾਵਾਂ, ਮੈਂਬਰ, ਸੁਖਦੇਵ ਸਿੰਘ ਗਾਜੀਪੁਰ ਆਦਿ ਹਾਜ਼ਰ ਸਨ।

# ਵੋਟਰਾਂ ਨੂੰ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਲਈ ਅਪੀਲ

**ਗੁਰਦਾਸਪੁਰ (ਜਨਕ ਮਹਾਜਨ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਵੱਲੋਂ ਜਾਰੀ ਕੀਤੇ ਗਏ ਪ੍ਰੋਗਰਾਮ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦਾ ਕੰਮ 29 ਫਰਵਰੀ 2024 ਤੱਕ ਮੁਕੰਮਲ ਕੀਤਾ ਜਾਣਾ ਹੈ ਅਤੇ ਇਸ ਸਬੰਧੀ ਸਪੈਸ਼ਲ ਕੈਂਪ ਲਗਾ ਕੇ ਯੋਗ ਵੋਟਰਾਂ ਦੀਆਂ ਵੋਟਾਂ ਬਣਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿਚ 10 ਅਤੇ 11 ਫਰਵਰੀ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਸਪੈਸ਼ਲ ਕੈਂਪ ਲਗਾਏ ਜਾਣਗੇ, ਜਿਸ ਵਿਚ ਪਟਵਾਰੀਆਂ ਅਤੇ ਬੀ.ਐਲ.ਓਜ਼. ਵੱਲੋਂ ਆਪਣੇ ਏਰੀਏ ਵਿਚ ਡੋਰ ਟੂ ਡੋਰ ਜਾ ਕੇ ਯੋਗ ਬਿਨੈਕਾਰਾਂ ਪਾਸੋਂ ਫਾਰਮ ਪ੍ਰਾਪਤ ਕੀਤੇ ਜਾਣਗੇ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਵਿਅਕਤੀਆਂ ਦੀਆਂ ਹਾਲੇ ਤੱਕ ਵੋਟਾਂ ਨਹੀਂ ਬਣੀਆਂ, ਉਹ ਸਪੈਸ਼ਲ ਕੈਂਪਾਂ ਦੌਰਾਨ ਫਾਰਮ ਭਰ ਕੇ ਆਪਣੀਆਂ ਵੋਟਾਂ ਜ਼ਰੂਰ ਬਣਵਾ ਲੈਣ। ਉਨ੍ਹਾਂ ਕਿਹਾ ਕਿ ਵੋਟਾਂ ਬਣਾਉਣ ਦੀ ਆਖ਼ਰੀ ਮਿਤੀ 29 ਫਰਵਰੀ ਤੱਕ ਹੈ। ਵੋਟਾਂ ਬਣਾਉਣ ਸਬੰਧੀ ਕੋਈ ਵੀ ਜਾਣਕਾਰੀ ਲੈਣ ਜਾਂ ਮੁਸ਼ਕਲ ਆਉਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਹੈਲਪ ਲਾਈਨ ਨੰਬਰ 1800-180-1852 ਜਾਂ ਚੋਣ ਕਮਿਸ਼ਨ ਦੇ ਹੈਲਪ ਲਾਈਨ ਨੰਬਰ 1950 ਉੱਪਰ ਸੰਪਰਕ ਕੀਤਾ ਜਾ ਸਕਦਾ ਹੈ।

# ਲਿਬਰੇਸ਼ਨ ਤੇ ਮਜ਼ਦੂਰ ਮੁਕਤੀ ਮੋਰਚਾ ਵੱਲੋਂ ਫਾਈਨਾਂਸ ਕੰਪਨੀਆਂ ਦੀ ਲੁੱਟ ਵਿਰੁੱਧ ਰੈਲੀ



**ਬਟਾਲਾ (ਤਰਲੋਕ ਬੱਗਾ)**- ਫਤਿਹਗੜ੍ਹ ਚੂੜੀਆਂ ਦੀ ਦਾਣਾ ਮੰਡੀ ਵਿਖੇ ਸੀ ਪੀ ਆਈ ਐਮ ਐਲ ਲਿਬਰੇਸ਼ਨ ਅਤੇ ਮਜ਼ਦੂਰ ਮੁਕਤੀ ਮੋਰਚਾ ਵਲੋਂ ਮਾਈਕਰੋ ਫਾਈਨਾਂਸ ਕੰਪਨੀਆਂ ਦੀ ਲੁੱਟ ਵਿਰੁੱਧ ਰੈਲੀ ਅਤੇ ਪ੍ਰਦਰਸ਼ਨ ਕਰਨ ਉਪਰੰਤ ਐਸ ਡੀ ਐਮ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਸਮੇਂ ਮੋਰਚੇ ਦੇ ਜ਼ਿਲ੍ਹਾ ਪ੍ਰਧਾਨ ਦਲਬੀਰ ਭੋਲਾ ਮਲਕਵਾਲ, ਤਹਿਸੀਲ ਪ੍ਰਧਾਨ ਰਮਨਪ੍ਰੀਤ ਪਿਡੀ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਗਰੀਬ ਪਰਵਾਰਾਂ ਦੀ ਪੰਜਾਬ ਦੀ ਅੱਧੀ ਅਬਾਦੀ ਨੂੰ ਮਾਈਕਰੋ ਫਾਈਨਾਂਸ ਕੰਪਨੀਆਂ ਨੇ ਆਪਣੇ ਕਰਜ਼ਾ ਜਾਲ ਵਿਚ ਫਸਾ ਰੱਖਿਆ ਹੈ। ਇਕ ਇਕ ਪਰਵਾਰ ਨੂੰ ਪੰਜ ਪੰਜ, ਛੇ ਛੇ ਲੋਨ ਦੇ ਰੱਖੇ ਹਨ। ਜਿਸ ਕਰਜ਼ੇ ਦੀਆਂ ਇਨ੍ਹਾਂ ਦਿਹਾੜੀਦਾਰ ਪਰਵਾਰਾਂ ਵਲੋਂ ਕਿਸ਼ਤਾਂ ਦੇਣੀਆ ਸੰਭਵ ਹੀ ਨਹੀਂ ਰਿਹਾ। ਉਨ੍ਹਾਂ ਸਾਹਮਣੇ ਇਕ ਹੀ ਰਸਤਾ ਹੈ ਕਿ ਜਾਂ ਉਹ ਖੁਦਕੁਸ਼ੀ ਕਰਨ ਜਾਂ ਕੰਪਨੀਆਂ ਵਿਰੁੱਧ ਬਗਾਵਤ ਕਰਨ। ਪਰ ਕੰਪਨੀਆਂ ਦੇ ਮੁਲਾਜ਼ਮ ਕਰਜ਼ਾਧਾਰਕਾਂ ਦੇ ਘਰਾਂ ਵਿੱਚ ਜਾ ਕੇ ਜ਼ਬਰਦਸਤੀ ਕਿਸ਼ਤਾਂ ਦੀ ਮੰਗ ਕਰ ਰਹੇ ਹਨ ਜੋ ਸਰਾਸਰ ਧੱਕੇਸ਼ਾਹੀ ਹੈ। ਆਗੂਆਂ ਕਿਹਾ ਕਿ ਗਰੀਬ ਪਰਵਾਰਾਂ ਦੇ ਕਰਜ਼ੇ ਦੇ ਮਕੜ ਜਾਲ ਵਿਚ ਫਸਣ ਲਈ ਸਰਕਾਰਾਂ ਮੁਲਜ਼ਮ ਹਨ ਜਿਨ੍ਹਾਂ ਨੇ ਮਾਈਕਰੋ ਫਾਈਨਾਂਸ ਕੰਪਨੀਆਂ ਨੂੰ ਖੁੱਲ੍ਹ ਖੇਡਣ ਦੀ ਇਜਾਜ਼ਤ ਦੇ ਰੱਖੀ ਹੈ। ਆਗੂਆਂ ਕਿਹਾ ਕਿ ਦਿੱਲੀ ਅਤੇ ਪੰਜਾਬ ਸਰਕਾਰ ਮਾਈਕਰੋ ਫਾਈਨਾਂਸ ਕੰਪਨੀਆਂ ਦਾ ਕਰਜ਼ਾ ਆਪਣੇ ਜ਼ੁੰਮੇ ਲਵੇ ਅਤੇ ਫਾਈਨਾਂਸ ਕੰਪਨੀਆਂ ਵਲੋਂ ਖਿਲਾਰੇ ਕਰਜ਼ੇ ਦੀ ਜਾਂਚ ਪੜਤਾਲ ਕੀਤੀ ਜਾਵੇ। ਮਾਨ ਸਰਕਾਰ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਦੀ ਗਰੰਟੀ ਪੂਰੀ ਕਰੇ, ਮਜ਼ਦੂਰਾਂ ਦੇ ਲਾਲ ਲਕੀਰ ਅੰਦਰਲੇ ਘਰਾਂ ਨੂੰ ਮਾਲ ਮਹਿਕਮੇ ਵਿਚ ਦਰਜ ਕੀਤਾ ਜਾਵੇ।ਇਸ ਸਮੇਂ ਕਵਿਤਾ ਘਣੀਆਂ, ਰਾਜਵਿੰਦਰ ਬਦੋਵਾਲ, ਸੁਖਵਿੰਦਰ, ਸਰਬਜੀਤ ਕੌਰ ਮਨੀਪੁਰ, ਰਜਵੰਤ ਕੌਰ, ਗੀਟਾ ਅਤੇ ਮਨਪ੍ਰੀਤ ਕੌਰ ਨੇ ਵੀ ਸੰਬੋਧਨ ਕੀਤਾ।

# ਸਮਾਰਟ ਸਕੂਲ ਹਸਨਪੁਰ ਖੁਰਦ ਦੀ ਵਿਦਿਆਰਥਣ ਜ਼ਿਲ੍ਹਾ ਪੱਧਰੀ ਮੁਕਾਬਲੇ 'ਚ ਅੱਵਲ



**ਧਾਰੀਵਾਲ, ਡੇਰਾ ਬਾਬਾ ਨਾਨਕ (ਮਨਦੀਪ ਸਿੰਘ ਵਿੱਕੀ, ਰਮੇਸ਼ ਸ਼ਰਮਾ )** - ਸਰਕਾਰੀ ਮਿਡਲ ਸਮਾਰਟ ਸਕੂਲ ਹਸਨਪੁਰ ਖੁਰਦ ਦੀ ਵਿਦਿਆਰਥਣ ਖੁਸ਼ਦੀਪ ਕੌਰ ਸੁਪੱਤਰੀ ਜਸਵਿੰਦਰ ਸਿੰਘ ਨੇ ਬੀਤੇ ਦਿਨੀਂ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰਦਾਸਪੁਰ ਵਿਖੇ ਹੋਈ ਜ਼ਿਲ੍ਹਾ ਪੱਧਰੀ ਗਣਿਤ ਪ੍ਰਦਰਸ਼ਨੀ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ।ਸਕੂਲ ਇੰਚਾਰਜ ਨਰਿੰਦਰ ਸਿੰਘ ਅਤੇ ਗਾਈਡ ਅਧਿਆਪਕਾ ਸਰਬਜੀਤ ਕੌਰ ਦੀ ਮਿਹਨਤ ਸਦਕਾ ਰੀਅਲ ਲਾਈਫ਼ ਐਪਲੀਕੇਸ਼ਨ ਆਫ਼ ਮੈਥੇਮੈਟਿਕਸ ਨਾਲ ਸਬੰਧਤ ਪ੍ਰਾਜੈਕਟ ਖੁਸ਼ਦੀਪ ਕੌਰ ਵੱਲੋਂ ਤਿਆਰ ਕੀਤਾ ਗਿਆ। ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਸਕੂਲਾਂ ਨਾਲ ਸਬੰਧਤ ਵਿਦਿਆਰਥੀਆਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲਿਆ ਜਿਸ ਵਿਚ ਖੁਸ਼ਦੀਪ ਕੌਰ ਦੇ ਪ੍ਰੋਜੈਕਟ ਦੀ ਬੈਸਟ ਪ੍ਰੋਜੈਕਟ ਵਜੋਂ ਚੋਣ ਕੀਤੀ ਗਈ, ਜਿਸ ਸਦਕਾ ਉਹ ਜ਼ਿਲ੍ਹੇ ਵਿਚੋਂ ਅੱਵਲ ਰਹੀ। ਵਿਦਿਆਰਥਣ ਖੁਸ਼ਦੀਪ ਕੌਰ ਨੇ ਬਟਾਲਾ ਬਲਾਕ ਜ਼ਿਲ੍ਹਾ ਗੁਰਦਾਸਪੁਰ ਵਿਚੋਂ ਅੱਵਲ ਰਹਿਣ 'ਤੇ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਲੁਧਿਆਣਾ ਵਿਖੇ ਹੋਏ ਰਾਜ ਪੱਧਰੀ ਮੁਕਾਬਲਿਆਂ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੀ ਨੁਮਾਇੰਦਗੀ ਕੀਤੀ ਅਤੇ ਪ੍ਰਸ਼ੰਸਾ ਪੱਤਰ ਹਾਸਲ ਕੀਤਾ। ਸਕੂਲ ਦੀਆਂ ਅਧਿਆਪਕਾਵਾਂ ਸ਼ਰਨਜੀਤ ਕੌਰ, ਰਾਜਦੀਪ ਕੌਰ, ਰਾਜ ਕੌਰ ਅਤੇ ਸਰਬਜੀਤ ਕੌਰ ਨੇ ਇਸ ਪ੍ਰਾਪਤੀ ਲਈ ਵਿਦਿਆਰਥਣ ਖੁਸ਼ਦੀਪ ਕੌਰ ਦੀ ਹੌਸਲਾ ਅਫ਼ਜਾਈ ਕੀਤੀ ।

# ਚੇਅਰਮੈਨ ਰਮਨ ਬਹਿਲ ਤੇ ਚੇਅਰਮੈਨ ਰਜੀਵ ਸ਼ਰਮਾ ਵੱਲੋਂ ਵਿਕਾਸ ਕਾਰਜਾਂ ਦਾ ਉਦਘਾਟਨ



**ਗੁਰਦਾਸਪੁਰ, ( ਦਿਨੇਸ਼ ਕੁਮਾਰ)** - ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਅਤੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਸ੍ਰੀ ਰਾਜੀਵ ਸ਼ਰਮਾ ਵੱਲੋਂ ਅੱਜ ਨਗਰ ਸੁਧਾਰ ਟਰੱਸਟ ਦੀ ਸਕੀਮ ਨੰਬਰ 7 (ਤਿੱਬੜੀ ਰੋਡ) ਵਿਖੇ 5.60 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਸ਼ਹਿਰ ਵਾਸੀਆਂ ਨੇ ਇਨ੍ਹਾਂ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਨ ਲਈ ਚੇਅਰਮੈਨ ਰਮਨ ਬਹਿਲ, ਰਜੀਵ ਸ਼ਰਮਾ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਹੈ।ਇਸ ਮੌਕੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਇਨ੍ਹਾਂ ਵਿਕਾਸ ਕਾਰਜਾਂ ਦਾ ਬਿਉਰਾ ਸਾਂਝਾ ਕਰਦਿਆਂ ਦੱਸਿਆ ਕਿ ਨਗਰ ਸੁਧਾਰ ਟਰੱਸਟ ਵੱਲੋਂ ਆਪਣੀ ਸਕੀਮ ਨੰਬਰ 7 ਵਿੱਚ ਇਨ੍ਹਾਂ ਵਿਕਾਸ ਕਾਰਜਾਂ ਵਿੱਚ 47 ਲੱਖ ਰੁਪਏ ਦੀ ਲਾਗਤ ਨਾਲ ਬੂਥ ਅਤੇ ਦੁਕਾਨਾਂ ਦੇ ਬਾਹਰਵਾਰ ਪਾਰਕਿੰਗ ਦੀ ਉਸਾਰੀ, 39.52 ਲੱਖ ਰੁਪਏ ਦੀ ਲਾਗਤ ਨਾਲ ਪਲਾਟ ਨੰਬਰ 63 ਤੋਂ ਸੀਵਰੇਜ ਟਰੀਟਮੈਂਟ ਪਲਾਂਟ ਤੱਕ ਦੀਵਾਰ ਦੀ ਉਸਾਰੀ, 51 ਲੱਖ ਰੁਪਏ ਦੀ ਲਾਗਤ ਨਾਲ ਵਾਟਰ ਸਪਲਾਈ ਤੇ ਸੀਵਰੇਜ ਲਾਈਨਾਂ ਦੀ ਮੁਰੰਮਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 24 ਲੱਖ ਰੁਪਏ ਖ਼ਰਚ ਕਰਕੇ ਨਵੀਆਂ ਸਟਰੀਟ ਲਾਈਟਾਂ ਲਗਾਉਣ ਦੇ ਨਾਲ ਖ਼ਰਾਬ ਲਾਈਟਾਂ ਦੀ ਮੁਰੰਮਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 89 ਲੱਖ ਰੁਪਏ ਪਾਰਕਾਂ ਦੇ ਸੁੰਦਰੀਕਰਨ, 45 ਲੱਖ ਰੁਪਏ ਐੱਸ.ਸੀ.ਐੱਫ. ਨੰਬਰ 1 ਤੋਂ 15 ਦੀ ਪਾਰਕਿੰਗ, 49 ਲੱਖ ਰੁਪਏ ਐੱਸ.ਸੀ.ਐੱਫ. ਨੰਬਰ 16 ਤੋਂ 40 ਦੀ ਪਾਰਕਿੰਗ ਬਣਾਉਣ 'ਤੇ ਖ਼ਰਚ ਕੀਤੇ ਜਾਣਗੇ। ਬਹਿਲ ਨੇ ਦੱਸਿਆ ਕਿ 48.50 ਲੱਖ ਰੁਪਏ ਫੁੱਟਪਾਥ ਬਣਾਉਣ ਉੱਪਰ ਖ਼ਰਚ ਕਰਨ ਤੋਂ ਇਲਾਵਾ 15 ਲੱਖ ਰੁਪਏ ਸੜਕਾਂ ਉੱਪਰ ਬਰੇਕਰ ਬਣਾਉਣ ਲਈ ਖ਼ਰਚੇ ਜਾਣਗੇ। 70 ਲੱਖ ਰੁਪਏ ਸੜਕਾਂ ਬਣਾਉਣ, 25 ਲੱਖ ਰੁਪਏ ਗੇਟ ਦੀ ਉਸਾਰੀ ਅਤੇ 40 ਲੱਖ ਰੁਪਏ ਇੰਟਰਲਾਕ ਟਾਇਲਾਂ ਲਗਾਉਣ ਉੱਪਰ ਖ਼ਰਚੇ ਜਾਣਗੇ।ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਆਉਣ ਤੋਂ ਬਾਅਦ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੀ ਆਮਦਨ ਵਿੱਚ ਰਿਕਾਰਡ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੇਲੇ ਜਿਹੜੀ ਆਮਦਨ 20 ਕਰੋੜ ਹੀ ਹੁੰਦੀ ਸੀ ਉਸ ਨੂੰ 80 ਕਰੋੜ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਟਰੱਸਟ ਦੀਆਂ ਜਾਇਦਾਦਾਂ ਵੇਚਣ ਲਈ ਜੋ ਬੋਲੀ ਕਰਵਾਈ ਗਈ ਸੀ ਉਹ ਪੂਰੀ ਤਰ੍ਹਾਂ ਪਾਰਦਰਸ਼ੀ ਸੀ ਅਤੇ ਇਹੀ ਕਾਰਨ ਸੀ ਕਿ ਹਰ ਕਿਸੇ ਨੂੰ ਬੋਲੀ ਦੇਣ ਦਾ ਪੂਰਾ ਮੌਕਾ ਮਿਲਿਆ ਜਿਸ ਨਾਲ ਟਰੱਸਟ ਦੀ ਆਮਦਨ ਵਿੱਚ ਰਿਕਾਰਡ ਵਾਧਾ ਹੋਇਆ। ਉਨ੍ਹਾਂ ਕਿਹਾ ਕਿ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੀ ਜੋ ਆਮਦਨ ਵਧੀ ਹੈ ਉਹ ਸਾਰਾ ਪੈਸਾ ਹੁਣ ਟਰੱਸਟ ਦੀਆਂ ਸਕੀਮਾਂ ਉੱਪਰ ਹੀ ਖ਼ਰਚਿਆ ਜਾਵੇਗਾ। ਉਨ੍ਹਾਂ ਇਸ ਕਾਮਯਾਬੀ ਲਈ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਜੀਵ ਸ਼ਰਮਾ ਨੂੰ ਵਧਾਈ ਵੀ ਦਿੱਤੀ।ਇਸ ਦੌਰਾਨ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਟਰੱਸਟ ਵੱਲੋਂ ਇਹ ਜੋ 5.60 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਸ਼ੁਰੂ ਕੀਤੇ ਗਏ ਹਨ ਉਹ ਤਹਿ ਸਮੇਂ ਅੰਦਰ ਮੁਕੰਮਲ ਕਰ ਲਏ ਜਾਣਗੇ।

9-feb-PAGE-4.qxd 2/8/2024 11:01 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 9 ਫਰਵਰੀ 2024

# ਪੇਟੀਐਮ ਤੇ ਅਰਥ ਵਿਵਸਥਾ ਦਾ ਸੰਕਟ

*ਲੋਕ ਸਭਾ ਚੋਣਾਂ ਤੋਂ ਐਨ ਪਹਿਲਾਂ ਮੋਦੀ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਅੰਤਰਮ ਬਜਟ ਸ਼ਾਇਦ ਅਜਿਹਾ ਪਹਿਲਾ ਬਜਟ ਹੈ, ਜਿਸ ਵਿੱਚ ਸਿਰ ਉਤੇ ਆ ਰਹੀ ਚੋਣ ਦੇ ਬਾਵਜੂਦ ਜਨਤਾ ਦੇ ਕਿਸੇ ਵੀ ਹਿੱਸੇ ਨੂੰ ਕੋਈ ਰਾਹਤ ਨਹੀਂ ਦਿੱਤੀ ਗਈ। ਉਲਟਾ ਕਈ ਅਜਿਹੀਆਂ ਮੱਦਾਂ ਸ਼ਾਮਲ ਕੀਤੀਆਂ ਗਈਆਂ ਹਨ, ਜਿਸ ਨਾਲ ਆਮ ਲੋਕਾਂ ਦੀਆਂ ਮੁਸ਼ਕਲਾਂ ਵਧ ਜਾਣਗੀਆਂ। ਨਾ ਤਾਂ ਇਸ ਬਜਟ ਵਿੱਚ ਪਿਛਲੇ 50 ਸਾਲਾਂ ਦਾ ਰਿਕਾਰਡ ਤੋੜ ਚੁੱਕੀ ਬੇਰੁਜ਼ਗਾਰੀ ਨੂੰ ਠੱਲ੍ਹ ਪਾਉਣ ਲਈ ਰੁਜ਼ਗਾਰ ਸਿਰਜਣ ਦਾ ਕੋਈ ਭਵਿੱਖੀ ਨਕਸ਼ਾ ਹੈ ਤੇ ਨਾ ਹੀ ਲੋਕਾਂ ਦਾ ਖ਼ੂਨ ਚੂਸ ਰਹੀ ਮਹਿੰਗਾਈ 'ਤੇ ਰੋਕ ਲਾਉਣ ਦਾ ਕੋਈ ਹੀਲਾ-ਵਸੀਲਾ। ਕੁਝ ਲੋਕਾਂ ਦਾ ਵਿਚਾਰ ਹੈ ਕਿ ਅਜਿਹਾ ਬਜਟ ਲਿਆਉਣ ਦਾ ਮੁੱਖ ਕਾਰਨ ਹੈ ਕਿ ਮੋਦੀ ਸਰਕਾਰ ਨੂੰ ਚੋਣ ਜਿੱਤ ਜਾਣ ਦਾ ਏਨਾ ਵਿਸ਼ਵਾਸ ਹੈ ਕਿ ਉਹ ਲੋਕਾਂ ਦੀਆਂ ਮੁਸ਼ਕਲਾਂ ਤੇ ਭਾਵਨਾਵਾਂ ਨੂੰ ਫਿਰਕੂ ਕਤਾਰਬੰਦੀ ਤੇ ਮੰਦਰ ਮੁੱਦੇ ਦੇ ਲਬਾਦੇ ਹੇਠ ਢਕ ਦੇਵੇਗੀ।*

*ਇਹ ਅਧੂਰਾ ਸੱਚ ਹੈ, ਪੂਰਾ ਸੱਚ ਇਹ ਹੈ ਕਿ ਦੇਸ਼ ਦੀ ਅਰਥ-ਵਿਵਸਥਾ ਦਾ ਦਿਵਾਲਾ ਨਿਕਲਣ ਵਾਲਾ ਹੋ ਚੁੱਕਾ ਹੈ। ਇਸ ਹਾਲਤ ਦਾ ਝਲਕਾਰਾ ਉਸ ਵੇਲੇ ਦੇਖਣ ਨੂੰ ਮਿਲਿਆ, ਜਦੋਂ ਆਰ ਬੀ ਆਈ ਨੇ ਦੇਸ਼ ਦੀ ਮੋਹਰੀ ਕੰਪਨੀ ਪੇਟੀਐਮ ਦੇ ਪੇਮੈਂਟ ਬੈਂਕ ਦੇ 29 ਫ਼ਰਵਰੀ ਤੋਂ ਬਾਅਦ ਵਿੱਤੀ ਲੈਣ-ਦੇਣ 'ਤੇ ਰੋਕ ਲਾ ਦਿੱਤੀ ਹੈ। ਇਸ ਬੈਂਕ ਰਾਹੀਂ ਲਿਆ ਗਿਆ ਹੁਣ ਫਾਸਟ ਟੈਗ ਵੀ 29 ਤੋਂ ਬਾਅਦ ਬੰਦ ਹੋ ਜਾਵੇਗਾ।*

*ਪੇਟੀਐਮ ਯਾਨੀ ਮੋਬਾਇਲ ਰਾਹੀਂ ਪੇਮੈਂਟ ਕੰਪਨੀ ਦੀ ਸ਼ੁਰੂਆਤ 2010 ਵਿੱਚ ਕੀਤੀ ਗਈ ਸੀ। ਇਹ ਕੰਪਨੀ ਆਪਣੇ ਗਾਹਕਾਂ ਨੂੰ ਮੋਬਾਇਲ ਪੇਮੈਂਟ ਦੇ ਨਾਲ-ਨਾਲ ਆਮ ਲੋਕਾਂ ਨੂੰ ਕਰਜ਼ ਵੀ ਮੁਹੱਈਆ ਕਰਾਉਂਦੀ ਸੀ। ਕੰਪਨੀ ਕੋਲ 80 ਲੱਖ ਫਾਸਟ ਟੈਗ ਦੇ ਗਾਹਕ ਹਨ। ਅਸਲ ਵਿੱਚ ਰੋਕ ਪੇਟੀਐਮ ਪੇਮੈਂਟ ਬੈਂਕ ਉਤੇ ਲਾਈ ਗਈ ਹੈ। ਜਿਨ੍ਹਾਂ ਨੇ ਇਸ ਬੈਂਕ ਰਾਹੀਂ ਫਾਸਟ ਟੈਗ ਲਿਆ ਹੈ, ਉਹ ਸਿਰਫ਼ 29 ਫ਼ਰਵਰੀ ਤੱਕ ਹੀ ਇਸ ਦੀ ਵਰਤੋਂ ਕਰ ਸਕਣਗੇ। ਜੇਕਰ ਤੁਹਾਡਾ ਖਾਤਾ ਕਿਸੇ ਹੋਰ ਬੈਂਕ ਵਿੱਚ ਹੈ ਤਾਂ ਪੇਟੀਐਮ ਗੇਟਵੇ ਦੇ ਤੌਰ 'ਤੇ ਕੰਮ ਕਰਦਾ ਰਹੇਗਾ। ਫਾਸਟ ਟੈਗ ਦੇ ਗਾਹਕ ਆਪਣਾ ਪੈਸਾ ਕਢਾ ਵੀ ਸਕਦੇ ਹਨ। ਇਸ ਖ਼ਬਰ ਨੇ ਪੇਟੀਐਮ ਦੇ ਨਿਵੇਸ਼ਕਾਂ ਵਿੱਚ ਹਾਹਾਕਾਰ ਮਚਾ ਦਿੱਤੀ ਸੀ। ਪੇਟੀਐਮ ਦਾ ਜੋ ਸ਼ੇਅਰ 18 ਨਵੰਬਰ 2021 ਨੂੰ 1950 ਰੁਪਏ ਦਾ ਸੀ, ਉਹ ਗੋਤਾ ਖਾ ਕੇ 487 ਰੁਪਏ ਤੱਕ ਪੁੱਜ ਚੁੱਕਾ ਹੈ।*

*ਦੇਸ਼ ਦੀ ਅਰਥ-ਵਿਵਸਥਾ ਦੀ ਹਾਲਤ ਕੋਰੋਨਾ ਕਾਲ ਸਮੇਂ ਹੀ ਵਿਗੜਨੀ ਸ਼ੁਰੂ ਹੋ ਗਈ ਸੀ। ਲੋਕਾਂ ਨੇ ਆਪਣੀ ਬੱਚਤ ਖਰਚ ਕੇ ਦਿਨ ਲੰਘਾ ਲਏ। ਉਨ੍ਹਾਂ ਨੂੰ ਆਸ ਸੀ ਕਿ ਭਲੇ ਦਿਨ ਆਉਣ 'ਤੇ ਉਹ ਫਿਰ ਬੱਚਤ ਕਰ ਲੈਣਗੇ, ਪਰ ਦਿਨ ਬੁਰੇ ਤੋਂ ਬੁਰੇ ਆਉਂਦੇ ਗਏ। ਨੌਕਰੀਆਂ ਖ਼ਤਮ ਹੋ ਗਈਆਂ, ਨਵੇਂ ਰੁਜ਼ਗਾਰ ਸਿਰਜੇ ਨਹੀਂ ਗਏ ਤੇ ਉੱਪਰੋਂ ਮਹਿੰਗਾਈ ਨੇ ਬਜਟ ਵਿਗਾੜ ਦਿੱਤੇ। ਸਿੱਟੇ ਵਜੋਂ ਲੋਕਾਂ ਨੇ ਆਪਣੇ ਪਰਵਾਰਕ ਖਰਚਿਆਂ ਲਈ ਨਾਨ-ਬੈਂਕਿੰਗ ਫਾਇਨਾਂਸ ਕੰਪਨੀਆਂ, ਮਾਈਕਰੋ ਫਾਇਨਾਂਸ ਕੰਪਨੀਆਂ ਤੇ ਬੈਂਕਾਂ ਤੋਂ ਕਰਜ਼ਾ ਚੁੱਕਣਾ ਸ਼ੁਰੂ ਕਰ ਦਿੱਤਾ। ਇਹ ਕੰਪਨੀਆਂ ਵੀ ਧੜਾਧੜ ਕਰਜ਼ਾ ਵੰਡਦੀਆਂ ਰਹੀਆਂ। ਪਾਠਕਾਂ ਦਾ ਆਪਣਾ ਤਜਰਬਾ ਵੀ ਹੋਵੇਗਾ ਕਿ ਕਿਵੇਂ ਰੋਜ਼ਾਨਾ ਹੀ ਉਨ੍ਹਾਂ ਦੇ ਮੋਬਾਇਲਾਂ 'ਤੇ ਕਰਜ਼ਾ ਲੈਣ ਸੰਬੰਧੀ ਕਾਲਾਂ ਆਉਂਦੀਆਂ ਹਨ। ਇਸ ਨੇ ਆਰ ਬੀ ਆਈ ਦੇ ਸਾਹਮਣੇ ਕਾਰਪੋਰੇਟ ਦੀ ਥਾਂ ਲੱਖਾਂ ਲੋਕਾਂ ਵਿੱਚ ਵੰਡੇ ਗਏ ਕਰਜ਼ਿਆਂ ਦੇ ਡੁੱਬ ਜਾਣ ਦਾ ਸੰਕਟ ਖੜ੍ਹਾ ਕਰ ਦਿੱਤਾ। 2019-20 ਵਿੱਚ ਇਨ੍ਹਾਂ ਵਿੱਤੀ ਕੰਪਨੀਆਂ ਵੱਲੋਂ 10 ਹਜ਼ਾਰ ਤੱਕ ਦਾ ਕਰਜ਼ਾ ਲੈਣ ਵਾਲੇ ਲੋਕਾਂ ਦੀ ਗਿਣਤੀ 2.35 ਕਰੋੜ ਸੀ, ਉਥੇ 2022-23 ਵਿੱਚ ਇਹ ਗਿਣਤੀ ਵਧ ਕੇ 6.56 ਕਰੋੜ ਹੋ ਗਈ ਸੀ। ਇਸੇ ਤਰ੍ਹਾਂ 10 ਹਜ਼ਾਰ ਤੋਂ 50 ਹਜ਼ਾਰ ਤੱਕ ਕਰਜ਼ਾ ਚੁੱਕਣ ਵਾਲੇ 2019-20 ਵਿੱਚ ਸਿਰਫ਼ 55 ਲੱਖ ਸਨ ਤੇ 2022-23 ਵਿੱਚ ਇਹ 2.04 ਕਰੋੜ ਹੋ ਗਏ।*

*ਆਰ ਬੀ ਆਈ ਨੇ ਅਕਤੂਬਰ 2023 ਵਿੱਚ ਹੀ ਇਸ ਸੰਬੰਧੀ ਚੇਤਾਵਨੀ ਜਾਰੀ ਕੀਤੀ ਸੀ। ਇਹ ਸਿਰਫ਼ ਪੇਟੀਐਮ ਹੀ ਨਹੀਂ, ਹੋਰ ਵੀ ਵਿੱਤੀ ਕੰਪਨੀਆਂ ਤੇ ਬੈਂਕਾਂ ਉਤੇ ਵੀ ਆਰ ਬੀ ਆਈ ਦਾ ਡੰਡਾ ਚੱਲ ਸਕਦਾ ਹੈ। ਇਸ ਵੇਲੇ ਕਿਉਂਕਿ ਲੋਕ ਸਭਾ ਚੋਣਾਂ ਸਿਰ ਉੱਤੇ ਹਨ, ਇਸ ਲਈ ਆਰ ਬੀ ਆਈ ਸੰਭਲ ਕੇ ਕਦਮ ਪੁੱਟ ਰਿਹਾ ਹੈ, ਪਰ ਕਿੰਨਾ ਚਿਰ? ਦੇਸ਼ ਦੀ ਵੱਡੀ ਅਬਾਦੀ ਅੱਜ ਆਰਥਕ ਸੰਕਟ ਦਾ ਸਾਹਮਣਾ ਕਰ ਰਹੀ ਹੈ। ਦੇਸ਼ ਵਿਚਲੀ ਘਰੇਲੂ ਬੱਚਤ ਜੋ 2020-21 ਵਿੱਚ ਜੀ ਡੀ ਪੀ ਦਾ 12 ਫ਼ੀਸਦੀ ਸੀ, ਅੱਜ ਉਹ 5.1 ਫ਼ੀਸਦੀ ਉੱਤੇ ਪਹੁੰਚ ਚੁੱਕੀ ਹੈ। ਇਹੋ ਬੱਚਤ ਹੁੰਦੀ ਹੈ, ਜਿਹੜੀ ਬੈਂਕਾਂ ਵੱਲੋਂ ਦੇਸ਼ ਦੇ ਖਰਚਿਆਂ ਲਈ ਸਰਕਾਰਾਂ ਨੂੰ ਕਰਜ਼ੇ ਦੇ ਤੌਰ 'ਤੇ ਦਿੱਤੀ ਜਾਂਦੀ ਹੈ। ਹਾਲਤ ਇਹ ਹੈ ਕਿ ਅੱਜ ਬੈਂਕਾਂ ਕੋਲ ਸਰਕਾਰਾਂ ਨੂੰ ਦੇਣ ਲਈ ਪੈਸਾ ਨਹੀਂ। ਹੁਣ ਕੇਂਦਰ ਸਰਕਾਰ ਗਲੋਬਲ ਬਾਂਡ ਜਾਰੀ ਕਰਕੇ ਵਿਦੇਸ਼ਾਂ ਤੋਂ ਪੈਸਾ ਇਕੱਠਾ ਕਰਨ ਦੀ ਤਿਆਰੀ ਕਰ ਰਹੀ ਹੈ।*

*ਆਰ ਬੀ ਆਈ ਨੂੰ ਇਹ ਅਹਿਸਾਸ ਹੋਵੇਗਾ ਕਿ ਜੇਕਰ ਸਮਾਂ ਰਹਿੰਦੇ ਸਥਿਤੀ ਨੂੰ ਸੰਭਾਲਿਆ ਨਾ ਗਿਆ ਅਤੇ ਵਿਸ਼ਵ ਬਰਾਦਰੀ ਤੇ ਲੋਕਾਂ ਦਾ ਭਰੋਸਾ ਰਿਜ਼ਰਵ ਬੈਂਕ ਤੋਂ ਉਠ ਗਿਆ ਤਾਂ ਦੇਸ਼ ਦੀ ਆਰਥਕ ਸਥਿਤੀ ਨੂੰ ਸੰਭਾਲਣਾ ਔਖਾ ਹੋ ਜਾਵੇਗਾ। ਇਸ ਲਈ ਪੇਟੀਐਮ ਤਾਂ ਸ਼ੁਰੂਆਤ ਹੈ, ਬਾਕੀ ਵਿੱਤੀ ਕੰਪਨੀਆਂ 'ਤੇ ਵੀ ਦੇਰ-ਸਵੇਰ ਕਾਰਵਾਈ ਹੋ ਸਕਦੀ ਹੈ।*

*ਪਰ ਇਸ ਨਾਲ ਸਮੱਸਿਆ ਹੱਲ ਹੋ ਜਾਣ ਦੀ ਥਾਂ ਹੋਰ ਵਿਕਰਾਲ ਹੋ ਜਾਵੇਗੀ। ਅੱਜ ਹਰ ਗਲੀ-ਮੁਹੱਲੇ ਹੀ ਨਹੀਂ, ਪਿੰਡਾਂ ਤੱਕ ਕਰਜ਼ਾ ਦੇਣ ਵਾਲਿਆਂ ਦਾ ਇੱਕ ਜਾਲ ਵਿਛਿਆ ਹੋਇਆ ਹੈ, ਜਿਹੜੇ 10 ਫ਼ੀਸਦੀ ਤੱਕ ਵਿਆਜ ਉੱਤੇ ਕਰਜ਼ਾ ਦਿੰਦੇ ਹਨ। ਕੰਪਨੀਆਂ ਉੱਤੇ ਰੋਕ ਲੱਗ ਜਾਵੇਗੀ ਤਾਂ ਲੋਕ ਉਧਰ ਚਲੇ ਜਾਣਗੇ। ਅਸਲ ਸਮੱਸਿਆ ਇਹ ਹੈ ਕਿ ਲੋਕਾਂ ਦਾ ਆਪਣੀ ਆਮਦਨ ਨਾਲ ਗੁਜ਼ਾਰਾ ਨਹੀਂ ਹੋ ਰਿਹਾ। ਇਸ ਦੀ ਅਸਲ ਗੁਨਾਹਗਾਰ ਸਰਕਾਰ ਹੈ, ਜਿਸ ਨੇ ਆਪਣਾ ਮੂੰਹ ਧਨਕੁਬੇਰਾਂ ਵੱਲ ਕੀਤਾ ਹੋਇਆ ਹੈ। ਜਿੰਨਾ ਚਿਰ ਤੱਕ ਸਰਕਾਰ ਦਾ ਮੂੰਹ ਆਮ ਲੋਕਾਂ ਵੱਲ ਨਹੀਂ ਹੁੰਦਾ, ਓਨਾ ਚਿਰ ਸਥਿਤੀ ਵਿੱਚ ਸੁਧਾਰ ਨਾਮੁਮਕਿਨ ਹੈ। ਇਸ ਲਈ ਲੋਕਾਂ ਦੀ ਆਮਦਨ ਵਿੱਚ ਵਾਧਾ ਤੇ ਮਹਿੰਗਾਈ ਨੂੰ ਕੰਟਰੋਲ ਕਰਨਾ ਪਵੇਗਾ। ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਹਾਲਾਤ ਸ੍ਰੀਲੰਕਾ ਵਰਗੇ ਬਣ ਜਾਣ ਤੋਂ ਰੋਕੇ ਨਹੀਂ ਜਾ ਸਕਣਗੇ।*

**-ਚੰਦ ਫਤਿਹਪੁਰੀ**

# ਪੰਜਾਬ ਨੂੰ ਇੱਕ ਨਹੀਂ, ਅਨੇਕਾਂ ਚੁਣੌਤੀਆਂ ਦਰਪੇਸ਼


ਗੁਰਮੀਤ ਸਿੰਘ ਪਲਾਹੀ

ਪੰਜਾਬ 'ਚ ਇੱਕ ਮੰਗ ਉੱਠਣ ਲੱਗੀ ਹੈ ਕਿ ਪੰਜਾਬ ਵਿੱਚ ਵੀ ਇੱਕ ਕਾਨੂੰਨ ਬਣਨਾ ਚਾਹੀਦਾ ਹੈ ਕਿ ਕੋਈ ਵੀ ਬਾਹਰਲਾ ਵਿਅਕਤੀ (ਪੰਜਾਬੀਆਂ ਤੋਂ ਬਿਨਾਂ) ਪੰਜਾਬ ਵਿੱਚ ਜ਼ਮੀਨ ਜਾਂ ਜਾਇਦਾਦ ਨਹੀਂ ਖਰੀਦ ਸਕਦਾ। ਇਹ ਚਰਚਾ ਵੀ ਜ਼ੋਰ ਫੜ ਰਹੀ ਹੈ ਕਿ ਪੰਜਾਬ ਤੋਂ ਬਾਹਰਲੇ ਵਿਅਕਤੀ ਪੰਜਾਬ ਵਿੱਚ ਆਉਣ, ਕੋਈ ਕਿੱਤਾ ਕਰਨ, ਧਨ ਕਮਾਉਣ, ਪਰ ਜ਼ਮੀਨ-ਜਾਇਦਾਦ ਨਾ ਖਰੀਦਣ।

ਵਿਚਾਰ ਇਹ ਵੀ ਪਣਪ ਰਿਹਾ ਹੈ ਕਿ ਪੰਜਾਬ ਨੂੰ ਬਾਹਰਲੇ ਸੂਬਿਆਂ ਦੇ ਲੋਕਾਂ ਨੂੰ ਇੱਥੇ ਵਸਾ ਕੇ ਪੰਜਾਬ ਦੀ ਦਿੱਖ, ਪੰਜਾਬ ਦੀ ਬੋਲੀ, ਪੰਜਾਬ ਦੇ ਸਭਿਆਚਾਰ ਨੂੰ ਰੰਗੋਂ ਬੇਰੰਗ ਕੀਤਾ ਜਾ ਰਿਹਾ ਹੈ। ਪੰਜਾਬ ਨੂੰ ਹਥਿਆਇਆ ਜਾ ਰਿਹਾ ਹੈ। ਪੰਜਾਬ ਨੂੰ ਕਾਬੂ ਕਰਨ ਲਈ ਕੀਤੇ ਪਹਿਲੇ ਯਤਨ ਕਿਉਂਕਿ ਸਫ਼ਲ ਨਹੀਂ ਹੋ ਸਕੇ, ਇਸ ਕਰਕੇ ਨਿੱਤ ਨਵੇਂ ਹੱਥਕੰਡੇ ਅਪਨਾ ਕੇ ਪੰਜਾਬ ਨੂੰ ਆਪਣੇ ਪਾਲੇ 'ਚ ਲਿਆਉਣ ਦਾ ਯਤਨ ਹੋ ਰਿਹਾ ਹੈ।

ਇਸ ਵੇਲੇ ਭਾਰਤ 'ਚ ਬਹੁ-ਸੱਭਿਆਚਾਰੀ ਅਤੇ ਬਹੁ-ਕੌਮੀ ਸੰਸਕ੍ਰਿਤੀ ਹੈ। ਮੌਜੂਦਾ ਹਾਕਮਾਂ ਵੱਲੋਂ ਇਸ ਨੂੰ ਇੱਕ ਦੇਸ਼, ਇੱਕ ਰਾਸ਼ਟਰ 'ਚ ਤਬਦੀਲ ਕਰਨ ਦੇ ਯਤਨ ਹੋ ਰਹੇ ਹਨ। ਪੰਜਾਬ ਕੋਲ ਕੋਈ ਕੁਦਰਤੀ ਸਾਧਨ ਨਹੀਂ ਹੈ, ਬੰਦਰਗਾਹ ਨਹੀਂ ਹੈ, ਜੋ ਕਿ ਅੱਜ ਦੇ ਸਮੇਂ ਵਿੱਚ ਵਪਾਰ ਤੇ ਉਦਯੋਗੀਕਰਨ ਦੀ ਪਹਿਲੀ ਲੋੜ ਹੈ। ਲੋੜ ਤਾਂ ਇਸ ਗੱਲ ਦੀ ਸੀ ਕਿ ਪੰਜਾਬ ਵਿੱਚ ਚੰਗਾ ਮਾਹੌਲ ਸਥਾਪਤ ਕਰਨ ਲਈ ਅਤੇ ਆਰਥਿਕ ਮਜ਼ਬੂਤੀ ਲਈ ਗੁਆਂਢੀ ਦੇਸ਼ ਪਾਕਿਸਤਾਨ ਨਾਲ ਚੰਗਾ ਮਾਹੌਲ ਪੈਦਾ ਕਰਕੇ ਵਪਾਰ ਦੀ ਸਾਂਝ ਵਿਕਸਤ ਕੀਤੀ ਜਾਵੇ, ਪਰ 1947, ਫਿਰ 1965 ਦੀ ਜੰਗ, ਕਾਰਗਿਲ ਦੀ ਜੰਗ, ਜੋ ਦੇਸ਼ ਦੀਆਂ ਵੋਟਾਂ ਹਥਿਆਉਣ ਲਈ ਹਾਕਮਾਂ ਵੱਲੋਂ ਦੇਸ਼ 'ਤੇ ਮੜ੍ਹੀ ਗਈ, ਉਸ ਨੇ ਪੰਜਾਬ ਦਾ ਅਰਥਚਾਰਾ, ਪੰਜਾਬ ਦਾ ਸਮਾਜਿਕ ਤਾਣਾ-ਬਾਣਾ ਇੰਨਾ ਵਿਖਰਾਅ ਦਿੱਤਾ ਹੈ ਕਿ ਪੰਜਾਬ ਜਿਹੜਾ ਕਦੇ ਦੇਸ਼ ਦਾ ਮੋਹਰੀ ਸੂਬਾ ਸੀ, ਉਹ ਹੁਣ ਤਰੱਕੀ ਅਤੇ ਵਿਕਾਸ ਦੇ ਮਾਮਲਿਆਂ 'ਚ ਪਹਿਲੇ ਦਸਾਂ ਸੂਬਿਆਂ 'ਚ ਵੀ ਸ਼ਾਮਲ ਨਹੀਂ ਰਿਹਾ।

ਸਵਾਲ ਇਹ ਵੀ ਉੱਠ ਰਿਹਾ ਹੈ ਕਿ ਪੰਜਾਬ ਦੇ ਵਾਹੀਯੋਗ ਖੇਤ ਘਟਦੇ ਜਾ ਰਹੇ ਹਨ। ਪੰਜਾਬ ਦੇ ਹਰ ਪਾਸੇ, ਦੁਆਬੇ, ਮਾਲਵੇ, ਮਾਝੇ 'ਚ ਪੰਜਾਬ ਦੇ ਹਰ ਪਾਸੇ, ਵੱਡੀਆਂ, ਚੌੜੀਆਂ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ। ਖੇਤਾਂ ਦਾ ਸੀਨਾ ਵਿੰਨ੍ਹਿਆ ਜਾ ਰਿਹਾ ਹੈ। ਰਾਸ਼ਟਰੀ, ਸੂਬਾ ਹਾਈਵੇ ਵਾਹੀਯੋਗ ਜ਼ਮੀਨ ਨੱਪ ਰਹੇ ਹਨ। ਇਸ ਦਾ ਫਾਇਦਾ ਕਿਸ ਨੂੰ ਹੋਵੇਗਾ? ਪੰਜਾਬ ਨੂੰ? ਖੇਤੀ ਅਧਾਰਤ ਸੂਬੇ 'ਚ ਕਿਸਾਨਾਂ ਦੀ ਗਿਣਤੀ ਅਤੇ ਖੇਤਾਂ ਦੀ ਗਿਣਤੀ ਨਿੱਤ-ਦਿਹਾੜੇ ਊਣੀ ਹੋ ਰਹੀ ਹੈ। ਇਹੋ ਜਿਹੇ 'ਚ ਪੰਜਾਬ ਕਿਵੇਂ ਜੀਵੇਗਾ, ਕਿਵੇਂ ਬਚੇਗਾ?

ਇਹ ਸੱਚ ਹੈ ਕਿ ਪੰਜ ਦਰਿਆਵਾਂ ਦੀ ਧਰਤੀ, ਢਾਈ ਦਰਿਆਵਾਂ ਤੱਕ ਸੀਮਤ ਹੋ ਚੁੱਕੀ ਹੈ। ਖੇਤੀ ਲਈ ਧਰਤੀ ਹੇਠਲਾ ਪਾਣੀ ਵੱਧ ਵਰਤੇ ਜਾਣ ਕਾਰਨ ਸੂਬੇ ਦੇ 135 ਬਲਾਕਾਂ ਵਿੱਚੋਂ 127 ਬਲਾਕਾਂ 'ਚ ਪਾਣੀ ਹਰ ਵਰ੍ਹੇ ਨੀਵਾਂ ਉਤਰਨ ਕਾਰਨ ਧਰਤੀ ਹੇਠੋਂ ਪਾਣੀ ਮੁੱਕਣ ਦੀ ਚਿਤਾਵਨੀ ਮਿਲ ਰਹੀ ਹੈ। ਇਹੋ ਜਿਹੀ ਸਥਿਤੀ 'ਚ ਜ਼ਰਖੇਜ਼ ਪੰਜਾਬ ਦੀ ਧਰਤੀ ਕੀ ਮਾਰੂਥਲ ਨਹੀਂ ਬਣ ਜਾਏਗੀ? ਬਿਲਕੁਲ ਇਹੋ ਜਿਹੇ ਸੰਕੇਤ ਪੰਜਾਬ ਦੀ ਆਬਾਦੀ 'ਚੋਂ ਨਿਕਾਸ ਹੋਣ ਅਤੇ ਨੌਜਵਾਨਾਂ ਦੇ ਪ੍ਰਵਾਸ ਦੇ ਮਿਲ ਰਹੇ ਹਨ। ਇਹ ਪ੍ਰਵਾਸ 'ਮਨ ਭਾਉਂਦਾ' ਨਹੀਂ, ਮਜਬੂਰੀਵੱਸ ਪ੍ਰਵਾਸ ਹੈ। ਸੂਬੇ 'ਚ ਨੌਕਰੀ ਨਹੀਂ, ਸੂਬੇ 'ਚ ਚੈਨ ਨਹੀਂ, ਸੂਬੇ 'ਚ ਸ਼ਾਂਤੀ ਨਹੀਂ, ਸੂਬੇ 'ਚ ਮਾਪਿਆਂ ਦੀ ਬੇਚੈਨੀ ਹੈ, ਨਸ਼ਾ ਅੰਤਾਂ ਦੇ ਪੈਰ ਪਸਾਰ ਬੈਠਾ ਹੈ, ਮਾਪੇ ਆਪਣੇ ਖੇਤ, ਲਾਡਲੇ ਪੁੱਤਾਂ, ਧੀਆਂ ਖਾਤਰ ਵੇਚਣ ਲਈ ਮਜਬੂਰ ਹੋਏ ਪਏ ਹਨ। ਲੱਖਾਂ ਦਾ ਕਰਜ਼ਾ ਲੈ ਕੇ ਅਣਦਿਸਦੇ ਰਾਹਾਂ ਉਤੇ ਬੱਚਿਆਂ ਨੂੰ ਤੋਰਨ ਲਈ ਉਹ ਮਜਬੂਰ ਹਨ।

ਪੰਜਾਬ ਦੇ ਪਿੰਡਾਂ ਦਾ ਦ੍ਰਿਸ਼ ਵੇਖੋ। ਘਰਾਂ ਦੇ ਘਰ ਖਾਲੀ ਪਏ ਹਨ। ਮਕਾਨਾਂ ਨੂੰ ਜਿੰਦਰੇ ਲੱਗੇ ਹੋਏ ਹਨ। ਆਲੀਸ਼ਾਨ ਕੋਠੀਆਂ ਕਿਸੇ ਦੂਸਰੇ, ਅਜਨਬੀ ਦੇ ਹਵਾਲੇ ਕੀਤੀਆਂ ਪਈਆਂ ਹਨ। ਜ਼ਮੀਨਾਂ,ਕਿਰਾਏ 'ਤੇ ਚੜ੍ਹਾ ਕੇ ਪੰਜਾਬ ਦੇ ਵਾਸੀ, ਖੇਤਾਂ ਦੇ ਮਾਲਕ ਆਪ ਕਿਰਤ ਕਰਦੇ ਵਿਦੇਸ਼ਾਂ 'ਚ ਬੈਠੇ ਹਨ। ਦੇਰ-ਸਵੇਰ ਉਹਨਾ ਦੇ ਮੁੜ ਪਰਤਣ ਦੀ ਉਮੀਦ ਬਹੁਤੀ ਨਹੀਂ, ਉਹਨਾ ਦੀ ਔਲਾਦ ਤਾਂ ਪੰਜਾਬ ਵੱਲ ਵੇਖਣ ਲਈ ਵੀ ਤਿਆਰ ਨਹੀਂ।

ਇਹੋ ਜਿਹੀਆਂ ਹਾਲਤਾਂ ਵਿੱਚ ਸੂਬੇ ਪੰਜਾਬ ਦੇ ਹਾਲਾਤ ਕਿਹੋ ਜਿਹੇ ਹਨ। ਸੂਬੇ ਦਾ ਹਰ ਵਿਅਕਤੀ ਕਰਜ਼ਾਈ ਹੈ। ਕਿਸੇ ਨੇ ਆੜ੍ਹਤੀਆਂ ਤੋਂ, ਕਿਸੇ ਨੇ ਬੈਂਕਾਂ ਤੋਂ ਲਿਮਟ ਬਣਾ ਕੇ ਕਰਜ਼ਾ ਲਿਆ ਹੋਇਆ ਹੈ ਅਤੇ ਕਰਜ਼ਾ ਲੈ ਕੇ ਖੇਤੀ ਕਰਨ ਲਈ ਕਿਸਾਨ ਮਜਬੂਰ ਹਨ। ਨਰੇਗਾ ਕਾਮਿਆਂ ਨੂੰ ਸਾਲ 'ਚ ਮਸਾਂ 100 ਦਿਨ ਦਾ ਰੁਜ਼ਗਾਰ ਮਿਲਦਾ ਹੈ। ਖੇਤ ਮਜ਼ਦੂਰ ਲੰਮਾ ਸਮਾਂ ਕਿਸਾਨਾਂ ਦੇ ਨਾਲ-ਨਾਲ ਵਿਹਲੇ ਰਹਿੰਦੇ ਹਨ। ਕਰਜ਼ਦਾਰ ਹਨ। ਸਿਤਮ ਦੀ ਗੱਲ ਵੇਖੋ ਕਿ ਪੂਰੇ ਦੇਸ਼ ਦਾ ਅੰਨ ਭੰਡਾਰ ਭਰਨ ਵਾਲੇ ਪੰਜਾਬ ਦੀ 50 ਫੀਸਦੀ ਆਬਾਦੀ ਮੁਫ਼ਤ ਰਾਸ਼ਨ ਲੈਣ ਲਈ ਮਜਬੂਰ ਹੈ। ਸੂਬੇ ਸਿਰ ਇਸ ਵੇਲੇ 3.27 ਲੱਖ ਕਰੋੜ ਰੁਪਏ ਦਾ ਕਰਜ਼ਾ ਹੈ। ਜਦੋਂ ਸੂਬਾ ਸਰਕਾਰ ਕੋਲ ਆਮਦਨ ਦੇ ਲੋੜੀਂਦੇ ਸਾਧਨ ਹੀ ਨਹੀਂ, ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ, ਗੈਂਗਸਟਰ ਤੇ ਮਾਫੀਆ ਸੂਬੇ 'ਚ ਆਮ ਹੈ ਤਾਂ ਫਿਰ ਲੋਕਾਂ ਦਾ ਆਮ ਜੀਵਨ ਕਿਵੇਂ ਸੁਖਾਵਾਂ ਹੋਏਗਾ?

ਹਰ ਸੂਬੇ ਜਾਂ ਦੇਸ਼ ਦੇ ਵਿਕਾਸ ਲਈ ਉੱਥੇ ਸਿੱਖਿਆ ਅਤੇ ਸਿਹਤ ਸੇਵਾਵਾਂ ਚੰਗੀਆਂ ਹੋਣੀਆਂ ਲੋੜੀਂਦੀਆਂ ਹਨ। ਪੰਜਾਬ 'ਚ ਨਿੱਤ ਨਵੇਂ ਪ੍ਰਾਜੈਕਟ ਆ ਰਹੇ ਹਨ। 2024-25 ਦੇ ਸੈਸ਼ਨ 'ਚ ਸਰਕਾਰ ਵੋਕੇਸ਼ਨਲ ਐਜੂਕੇਸ਼ਨ ਦੇ ਨਾਂਅ ਉਤੇ 40 ਸਕੂਲਾਂ 'ਚ ਪਾਇਲਟ ਪ੍ਰਾਜੈਕਟ ਲਿਆ ਰਹੀ ਹੈ, ਤਾਂ ਕਿ ਹੱਥੀਂ ਕਿੱਤਾ ਸਿਖਾ ਕੇ ਵਿਦਿਆਰਥੀ ਰੁਜ਼ਗਾਰਤ ਹੋ ਸਕਣ, ਪਰ ਪੰਜਾਬ ਦੇ ਸਿੱਖਿਆ ਪ੍ਰਬੰਧ ਤੇ ਹਾਲਾਤ ਬਾਰੇ ਇੱਕ ਰਿਪੋਰਟ ਛਪੀ ਹੈ, ਜਿਸ ਵਿੱਚ ਪੰਜਾਬ ਦੇ 11000 ਬੱਚਿਆਂ ਦਾ ਮੁਲਾਂਕਣ ਕੀਤਾ ਗਿਆ। ਇਹਨਾਂ ਸਰਕਾਰੀ ਸਕੂਲਾਂ 'ਚ ਪੜ੍ਹਨ ਵਾਲੇ ਬੱਚਿਆਂ 'ਚੋਂ 39 ਫੀਸਦੀ ਹੀ ਪੰਜਾਬੀ 'ਚ ਲਿਖੀ ਕਹਾਣੀ ਪੜ੍ਹ ਪਾਉਂਦੇ ਹਨ। 4 ਫੀਸਦੀ ਨੂੰ ਅੱਖਰਾਂ ਦੀ ਪਹਿਚਾਣ ਨਹੀਂ। ਦੋ ਫੀਸਦੀ ਬੱਚੇ ਗਣਿਤ ਦੇ ਬਾਰੇ ਹੀ ਨਹੀਂ ਜਾਣਦੇ। ਇਸ ਤੋਂ ਵੀ ਹੈਰਾਨੀ ਦੀ ਗੱਲ ਇਹ ਹੈ ਕਿ ਪੰਜਾਬ 'ਚ 13 ਫੀਸਦੀ ਸਕੂਲ ਇਹੋ ਜਿਹੇ ਹਨ, ਜਿੱਥੇ ਪ੍ਰਾਇਮਰੀ ਸਕੂਲ 'ਚ ਪੜ੍ਹਨ ਵਾਲੇ ਪਹਿਲੀ ਤੋਂ ਪੰਜਵੀਂ ਜਮਾਤ ਦੇ ਬੱਚਿਆਂ ਲਈ ਇੱਕ ਅਧਿਆਪਕ ਹੈ। ਇਹ ਸਥਿਤੀ ਕੀ 'ਤਰੱਕੀ ਕਰ ਚੁੱਕੇ' ਪੰਜਾਬ ਦੀ ਸਥਿਤੀ ਨਹੀਂ ਬਿਆਨਦੀ?

ਅਸਲ 'ਚ ਪੰਜਾਬ ਨੂੰ ਸਿਰਫ ਆਰਥਿਕ ਮਰੋੜਾ ਹੀ ਨਹੀਂ ਚਾੜ੍ਹਿਆ ਗਿਆ, ਇਸ ਦੇ ਵਸ਼ਿੰਦਿਆਂ ਦੀ ਸਿਹਤ ਨਾਲ ਖਿਲਵਾੜ ਕਰਨ ਲਈ ਨਸ਼ਿਆਂ ਦੇ ਦਰਿਆ ਵਹਾਅ ਦਿੱਤੇ ਗਏ। ਸਿੱਖਿਆ ਤੋਂ ਵਿਰਵੇ ਰੱਖਣ ਲਈ ਸਕੂਲਾਂ 'ਚ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਵੀ ਮੁਹੱਈਆ ਨਹੀਂ ਹੋਈਆਂ। ਸਿੱਟਾ ਨੌਜਵਾਨਾਂ 'ਚ ਵਧ ਰਹੀ ਸਿਹਤ ਤੇ ਸਿੱਖਿਆ ਪੱਖੋਂ ਘਾਟ ਸੂਬੇ ਦੇ ਨਿਘਾਰ ਦਾ ਕਾਰਨ ਬਣਦੀ ਗਈ ਹੈ।

ਜ਼ਰਾ ਸੋਚੋ, ਜਦੋਂ ਪੰਜਾਬ ਆਰਥਿਕ ਤੌਰ 'ਤੇ ਕਮਜ਼ੋਰ ਹੋ ਰਿਹਾ ਹੈ। ਕਰਜ਼ੇ ਨਾਲ ਪਰੁੰਨਿਆ ਗਿਆ ਹੈ। ਪ੍ਰਵਾਸ ਦੇ ਰਸਤੇ ਪਾ ਦਿੱਤਾ ਗਿਆ ਹੈ ਤੇ ਇੱਥੋਂ ਦੇ ਵਸ਼ਿੰਦਿਆਂ ਦੀ ਜ਼ਮੀਨ ਬੈਂਕਾਂ ਦੀਆਂ ਲਿਮਟਾਂ ਦੇ ਹਵਾਲੇ ਪਈ ਹੈ ਤਾਂ ਦੇਰ ਨਹੀਂ ਤਾਂ ਸਵੇਰ ਕੀ ਇਹ ਹਥਿਆ ਨਹੀਂ ਲਈ ਜਾਏਗੀ?

ਇਸ ਸਥਿਤੀ 'ਤੇ ਕਾਬੂ ਪਾਉਣ ਲਈ ਖੇਤੀ ਅਧਾਰਤ ਫੂਡ ਪ੍ਰੋਸੈਸਿੰਗ ਛੋਟੇ ਉਦਯੋਗ, ਲਘੂ ਉਦਯੋਗ ਲਾਉਣ ਦੀ ਲੋੜ ਸੀ, ਪਰ ਪੰਜਾਬ ਦੇ ਸਿਆਸਤਦਾਨਾਂ, ਨੀਤੀਵਾਨਾਂ ਨੂੰ ਤਾਂ ਆਪਣੀ ਕੁਰਸੀ ਬਚਾਉਣ ਅਤੇ ਕੁਰਸੀ ਖੋਹਣ ਤੋਂ ਹੀ ਵਿਹਲ ਨਹੀਂ ਮਿਲੀ। ਕਿੰਨੇ ਕੁ ਨੇਤਾ ਨੇ ਪੰਜਾਬ 'ਚ ਜਿਹੜੇ ਸਿਰਫ਼ ਪੰਜਾਬ ਦੇ ਭਲੇ ਹਿੱਤ ਵਿਕਦੇ ਜਾ ਰਹੇ ਕਰਜ਼ਾਈ ਪੰਜਾਬ ਨੂੰ, ਥਾਂ ਸਿਰ ਕਰਨ ਲਈ ਫਿਕਰਮੰਦ ਹਨ। ਪੰਜਾਬ ਹਿਤੈਸ਼ੀ ਕਿੰਨੇ ਕੁ ਬੁੱਧੀਜੀਵੀ ਹਨ, ਲੇਖਕ ਹਨ, ਚਿੰਤਕ ਹਨ, ਸਮਾਜੀ ਕਾਰਕੁੰਨ ਹਨ, ਜਿਹੜੇ ਤਿਲ-ਤਿਲ ਮਰਦੇ ਜਾ ਰਹੇ, ਪੰਜਾਬ ਨੂੰ ਥਾਂ ਸਿਰ ਕਰਨ ਲਈ ਤਤਪਰ ਹਨ ਜਾਂ ਅੱਗੇ ਆ ਰਹੇ ਹਨ। ਮਾਯੂਸੀ ਹੁੰਦੀ ਹੈ ਉਦੋਂ ਜਦੋਂ ਕੋਈ ਪੰਜਾਬ 'ਚ ਹਾਅ ਦਾ ਨਾਹਰਾ ਜੇਕਰ ਕੋਈ ਮਾਰਦਾ ਹੈ, ਪਰ ਦੂਜੇ ਉਸ ਨੂੰ ਸਹੀ ਸਮਝਦਿਆਂ ਵੀ ਇੱਕ ਪਲੇਟਫਾਰਮ 'ਤੇ ਇਕੱਠੇ ਨਹੀਂ ਹੋ ਰਹੇ।

ਅੱਜ ਦਸ ਖੇਤਾਂ ਦਾ ਮਾਲਕ ਵੀ ਪੰਜਾਬ 'ਚ ਕੰਗਾਲ ਹੈ। ਅੱਜ ਮਜ਼ਦੂਰ ਵੀ ਸਹੀ ਉਜਰਤ ਪ੍ਰਾਪਤ ਨਹੀਂ ਕਰਦਾ। ਅੱਜ ਪੰਜਾਬ ਦੇ ਮੱਧ ਵਰਗੀ ਪਰਵਾਰ ਵੀ ਕਰਜ਼ੇ ਹੇਠ ਜੀਊ ਰਹੇ ਹਨ। ਅੰਕੜੇ ਵੱਡੇ ਹਨ।

ਸਰਕਾਰੀ ਅੰਕੜੇ ਤਾਂ ਕਹਿੰਦੇ ਹਨ ਕਿ ਪੰਜਾਬ ਦਾ ਕਿਸਾਨ ਮੁਫ਼ਤ ਬਿਜਲੀ ਲੈ ਰਿਹਾ ਹੈ। ਸਬਸਿਡੀ ਲੈ ਰਿਹਾ ਹੈ, ਖਾਦਾਂ ਤੇ ਬੀਜਾਂ 'ਤੇ। ਅਤੇ ਖੁਸ਼ਹਾਲ ਹੈ। ਤਾਂ ਫਿਰ ਉਹ ਸ਼ਤੀਰਾਂ ਨੂੰ ਜੱਫੇ ਕਿਉਂ ਪਾ ਰਿਹਾ। ਸੂਬੇ ਦੇ 90 ਫੀਸਦੀ ਛੋਟੇ ਕਿਸਾਨ ਕਰਜ਼ਾਈ ਹਨ।

ਬੇਰੁਜ਼ਗਾਰੀ ਦੇ ਸਤਾਏ ਮੱਧ ਵਰਗੀ ਲੋਕ ਪ੍ਰੇਸ਼ਾਨ ਹਨ। ਓਨੀ ਆਮਦਨ ਨਹੀਂ, ਜਿੰਨਾ ਖ਼ਰਚ ਹੈ। ਤੰਗੀਆਂ-ਤੁਰਸ਼ੀਆਂ ਕਾਰਨ ਹੋਰ ਕੁਝ ਸੋਚਣ ਤੋਂ ਬਿਨਾਂ ਬਸ ਰੋਟੀ-ਟੁੱਕ ਦੇ ਜੁਗਾੜ 'ਚ ਹਨ।

ਪੰਜਾਬ ਖੁਰ ਰਿਹਾ ਹੈ। ਨੈਤਿਕ ਤੌਰ 'ਤੇ ਕਮਜ਼ੋਰ ਹੋ ਰਿਹਾ ਹੈ। ਪੰਜਾਬ ਦਾ ਬਰੇਨ, ਪ੍ਰਵਾਸ ਕਾਰਨ ਡਰੇਨ ਹੋ ਰਿਹਾ ਹੈ। ਆਉਣ ਵਾਲੇ ਸਮੇਂ 'ਚ ਖੇਤੀ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਨਹੀਂ ਰਹੇਗੀ। ਪਾਣੀ ਨਹੀਂ ਹੋਵੇਗਾ ਤਾਂ ਖੇਤੀ ਕਿੱਥੋਂ ਹੋਵੇਗੀ? ਪੰਜਾਬ ਦੀ 75 ਫੀਸਦੀ ਆਬਾਦੀ ਖੇਤੀ ਅਧਾਰਤ ਹੈ। ਸੂਬਾ ਪੰਜਾਬ ਦੇਸ਼ ਦੀਆਂ 35 ਤੋਂ 40 ਫੀਸਦੀ ਚਾਵਲ ਦੀਆਂ ਲੋੜਾਂ ਅਤੇ 40 ਤੋਂ 75 ਫੀਸਦੀ ਕਣਕ ਦੀਆਂ ਲੋੜਾਂ ਪਿਛਲੇ ਦੋ ਦਹਾਕਿਆਂ ਤੋਂ ਵੀ ਵੱਧ ਸਮੇਂ ਤੋਂ ਪੂਰੀਆਂ ਕਰ ਰਿਹਾ ਹੈ। ਸੂਬੇ 'ਚ 10.54 ਲੱਖ ਕਿਸਾਨ ਹਨ। ਜਿਹਨਾਂ ਵਿੱਚੋਂ ਬਹੁਤੇ ਛੋਟੇ ਕਿਸਾਨ ਹਨ। ਪਿਛਲੇ ਕੁਝ ਸਮੇਂ 'ਚ ਕਿਸਾਨ ਜ਼ਮੀਨਾਂ ਵੇਚ ਕੇ ਮਜ਼ਦੂਰੀ ਕਰਨ ਦੇ ਰਾਹ ਪਏ ਹਨ, ਕਿਉਂਕਿ ਖੇਤੀ ਉਹਨਾ ਨੂੰ ਰੋਟੀ ਨਹੀਂ ਦੇ ਸਕੀ।

ਅੱਜ ਪੰਜਾਬ ਦੀ ਜ਼ਮੀਨ ਵਿਕ ਰਹੀ ਹੈ। ਕਦੇ ਸਾਡੇ ਗੁਆਂਢੀ ਰਾਜ ਹਿਮਾਚਲ ਪ੍ਰਦੇਸ਼ ਦੇ ਤਤਕਾਲੀ ਮੁੱਖ ਮੰਤਰੀ ਵਾਈ ਐੱਸ ਪਰਮਾਰ ਨੇ ਆਪਣੇ ਸੂਬੇ ਦੇ ਬਾਗਬਾਨੀ ਕਰਨ ਵਾਲੇ ਕਿਸਾਨਾਂ ਦੇ ਹਿੱਤਾਂ ਲਈ ਸੂਬੇ ਵਿੱਚ ਹਿਮਾਚਲ ਵਾਸੀਆਂ ਤੋਂ ਬਿਨਾਂ ਕਿਸੇ ਹੋਰ ਵੱਲੋਂ ਖੇਤੀ, ਬਾਗਬਾਨੀ ਜ਼ਮੀਨ ਨਾ ਖਰੀਦੇ ਜਾਣ ਲਈ ਇਕ ਕਾਨੂੰਨ ਬਣਾ ਦਿੱਤਾ ਸੀ। ਇਸੇ ਕਰਕੇ ਬਾਹਰਲਾ ਕੋਈ ਧਨਾਢ ਸੂਬੇ ਦੀ ਜ਼ਮੀਨ 'ਤੇ ਉਥੋਂ ਦੀ ਆਰਥਿਕਤਾ ਹਥਿਆ ਨਹੀਂ ਸੀ ਸਕਿਆ। ਇਸੇ ਤਰ੍ਹਾਂ ਭਾਰਤ ਦੇ ਸੂਬੇ ਸਿੱਕਮ ਵਿੱਚ ਕੋਈ ਵੀ ਬਾਹਰਲਾ ਵਿਅਕਤੀ ਕੋਈ ਵੀ ਜ਼ਮੀਨ ਜਾਂ ਜਾਇਦਾਦ ਨਹੀਂ ਖਰੀਦ ਸਕਦਾ। ਸੰਵਿਧਾਨ ਦੀ ਧਾਰਾ 371 (ਐੱਫ) ਅਨੁਸਾਰ ਹਿਮਾਲੀਅਨ ਰਾਜ ਸਿੱਕਮ ਵਿੱਚ ਸਿਰਫ ਰਾਜ ਦੇ ਕਬੀਲਿਆਂ ਦੇ ਲੋਕਾਂ ਨੂੰ ਹੀ ਇਸ ਖੇਤਰ ਵਿੱਚ ਜ਼ਮੀਨ ਜਾਂ ਜਾਇਦਾਦ ਦੀ ਖਰੀਦੋ-ਫਰੋਖ਼ਤ ਕਰਨ ਦੇ ਅਧਿਕਾਰ ਪ੍ਰਾਪਤ ਹਨ। ਝਾਰਖੰਡ, ਨਾਗਾਲੈਂਡ, ਉਤਰਾਖੰਡ ਵੀ ਇਹੋ ਜਿਹੇ ਸੂਬੇ ਹਨ, ਜਿੱਥੇ ਖੇਤੀਬਾੜੀ ਜਾਂ ਹੋਰ ਜਾਇਦਾਦ ਬਾਹਰਲੇ ਲੋਕ ਨਹੀਂ ਖਰੀਦ ਸਕਦੇ।

ਪੰਜਾਬ ਦੀ ਆਰਥਿਕਤਾ ਦੀ ਰੂਹ ਖੇਤੀ ਹੈ। ਪੰਜਾਬੀ ਕਿਸਾਨ ਉੱਦਮੀ ਹੀ ਸੂਬੇ ਨੂੰ ਕੰਗਾਲ ਹੋਣੋਂ ਬਚਾਅ ਸਕਦੇ ਹਨ। ਪੰਜਾਬ ਦੀ ਆਰਥਿਕਤਾ ਥਾਂ ਸਿਰ ਕਰਨ ਲਈ ਇਹ ਜ਼ਰੂਰੀ ਹੈ ਕਿ ਸੂਬੇ 'ਚ ਵੱਡੇ ਸ਼ਾਹੂਕਾਰਾਂ ਦੀ ਆਮਦ ਰੋਕੀ ਜਾਵੇ। ਪੰਜਾਬ ਦੇ ਕਿਸਾਨਾਂ ਨੇ ਪਹਿਲਕਦਮੀ ਕਰਕੇ ਕਾਲੇ ਕਾਨੂੰਨ ਵਾਪਸ ਕਰਵਾਏ । ਇਹ ਇਕ ਸ਼ੁੱਭ ਸ਼ਗਨ ਹੈ। ਪੰਜਾਬ 'ਚ ਖੇਤੀ, ਜ਼ਮੀਨ ਬਾਹਰਲਿਆਂ ਹੱਥ ਜਾਣੋਂ ਰੋਕਣ ਲਈ ਕਾਨੂੰਨ ਪਾਸ ਕੀਤਾ ਜਾਣਾ, ਸੋਚਿਆ ਜਾਣਾ ਚਾਹੀਦਾ ਹੈ।

*# ਸੰਪਰਕ : 98158-02070*

# ਚਾਈਨਾ ਡੋਰ ਤੇਜ਼ ਹਥਿਆਰ ਤੋਂ ਜ਼ਿਆਦਾ ਖਤਰਨਾਕ

ਦਿਨੇਸ਼ ਦਮਾਥੀਆ

ਚਾਈਨਾ ਡੋਰ ਆਮ ਲੋਕਾਂ ਲਈ ਬਹੁਤ ਹੀ ਘਾਤਕ ਸਾਬਤ ਹੋ ਰਹੀ ਹੈ। ਅੱਜਕੱਲ੍ਹ ਅਕਸਰ ਹੀ ਸਾਨੂੰ ਆਪਣੇ ਆਸ-ਪਾਸ ਤੋਂ ਚਾਈਨਾ ਡੋਰ ਤੋਂ ਹੋ ਰਹੇ ਜਾਨਲੇਵਾ ਹਾਦਸਿਆਂ ਦੀਆਂ ਖਬਰਾਂ ਦੇਖਣ ਅਤੇ ਸੁਣਨ ਨੂੰ ਮਿਲ ਰਹੀਆਂ ਹਨ। ਕਿਸੇ ਦਾ ਇਸ ਡੋਰ ਨਾਲ ਹੱਥ-ਪੈਰ ਕੱਟਿਆਂ ਜਾ ਰਿਹਾ ਹੈ ਅਤੇ ਕਿਸੇ ਨੂੰ ਇਸ ਡੋਰ ਕਰਕੇ ਬਿਜਲੀ ਦਾ ਕਰੰਟ ਲੱਗ ਰਿਹਾ ਹੈ। ਆਮ ਰਾਹ ਜਾਂਦੇ ਰਾਹੀ ਨੂੰ ਵੀ ਇਸ ਚਾਈਨਾ ਡੋਰ ਤੋਂ ਬਹੁਤ ਭਾਰਾ ਨੁਕਸਾਨ ਹੋ ਰਿਹਾ ਹੈ। ਪਤੰਗ ਉਡਾਉਣ ਵਿੱਚ ਕੋਈ ਬੁਰੀ ਗੱਲ ਨਹੀਂ, ਸਗੋਂ ਇਹ ਪਤੰਗ ਉਡਾਉਣਾ ਤਾਂ ਸਾਡੇ ਪੰਜਾਬੀ ਸੱਭਿਆਚਾਰ ਦਾ ਇੱਕ ਮਜ਼ਬੂਤ ਹਿੱਸਾ ਹੈ, ਪਰ ਸਮੇਂ ਦੇ ਚੱਲਦੇ ਇਹ ਪਤੰਗ ਉਡਾਉਣ ਦਾ ਸ਼ੌਂਕ ਬਹੁਤ ਜਾਨਲੇਵਾ ਹੁੰਦਾ ਜਾ ਰਿਹਾ ਹੈ। ਪਤੰਗ ਉਡਾਉਣ ਵੇਲੇ ਜਦੋਂ ਇਸ ਚਾਈਨਾ ਡੋਰ ਦੀ ਵਰਤੋਂ ਕੀਤੀ ਜਾਂਦੀ ਹੈ ਤਾਂ ਇਹ ਡੋਰ ਅਕਸਰ ਹੀ ਪਤੰਗ ਦੇ ਨਾਲ ਕਿਸੇ ਬਿਜਲੀ ਦੇ ਖੰਭੇ ਦੀਆਂ ਤਾਰਾਂ ਨਾਲ ਫਸ ਜਾਂਦੀ ਹੈ ਅਤੇ ਨਤੀਜੇ ਵਜੋਂ ਬਿਜਲੀ ਦੀਆਂ ਤਾਰਾਂ ਵਿੱਚ ਮੌਜੂਦ ਕਰੰਟ ਇਸ ਚਾਈਨਾ ਡੋਰ ਵਿੱਚੋਂ ਹੁੰਦਾ ਹੋਇਆ ਪਤੰਗ ਨੂੰ ਉਡਾਉਣ ਵਾਲੇ ਬੱਚੇ ਜਾਂ ਵਿਅਕਤੀ ਤੱਕ ਪਹੁੰਚ ਜਾਂਦਾ ਹੈ ਅਤੇ ਭਿਆਨਕ ਜਾਨੀ ਨੁਕਸਾਨ ਹੋ ਜਾਂਦਾ ਹੈ। ਇਹ ਚਾਈਨਾ ਡੋਰ ਪਲਾਸਟਿਕ ਅਤੇ ਧਾਤ ਦੀ ਬਣੀ ਹੁੰਦੀ ਹੈ ਅਤੇ ਇਸ ਨੂੰ ਜ਼ੋਰ ਲਗਾ ਕੇ ਵਿਚਕਾਰੋਂ ਤੋੜਨਾ ਬਹੁਤ ਅਸੰਭਵ ਹੁੰਦਾ ਹੈ। ਇਸ ਕਰਕੇ ਜਾਂ ਤੇ ਇਹ ਹੱਥਾਂ ਨੂੰ ਚੀਰ ਦਿੰਦੀ ਹੈ ਅਤੇ ਜਾਂ ਰਾਹਾਂ ਵਿੱਚ ਜਾਣ ਵਾਲੇ ਲੋਕਾਂ ਦੇ ਮੂੰਹ, ਸਿਰ, ਧੌਣ ਅਤੇ ਸਰੀਰ ਦੇ ਹੋਰ ਕਈ ਨਾਜ਼ੁਕ ਅੰਗਾਂ ਨੂੰ ਕੱਟ ਦਿੰਦੀ ਹੈ ਅਤੇ ਜਿਸ ਕਰਕੇ ਹੁਣ ਤੱਕ ਬਹੁਤ ਸਾਰੀਆਂ ਜਾਨਾਂ ਜਾ ਚੁੱਕੀਆਂ ਹਨ। ਇਸ ਚਾਈਨਾ ਡੋਰ ਦੀ ਲਪੇਟ ਵਿੱਚ ਆ ਕੇ ਬਹੁਤ ਸਾਰੇ ਪਸ਼ੂ ਅਤੇ ਪੰਛੀ ਵੀ ਆਪਣੀ ਜਾਨ ਗੁਆ ਬੈਠਦੇ ਹਨ ਜਾਂ ਬਹੁਤ ਜ਼ਿਆਦਾ ਜ਼ਖਮੀ ਹੋ ਜਾਂਦੇ ਹਨ। ਇਸ ਸਾਰੇ ਹਾਲਾਤ ਨੂੰ ਦੇਖਦੇ ਹੋਏ ਸਾਨੂੰ ਸਾਰਿਆਂ ਨੂੰ ਆਪਣੇ ਪਰਵਾਰ ਅਤੇ ਆਪਣੇ ਸਮਾਜ ਪ੍ਰਤੀ ਪੂਰੀ ਜਾਗਰੂਕਤਾ ਦਿਖਾਉਣ ਦੀ ਜ਼ਰੂਰਤ ਹੈ। ਚਾਈਨਾ ਡੋਰ ਇੱਕ ਤੇਜ਼ਧਾਰ ਹਥਿਆਰ ਦੀ ਤਰ੍ਹਾਂ ਵਾਰ ਕਰਦੀ ਹੈ ਅਤੇ ਵੱਡਾ ਨੁਕਸਾਨ ਕਰਦੀ ਹੈ। ਇਸ ਚਾਈਨਾ ਡੋਰ ਦੀ ਵਿਕਰੀ ਅਤੇ ਵਰਤੋਂ ਉੱਤੇ ਸਖ਼ਤ ਪਾਬੰਦੀ ਲਗਾਉਣ ਦੀ ਲੋੜ ਹੈ। ਪੁਲਸ ਅਤੇ ਪ੍ਰਸ਼ਾਸਨ ਨੂੰ ਸਮਾਜ ਵਿੱਚ ਹੋ ਰਹੇ ਇਸ ਚਾਈਨਾ ਡੋਰ ਦੀ ਵਰਤੋਂ ਅਤੇ ਵਪਾਰ ਜਿਹੇ ਅਪਰਾਧਾਂ ਨੂੰ ਰੋਕਣ ਲਈ ਠੋਸ ਕਦਮ ਚੁੱਕਣ ਦੀ ਲੋੜ ਹੈ। ਕੁਝ ਵਿਅਕਤੀਆਂ ਦੁਆਰਾ ਇਸ ਚਾਈਨਾ ਡੋਰ ਦੀ ਧੜਾਧੜ ਵਿਕਰੀ ਕੀਤੀ ਜਾ ਰਹੀ ਹੈ। ਪੰਜਾਬ ਵਿੱਚ ਪਤੰਗਾਂ ਉਡਾਉਣ ਨੂੰ ਇੱਕ ਤਿਉਹਾਰ ਵਜੋਂ ਮਨਾਇਆ ਜਾਂਦਾ ਹੈ। ਇਸ ਲਈ ਬਾਕੀ ਤਿਉਹਾਰਾਂ ਦੀ ਤਰ੍ਹਾਂ ਹੀ ਇਸ ਤਿਉਹਾਰ ਨੂੰ ਮਨਾਉਣ ਲਈ ਵੀ ਬਹੁਤ ਸਾਰੇ ਲੋਕ ਆਪਣਾ ਕਾਰੋਬਾਰ ਚਲਾਉਂਦੇ ਹਨ। ਬਹੁਤ ਸਾਰੇ ਲੋਕ ਤਾਂ ਇਸ ਚਾਈਨਾ ਡੋਰ ਨੂੰ ਆਪਣੇ ਘਰਾਂ ਵਿੱਚ ਹੀ ਰੱਖ ਕੇ ਗ਼ੈਰ ਕਾਨੂੰਨੀ ਢੰਗ ਨਾਲ ਵੇਚ ਰਹੇ ਹਨ, ਜਿਸ ਨੂੰ ਕਿ ਸਾਨੂੰ ਸਾਰਿਆਂ ਨੂੰ ਬੰਦ ਕਰਨ ਲਈ ਉਪਰਾਲੇ ਕਰਨੇ ਚਾਹੀਦੇ ਹਨ ਅਤੇ ਬਣਦੀ ਸ਼ਿਕਾਇਤ ਪੁਲਸ ਨੂੰ ਕਰਨ ਦੀ ਲੋੜ ਹੈ। ਆਮ ਲੋਕ ਪਤੰਗਾਂ ਅਤੇ ਡੋਰ ਖਰੀਦਦੇ ਹਨ ਅਤੇ ਬੜੇ ਸ਼ੌਂਕ ਨਾਲ ਪਤੰਗਾਂ ਉਡਾਉਂਦੇ ਹਨ ਅਤੇ ਇੱਕ-ਦੂਜੇ ਦੀ ਪਤੰਗ ਨੂੰ ਕੱਟਦੇ ਹਨ। ਮੁਕਾਬਲੇ ਦੀ ਭਾਵਨਾ ਕਰਕੇ ਹਰ ਕੋਈ ਇਹ ਚਾਹੁੰਦਾ ਹੈ ਕਿ ਉਸ ਦੀ ਪਤੰਗ ਕਦੇ ਕੱਟੀ ਨਾ ਜਾਵੇ ਅਤੇ ਬਸ ਉਹੀ ਸਭ ਦੀਆਂ ਉੱਡਦੀਆਂ ਪਤੰਗਾਂ ਨੂੰ ਕੱਟਦਾ ਰਹੇ। ਇਸੇ ਜੋਸ਼ ਅਤੇ ਮੁਕਾਬਲੇ ਦੀ ਭਾਵਨਾ ਕਰਕੇ ਲੋਕ ਚਾਈਨਾ ਡੋਰ ਦੀ ਵਰਤੋਂ ਕਰਦੇ ਹਨ। ਇਸ ਪਤੰਗਬਾਜ਼ੀ ਨੂੰ ਇੱਕ ਖੇਡ ਵਜੋਂ ਲਿਆ ਜਾਣਾ ਚਾਹੀਦਾ ਹੈ ਅਤੇ ਇਸ ਖੇਡ ਵਿੱਚ ਵੀ ਕੁਝ ਜ਼ਰੂਰੀ ਨਿਯਮ ਸੁਨਿਸ਼ਚਿਤ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਇਸ ਪਤੰਗ ਉਡਾਉਣ ਦੇ ਸ਼ੌਂਕ ਨੂੰ ਪੂਰੀ ਤਰ੍ਹਾਂ ਨਾਲ ਸੁਰੱਖਿਅਤ ਢੰਗ ਨਾਲ ਮਾਣਿਆ ਜਾ ਸਕੇ। ਬੱਚੇ ਆਮ ਕਰਕੇ ਆਪਣੇ ਘਰ ਦੀਆਂ ਛੱਤਾਂ ਉੱਤੇ ਪਤੰਗਾਂ ਉਡਾਉਂਦੇ ਹਨ, ਜਿਸ ਨਾਲ ਇੱਕ ਤਾਂ ਉਹਨਾਂ ਦੇ ਕੋਠੇ ਤੋਂ ਡਿੱਗ ਕੇ ਦੁਰਘਟਨਾਗ੍ਰਸਤ ਹੋਣ ਦਾ ਭਾਣਾ ਵਾਪਰਦਾ ਹੈ ਅਤੇ ਇਸ ਤੋਂ ਬਾਅਦ ਚਾਈਨਾ ਡੋਰ ਨਾਲ ਹੋਰ ਕਈ ਤਰ੍ਹਾਂ ਦੀਆਂ ਜਾਨਲੇਵਾ ਦੁਰਘਟਨਾਵਾਂ ਵੀ ਹੋ ਜਾਂਦੀਆਂ ਹਨ। ਇਸ ਲਈ ਪਹਿਲਾਂ ਤੇ ਇਹਨਾਂ ਪਤੰਗਾਂ ਨੂੰ ਕਿਸੇ ਖੁੱਲ੍ਹੇ ਸਥਾਨ 'ਤੇ ਜਾ ਕੇ ਹੀ ਉਡਾਉਣਾ ਚਾਹੀਦਾ ਹੈ ਅਤੇ ਦੂਜਾ ਡੋਰ ਕੱਚੇ ਧਾਗੇ ਦੀ ਹੋਵੇ ਤਾਂ ਜੋ ਜਿੱਥੇ ਸਰੀਰ ਨਾਲ ਲੱਗ ਕੇ ਥੋੜ੍ਹਾ ਜ਼ੋਰ ਪਵੇ ਤਾਂ ਉਸੇ ਵੇਲੇ ਹੀ ਟੁੱਟ ਜਾਵੇ। ਨਾਲ ਹੀ ਇਸ ਡੋਰ ਵਿੱਚੋਂ ਬਿਜਲੀ ਦਾ ਕਰੰਟ ਲੱਗਣ ਦਾ ਵੀ ਕੋਈ ਡਰ ਨਹੀਂ ਰਹਿੰਦਾ। ਇਸ ਚਾਈਨਾ ਡੋਰ ਦੇ ਪ੍ਰਤੀ ਸਾਨੂੰ ਸਾਰਿਆਂ ਨੂੰ ਇੱਕ ਅੰਦੋਲਨ ਦੇ ਰੂਪ ਵਿੱਚ ਅੱਗੇ ਆਉਣਾ ਪਵੇਗਾ। ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੂੰ ਪੁਲਸ ਦੀ ਮਦਦ ਨਾਲ ਇਸ ਚਾਈਨਾ ਡੋਰ ਨੂੰ ਵੇਚਣ ਅਤੇ ਇਸ ਦੀ ਵਰਤੋਂ ਕਰਨ ਵਾਲਿਆਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਲੋੜ ਹੈ। ਸਕੂਲਾਂ-ਕਾਲਜਾਂ ਵਿੱਚ ਵੀ ਬੱਚਿਆਂ ਅਤੇ ਨੌਜਵਾਨਾਂ ਨੂੰ ਇਸ ਚਾਈਨਾ ਡੋਰ ਦੇ ਕਰਕੇ ਹੋਣ ਵਾਲੀਆਂ ਦੁਰਘਟਨਾਵਾਂ ਬਾਰੇ ਸੁਚੇਤ ਕੀਤਾ ਜਾਵੇ। ਆਪਣੇ ਬੱਚਿਆਂ ਨੂੰ ਅਸੀਂ ਸਮਝਾਅ ਸਕਦੇ ਹਾਂ ਕਿ ਇਸ ਚਾਈਨਾ ਡੋਰ ਤੋਂ ਕੀ-ਕੀ ਨੁਕਸਾਨ ਹੋ ਸਕਦੇ ਹਨ ਅਤੇ ਆਪਣੇ ਆਲੇ-ਦੁਆਲੇ ਦੀਆਂ ਦੁਰਘਟਨਾਵਾਂ ਦਾ ਹਵਾਲਾ ਦੇ ਕੇ ਵੀ ਉਹਨਾਂ ਨੂੰ ਸਮਝਾਇਆ ਜਾ ਸਕਦਾ ਹੈ। ਇਸ ਚਾਈਨਾ ਡੋਰ ਦੀ ਵਿਕਰੀ ਅਤੇ ਵਰਤੋਂ ਕਰਨ ਵਾਲੇ ਲੋਕਾਂ ਨੂੰ ਸਜ਼ਾ ਅਤੇ ਜੁਰਮਾਨਾ ਹੋਣਾ ਚਾਹੀਦਾ ਹੈ ਤਾਂ ਜੋ ਇਸ ਦੀ ਵਰਤੋਂ ਅਤੇ ਵਿਕਰੀ ਨੂੰ ਰੋਕਿਆ ਜਾ ਸਕੇ। ਜੇਕਰ ਘਰ ਵਿੱਚ ਬੱਚੇ ਉੱਤੇ ਇਸ ਚਾਈਨਾ ਡੋਰ ਦੀ ਵਰਤੋਂ ਕਰਨ ਸਮੇਂ ਸਖਤੀ ਕੀਤੀ ਜਾਵੇਗੀ ਤਾਂ ਵੀ ਇਸ ਚਾਈਨਾ ਡੋਰ ਦਾ ਕਾਰੋਬਾਰ ਬੰਦ ਹੋ ਸਕਦਾ ਹੈ ਅਤੇ ਬਹੁਤ ਸਾਰੀਆਂ ਜਾਨਾਂ ਨੂੰ ਸੁਰੱਖਿਅਤ ਕੀਤਾ ਜਾ ਸਕਦਾ ਹੈ। ਧਾਰਮਿਕ ਅਤੇ ਰਾਜਨੀਤਕ ਆਗੂਆਂ ਦੀ ਨੇਕ ਸਲਾਹ ਨਾਲ ਵੀ ਇਸ ਚਾਈਨਾ ਡੋਰ ਦੀ ਵਰਤੋਂ ਅਤੇ ਵਿਕਰੀ ਨੂੰ ਰੋਕਿਆ ਜਾ ਸਕਦਾ ਹੈ। ਕੁਝ ਸ਼ਰਾਰਤੀ ਲੋਕ ਇਸ ਚਾਈਨਾ ਡੋਰ ਨੂੰ ਜਾਣ-ਬੁੱਝ ਕੇ ਵੇਚਣ ਦੀ ਕੋਸ਼ਿਸ਼ ਕਰਦੇ ਹਨ ਤਾਂ ਜੋ ਸਮਾਜ ਵਿੱਚ ਵੱਡੀਆਂ ਦੁਰਘਟਨਾਵਾਂ ਨੂੰ ਅੰਜਾਮ ਦਿੱਤਾ ਜਾ ਸਕੇ। ਇਸ ਲਈ ਹਰ ਦੇਸ਼ ਵਾਸੀ ਨੂੰ ਸਤਰਕ ਹੋਣ ਦੀ ਲੋੜ ਹੈ ਕਿ ਅਸੀਂ ਆਪਣੇ ਸਮਾਜ ਨੂੰ ਇੱਕ ਸਾਫ਼-ਸੁਥਰਾ ਅਤੇ ਸੁਰੱਖਿਅਤ ਮਾਹੌਲ ਦੇ ਸਕੀਏ ਅਤੇ ਜਿਸ ਨਾਲ ਸਾਡਾ ਜਾਨੀ ਅਤੇ ਮਾਲੀ ਨੁਕਸਾਨ ਨਾ ਹੋ ਸਕੇ।

ਇਸ ਮਹਿੰਗਾਈ ਦੇ ਸਮੇਂ ਵਿੱਚ ਪਤੰਗਬਾਜ਼ੀ ਦੇ ਸ਼ੌਂਕ ਨੂੰ ਆਪਣੀਆਂ ਆਰਥਿਕ ਸੀਮਾਵਾਂ ਵਿੱਚ ਰਹਿ ਕੇ ਜ਼ਰੂਰ ਪੂਰਾ ਕਰਨਾ ਚਾਹੀਦਾ ਹੈ, ਪਰ ਇਸ ਦੇ ਨਾਲ-ਨਾਲ ਆਪਣਾ ਅਤੇ ਦੂਜੇ ਲੋਕਾਂ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਲੈਣਾ ਵੀ ਸਾਡਾ ਪਹਿਲਾ ਫ਼ਰਜ਼ ਹੈ। ਦੁਰਘਟਨਾ ਹੋਣ ਤੋਂ ਬਾਅਦ ਬੈਠ ਕੇ ਪਛਤਾਉਣ ਅਤੇ ਹੋਰ ਦੂਜੇ ਲੋਕਾਂ ਨਾਲ ਲੜਾਈ-ਝਗੜਾ ਕਰਨ ਦੀ ਬਜਾਏ ਅਸੀਂ ਸਮੇਂ ਤੋਂ ਪਹਿਲਾਂ ਹੀ ਇਸ ਚਾਈਨਾ ਡੋਰ ਨੂੰ ਹਮੇਸ਼ਾ-ਹਮੇਸ਼ਾ ਲਈ ਅਲਵਿਦਾ ਕਹਿ ਦਈਏ, ਕਿਤੇ ਇਹ ਨਾ ਹੋਵੇ ਕਿ ਇਸ ਚਾਈਨਾ ਡੋਰ ਕਰਕੇ ਸਾਨੂੰ ਸਾਡੇ ਆਪਣਿਆਂ ਨੂੰ ਹੀ ਹਮੇਸ਼ਾ ਲਈ ਅਲਵਿਦਾ ਕਹਿਣਾ ਪੈ ਜਾਵੇ। ਇਸ ਲਈ ਆਓ ਮਿਲ ਕੇ ਇਸ ਚਾਈਨਾ ਡੋਰ ਦਾ ਖਾਤਮਾ ਕਰੀਏ ਅਤੇ ਸੁਰੱਖਿਅਤ ਰਹੀਏ।

*#ਸੰਪਰਕ : 94177-14390*

**ਬਰਸੀ 'ਤੇ ਵਿਸ਼ੇਸ਼**

# ਮਹਾਨ ਇਨਕਲਾਬੀ ਦੇਸ਼-ਭਗਤ ਗ਼ਦਰੀ ਬਾਬਾ ਗੁਰਮੁੱਖ ਸਿੰਘ ਲਲਤੋਂ

**ਜਸਦੇਵ ਸਿੰਘ ਲਲਤੋਂ**

ਗ਼ਦਰੀ ਸੂਰਮੇ ਗੁਰਮੁੱਖ ਸਿੰਘ ਨੇ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਲਲਤੋਂ ਖੁਰਦ ਵਿਖੇ ਇੱਕ ਸਾਧਾਰਨ ਕਿਸਾਨ ਹੁਸ਼ਨਾਕ ਸਿੰਘ ਦੇ ਘਰੇ 3 ਦਸੰਬਰ 1892 ਨੂੰ ਜਨਮ ਲਿਆ । ਮੁਢਲੀ ਪੜ੍ਹਾਈ ਪਿੰਡ 'ਚ ਕਰਨ ਉਪਰੰਤ ਆਪ ਨੇ ਮਿਸ਼ਨ ਸਕੂਲ ਲੁਧਿਆਣਾ 'ਚੋਂ ਮੈਟਰਿਕ ਪਾਸ ਕੀਤੀ ।

ਰੋਟੀ-ਰੋਜ਼ੀ ਲਈ 4 ਅਪ੍ਰੈਲ 1914 ਨੂੰ ਹਾਂਗਕਾਂਗ ਤੋਂ ਚੱਲ ਕੇ 23 ਮਈ 1914 ਨੂੰ ਕਾਮਾਗਾਟਾ ਮਾਰੂ ਜਹਾਜ਼ ਰਾਹੀਂ ਵੈਨਕੂਵਰ (ਕੈਨੇਡਾ) ਨੇੜੇ ਪਹੁੰਚੇ । ਬਰਤਾਨਵੀ ਤੇ ਕੈਨੇਡਾ ਸਰਕਾਰਾਂ ਨੇ ਜਹਾਜ਼ ਨੂੰ ਬੰਦਰਗਾਹ 'ਤੇ ਨਾ ਲੱਗਣ ਦਿੱਤਾ । 'ਸੀ-ਲਾਇਨ' ਨਾਂਅ ਦੇ ਟੱਗ ਜਹਾਜ਼ ਰਾਹੀਂ ਸਾਮਰਾਜੀ ਪੁਲਸ ਨੇ ਮੁਸਾਫਰਾਂ 'ਤੇ ਹੱਲਾ ਬੋਲਿਆ । ਮੁਸਾਫਰਾਂ ਨੇ ਇਸ ਦਾ ਟਾਕਰਾ ਕੀਤਾ । ਜ਼ਿੰਦਗੀ-ਮੌਤ ਦੀ ਇਸ ਲੜਾਈ 'ਚ ਬਹਾਦਰ ਗੁਰਮੁੱਖ ਸਿੰਘ ਉੱਭਰ ਕੇ ਸਾਹਮਣੇ ਆਇਆ ਤੇ ਉਹ ਗ਼ਦਰ ਪਾਰਟੀ ਦਾ ਨਾਮਵਰ ਯੋਧਾ ਬਣ ਗਿਆ। ਕਾਮਾਗਾਟਾ ਮਾਰੂ ਦੀ ਇਸ ਮਿਸਾਲੀ ਲੜਾਈ ਤੇ ਕੈਨੇਡਾ ਵਸਦੀ ਭਾਰਤੀ ਜਨਤਾ ਦੇ ਹੱਕੀ ਸੰਘਰਸ਼ ਦੇ ਸਿੱਟੇ ਵਜੋਂ ਮੁਸਾਫਰਾਂ ਨੂੰ ਰਾਸ਼ਨ-ਪਾਣੀ ਦੇਣ ਦੀ ਆਗਿਆ ਮਿਲੀ । ਜਹਾਜ਼ ਵਾਪਸ ਹੋ ਕੇ ਬੱਜ-ਬੱਜ ਘਾਟ, ਕਲਕੱਤਾ 'ਤੇ ਆ ਲੱਗਿਆ । ਅੰਗਰੇਜ਼ੀ ਹਕੂਮਤ ਨੇ 29 ਸਤੰਬਰ ਨੂੰ ਬੇਤਹਾਸ਼ਾ ਗੋਲੀਆਂ ਚਲਾ ਕੇ 19 ਯਾਤਰੀਆਂ ਨੂੰ ਸ਼ਹੀਦ ਕਰ ਦਿੱਤਾ ਤੇ 23 ਗੰਭੀਰ ਫੱਟੜ ਕਰ ਦਿੱਤੇ । ਗੁਰਮੁੱਖ ਸਿੰਘ ਸਮੇਤ ਅਨੇਕਾਂ ਜੁਝਾਰੂਆਂ ਨੂੰ ਫੜ ਕੇ ਅਲੀਪੁਰ ਜੇਲ੍ਹ 'ਚ ਡੱਕ ਦਿੱਤਾ ਤੇ ਪਿੱਛੋਂ ਪਿੰਡਾਂ 'ਚ ਜੂਹਬੰਦੀ ਕਰ ਦਿੱਤੀ ਗਈ । ਇਸੇ ਦੌਰਾਨ ਕੀਤੇ ਵਾਅਦੇ ਅਨੁਸਾਰ ਇੱਕ ਰਾਤ ਕਰਤਾਰ ਸਿੰਘ ਸਰਾਭਾ ਆਪ ਨੂੰ ਘਰੇ ਆ ਮਿਲਿਆ। ਅਗਲੇ ਦਿਨ ਹੀ ਇਨ੍ਹਾਂ ਰੋਕਾਂ ਨੂੰ ਤੋੜਦੇ ਹੋਏ, ਆਪ ਗ਼ਦਰ ਪਾਰਟੀ ਦੀਆਂ ਮੋਹਰੀ ਸਫਾਂ 'ਤੇ ਹੋ ਕੇ ਬਰਤਾਨਵੀ ਰਾਜ ਦਾ ਤਖਤਾ ਪਲਟਣ ਲਈ ਹਥਿਆਰਬੰਦ ਗ਼ਦਰ ਦੀ ਤਿਆਰੀ 'ਚ ਜੁਟ ਗਏ । ਜਿਹਲਮ/ਬੰਨੂੰ ਕੋਹਾਟ ਦੀਆਂ ਫੌਜੀ ਛਾਉਣੀਆਂ 'ਚ ਦੇਸੀ ਫੌਜੀਆਂ ਨੂੰ ਗਦਰ ਲਈ ਤਿਆਰ ਕੀਤਾ।

1915 'ਚ ਆਪ ਲਹੌਰ ਤੋਂ ਭਾਈ ਪਰਮਾਨੰਦ ਝਾਂਸੀ ਨਾਲ ਗ੍ਰਿਫ਼ਤਾਰ ਕਰ ਲਏ ਗਏ । ਕਾਲੇ ਪਾਣੀ ਦੀ ਉਮਰ ਕੈਦ ਹੋਈ, ਘਰ-ਬਾਰ ਤੇ ਜ਼ਮੀਨ ਜ਼ਬਤ ਕਰ ਲਈ ਗਈ ਅਤੇ ਅੰਡੇਮਾਨ ਭੇਜ ਦਿੱਤਾ ਗਿਆ । 1922 'ਚ ਜੇਲ੍ਹ ਬਦਲੀ ਮੌਕੇ ਆਪ ਨੇ ਤਰਿਚਨਾਪਲੀ (ਮਦਰਾਸ) ਨੇੜੇ ਚੱਲਦੀ ਰੇਲ ਗੱਡੀ 'ਚੋਂ ਸਣੇ ਬੇੜੀਆਂ ਛਾਲਾਂ ਮਾਰ ਦਿੱਤੀਆਂ । ਬੇੜੀਆਂ ਦੇ ਸੰਗਲ ਕਟਵਾ ਕੇ, ਫੁਰਤੀ ਨਾਲ ਗੁਪਤਵਾਸ ਹੋ ਕੇ ਅਫ਼ਗਾਨਿਸਤਾਨ ਜਾ ਪੁੱਜੇ ਤੇ ਅੰਗਰੇਜ਼ ਸਰਕਾਰ ਵਿਰੁੱਧ ਗ਼ਦਰ ਦੇ ਨਵੇਂ ਪੜਾਅ ਦੀ ਤਿਆਰੀ ਲਈ ਡਟ ਗਏ ।

ਰੂਸ 'ਚ ਅਕਤੂਬਰ 1917 ਦੇ ਮਹਾਨ ਇਨਕਲਾਬ ਦੇ ਸਾਰੀ ਦੁਨੀਆ 'ਤੇ ਡੂੰਘੇ ਪ੍ਰਭਾਵ ਅਧੀਨ ਕਾਬਲ ਰਹਿੰਦਿਆਂ ਆਪ ਨੇ ਕਮਿਊਨਿਸਟ ਵਿਚਾਰਧਾਰਾ ਤੇ ਰਾਜਨੀਤੀ ਨੂੰ ਪੱਕੇ ਤੌਰ 'ਤੇ ਅਪਣਾਅ ਲਿਆ। ਸਾਲਾਂਬੱਧੀ ਗਦਰ ਪਾਰਟੀ ਦੇ ਕਾਬਲ ਕੇਂਦਰ ਦੀ ਅਗਵਾਈ ਕੀਤੀ ਅਤੇ ਗੁਪਤ ਰੂਪ 'ਚ ਭਾਰਤ ਆਉਣਾ-ਜਾਣਾ ਜਾਰੀ ਰੱਖਿਆ ਤਾਂ ਜੋ ਅਕਾਲੀ ਲਹਿਰ, ਬੱਬਰ ਅਕਾਲੀ ਲਹਿਰ, ਨੌਜਵਾਨ ਭਾਰਤ ਸਭਾ ਤੇ ਹੋਰ ਸੰਸਥਾਵਾਂ ਦੀਆਂ ਸਰਗਰਮੀਆਂ ਨੂੰ ਦੇਸ਼ ਅੰਦਰ ਮੁੜ ਹਥਿਆਰਬੰਦ ਗਦਰ ਦੀ ਦਿਸ਼ਾ 'ਚ ਸੇਧਤ ਕੀਤਾ ਜਾ ਸਕੇ। 'ਅਨੂਪ ਸਿੰਘ' ਦੇ ਨਾਂਅ ਹੇਠ ਅਫਗਾਨੀ ਪਾਸਪੋਰਟ ਨਾਲ ਅੱਡ-ਅੱਡ ਮੁਲਕਾਂ 'ਚ ਜਾ ਕੇ ਦੇਸ਼ ਦੀ ਆਜ਼ਾਦੀ ਤੇ ਕੌਮੀ ਜਮਹੂਰੀ ਰਾਜਪ੍ਰਬੰਧ ਦੀ ਸਿਰਜਣਾ ਲਈ ਸੰਘਰਸ਼ ਜਾਰੀ ਰੱਖਿਆ । ਕਈ ਵਾਰੀ ਰੂਸ ਪੁੱਜ ਕੇ, ਕਮਿਊਨਿਸਟ ਵਿੱਦਿਆ ਤੇ ਸਿਖਲਾਈ ਹਾਸਲ ਕੀਤੀ । 1928 'ਚ ਅਮਰੀਕਾ ਜਾ ਕੇ ਗ਼ਦਰ ਪਾਰਟੀ ਦੀ ਮੁੜ ਜੱਥੇਬੰਦੀ ਦਾ ਕਾਰਜ ਅੱਗੇ ਤੋਰਿਆ । 1929 'ਚ ਮੁੜ ਕਾਬਲ ਆ ਕੇ ਇਨਕਲਾਬੀ ਕੰਮ ਦੀ ਵਾਗਡੋਰ ਸਾਂਭੀ।



1935 'ਚ ਆਪ ਪੰਜਾਬ ਪ੍ਰੋਵਿੰਸ਼ੀਅਲ ਸੂਬਾ ਕਮੇਟੀ ਆਫ਼ ਕਮਿਊਨਿਸਟ ਪਾਰਟੀ ਆਫ਼ ਇੰਡੀਆ ਦੇ ਸਕੱਤਰ ਚੁਣੇ ਗਏ। ਲਾਹੌਰ ਵਿਖੇ ਗੁਪਤ ਹੈੱਡ ਕੁਆਰਟਰ ਕਾਇਮ ਕਰਕੇ, 'ਕੇਸ਼ੋਰਾਮ' ਦੇ ਨਾਂਅ ਹੇਠ ਕੰਮ ਕਰਦਿਆਂ ਕਿਰਤੀ ਪਾਰਟੀ ਦੀ ਅਗਵਾਈ ਜਾਰੀ ਰੱਖੀ। ਪਾਰਟੀ ਦੇ 2 ਪਰਚਿਆਂ- 'ਕਿਰਤੀ' ਤੇ 'ਲਾਲ ਢੰਡੋਰਾ' ਦੇ ਇੰਚਾਰਜ ਰਹੇ । 1936 'ਚ ਲਾਹੌਰ ਤੋਂ ਮੁੜ ਫੜੇ ਗਏ । ਦੁਬਾਰਾ ਕਾਲੇ ਪਾਣੀ ਭੇਜਿਆ ਗਿਆ । 1946 ਤੱਕ ਵੱਖ-ਵੱਖ ਜੇਲ੍ਹਾਂ 'ਚ ਰਹਿ ਕੇ ਬਾਮੁਸ਼ੱਕਤ ਕੈਦਾਂ ਕੱਟੀਆਂ ਅਤੇ ਅਨੇਕਾਂ ਭੁੱਖ ਹੜਤਾਲਾਂ ਸਮੇਤ ਜੇਲ੍ਹ-ਘੋਲਾਂ ਦੀ ਰਹਿਨੁਮਾਈ ਕੀਤੀ ।

1947 'ਚ ਅੰਗਰੇਜ਼ਾਂ ਨੂੰ ਭਾਰਤ 'ਚੋਂ ਨਿਕਲਣਾ ਪਿਆ । ਆਪ ਨੇ 1948 ਤੋਂ 52 ਤੱਕ ਗੁਪਤਵਾਸ ਰਹਿ ਕੇ ਸਾਮਰਾਜੀ-ਜਗੀਰੂ ਪ੍ਰਬੰਧ ਨੂੰ ਬਦਲ ਕੇ ਨਵਾਂ ਲੋਕਰਾਜੀ ਪ੍ਰਬੰਧ ਕਾਇਮ ਕਰਨ ਲਈ ਖਾੜਕੂ ਕਿਸਾਨ ਲਹਿਰ ਦੀ ਅਗਵਾਈ 'ਚ ਅਹਿਮ ਰੋਲ ਨਿਭਾਇਆ । 1959 'ਚ ਆਪ ਦੀ ਕਮਾਂਡ ਹੇਠ ਪੰਜਾਬ ਕਿਸਾਨ ਸਭਾ ਨੇ ਖੁਸ਼ਹੈਸੀਅਤੀ ਟੈਕਸ ਵਿਰੁੱਧ ਇਤਿਹਾਸਕ ਜੇਤੂ ਮੋਰਚਾ ਲਾਇਆ । 1962 ਦੀ ਹਿੰਦ-ਚੀਨ ਜੰਗ ਵੇਲੇ ਆਪ ਨੂੰ ਮੁੜ ਜੇਲ੍ਹ 'ਚ ਬੰਦ ਕਰ ਦਿੱਤਾ ਗਿਆ । ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਬਣਾਉਣ ਲਈ ਆਪ ਨੇ ਬਿਰਧ ਅਵਸਥਾ ਦੇ ਬਾਵਜੂਦ ਦੇਸ਼-ਪ੍ਰਦੇਸ਼ ਵਿੱਚੋਂ ਭਾਰੀ ਸਹਾਇਤਾ ਹਾਸਲ ਕਰਵਾਈ ਤੇ ਉਸਾਰੀ ਕਰਵਾਈ। ਚੜ੍ਹਦੀ ਜਵਾਨੀ ਵੇਲੇ ਤੋਂ ਲੈ ਕੇ ਅੰਤਮ ਸਾਹਾਂ ਤੱਕ ਆਪ ਦੀ ਜ਼ਿੰਦਗੀ ਦਾ ਪਲ-ਪਲ ਜਮਹੂਰੀ ਇਨਕਲਾਬ ਰਾਹੀਂ ਨਵਾਂ-ਨਰੋਆ ਲੋਕ ਜਮਹੂਰੀ ਤੇ ਸਮਾਜਵਾਦੀ ਰਾਜ ਪ੍ਰਬੰਧ ਉਸਾਰਨ ਦੇ ਮਹਾਨ ਕਾਜ ਨੂੰ ਸਮਰਪਤ ਸੀ । ਆਪ 13 ਮਾਰਚ 1977 ਨੂੰ ਵਤਨ-ਵਾਸੀਆਂ ਨੂੰ ਸਦੀਵੀ ਅਲਵਿਦਾ ਕਹਿ ਗਏ । ਜਲੰਧਰ ਆਪਦੇ ਰਹਿਣ ਵਾਲੀ ਛੰਨ ਦੀ ਥਾਂ 'ਤੇ ਗਦਰੀ ਬਾਬਾ ਗੁਰਮੁੱਖ ਸਿੰਘ ਲਲਤੋਂ ਹਾਲ ਬਣਾਇਆ ਗਿਆ ਹੈ। ਆਪ ਦੇ ਜੱਦੀ ਪਿੰਡ 'ਚ ਯਾਦਗਾਰ ਵਿਖੇ ਸੁੰਦਰ ਬੁੱਤ ਲਗਾਇਆ ਗਿਆ ਹੈ। ਮਿਹਨਤਕਸ਼ ਲੋਕਾਂ ਲਈ ਤੇ ਦੇਸ਼ ਲਈ ਕੀਤੀਆਂ ਭਾਰੀ ਕੁਰਬਾਨੀਆਂ ਤੇ ਵੱਡੇ ਤਿਆਗ ਸਦਕਾ ਗ਼ਦਰੀ ਬਾਬਾ ਗੁਰਮੁੱਖ ਸਿੰਘ ਲਲਤੋਂ ਸਦਾ ਲਈ ਅਮਰ ਰਹਿਣਗੇ ਤੇ ਰੌਸ਼ਨ ਲਾਲ ਸਿਤਾਰੇ ਦੀ ਹੈਸੀਅਤ 'ਚ ਨਵੀਂ ਰੋਸ਼ਨੀ ਦਿੰਦੇ ਰਹਿਣਗੇ ।

ਸਕੂਲ ਵਿਦਿਆਰਥੀਆਂ ਦੀਆਂ ਸਾਲਾਨਾ ਪ੍ਰੀਖਿਆਵਾਂ ਨੂੰ ਮੱਦੇਨਜ਼ਰ ਰੱਖਦੇ ਹੋਏ, ਅੱਜ 9 ਫਰਵਰੀ ਸ਼ੁੱਕਰਵਾਰ ਨੂੰ ਉਨ੍ਹਾਂ ਦੀ ਵਾਰਿਸ-ਗਦਰੀ ਬਾਬਾ ਗੁਰਮੁੱਖ ਸਿੰਘ ਯਾਦਗਾਰ ਕਮੇਟੀ ਲਲਤੋਂ ਖੁਰਦ (ਰਜਿ.) ਵੱਲੋਂ ਕਾਮਾਗਾਟਾ ਮਾਰੂ ਯਾਦਗਾਰੀ ਕਮੇਟੀ ਜ਼ਿਲ੍ਹਾ ਲੁਧਿਆਣਾ ਦੀ ਸਰਪ੍ਰਸਤੀ ਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੀ ਮੁੱਖ ਸਰਪ੍ਰਸਤੀ ਹੇਠ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਉਨ੍ਹਾਂ ਦੀ 47ਵੀਂ ਸਾਲਾਨਾ ਬਰਸੀ ਵਿਸ਼ਾਲ ਦੇਸ਼ ਭਗਤ ਮੇਲਾ ਲਲਤੋਂ ਖੁਰਦ (ਜ਼ਿਲ੍ਹਾ ਲੁਧਿਆਣਾ) ਦੇ ਸਕੂਲ ਵਿਖੇ ਲਗਾਇਆ ਜਾ ਰਿਹਾ ਹੈ । ਇਸ ਵਿੱਚ ਇਨਕਲਾਬੀ ਨਾਟਕ, ਕੋਰੀਓਗ੍ਰਾਫੀਆਂ, ਗੀਤ-ਸੰਗੀਤ ਤੇ ਚੋਣਵੇਂ ਬੁਲਾਰੇ ਗਦਰੀ ਬਾਬਾ ਜੀ ਨੂੰ ਸੱਚੀ ਸ਼ਰਧਾਂਜਲੀ ਭੇਟ ਕਰਨਗੇ ।

*# ਸੰਪਰਕ : 96464-02470*

# ਬੋਰ 'ਚ ਨਵੇਂ ਦੀ ਬਜਾਏ ਪੁਰਾਣਾ ਸਮਾਨ ਪਾ ਕੇ ਲੱਖਾਂ ਰੁਪਏ ਹੜੱਪਣ ਦੀ ਤਿਆਰੀ

## ਨਵੀਂ ਮੋਟਰ ਪਾਉਣ ਲਈ ਕਿਹਾ ਤਾਂ ਮਿਲੀ ਪੁਲਸ ਕੇਸ ਦੀ ਧਮਕੀ : ਪਿੰਡ ਵਾਸੀ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**

ਪਿੰਡ ਗੋਬਿੰਦਪੁਰਾ ਪੈਂਦ ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਵੱਲੋਂ ਲਵਾਏ ਗਏ ਨਵੇਂ ਬੋਰ ਵਿਚ ਪੁਰਾਣੀ ਮੋਟਰ ਪਾਈ ਜਾ ਰਹੀ ਹੈ।ਨਵੇਂ ਬੋਰ ਵਿੱਚ ਪਾਈ ਜਾ ਰਹੀ ਹੈ ਮੋਟਰ ਦਾ ਪਿੰਡ ਵਾਸੀਆਂ ਵਿਰੋਧ ਕੀਤਾ ਸ਼ੁਰੂ ਹੋ ਗਿਆ ਹੈ।ਨਵੀਂ ਮੋਟਰ ਪਾਉਣ ਦੀ ਮੰਗ ਕਰ ਰਹੇ ਪਿੰਡ ਵਾਸੀਆਂ ਦੀ ਗੱਲ ਸੁਣਨ ਦੀ ਬਜਾਏ ਜੇਈ ਵੱਲੋਂ ਮੁਕੱਦਮਾ ਦਰਜ ਕਰਾਉਣ ਦੀ ਧਮਕੀ ਦੇ ਦਿੱਤੀ ਹੈ।ਜਿਸਦੇ ਵਿਰੋਧ ਵਿਚ ਪਿੰਡ ਵਾਸੀ ਨਵੀਂ ਮੋਟਰ ਪਾਉਣ ਤੇ ਅੜੇ ਹੋਏ ਹਨ ਅਤੇ ਮਸਲਾ ਹੱਲ ਨਾ ਹੋਣ ਦੀ ਸੂਰਤ ਵਿੱਚ ਅਗਾਮੀ ਚੋਣਾਂ ਦਾ ਮੁਕੰਮਲ ਬਾਈਕਾਟ ਦਾ ਐਲਾਨ ਕੀਤਾ ਹੈ।

ਪਿੰਡ ਵਾਸੀ ਸਿਕੰਦਰ ਸਿੰਘ, ਗੁਰਬਿੰਦਰ ਸਿੰਘ ਢਿੱਲੋਂ, ਜੋਗਿੰਦਰ ਸਿੰਘ ਪ੍ਰਧਾਨ ਕਿਸਾਨ ਯੂਨੀਅਨ, ਲਾਭ ਸਿੰਘ ਪ੍ਰਧਾਨ ਮਨਰੇਗਾ ਯੂਨੀਅਨ ਪੰਜਾਬ, ਹਰਦੀਪ ਸਿੰਘ ਸਾਬਕਾ ਸਰਪੰਚ, ਕਰਨੈਲ ਸਿੰਘ ਸਾਬਕਾ ਸਰਪੰਚ, ਗੁਰਜੀਤ ਸਿੰਘ ਨੰਬਰਦਾਰ, ਸਾਹਿਬ ਸਿੰਘ ਨੰਬਰਦਾਰ, ਇਸ਼ਵਰ ਚੰਦ, ਕੁਲਦੀਪ ਸਿੰਘ, ਨਿਰਮਲ ਸਿੰਘ,ਬੁੱਧ ਸਿੰਘ, ਕੁਲਦੀਪ ਸਿੰਘ , ਸੁਖਪਾਲ ਸਿੰਘ ਸਰਪੰਚ ਪੈਂਦ ਖੁਰਦ ਆਦਿ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਨੂੰ ਪਾਣੀ ਦੇਣ ਵਾਲਾ ਪਹਿਲਾ ਸਰਕਾਰੀ ਬੋਰ ਖਰਾਬ ਹੋ ਗਿਆ ਤਾਂ ਪੰਚਾਇਤੀ ਤੌਰ ਤੇ ਜਦੋਂ ਵਿਭਾਗ ਕੋਲ ਪਹੁੰਚ ਕੀਤੀ ਤਾਂ ਮਹਿਕਮੇ ਵੱਲੋਂ ਉਨ੍ਹਾਂ ਨੂੰ ਕੁਝ ਦੇਰ ਲਈ ਆਰਜੀ ਤੌਰ ਤੇ ਪ੍ਰਬੰਧ ਕਰਨ ਲਈ ਕਿਹਾ ਗਿਆ ਸੀ, ਜਿਸ ਦੌਰਾਨ ਉਨ੍ਹਾਂ ਵੱਲੋਂ ਪੰਚਾਇਤੀ ਫੰਡਾਂ ਦੀ ਵਰਤੋਂ ਕਰਦਿਆਂ ਇਕ ਟਿਊਬਵੈੱਲ ਲਵਾ ਦਿਤਾ ਪਰ ਹੁਣ ਉਹ ਬੋਰ ਵੀ ਪਿਛਲੇ ਡੇਢ ਸਾਲ ਤੋਂ ਖਰਾਬ ਹੋਣ ਕਿਨਾਰੇ ਪਹੁੰਚ ਗਿਆ ਹੈ।ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਪਹਿਲਾਂ ਨਵਾਂ ਬੋਰ ਲਵਾਉਣ ਵਾਲੀ ਅਰਜ਼ੀ ਤੇ ਅਮਲ ਕਰਦਿਆਂ ਨਵੇਂ ਬੋਰ ਲਈ 19,10,397 ਰੁਪਏ ਦਾ ਨਵੇਂ ਬੋਰ ਲਈ ਟੈਂਡਰ ਜਾਰੀ ਕੀਤਾ ਗਿਆ ਸੀ, ਪਰ ਕਈ ਮਹੀਨੇ ਪਹਿਲਾਂ ਜਦੋਂ ਬੋਰ ਲਾਉਣ ਵੇਲੇ ਅਧਿਕਾਰੀਆਂ ਨੂੰ ਦਸ ਇੰਚੀ ਸਮਾਨ ਪਾਉਣ ਲਈ ਕਿਹਾ ਗਿਆ ਕਿਉਂਕਿ ਸਾਡੇ ਪਿੰਡ ਦੀ ਜ਼ਮੀਨ ਦਾ ਪਾਣੀ ਦਾ ਪੱਧਰ ਬਹੁਤ ਜ਼ਿਆਦਾ ਡੂੰਘਾ ਹੈ ਛੋਟੀ ਮੋਟਰ ਪਾਣੀ ਨਹੀਂ ਕੱਢ ਸਕਦੀ ਅਤੇ ਤੰਗ ਸਾਇਜ ਬੋਰ ਵਿਚ ਵੱਡੀ ਮੋਟਰ ਨਹੀਂ ਪੈ ਸਕਦੀ। ਮਹਿਕਮੇ ਦੇ ਅਧਿਕਾਰੀਆਂ ਵੱਲੋਂ ਸਾਡੀ ਕੋਈ ਸੁਣਵਾਈ ਨਹੀਂ ਕੀਤੀ ਅਤੇ ਧੱਕੇ ਨਾਲ ਅੱਠ ਇੰਚ ਸਾਇਜ ਦਾ ਸਮਾਨ ਪਾ ਦਿੱਤਾ ਪਰ ਹੁਣ ਮਹਿਕਮੇ ਵੱਲੋਂ ਦੂਜਾ ਧੱਕਾ ਕਰਦਿਆਂ ਰੁਪਏ ਹੜੱਪਣ ਲਈ ਪੰਚਾਇਤ ਵੱਲੋਂ ਲਵਾਏ ਬੋਰ ਵਿਚੋਂ ਕੱਢਕੇ ਪੁਰਾਣੀ ਮੋਟਰ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਜਦੋਂ ਪਿੰਡ ਵਾਸੀਆਂ ਇਸਦਾ ਵਿਰੋਧ ਕੀਤਾ ਤਾਂ ਵਿਭਾਗ ਦੇ ਜੇਈ ਉਪਮਾ ਗਰਗ ਨੇ ਉਲਟਾ ਉਨ੍ਹਾਂ ਖਿਲਾਫ ਹੀ ਪੁਲਿਸ ਕੇਸ ਦਰਜ ਕਰਾਉਣ ਦੀ ਧਮਕੀ ਦੇ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਅਜਿਹਾ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ ਤੇ ਨਾ ਹੀ ਸਰਕਾਰੀ ਰੁਪਏ ਹੜੱਪਣ ਦੀ ਇਜਾਜ਼ਤ ਦਿੱਤੀ ਜਾਵੇਗੀ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਕਿ ਇਨ੍ਹਾਂ ਭ੍ਰਿਸ਼ਟ ਅਧਿਕਾਰੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਯੋਧ ਸਿੰਘ, ਕਮਲਜੀਤ ਸਿੰਘ, ਬਲਬੀਰ ਸਿੰਘ,ਰੋਹਤਾਸ਼ ਲਾਲ, ਜਗਤਾਰ ਸਿੰਘ,ਰਿੰਕੂ ਕੁਮਾਰ, ਨਿਰੰਜਨ ਸਿੰਘ, ਭੋਲਾ ਸਿੰਘ, ਨੂਰ ਪ੍ਰਤਾਪ ਸਿੰਘ, ਗੁਰਤੇਜ ਸਿੰਘ, ਲਵਪ੍ਰੀਤ ਸਿੰਘ ਪਰਮਿੰਦਰ ਸਿੰਘ,ਗੁਲਾਬ ਸਿੰਘ, ਰਿੰਕੂ ਕੁਮਾਰ, ਬਲਜਿੰਦਰ ਸਿੰਘ,ਪਾਰਸ, ਰਾਜਦੀਪ ਸਿੰਘ, ਰਣਜੀਤ ਸਿੰਘ ਗਿੱਲ ਆਦਿ ਹਾਜ਼ਰ ਸਨ।ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਜੂਨੀਅਰ ਇੰਜੀਨੀਅਰ ਉਪਮਾ ਗਰਗ ਨੇ ਦੋਸ਼ਾਂ ਦਾ ਖੰਡਨ ਕਰਦਿਆਂ ਦੱਸਿਆ ਕਿ ਜਿਹੜਾ ਉਨੀ ਲੱਖ ਰੁਪਏ ਦਾ ਟੈਂਡਰ ਜਾਰੀ ਹੋਇਆ ਹੈ, ਉਹ ਕੇਵਲ ਬੋਰ ਦਾ ਹੀ ਹੋਇਆ ਹੈ।ਪੁਰਾਣੀ ਮੋਟਰ ਪਾਉਣ ਸਬੰਧੀ ਜਾਣਕਾਰੀ ਦਿੱਤੀ ਕਿ ਉਹ ਮੋਟਰ ਸਰਕਾਰੀ ਹੈ ਤੇ ਪੁਲਸ ਕੇਸ ਦਰਜ ਕਰਾਉਣ ਬਾਰੇ ਬੋਲਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਮੋਟਰ ਪਾਉਣ ਤੋਂ ਰੋਕਿਆ ਤਾਂ ਉਹ ਉਚ ਅਧਿਕਾਰੀਆਂ ਨੂੰ ਜ਼ਰੂਰ ਲਿਖਣਗੇ।

# ਵਿਕਾਸ ਮਿਸ਼ਨ ਨੇ ਨਵੇਂ ਡੀ ਈ ਓ ਨਾਲ ਮੁਲਾਕਾਤ ਕੀਤੀ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪਰਮਜੀਤ ਸਿੰਘ, ਪੂਜਾ)**-ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਉੱਚ ਪੱਧਰੀ ਵਫ਼ਦ ਨੇ ਨਵ ਨਿਯੁਕਤ ਜ਼ਿਲ੍ਹਾ ਸਿੱਖਿਆ ਅਧਿਕਾਰੀ ਸ਼ਿਵਪਾਲ ਗੋਇਲ ਨਾਲ ਉਨ੍ਹਾਂ ਦੇ ਦਫ਼ਤਰ ਵਿੱਚ ਮੁਲਾਕਾਤ ਕੀਤੀ।ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠਲੇ ਇਸ ਵਫ਼ਦ ਵਿਚ ਮਿਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੱਖ ਰੱਖਰਾ, ਡਾ. ਸੁਰਿੰਦਰ ਗਿਰਧਰ ਤੇ ਚੌ. ਬਲਬੀਰ ਸਿੰਘ (ਦੋਵੇਂ ਉਪ ਪ੍ਰਧਾਨ) ਸੀਨੀਅਰ ਮੈਂਬਰ ਓ.ਪੀ. ਖਿੱਚੀ ਅਤੇ ਨਰਿੰਦਰ ਕਾਕਾ ਆਦਿ ਮੌਜੂਦ ਸਨ।ਜ਼ਿਕਰਯੋਗ ਹੈ ਕਿ ਡੀ.ਈ.ਓ. ਸੈਕੰਡਰੀ ਵਜੋਂ ਅਹੁਦਾ ਸੰਭਾਲਣ ਵਾਲੇ ਸ੍ਰੀ ਗੋਇਲ ਕੋਲ ਡੀ.ਈ.ਓ. (ਐਲੀਮੈਂਟਰੀ) ਦਾ ਚਾਰਜ ਵੀ ਹੈ।ਮੁਕਤਸਰ ਵਿਕਾਸ ਮਿਸ਼ਨ ਦੇ ਵਫ਼ਦ ਨੇ ਨਵ ਨਿਯੁਕਤ ਜ਼ਿਲ੍ਹਾ ਸਿੱਖਿਆ ਅਧਿਕਾਰੀ ਸ੍ਰੀ ਗੋਇਲ ਨੂੰ ਆਪਣਾ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਅਤੇ ਸ਼ੁਭ ਇਛਾਵਾਂ ਭੇਟ ਕੀਤੀਆਂ।ਉਨ੍ਹਾਂ ਦੀ ਲੰਮੀ ਉਮਰ, ਚੰਗੀ ਸਿਹਤ ਤੇ ਪਰਵਾਰਕ ਖੁਸ਼ਹਾਲੀ ਦੀ ਕਾਮਨਾ ਕੀਤੀ।ਮਿਸ਼ਨ ਪ੍ਰਧਾਨ ਢੋਸੀਵਾਲ ਨੇ ਨਵ ਨਿਯੁਕਤ ਡੀ.ਈ.ਓ. ਨਾਲ ਮਿਸ਼ਨ ਆਗੂਆਂ ਦੀ ਜਾਣ-ਪਛਾਣ ਕਰਾਈ ਅਤੇ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਬਾਰੇ ਸਰਸਰੀ ਜਾਣਕਾਰੀ ਦਿੱਤੀ।ਸਮਾਜ ਸੇਵਾ ਦੇ ਇਨ੍ਹਾਂ ਕਾਰਜਾਂ ਬਾਰੇ ਸੁਣ ਕੇ ਸ੍ਰੀ ਗੋਇਲ ਬੜੇ ਪ੍ਰਭਾਵਤ ਹੋਏ ਤੇ ਉਨ੍ਹਾਂ ਨੇ ਮਿਸ਼ਨ ਦੀ ਸਮੁੱਚੀ ਟੀਮ ਦੀ ਪ੍ਰਸ਼ੰਸਾ ਕਰਦੇ ਹੋਏ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਨੇਕ ਨੀਤੀ ਅਤੇ ਇਮਾਨਦਾਰੀ ਨਾਲ ਕਾਰਜ ਕਰਨ ਵਾਲੀਆਂ ਸਮਾਜ ਸੇਵੀ ਸੰਸਥਾਵਾਂ ਸਮੁੱਚੇ ਸਮਾਜ ਦਾ ਮਾਣ ਸਨਮਾਨ ਹੁੰਦੀਆਂ ਹਨ।ਸ੍ਰੀ ਗੋਇਲ ਨੇ ਮੁਲਾਕਾਤ ਦੌਰਾਨ ਕਿਹਾ ਕਿ ਉਹ ਆਪਣੀ ਡਿਊਟੀ ਨੂੰ ਆਪਣਾ ਸਭ ਤੋਂ ਪਵਿੱਤਰ ਧਰਮ ਮੰਨਦੇ ਹਨ ਅਤੇ ਜ਼ਿਲ੍ਹੇ ਦੇ ਅਧਿਆਪਕਾਂ ਸਮੇਤ ਸਾਰੇ ਕ੍ਰਮਚਾਰੀਆਂ ਦੇ ਮਾਮਲੇ ਹੱਲ ਕਰਨ ਲਈ ਸਦਾ ਤਿਆਰ ਹਨ।ਉਨ੍ਹਾਂ ਮਿਸ਼ਨ ਦੇ ਮਾਧਿਅਮ ਤੋਂ ਅਧਿਆਪਕ ਵਰਗ ਨੂੰ ਆਪਣਾ ਕੰਮ ਪੂਰੀ ਨੇਕ ਨੀਤੀ, ਸਰਕਾਰੀ ਨਿਯਮਾਂ ਅਨੁਸਾਰ ਇਮਾਨਦਾਰੀ ਨਾਲ ਕਰਨ ਦੀ ਅਪੀਲ ਵੀ ਕੀਤੀ।ਉਕਤ ਜਾਣਕਾਰੀ ਦਿੰਦੇ ਪ੍ਰਧਾਨ ਢੋਸੀਵਾਲ ਨੇ ਦੱਸਿਆ ਹੈ ਕਿ ਵਫ਼ਦ ਵੱਲੋਂ ਡੀ.ਈ.ਓ. ਸ੍ਰੀ ਗੋਇਲ ਨੂੰ ਸਵਾਗਤੀ ਸਨਮਾਨ ਚਿੰਨ੍ਹ ਵੀ ਭੇਂਟ ਕੀਤਾ ਗਿਆ।

# ਝੋਰੜ ਦੇ ਨਸ਼ਾ ਤਸਕਰ ਦੀ ਪ੍ਰਾਪਰਟੀ ਸੀਲ, ਲਾਇਆ ਨੋਟਿਸ



ਝੋਰੜ ਵਿਖੇ ਨਸ਼ਾ ਤਸਕਰ ਦੇ ਘਰ ਦੇ ਬਾਹਰ ਨੋਟਿਸ ਲਾਉਂਦੇ ਹੋਏ ਡੀ ਐੱਸ ਪੀ ਅਵਤਾਰ ਸਿੰਘ।

**ਮਲੋਟ (ਗੁਰਮੀਤ ਸਿੰਘ ਮੱਕੜ)**

ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਤੇ ਸ੍ਰੀ ਗੌਰਵ ਯਾਦਵ ਆਈ.ਪੀ.ਐੱਸ, ਡੀ.ਜੀ.ਪੀ ਪੰਜਾਬ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐੱਸ, ਐਸ.ਐਸ.ਪੀ ਵੱਲੋਂ ਵੱਖ-ਵੱਖ ਪੁਲਸ ਦੀਆਂ ਟੁਕੜੀਆਂ ਬਣਾ ਕੇ ਨਸ਼ੇ ਵੇਚਣ ਵਾਲੇ ਸੌਦਾਗਰਾਂ ਖਿਲਾਫ਼ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ, ਜਿਨ੍ਹਾਂ ਨਸ਼ਾ ਤਸਕਰਾਂ ਖਿਲਾਫ ਐਨ.ਡੀ.ਪੀ.ਐਸ ਐਕਟ ਦੇ ਕਮਰਸ਼ੀਅਲ ਮਾਤਰਾ ਦੇ ਮੁਕੱਦਮੇ ਦਰਜ ਹਨ ਉਨ੍ਹਾਂ ਵੱਲੋਂ ਨਸ਼ਾ ਤਸਕਰੀ ਰਾਹੀਂ ਬਣਾਈ ਗਈ ਪ੍ਰਾਪਰਟੀ ਨੂੰ ਫਰੀਜ਼ ਕਰਾਉਣ ਲਈ 68-ਐਫ ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਭੇਜਿਆ ਜਾ ਰਿਹਾ ਹੈ। ਇਸੇ ਤਹਿਤ ਹੀ ਅਵਤਾਰ ਸਿੰਘ ਡੀ.ਐਸ.ਪੀ (ਮਲੋਟ) ਦੀ ਨਿਗਰਾਨੀ ਹੇਠ ਇੰਸਪੈਕਟਰ ਲਵਮੀਤ ਕੌਰ ਮੁੱਖ ਅਫਸਰ ਥਾਣਾ ਸਦਰ ਮਲੋਟ ਵੱਲੋਂ ਪਿੰਡ ਝੋਰੜ ਦੇ ਨਸ਼ਾ ਤਸਕਰ ਦੀ ਚਲ ਪ੍ਰਾਪਰਟੀ ਨੂੰ ਸੀਲ ਕੀਤਾ ਗਿਆ ਹੈ।

ਅਵਤਾਰ ਸਿੰਘ ਡੀ.ਐਸ.ਪੀ (ਮਲੋਟ) ਨੇ ਦੱਸਿਆ ਗਿਆ ਕਿ ਸੁਖਚਰਨ ਸਿੰਘ ਉਰਫ਼ ਕਾਲਾ ਵਾਸੀ ਪਿੰਡ ਝੋਰੜ, ਜਿਸ ਦੇ ਖਿਲਾਫ਼ ਮੁਕੱਦਮਾ ਨੰ. 5 ਮਿਤੀ 07.01.2021 ਅ/ਧ 22ਬੀ/61 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਮਲੋਟ ਵਿਖੇ ਦਰਜ ਹੈ, ਜਿਸ ਵਿੱਚ ਇਸ ਪਾਸੋਂ ਕਮਰਸ਼ੀਅਲ ਮਾਤਰਾ ਦਾ ਨਸ਼ਾ ਬਰਾਮਦ ਹੋਇਆ ਸੀ। ਸੁਖਚਰਨ ਸਿੰਘ ਉਰਫ ਕਾਲਾ ਵਾਸੀ ਪਿੰਡ ਝੋਰੜ ਵੱਲੋਂ ਨਸ਼ਾ ਤਸਕਰੀ ਕਰਕੇ ਬਣਾਈ ਗਈ ਚੱਲ ਪ੍ਰਾਪਰਟੀ (ਇੰਡੈਵਰ ਕਾਰ) ਹੈ, ਜਿਸ ਦੀ ਚੱਲ ਪ੍ਰਾਪਰਟੀ ਦੀ ਕੁੱਲ ਕੀਮਤ 2 ਲੱਖ, 30 ਹਜਾਰ ਰੁਪਏ ਬਣਦੀ ਹੈ, ਜਿਸ ਦੀ ਅਟੈਚਮੈਂਟ ਲਈ 68 ਐਫ ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਭੇਜਿਆ ਸੀ, ਜਿਸ ਦੇ ਆਰਡਰ ਮੌਸੂਲ ਹੋਣ 'ਤੇ ਉਸਦੇ ਪ੍ਰਾਪਰਟੀ ਦੇ ਬਾਹਰ ਨੋਟਿਸ ਲਾਇਆ ਗਿਆ ਹੈ ਕਿ ਹੁਣ ਉਹ ਇਹ ਚੱਲ ਪ੍ਰਾਪਰਟੀ ਵੇਚ ਨਹੀ ਸਕੇਗਾ ਅਤੇ ਜਿਸਦਾ ਕੇਸ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਚੱਲੇਗਾ।

ਡੀ.ਐਸ.ਪੀ ਅਵਤਾਰ ਸਿੰਘ ਰਾਜਪਾਲ ਨੇ ਦੱਸਿਆ ਕਿ ਨਸ਼ੇ ਦੀ ਤਸਕਰੀ ਕਰਨ ਵਾਲੇ ਨੂੰ ਕਦੇ ਵੀ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਤੁਹਾਡੇ ਨਜ਼ਦੀਕ ਕੋਈ ਨਸ਼ਾ ਵੇਚਦਾ ਹੈ ਜਾਂ ਕੋਈ ਵਿਅਕਤੀ ਨਸ਼ੇ ਦਾ ਆਦੀ ਹੈ ਤਾਂ ਤੁਸੀਂ ਉਸ ਦੀ ਜਾਣਕਾਰੀ ਸਾਡੇ ਹੈਲਪ ਲਾਈਨ ਨੰਬਰ 'ਤੇ ਦੇ ਸਕਦੇ ਹੋ।

## ਕਾਤਰਾਂ

### ਜਾਅਲੀ ਸ਼ਨਾਖਤੀ ਦਸਤਾਵੇਜ਼ ਬਣਾ ਕੇ ਮੋਬਾਇਲ ਸਿਮ ਵੇਚਣ ਦੇ ਦੋਸ਼ 'ਚ ਮੁਕੱਦਮਾ ਦਰਜ

**ਦੋਰਾਹਾ (ਹਰਮਿੰਦਰ ਸੇਠ)**-ਇੱਕ ਸਿਮ ਕਾਰਡ ਵਿਕਰੇਤਾ ਦੁਕਾਨਦਾਰ ਉੱਪਰ ਦੋਰਾਹਾ ਪੁਲਸ ਵੱਲੋਂ ਵੱਖ-ਵੱਖ ਅਪਰਾਧਿਕ ਧਰਾਵਾਂ ਹੇਠ ਮੁਕੱਦਮਾ ਦਰਜ ਕੀਤਾ ਗਿਆ ਹੈ। ਨੋਡਲ ਅਫਸਰ ਐਮ/ਐਸ ਵੋਡਾਫੋਨ ਆਈਡੀਆ ਲਿਮਟਿਡ, ਸੀ-105. ਇੰਡਸਟਰੀਅਲ ਏਰੀਆ, ਫੇਸ-7 ਮੋਹਾਲੀ ਨੇ ਸੂਦ ਟੈਲੀਕੌਮ ਦੋਰਾਹਾ ਤੇ ਅਣਪਛਾਤੇ ਵਿਅਕਤੀ ਦੇ ਖ਼ਿਲਾਫ਼ ਸ਼ਿਕਾਇਤ ਦਰਜ ਕਰਾਈ ਸੀ, ਜਿਸ ਦੇ ਤਫਤੀਸ਼ੀ ਅਫ਼ਸਰ ਹਰਦਮ ਸਿੰਘ ਵੱਲੋਂ ਪੜਤਾਲ ਕਰਨ ਉਪਰੰਤ ਮੁਕੱਦਮਾ ਦਰਜ ਕੀਤਾ ਗਿਆ ਹੈ । ਸੂਦ ਟੈਲੀਕਾਮ ਬੋਪਾਰਾਏ ਰੋਡ ਦੋਰਾਹਾ ਦੇ ਕੋਲ ਵੋਡਾਫੋਨ ਆਈਡੀਆ ਕੰਪਨੀ ਦੇ ਮੋਬਾਇਲ ਸਿਮ ਵੇਚਣ ਦੀ ਏਜੰਸੀ ਹੈ, ਜਿਸਦੇ ਖਿਲਾਫ਼ ਇੱਕੋ ਫੋਟੋਗ੍ਰਾਫ ਦੀ ਵਰਤੋਂ ਕਰਦੇ ਹੋਏ ਵੱਖ-ਵੱਖ ਨਾਵਾਂ ਉੱਪਰ ਪਤਿਆਂ/ਸ਼ਨਾਖਤੀ ਪਰੂਫਾਂ ਤੇ ਟੈਂਪਰਿੰਗ ਕਰਕੇ ਮਲਟੀਪਲ ਸਿਮ ਜਾਰੀ ਕਰਨ ਦੇ ਦੋਸ਼ ਲਾਏ ਸਨ। ਪੜਤਾਲ ਬਾਅਦ ਭਾਰਤੀ ਦੰਡਵਲੀ ਦੀਆਂ ਧਰਾਵਾਂ 419, 420, 465,467, 468, 471 ਤੇ 120 ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ।

### ਵੱਡੀ ਮਾਤਰਾ 'ਚ ਚੂਰਾ ਪੋਸਤ ਸਮੇਤ ਕਾਬੂ

**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਲੰਬੀ ਪੁਲਸ ਨੇ ਵੱਡੀ ਮਾਤਰਾ ਵਿਚ ਚੂਰਾ ਪੋਸਤ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪੁਲਸ ਪਾਰਟੀ ਗਸ਼ਤ ਦੇ ਦੌਰਾਨ ਪਿੰਡ ਕੰਦੂਖੇੜਾ ਜਾ ਰਹੀ ਸੀ ਤਾਂ ਇੱਕ ਮੋਨਾ ਨੌਜਵਾਨ ਨੱਥਾ ਸਿੰਘ ਵਾਸੀ ਕੰਦੂਖੇੜਾ ਸੜਕ ਦੇ ਕਿਨਾਰੇ ਗੱਟਾ ਪਲਾਸਟਿਕ ਦੇ ਉੱਪਰ ਬੈਠਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਦੇਖ ਕੇ ਇਕਦਮ ਖੜਾ ਹੋ ਕੇ ਗੱਟਾ ਪਲਾਸਟਿਕ ਫੜ ਕੇ ਪਿੱਛੇ ਖੇਤ ਕਣਕ ਨੂੰ ਖਿਸਕਣ ਲੱਗਾ ਤਾਂ ਪੁਲਿਸ ਨੇ ਸ਼ੱਕ ਦੇ ਆਧਾਰ 'ਤੇ ਉਸ ਨੂੰ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸ ਕੋਲ ਫੜੇ ਗੱਟੇ ਵਿਚੋਂ 25 ਕਿਲੋਗ੍ਰਾਮ ਭੁੱਕੀ ਚੂਰਾ ਪੋਸਤ ਬਰਾਮਦ ਹੋਇਆ। ਪੁਲਸ ਨੇ ਉਕਤ ਵਿਅਕਤੀ 'ਤੇ ਮੁਕੱਦਮਾ ਨੰ.14 ਧਾਰਾ 15ਬੀ/61/85 ਐਨ.ਡੀ.ਪੀ.ਐਸ ਐਕਟ ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਸਕੂਲਾਂ 'ਚ ਸੈਮੀਨਾਰ ਤੇ ਹੋਰ ਗਤੀਵਿਧੀਆਂ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿੱਖਿਆ ਵਿਭਾਗ ਵੱਲੋਂ ਸਕੂਲਾਂ ਵਿਚ ਕੌਮੀ ਸੜਕ ਸੁਰੱਖਿਆ ਮਹੀਨਾ ਮਨਾਇਆ ਜਾ ਰਿਹਾ ਹੈ।ਇਸੇ ਲੜੀ ਵਿਚ ਸਰਕਾਰੀ ਹਾਈ ਸਕੂਲ ਓਡੀਆਂ ਵਿਖੇ ਰੋਡ ਸੇਫਟੀ ਵਿਸ਼ੇ ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸਕੂਲ ਮੁੱਖ ਅਧਿਆਪਕ ਸ਼੍ਰੀ ਸੰਦੀਪ ਸਚਦੇਵਾ ਨੇ ਦੱਸਿਆ ਕਿ ਇਸ ਸੈਮੀਨਾਰ ਵਿੱਚ ਫ਼ਾਜ਼ਿਲਕਾ ਟ੍ਰੈਫ਼ਿਕ ਪੁਲਸ ਮੁਖੀ ਬਲਜੀਤ ਸਿੰਘ ਅਤੇ ਰਿਟਾਇਰਡ ਏ ਐਸ.ਆਈ ਜੰਗੀਰ ਸਿੰਘ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਟ੍ਰੈਫ਼ਿਕ ਨਿਯਮਾਂ ਅਤੇ ਰੋਡ ਸੇਫਟੀ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਸਾਨੂੰ ਹਮੇਸ਼ਾ ਸੜਕ ਦੇ ਖੱਬੇ ਹੱਥ ਚਲਣਾ ਚਾਹੀਦਾ ਹੈ ਅਤੇ ਸੜਕੀ ਆਵਾਜਾਈ ਦੇ ਨਿਯਮਾਂ ਦਾ ਪਾਲਣ ਕਰਨਾ ਚਾਹੀਦਾ ਹੈ।ਦੋ ਪਹੀਆ ਵਾਹਨ ਚਲਾਉਂਦੇ ਸਮੇਂ ਹੈਲਮੈਟ ਦੀ ਵਰਤੋਂ ਤੇ ਚਾਰ ਪਹੀਆ ਵਾਹਨ ਚਲਾਉਂਦੇ ਸਮੇਂ ਸੀਟ ਬੈਲਟ ਦੀ ਵਰਤੋਂ ਕਾਰਨੀ ਚਾਹੀਦੀ ਹੈ।ਅੰਤ ਵਿੱਚ ਸਕੂਲ ਮੁੱਖ ਅਧਿਆਪਕ ਸ਼੍ਰੀ ਸੰਦੀਪ ਸਚਦੇਵਾ ਦੁਆਰਾ ਧੰਨਵਾਦ ਕੀਤਾ ਗਿਆ ਤੇ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਆਲ ਪੈਨਸ਼ਨਰਜ਼ ਵੈੱਲਫੇਅਰ ਐਸੋ. ਵੱਲੋਂ ਡੀ ਸੀ ਦ.ਫਤਰ ਬਾਹਰ ਰੋਸ ਪ੍ਰਦਰਸ਼ਨ



**ਸੰਗਰੂਰ (ਪ੍ਰਵੀਨ ਸਿੰਘ)**-ਆਲ ਪੈਨਸ਼ਨਰਜ ਵੈਲਫੇਅਰ ਐਸੋ. ਜ਼ਿਲ੍ਹਾ ਸੰਗਰੂਰ ਦੇ ਸੈਂਕੜੇ ਪੈਨਸ਼ਨਰਾਂ ਵੱਲੋਂ ਜਗਦੀਸ਼ ਸ਼ਰਮਾ, ਸੁਰਿੰਦਰ ਕੁਮਾਰ ਬਾਲੀਆ, ਪੁਲਸ ਪ੍ਰਧਾਨ ਅਜਮੇਰ ਸਿੰਘ ਦੀ ਅਗਵਾਈ ਵਿੱਚ ਡੀ.ਸੀ.ਦਫ਼ਤਰ ਸੰਗਰੂਰ ਬਾਹਰ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ।ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ 01-01-2016 ਤੋਂ 30-06-2021 ਤੱਕ ਪੇ-ਕਮਿਸ਼ਨ ਦੇ ਬਕਾਏ, 8% ਡੀ.ਏ ਦੀਆਂ ਦੋ ਕਿਸ਼ਤਾਂ, 223 ਮਹੀਨਿਆਂ ਦੇ ਪਿਛਲੇ ਡੀ.ਏ ਦੇ ਬਕਾਏ, 2.59 ਗੁਣਾਂਕ ਨਾਲ ਪੈਨਸ਼ਨ ਦੇਣਾ, ਨੈਸ਼ਨਲ ਅਧਾਰ 'ਤੇ ਪੈਨਸ਼ਨ ਰਿਵਾਇਜਡ ਕਰਨ ਦੇ ਫੈਸਲੇ ਲਾਗੂ ਨਾ ਕਰਨ ਅਤੇ ਲੀਵ ਇੰਨਕੈਸਮੈਂਟ ਦੇ ਬਕਾਏ ਆਦਿ ਨਾ ਦੇਣ ਕਰਕੇ ਪੈਨਸ਼ਨਰਾਂ 'ਚ ਬਹੁਤ ਰੋਸ ਤੇ ਰੋਹ ਹੈ।ਸਰਕਾਰ ਦੀ ਇਸ ਬੇਰੁਖੀ ਅਤੇ ਬੇਇਨਸਾਫ਼ੀ ਦੀ ਸਖ਼ਤ ਲਫ਼ਜ਼ਾਂ 'ਚ ਨਿਖੇਧੀ ਕੀਤੀ ਅਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ।ਰੈਲੀ ਨੂੰ ਸੰਬੋਧਨ ਕਰਦਿਆਂ ਜਗਦੀਸ਼ ਸ਼ਰਮਾ, ਸੁਰਿੰਦਰ ਬਾਲੀਆ, ਬਿੱਕਰ ਸਿੰਘ ਸਿਬੀਆਂ, ਭਰਥਰੀ ਸ਼ਰਮਾ, ਸੀਤਾ ਰਾਮ ਸ਼ਰਮਾ ਨੇ ਦੱਸਿਆ ਕਿ ਸਰਕਾਰ ਵੱਲੋਂ ਪੈਨਸ਼ਨਰ ਉਮਰ ਵੀ 200/- ਰੁਪਏ ਪ੍ਰਤੀ ਮਹੀਨਾ ਵਿਕਾਸ ਟੈਕਸ ਲਿਆ ਜਾਂਦਾ ਹੈ।ਇਹ ਵਿਕਾਸ ਟੈਕਸ ਨੋਟੀਫਿਕੇਸ਼ਨ ਮਿਤੀ 19 ਅਪ੍ਰੈਲ 2018 ਵਿੱਚ ਸੀਨੀਅਰ ਸਿਟੀਜਨਾਂ ਨੂੰ ਟੈਕਸ ਛੋਟ ਹੈ, ਪਰ ਫਿਰ ਵੀ ਇਹ ਹੁਕਮ ਵਾਪਸ ਨਹੀਂ ਲਏ ਗਏ, ਜਿਸ ਦੀ ਘੋਰ ਨਿੰਦਿਆਂ ਕੀਤੀ ਗਈ।ਕਰੌਨਿਕ ਬਿਮਾਰੀਆਂ ਨਾਲ ਜੂਝ ਰਹੇ ਪੈਨਸ਼ਨਰਾਂ ਦੀ ਹਸਪਤਾਲ ਦੇ ਡਾਕਟਰਾਂ ਵੱਲੋਂ ਪਰਚੀ ਬੰਦ ਕਰ ਦਿੱਤੀ ਹੈ, ਜਿਸ ਕਰਕੇ ਉਨ੍ਹਾਂ ਲਈ ਦਵਾਈ ਲਿਖਣੀ ਪ੍ਰਤੀ ਪੂਰਤੀ ਕਰਨੀ ਔਖੀ ਹੋ ਗਈ ਹੈ।

ਮੰਗ ਭੀ ਕੀਤੀ ਕਿ ਕਰੌਨਿਕ ਮਰੀਜ਼ਾਂ ਦਾ ਇਲਾਜ ਪਹਿਲੇ ਦੀ ਤਰ੍ਹਾਂ ਜਾਰੀ ਰੱਖਿਆ ਜਾਵੇ।ਇਹ ਮਸਲਾ ਡਾ. ਕਿਰਪਾਲ ਸਿੰਘ ਸਿਵਲ ਸਰਜਨ ਨਾਲ ਵਿਚਾਰਿਆ ਗਿਆ, ਉਨ੍ਹਾਂ ਨੇ ਵੀ ਮਜਬੂਰੀ ਜ਼ਾਹਰ ਕੀਤੀ। ਪੈਨਸ਼ਨਰਾਂ ਵੱਲੋਂ ਮੰਗਾਂ ਬਾਰੇ ਫਰਵਰੀ ਮਹੀਨੇ ਵਿੱਚ ਐਮ ਐਲ ਏ/ਮੰਤਰੀਆਂ ਦੇ ਘਰਾਂ ਅੱਗੇ ਰੋਸ ਮੁਜਾਹਰੇ/ਘਿਰਾਓ ਕੀਤੇ ਗਏ ਹਨ।23 ਫਰਵਰੀ ਨੂੰ ਮੁੱਖ ਮੰਤਰੀ ਪੰਜਾਬ ਦੇ ਵਿਧਾਨ ਸਭਾ ਹਲਕਾ ਧੂਰੀ ਦਫਤਰ ਅੱਗੇ ਮੁਲਾਜਮ/ਪੈਨਸ਼ਨਰਾਂ ਦੇ ਸਾਂਝੇ ਫਰੰਟ ਵਜੋਂ ਭਾਰੀ ਰੋਸ ਮੁਜਾਹਰਾ ਕੀਤਾ ਜਾਵੇਗਾ।

# ਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਪੁਰਬ 24 ਨੂੰ ਮਨਾਇਆ ਜਾਵੇਗਾ



**ਨਾਭਾ (ਵਰਿੰਦਰ ਵਰਮਾ)**-ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ (ਰਜਿ.) ਦੇ ਅਹੁਦੇਦਾਰ, ਅਮਰ ਸਿੰਘ ਟੋਡਰਵਾਲ ਦੀ ਅਗਵਾਈ ਵਿੱਚ ਸੰਤ ਬਾਬਾ ਰਣਜੀਤ ਸਿੰਘ ਜੀ ਤਪਾ-ਦਰਾਜ ਮੁਹਾਲੀ ਵਾਲੇ ਸੰਤਾਂ ਨੂੰ ਮਿਲੇ ਤੇ ਉਨ੍ਹਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ 22 ਫਰਵਰੀ ਨੂੰ ਕੱਢੇ ਜਾ ਰਹੇ ਨਗਰ ਕੀਰਤਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨ ਦੀ ਬੇਨਤੀ ਕੀਤੀ ਗਈ। ਉਨ੍ਹਾਂ ਹਰ ਸਾਲ ਦੀ ਤਰ੍ਹਾਂ ਇਸ ਬੇਨਤੀ ਨੂੰ ਸਵੀਕਾਰ ਕੀਤਾ ਅਤੇ ਪ੍ਰੋਗਰਾਮ ਸਬੰਧੀ ਕਾਰਡ ਰਿਲੀਜ਼ ਕੀਤਾ।ਇਸ ਮੌਕੇ ਜਸਵੀਰ ਸਿੰਘ ਫੌਜੀ, ਦਲਵੀਰ ਸਿੰਘ ਛੀਟਾਂਵਾਲਾ, ਰਾਜਵਿੰਦਰ ਸਿੰਘ ਰਾਜੂ ਤੇ ਗੁਰਮੁਖ ਸਿੰਘ ਤੂੰਗਾਂ ਆਦਿ ਹਾਜ਼ਰ ਸਨ।ਜ਼ਿਕਰਯੋਗ ਹੈ ਕਿ ਗੁਰਦੁਆਰਾ ਡੇਰਾ ਸ੍ਰੀ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ 22 ਫਰਵਰੀ ਨੂੰ ਸ੍ਰੀ ਆਖੰਡਪਾਠ ਸਾਹਿਬ ਪ੍ਰਕਾਸ਼ ਕੀਤੇ ਜਾਣਗੇ।ਉਸੇ ਦਿਨ ਨਗਰ ਕੀਰਤਨ ਸੰਤ ਬਾਬਾ ਰਣਜੀਤ ਸਿੰਘ ਰਾਹੀਂ 11 ਵਜੇ ਰਵਾਨਾ ਕੀਤਾ ਜਾਵੇਗਾ।23 ਫਰਵਰੀ ਨੂੰ ਮੱਧ ਦੇ ਭੋਗ ਪਾਏ ਜਾਣਗੇ।ਸ਼ਾਮ 8 ਵਜੇ ਤੋਂ 10 ਵਜੇ ਤੱਕ ਭਾਈ ਹਰਜਿੰਦਰ ਸਿੰਘ ਜੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।24 ਫਰਵਰੀ ਨੂੰ 10 ਵਜੇ ਭੋਗ ਪਾਏ ਜਾਣਗੇ ਉਪਰੰਤ ਪ੍ਰਸਿੱਧ ਕਥਾਵਾਚਕ ਗਿਆਨੀ ਰਾਜਿੰਦਰ ਪਾਲ ਸਿੰਘ ਜੀ 10 ਤੋਂ 11:30 ਵਜੇ ਤੱਕ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।ਮੁੱਖ ਮਹਿਮਾਨ ਵਜੋਂ ਸੁਖਵਿੰਦਰ ਸਿੰਘ ਖਰੌੜ, ਅਭੈਦੀਪ ਸਿੰਘ ਮੁੱਤੀ ਡਾਇਰੈਕਟਰ ਤੇ ਸੀ.ਈ.ਓ.ਉਵੇਨਊ ਗਰੁੱਪ ਸ਼ਾਮਲ ਹੋਣਗੇ ਅਤੇ ਵਿਸ਼ੇਸ ਮਹਿਮਾਨ ਜਗਤਾਰ ਸਿੰਘ (ਰਿਟਾ. ਪ੍ਰਿੰਸੀਪਲ ਕਮਿਸ਼ਨਰ ਇੰਨਕਮਟੈਕਸ) 11:30 ਵਜੇ ਤੋਂ 12:30 ਵਜੇ ਤੱਕ ਸੰਗਤਾਂ ਨੂੰ ਸੰਬੋਧਨ ਕਰਨਗੇ ਤੇ 12:30 ਤੋਂ 1:30 ਤੱਕ ਸਨਮਾਨ ਸਮਾਰੋਹ ਹੋਵੇਗਾ।

# ਪਾਰਟੀ ਅਨੁਸ਼ਾਸਨ ਦੀ ਉਲੰਘਣਾ ਕਰਨ ਵਾਲਿਆਂ 'ਤੇ ਕਾਰਵਾਈ ਹੋਵੇਗੀ : ਰਾਜਾ ਵੜਿੰਗ



**ਸਮਰਾਲਾ (ਸੁਰਜੀਤ ਸਿੰਘ)**

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਸਫਾਂ ਵਿੱਚ ਨਵੇਂ ਦੌਰ ਵਿਚ ਨਵਾਂ ਜੋਸ਼ ਭਰਨ ਦੀ ਮਨਸ਼ਾ ਨਾਲ ਆਲ ਇੰਡੀਆ ਕਾਂਗਰਸ ਕਮੇਟੀ ਵਲੋਂ ਸੂਬਾ ਪੱਧਰ ਦੇ ਕਰਾਏ ਜਾ ਰਹੇ ਪਹਿਲੇ ਵਰਕਰਸ ਸੰਮੇਲਨ, ਜਿਸ ਵਿਚ ਆਲ ਇੰਡੀਆ ਕਾਂਗਰਸ ਦੇ ਪ੍ਰਧਾਨ ਮੱਲਿਕਾਅਰਜੁਨ ਖੜਗੇ ਵਿਸ਼ੇਸ਼ ਤੌਰ 'ਤੇ 11 ਨੂੰ ਸੰਮੇਲਨ ਵਿਚ ਸ਼ਿਰਕਤ ਕਰਨ ਆ ਰਹੇ, ਉਸ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ, ਮਲਕੀਤ ਸਿੰਘ ਦਾਖਾ ਤੇ ਵਿਧਾਨ ਸਭਾ ਹਲਕਾ ਸਮਰਾਲਾ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਸੰਮੇਲਨ ਵਾਲੀ ਥਾਂ 'ਤੇ ਪਹੁੰਚੇ।

ਰਾਜਾ ਵੜਿੰਗ ਨੇ ਕਿਹਾ ਕਿ ਇਹ ਸੰਮੇਲਨ ਕਾਂਗਰਸ ਵਰਕਰਾਂ ਵਿੱਚ ਨਵੇਂ ਦੌਰ ਵਿੱਚ ਨਵਾਂ ਜੋਸ਼ ਭਰਨ ਲਈ ਕਾਂਗਰਸ ਦੇ ਰਾਸਟਰੀ ਪ੍ਰਧਾਨ ਮੱਲਿਕਾਅਰਜੁਨ ਖੜਗੇ ਆ ਰਹੇ।ਇਹ ਆਪਣੀ ਕਿਸਮ ਦਾ ਪਹਿਲਾ ਸੰਮੇਲਨ ਹੋਵੇਗਾ, ਜਿਸ ਵਿਚ ਬਲਾਕ ਪੱਧਰ ਤੋਂ ਸੂਬਾ ਪੱਧਰ ਦੇ ਸਾਰੇ ਅਹੁਦੇਦਾਰ, ਮੌਜੂਦਾ ਤੇ ਸਾਬਕਾ ਵਿਧਾਨਕਾਰ ਅਤੇ ਮੈਂਬਰ ਪਾਰਲੀਮੈਂਟ ਸ਼ਾਮਲ ਹੋਣਗੇ।ਉਨ੍ਹਾਂ ਕਿਹਾ ਕਿ ਮੱਲਿਕਾਅਰਜੁਨ ਖੜਗੇ ਇੱਕ ਅਜਿਹੀ ਸ਼ਖਸੀਅਤ ਹਨ, ਜੋ ਆਪਣੀ ਕਾਬਲੀਅਤ ਦੇ ਬਲਬੂਤੇ ਤੇ ਬਲਾਕ ਪੱਧਰ ਤੋਂ ਉਠ ਕੇ ਨੈਸ਼ਨਲ ਪੱਧਰ ਦੇ ਅਹੁਦੇ ਤੱਕ ਪਹੁੰਚੇ ਹਨ।

ਕਾਂਗਰਸ ਪਾਰਟੀ ਵਿਚ ਅੰਦਰੂਨੀ ਖਾਨਾਜੰਗੀ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵਿਚ ਕੋਈ ਅੰਦਰੂਨੀ ਕਲੇਸ਼ ਨਹੀਂ।ਸਾਰੀ ਪਾਰਟੀ ਇਕਮੁੱਠ ਹੈ ਅਤੇ ਇਕਮੁੱਠ ਹੋ ਕੇ ਹੀ ਪਾਰਲੀਮੈਂਟ ਚੋਣਾਂ ਲੜੇਗੀ ਅਤੇ ਜਿੱਤ ਹਾਸਲ ਕਰੇਗੀ।ਉਹਨਾਂ ਕਿਹਾ ਕਿ ਕੁੱਝ ਲੋਕ ਆਦਤਨ ਅਜਿਹੇ ਹੁੰਦੇ ਹਨ, ਜੋ ਪਾਰਟੀ ਅਨੁਸ਼ਾਸਨ ਵਿਚ ਰਹਿਣ ਦੇ ਆਦਿ ਨਹੀਂ ਹੁੰਦੇ।

ਹਲਕਾ ਸਮਰਾਲਾ ਦੇ ਕਾਂਗਰਸ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ 11 ਫਰਵਰੀ ਦੇ ਸੰਮੇਲਨ ਲਈ ਸਮਰਾਲਾ ਬਾਈਪਾਸ ਨੇੜੇ 14 ਏਕੜ ਜ਼ਮੀਨ ਲਈ ਗਈ ਹੈ।ਸੰਮੇਲਨ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਉਨ੍ਹਾਂ ਕਿਹਾ ਕਿ ਰੈਲੀ ਵਿੱਚ ਪੰਜਾਬ ਭਰ ਤੋਂ 20-25 ਹਜ਼ਾਰ ਵਰਕਰ ਭਾਗ ਲੈਣ ਲਈ ਪਹੁੰਚਣਗੇ।ਇਸ ਦੌਰਾਨ ਪੰਜਾਬ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਸੋਸ਼ਲ ਮੀਡੀਆ ਉੱਤੇ ਪੋਸਟ ਪਾ ਕੇ ਕਾਂਗਰਸ ਦੇ ਸਾਰੇ ਬਲਾਕ ਤੇ ਜ਼ਿਲ੍ਹਾ ਪੱਧਰ ਦੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਨਵੈਂਸ਼ਨ ਵਿਚ ਹੁੰਮ ਹੁਮਾ ਕੇ ਪਹੁੰਚਣ।

# ਰਾਮ ਲੱਲ੍ਹਾ ਦੇ ਦਰਸ਼ਨ ਕਰਨ ਅਯੋਧਿਆ ਪੁੱਜੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

6 ਦਸੰਬਰ 1992 ਨੂੰ ਕੀਤੀ ਕਾਰ ਸੇਵਾ ਦੇ ਪੰਜਾਬ ਭਰ ਦੇ 1300 ਦੇ ਕਰੀਬ ਕਾਰ ਸੇਵਕ, ਜਿਨ੍ਹਾਂ ਵਿੱਚੋਂ 9 ਦੇ ਕਰੀਬ ਰਾਮਪੁਰਾਫੂਲ ਦੇ ਹਨ, ਅਯੋਧਿਆ ਵਿੱਚ ਸ੍ਰੀ ਰਾਮ ਲੱਲਾ ਜੀ ਦੇ ਦਰਸ਼ਨ ਕਰਨਗੇ।ਜਨਮ ਭੂਮੀ ਮੰਦਰ ਕਮੇਟੀ ਅਯੋਧਿਆ ਜੀ ਵੱਲੋਂ ਪੰਜਾਬ ਭਰ ਤੋਂ ਕਾਰ ਸੇਵਕਾਂ ਨੂੰ ਸੱਦਾ ਪੱਤਰ ਭੇਜਣ ਅਤੇ ਉਨ੍ਹਾਂ ਨੂੰ ਦਰਸ਼ਨ ਕਰਾਉਣ ਲਈ ਇੱਕ ਸਪੈਸ਼ਲ ਰੇਲ ਗੱਡੀ 04650 ਜੋ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਚੱਲ ਕੇ ਅਯੋਧਿਆ ਜੀ ਲਈ ਰਵਾਨਾ ਹੋਈ ਹੈ।ਅਯੋਧਿਆ ਪਹੁੰਚਣ 'ਤੇ ਕਾਰ ਸੇਵਕ ਸੁਨੀਲ ਬਿੱਟਾ ਨੇ ਮੰਦਰ ਕਮੇਟੀ ਅਯੋਧਿਆ ਜੀ ਦਾ ਸਮੂਹ ਕਾਰ ਸੇਵਕਾਂ ਵੱਲੋਂ ਧੰਨਵਾਦ ਕਰਦਿਆਂ ਦੱਸਿਆ ਕਿ ਉਹ ਸ਼੍ਰੀ ਰਾਮ ਲੱਲਾ ਜੀ ਦੇ ਦਰਸ਼ਨ ਕਰਨਗੇ।ਉਨ੍ਹਾਂ ਕਿਹਾ ਕਿ ਕਾਰ ਸੇਵਕਾਂ ਵਿੱਚ ਦਰਸ਼ਨਾਂ ਲਈ ਭਾਰੀ ਉਤਸਾਹ ਹੈ ।

ਬਿੱਟਾ ਨੇ ਕਿਹਾ ਕਿ 6 ਦਸੰਬਰ 1992 ਨੂੰ ਉਨਾਂ ਵੱਲੋਂ ਕੀਤੀ ਕਾਰ ਸੇਵਾ ਉੱਪਰ ਪੂਰਾ ਮਾਣ ਹੈ।ਰਾਮ ਭਗਤ ਅਤੇ ਨਗਰ ਕੌਂਸਲ ਦੇ ਸਾਬਕਾ ਮੀਤ ਪ੍ਰਧਾਨ ਸੁਰਜੀਤ ਸਿੰਘ, ਆਰਐਸਐਸ ਦੇ ਆਗੂ ਤਰਸੇਮ ਜੇਠੀ, ਸੰਜੀਵ ਬਾਂਸਲ, ਰਾਜ ਕੁਮਾਰ, ਵਿਪਨ ਕੁਮਾਰ, ਪ੍ਰੇਮ ਪ੍ਰਕਾਸ਼, ਪੁਨੀਤ ਕੁਮਾਰ, ਸੁਨੀਲ ਕੁਮਾਰ, ਮੁਕੇਸ਼ ਕੁਮਾਰ, ਲਵਲੀ ਕੁਮਾਰ, ਪ੍ਰਵੀਨ ਭਾਈ ਰੂਪਾ, ਸੇਵਾ ਭਾਰਤੀ ਦੇ ਆਗੂ ਰਜੀਵ ਖੀਰਾ, ਲਛਮਣ ਦਾਸ ਗੋਇਲ, ਭਾਜਪਾ ਆਗੂ ਸੰਜੀਵ ਕੁਮਾਰ, ਰਾਮਨਾਥ ਜਿੰਦਲ, ਨੀਤੀਸ਼ ਗਰਗ, ਗੌਰਵ ਗਰਗ, ਗੌਰਵ ਜਾਗੜ ਤੋਂ ਇਲਾਵਾ ਸਮਾਜ ਸੇਵੀ ਸ੍ਰੀਮਤੀ ਸਨੇਹ ਗਰਗ ਸਮੇਤ ਵੱਡੀ ਗਿਣਤੀ ਵਿੱਚ ਰਾਮ ਭਗਤਾਂ ਨੇ ਰਾਮਪੁਰਾ ਫੂਲ ਦੇ 9 ਕਾਰ ਸੇਵਕਾਂ ਸੁਨੀਲ ਬਿੱਟਾ, ਪ੍ਰਮੋਦ ਕੁਮਾਰ, ਸਤੀਸ਼ ਕੋਛੜ, ਰਵਿੰਦਰ ਗੋਇਲ ਹੈਪੀ, ਬਸੰਤ ਲਾਲ, ਤਿਲਕ ਕੁਮਾਰ ਸਿੰਗਲਾ, ਲਛਮਣ ਦਾਸ ਮਾਨ, ਜੈ ਪ੍ਰਕਾਸ਼ ਖਾਤੀ ਤੇ ਜਗਮੋਹਣ ਲਾਲ ਦਾ ਰੇਲਵੇ ਸਟੇਸ਼ਨ 'ਤੇ ਜਾ ਕੇ ਤਿਲਕ ਲਾ ਕੇ, ਖੰਮਣੀ ਬੰਨ ਕੇ, ਪ੍ਰਸ਼ਾਦ ਦੇ ਕੇ, ਪਟਾਕੇ ਚਲਾ ਕੇ, ਫੁੱਲਾਂ ਦੀ ਵਰਖਾ ਕਰਕੇ ਅਤੇ ਜੈ ਸ੍ਰੀ ਰਾਮ ਦੇ ਜੈਕਾਰੇ ਲਾ ਕੇ ਉਨ੍ਹਾਂ ਨੂੰ ਸ੍ਰੀ ਅਯੋਧਿਆ ਜੀ ਦੇ ਲਈ ਰਵਾਨਾ ਕੀਤਾ ਹੈ। ਇਸ ਟਰੇਨ ਦਾ ਨਾਂਅ ਆਸਤਾ ਟਰੇਨ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਭਰ ਦੇ ਕਾਰ ਸੇਵਕ ਦੇ ਆਪਸ ਵਿੱਚ 32 ਸਾਲਾਂ ਬਾਅਦ ਇਕੋ ਟਰੇਨ ਵਿੱਚ ਇਕੱਠੇ ਹੋਣ 'ਤੇ ਮਾਹੌਲ ਬੜਾ ਆਨੰਦਮਈ ਬਣ ਗਿਆ ਸੀ।

# ਫੱਤਣਵਾਲਾ ਦੀ ਮਹਿਲਾ ਡਿਸਪੈਂਸਰੀ ਦਾ ਕੀਤਾ ਗਿਆ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਿੰਡ ਫੱਤਣਵਾਲਾ ਦੇ ਲੋਕਾਂ ਦੀ ਪਿਛਲੇ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਉਸ ਸਮੇਂ ਬੂਰ ਪਿਆ, ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਵੱਲੋਂ ਆਪਣੇ ਕਰ ਕਮਲਾਂ ਨਾਲ ਮਹਿਲਾ ਡਿਸਪੈਂਸਰੀ ਦਾ ਰੀਬਨ ਕੱਟ ਕੇ ਉਦਘਾਟਨ ਕੀਤਾ ਗਿਆ।

ਹਨੀ ਬਰਾੜ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਸਵ: ਗੁਰਰਾਜ ਸਿੰਘ ਫੱਤਣਵਾਲਾ ਦੀ ਯਾਦ 'ਚ ਕਰੀਬ ਢਾਈ ਸਾਲ ਪਹਿਲਾਂ ਪਿੰਡ ਫੱਤਣਵਾਲਾ ਦੇ ਵਿਕਾਸ ਕਾਰਜਾਂ ਲਈ ਲਗਭਗ 30 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ, ਜਿਸ ਵਿੱਚੋਂ 5 ਲੱਖ 90 ਹਜ਼ਾਰ ਰੁਪਏ ਦੀ ਲਾਗਤ ਨਾਲ ਮਹਿਲਾ ਡਿਸਪੈਂਸਰੀ ਦਾ ਕਮਰਾ ਤਿਆਰ ਕੀਤਾ ਗਿਆ ਹੈ।ਇਸ ਤੋਂ ਇਲਾਵਾ ਪਿੰਡ 'ਚ ਜਲਦੀ ਹੀ ਰਹਿੰਦੇ ਕੰਮ ਜਿਵੇਂ ਸੱਥ ਵਾਲੀ ਗਲੀ 'ਚ ਇੰਟਰਲਾਕ ਟਾਇਲਾਂ ਤੇ ਸ਼ਮਸ਼ਾਨਘਾਟ ਦੀ ਚਾਰਦੀਵਾਰੀ ਦਾ ਕੰਮ ਪੂਰ ਚੜ੍ਹਾ ਕੇ ਪਿੰਡ ਵਾਸੀਆਂ ਨੂੰ ਸੌਂਪ ਦਿੱਤਾ ਜਾਵੇਗਾ।

ਇਸ ਮੌਕੇ ਪਿੰਡ ਵਾਸੀ ਜਗਤਾਰ ਸਿੰਘ ਫੱਤਣਵਾਲਾ ਨੇ ਕਿਹਾ ਕਿ ਸਵ: ਗੁਰਰਾਜ ਸਿੰਘ ਫੱਤਣਵਾਲਾ ਦੇ ਜਾਣ ਨਾਲ ਪਿੰਡ ਦੇ ਲੋਕਾਂ ਨੂੰ ਉਨ੍ਹਾਂ ਦੀ ਘਾਟ ਹਮੇਸ਼ਾ ਰੜਕਦੀ ਰਹੇਗੀ, ਪਰ ਪਿੰਡ 'ਚ ਹੋਏ ਵਿਕਾਸ ਦੇ ਕੰਮਾਂ ਸਦਕਾ ਉਨ੍ਹਾਂ ਦੀ ਯਾਦ ਪਿੰਡ ਦੇ ਲੋਕਾਂ 'ਚ ਤਾਜ਼ੀ ਰਹੇਗੀ।ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਮਹਿਲਾ ਡਿਸਪੈਂਸਰੀ ਦੀ ਲੰਮੇ ਸਮੇਂ ਤੋਂ ਮੰਗ ਸੀ, ਜਿਸ ਨੂੰ ਸਵ. ਗੁਰਰਾਜ ਸਿੰਘ ਫੱਤਣਵਾਲਾ ਦੀ ਯਾਦ 'ਚ ਬਣਾਇਆ ਗਿਆ, ਜਿਸ ਦਾ ਉਦਘਾਟਨ ਉਨ੍ਹਾਂ ਦੇ ਪੁੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਵੱਲੋਂ ਕਰ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਸਮੂਹ ਬਰਾੜ ਪਰਵਾਰ ਦਾ ਧੰਨਵਾਦ ਕੀਤਾ।ਉਨ੍ਹਾਂ ਦੱਸਿਆ ਕਿ ਪਿੰਡ ਫੱਤਣਵਾਲਾ 'ਚ ਹੋਏ ਜ਼ਿਆਦਾਤਰ ਵਿਕਾਸ ਦਾ ਸਿਹਰਾ ਗੁਰਰਾਜ ਸਿੰਘ ਫੱਤਣਵਾਲਾ ਦੇ ਪਰਵਾਰ ਨੂੰ ਹੀ ਜਾਂਦਾ ਹੈ।

ਇਸ ਮੌਕੇ ਮੈਂਬਰ ਪੰਚਾਇਤ ਬਸੰਤ ਸਿੰਘ ਨੇ ਕਿਹਾ ਕਿ ਸਵ: ਗੁਰਰਾਜ ਸਿੰਘ ਫੱਤਣਵਾਲਾ ਤੇ ਸਾਬਕਾ ਵਿਧਾਇਕ ਸਵ: ਹਰਚੰਦ ਸਿੰਘ ਫੱਤਣਵਾਲਾ ਵੱਲੋਂ ਕੀਤੇ ਗਏ ਵਿਕਾਸ ਕਾਰਜਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਵੱਲੋਂ ਦਿੱਤੀਆਂ ਗਈਆਂ ਸਹੂਲਤਾਂ ਦਾ ਪਿੰਡ ਵਾਸੀ ਆਨੰਦ ਮਾਣ ਰਹੇ ਹਨ।ਪਿੰਡ 'ਚ ਮਹਿਲਾ ਡਿਸਪੈਂਸਰੀ ਲਈ ਕਮਰੇ ਦੀ ਵੱਡੀ ਘਾਟ ਅੱਜ ਪੂਰੀ ਹੋਈ ਹੈ।ਇਸ ਲਈ ਉਨ੍ਹਾਂ ਨੇ ਸਵ: ਗੁਰਰਾਜ ਸਿੰਘ ਪਰਵਾਰ ਦਾ ਧੰਨਵਾਦ ਕੀਤਾ।

# ਝਗੜਿਆਂ ਦੇ ਨਿਪਟਾਰੇ ਲਈ ਕੌਮੀ ਲੋਕ ਅਦਾਲਤ ਅੱਜ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥੋਰਟੀ ਦੇ ਨਿਰਦੇਸ਼ਾਂ ਤਹਿਤ ਅੱਠ ਫਰਵਰੀ ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਹਰੇਕ ਤਰ੍ਹਾਂ ਦੇ ਰਾਜ਼ੀਨਾਮੇ ਯੋਗ ਝਗੜਿਆਂ ਦਾ ਦੋਵਾਂ ਧਿਰਾਂ ਦੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਵੇਗਾ।ਇਹ ਜਾਣਕਾਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਮੈਨ-ਕਮ-ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਅਰੁਣ ਗੁਪਤਾ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਫ਼ਤਿਹਗੜ੍ਹ ਸਾਹਿਬ ਅਤੇ ਸਬ ਡਵੀਜ਼ਨ ਪੱਧਰ ਦੀਆਂ ਸਮੂਹ ਅਦਾਲਤਾਂ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾਵੇਗਾ।ਸ੍ਰੀ ਅਰੁਣ ਗੁਪਤਾ ਨੇ ਦੱਸਿਆ ਕਿ ਕੌਮੀ ਲੋਕ ਅਦਾਲਤ ਨੂੰ ਵੱਧ ਤੋਂ ਵੱਧ ਸਫ਼ਲ ਬਣਾਉਣ ਲਈ ਜ਼ਿਲ੍ਹਾ ਪੱਧਰ ਤੇ ਨਿਆਂਇਕ ਅਧਿਕਾਰੀਆਂ, ਬੈਂਕ ਅਧਿਕਾਰੀਆਂ, ਬੀਮਾ ਅਧਿਕਾਰੀਆਂ, ਵਾਟਰ ਸਪਲਾਈ, ਪੀ ਐਸ ਪੀ ਸੀ ਐੱਲ ਤੇ ਬੀ ਐਸ ਐਨ ਐਲ ਦੇ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਹਨ ਤਾਂ ਜੁ ਵੱਧ ਤੋਂ ਵੱਧ ਕੇਸਾਂ ਦਾ ਲੋਕ ਅਦਾਲਤ ਰਾਹੀਂ ਨਿਪਟਾਰਾ ਕਰਕੇ ਆਮ ਪਬਲਿਕ ਨੂੰ ਲਾਭ ਪੁਚਾਇਆ ਜਾ ਸਕੇ। ਸ੍ਰੀ ਅਰੁਣ ਗੁਪਤਾ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਵੱਖ-ਵੱਖ ਅਦਾਲਤਾਂ ਵਿੱਚ ਪੈਂਡਿੰਗ ਕੇਸਾਂ ਨੂੰ ਕੌਮੀ ਲੋਕ ਅਦਾਲਤ ਵਿੱਚ ਲਿਆ ਕੇ ਇਸ ਦਾ ਵੱਧ ਤੋਂ ਵੱਧ ਲਾਭ ਉਠਾਉਣ।ਉਨ੍ਹਾਂ ਕਿਹਾ ਕਿ ਲੋਕ ਅਦਾਲਤਾਂ ਦੇ ਬਹੁਤ ਲਾਭ ਹਨ ਤੇ ਇਨ੍ਹਾਂ ਵਿੱਚ ਸਮਝੌਤਾ ਹੋਣ ਦੀ ਸੂਰਤ ਵਿੱਚ ਕੋਰਟ ਫ਼ੀਸ ਵੀ ਵਾਪਸ ਹੁੰਦੀ ਹੈ ਅਤੇ ਲੋਕ ਅਦਾਲਤ ਦਾ ਫ਼ੈਸਲਾ ਵੀ ਅੰਤਿਮ ਹੁੰਦਾ ਹੈ।

# ਓ ਟੀ ਐੱਸ ਸਕੀਮ ਤੇ ਮੇਰਾ ਬਿੱਲ ਐਪ ਬਾਰੇ ਜਾਗਰੂਕਤਾ ਮੁਹਿੰਮ ਚਲਾਈ



**ਲੁਧਿਆਣਾ (ਰਾਜ ਸਿੰਗਲਾ)**

ਕਰ ਕਮਿਸ਼ਨਰ ਅਰਸ਼ਦੀਪ ਸਿੰਘ ਥਿੰਦ ਅਤੇ ਡਿਪਟੀ ਕਮਿਸ਼ਨਰ, ਸਟੇਟ ਜੀ.ਐਸ.ਟੀ. ਦਰਵੀਰ ਰਾਜ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਵਿਭਾਗ ਵੱਲੋਂ ਵਨ ਟਾਈਮ ਸੈਟਲਮੈਂਟ (ਓ.ਟੀ.ਐਸ.) ਸਕੀਮ ਅਤੇ ਮੇਰਾ ਬਿੱਲ ਐਪ ਬਾਰੇ ਜਾਣੂ ਕਰਾਉਣ ਲਈ ਜਾਗਰੂਕਤਾ ਮੁਹਿੰਮ ਚਲਾਈ ਗਈ ਹੈ।ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯਕਮੁਸ਼ਤ ਨਿਪਟਾਰਾ ਸਕੀਮ ਦਾ ਲਾਭ ਲੈਣ ਲਈ ਡੀਲਰਾਂ ਨੂੰ ਜਾਗਰੂਕ ਕਰਨ ਲਈ ਲੁਧਿਆਣਾ ਡਵੀਜ਼ਨ ਵਿੱਚ ਫੀਲਡ ਅਫ਼ਸਰਾਂ ਵੱਲੋਂ ਓ.ਟੀ.ਐਸ. ਕੈਂਪ ਲਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਵਿਭਾਗੀ ਅਧਿਕਾਰੀਆਂ ਵੱਲੋਂ ਜਾਗਰੂਕਤਾ ਪੈਦਾ ਕਰਨ ਲਈ ਘਰ-ਘਰ ਜਾ ਕੇ ਮੁਹਿੰਮ ਚਲਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਡੀਲਰਾਂ ਨੂੰ ਯਕਮੁਸ਼ਤ ਨਿਪਟਾਰਾ ਸਕੀਮ ਦਾ ਲਾਭ ਲੈਣ ਲਈ ਉਤਸ਼ਾਹਿਤ ਕਰਨ ਲਈ ਟੈਲੀਫੋਨ ਅਤੇ ਨਿੱਜੀ ਤੌਰ 'ਤੇ ਵੀ ਸੰਪਰਕ ਕੀਤਾ ਜਾ ਰਿਹਾ ਹੈ। ਸਕੀਮ ਦੇ ਤਹਿਤ ਡੀਲਰ ਮੰਗੇ ਗਏ ਟੈਕਸ ਦਾ ਅੱਧਾ ਜਮ੍ਹਾਂ ਕਰ ਸਕਦਾ ਹੈ ਅਤੇ ਵਿਆਜ ਅਤੇ ਜੁਰਮਾਨੇ ਨੂੰ ਮੁਆਫ਼ ਕਰ ਦਿੱਤਾ ਜਾਵੇਗਾ।ਇਸੇ ਤਰ੍ਹਾਂ ਮੇਰਾ ਬਿੱਲ ਐਪ ਨੂੰ ਵੀ ਲੋਕਾਂ ਵਿੱਚ ਵੱਡੇ ਪੱਧਰ 'ਤੇ ਜਾਗਰੂਕ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਜੱਸੀਆਂ ਰੋਡ, ਹੈਬੋਵਾਲ ਵਿਖੇ ਸਥਿਤ ਇੱਕ ਡਿਪਾਰਟਮੈਂਟਲ ਸਟੋਰ ਦੀ ਚੈਕਿੰਗ ਕੀਤੀ ਗਈ।ਡੀਲਰ ਦੀ ਜੀ.ਐਸ.ਟੀ.ਐਨ. ਨਾਲ ਨਿਯਮਤ ਰਜਿਸਟ੍ਰੇਸ਼ਨ ਸੀ, ਪਰ ਉਹ ਗਾਹਕਾਂ ਨੂੰ ਜਾਰੀ ਕੀਤੇ ਬਿੱਲਾਂ 'ਤੇ ਜੀ.ਐਸ.ਟੀ.ਐਨ. ਨੰਬਰ ਸ਼ੋਅ ਨਹੀਂ ਕਰ ਰਿਹਾ ਸੀ।ਬਾਅਦ ਵਿੱਚ ਡੀਲਰ ਦੀ ਜਾਂਚ ਕੀਤੀ ਗਈ ਅਤੇ ਟੈਕਸ ਚੋਰੀ ਦਾ ਮਾਮਲਾ ਸਾਹਮਣੇ ਆਇਆ।

# ਐੱਨ ਸੀ ਸੀ ਕੈਡਿਟ ਮਨਪ੍ਰੀਤ ਕੌਰ ਦਾ ਗਣਤੰਤਰ ਦਿਵਸ ਕੈਂਪ 'ਚ ਸ਼ਮੂਲੀਅਤ ਕਰਨ 'ਤੇ ਸਨਮਾਨ



ਐਨ.ਸੀ.ਸੀ. ਯੂਨਿਟ ਦੀ ਕੈਡਿਟ ਨੂੰ ਸਨਮਾਨਤ ਕਰਦੇ ਹੋਏ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਤੇ ਹੋਰ।

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਮਾਤਾ ਗੁਜਰੀ ਕਾਲਜ ਦੇ ਐਨ.ਸੀ.ਸੀ ਯੂਨਿਟ ਦੀ ਦੂਜੇ ਸਾਲ ਦੀ ਕੈਡਿਟ ਮਨਪ੍ਰੀਤ ਕੌਰ ਨੇ 75ਵੇਂ ਕੌਮੀ ਨੈਸ਼ਨਲ ਕੈਡਿਟ ਕੋਰ ਗਣਤੰਤਰ ਦਿਵਸ ਕੈਂਪ ਵਿੱਚ ਸ਼ਮੂਲੀਅਤ ਕਰਕੇ ਮਾਤਾ ਗੁਜਰੀ ਕਾਲਜ ਤੇ ਇਲਾਕੇ ਦਾ ਮਾਣ ਵਧਾਇਆ ਹੈ।ਕੈਂਪ ਦੌਰਾਨ ਮਨਪ੍ਰੀਤ ਕੌਰ ਨੇ ਕਰਤਵਿਯ ਪੱਥ ਉੱਪਰ ਹੁੰਦੀ ਸਾਲਾਨਾ ਗਣਤੰਤਰ ਦਿਵਸ ਪਰੇਡ ਵਿੱਚ ਐਨ.ਸੀ.ਸੀ. ਦੀ ਟੁਕੜੀ ਵਿੱਚ ਪਰੇਡ ਕੀਤੀ।ਕੈਡਿਟ ਮਨਪ੍ਰੀਤ ਕੌਰ ਦੀ ਪੰਜਾਬ ਹਰਿਆਣਾ ਹਿਮਾਚਲ ਪ੍ਰਦੇਸ਼ ਚੰਡੀਗੜ੍ਹ ਐਨ.ਸੀ.ਸੀ. ਡਾਇਰੈਕਟੋਰੇਟ ਵੱਲੋਂ ਗਣਤੰਤਰ ਦਿਵਸ ਕੈਂਪ ਵਿੱਚ ਚੋਣ ਹੋਈ ਸੀ।ਇਹ ਕੈਂਪ ਰਾਸ਼ਟਰੀ ਪੱਧਰ 'ਤੇ ਹਰ ਸਾਲ ਦਿੱਲੀ ਵਿਖੇ ਆਯੋਜਤ ਕੀਤਾ ਜਾਂਦਾ ਹੈ, ਜਿਸ ਵਿਚ ਭਾਰਤ ਦੀਆਂ 17 ਐਨ.ਸੀ.ਸੀ. ਡਾਇਰੈਕਟੋਰੇਟ ਦੇ ਕੈਡਿਟ ਭਾਗ ਲੈਂਦੇ ਹਨ। 23 ਪੀਬੀ ਬੀਐਨ ਰੋਪੜ ਦੇ ਕਮਾਂਡਿੰਗ ਅਫ਼ਸਰ ਕਰਨਲ ਟੀ.ਵਾਈ.ਐਸ. ਬੇਦੀ, ਪ੍ਰਸ਼ਾਸਨਿਕ ਅਫ਼ਸਰ ਕਰਨਲ ਆਰ.ਕੇ. ਚੌਧਰੀ ਨੇ ਕੈਡਿਟ ਦੀ ਭਰਪੂਰ ਸ਼ਲਾਘਾ ਕਰਦਿਆਂ ਦੱਸਿਆ ਕਿ ਐਨ.ਸੀ.ਸੀ. ਵਿਚ ਗਣਤੰਤਰ ਦਿਵਸ ਕੈਂਪ ਦੀ ਸਭ ਤੋਂ ਵੱਧ ਅਹਿਮੀਅਤ ਹੁੰਦੀ ਹੈ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਹੋਣਹਾਰ ਕੈਡਿਟ ਨੂੰ ਸਨਮਾਨਿਤ ਕਰਦਿਆਂ ਇਸ ਸ਼ਲਾਘਾਯੋਗ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆਂ ਬਾਕੀ ਵਿਦਿਆਰਥੀਆਂ ਨੂੰ ਵੀ ਆਤਮ ਵਿਸ਼ਵਾਸ, ਸਵੈ ਅਨੁਸ਼ਾਸਨ ਤੇ ਨਿਰੰਤਰ ਮਿਹਨਤ ਦੇ ਰਾਹ 'ਤੇ ਚੱਲਦਿਆਂ ਅਜਿਹੀਆਂ ਮੱਲਾਂ ਮਾਰਨ ਨੂੰ ਪ੍ਰੇਰਿਤ ਕੀਤਾ।ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕੈਡਿਟ ਮਨਪ੍ਰੀਤ ਕੌਰ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੇ ਐਨ.ਸੀ.ਸੀ. ਯੂਨਿਟ ਦੇ ਵਿਦਿਆਰਥੀ ਕੈਡਿਟਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਐਨ.ਸੀ.ਸੀ. ਵਿਦਿਆਰਥੀਆਂ ਦੇ ਜੀਵਨ ਵਿੱਚ ਬਹੁਤ ਸਕਾਰਾਤਮਕ ਤੇ ਉਸਾਰੂ ਬਦਲਾਓ ਲੈ ਕੇ ਆਉਂਦੀ ਹੈ।

ਇਸ ਮੌਕੇ ਐਨ.ਸੀ.ਸੀ. ਯੂਨਿਟ ਦੇ ਉਨ੍ਹਾਂ ਕੈਡਿਟਾਂ ਨੂੰ ਵੀ ਸਨਮਾਨਤ ਕੀਤਾ ਗਿਆ ਜਿਨ੍ਹਾਂ ਨੇ 2023-24 ਦੌਰਾਨ ਨੈਸ਼ਨਲ ਕੈਂਪ ਲਾਏ ਸਨ।ਇਸ ਸੰਬੰਧੀ ਕੇਅਰਟੇਕਰ ਐਨ.ਸੀ.ਸੀ. ਅਫ਼ਸਰ ਡਾ. ਪੁਸ਼ਪਿੰਦਰ ਸਿੰਘ ਨੇ ਦੱਸਿਆ ਕਿ ਮਨਪ੍ਰੀਤ ਕੌਰ ਨੇ ਪਿਛਲੇ ਚਾਰ ਮਹੀਨਿਆਂ ਤੋਂ ਐਨ.ਸੀ.ਸੀ. ਦੇ ਵੱਖ-ਵੱਖ ਕੈਂਪਾਂ ਵਿੱਚ ਸਖ਼ਤ ਮਿਹਨਤ ਕਰ ਇਹ ਨਾਮਣਾ ਖੱਟਿਆ ਹੈ।ਉਨ੍ਹਾਂ ਕਿਹਾ ਕਿ ਕਾਲਜ ਵਿਚ ਐਨ.ਸੀ.ਸੀ. ਕੈਡਿਟਾਂ ਦੀ ਟ੍ਰੇਨਿੰਗ ਬਹੁਤ ਅਨੁਸ਼ਾਸਨ ਅਤੇ ਸਖ਼ਤੀ ਨਾਲ ਹੁੰਦੀ ਹੈ, ਜਿਸ ਸਦਕਾ ਕੈਡਿਟ ਇਹ ਮੁਕਾਮ ਹਾਸਲ ਕਰ ਰਹੇ ਹਨ।

# ਤਰੁਣ ਕੁਮਾਰ ਟੋਨੀ ਦੇ ਘਰ ਪੁੱਜੇ ਐੱਸ ਐੱਚ ਓ ਭਿੰਡਰ ਦਾ ਸਨਮਾਨ



**ਪਟਿਆਲਾ (ਪੱਤਰ ਪ੍ਰੇਰਕ)**

ਵਿਦੇਸ਼ ਵਿੱਚ ਰਹਿ ਕੇ ਵੀ ਦਿਨ ਰਾਤ ਤ੍ਰਿਪੜੀ ਇਲਾਕੇ ਦੀ ਸੇਵਾ ਵਿੱਚ ਲੱਗੇ ਪ੍ਰਸਿੱਧ ਸਮਾਜ ਸੇਵੀ ਤਰੁਣ ਕੁਮਾਰ ਟੋਨੀ ਦੇ ਘਰ ਤ੍ਰਿਪੜੀ ਥਾਣੇ ਦੇ ਪ੍ਰਮੁੱਖ ਐਸ.ਐਚ.ਓ. ਗੁਰਪ੍ਰੀਤ ਸਿੰਘ ਭਿੰਡਰ ਵਿਸ਼ੇਸ਼ ਤੌਰ ਉੱਤੇ ਪੁੱਜੇ, ਜਿਨ੍ਹਾਂ ਦਾ ਤਰੁਣ ਕੁਮਾਰ ਟੋਨੀ ਦੇ ਰਿਸ਼ਤੇਦਾਰਾਂ ਅਤੇ ਤ੍ਰਿਪੜੀ ਦੇ ਪ੍ਰਮੁੱਖ ਸਮਾਜ ਸੇਵੀ ਸ਼ਖ਼ਸੀਅਤਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਤ੍ਰਿਪੜੀ ਸਥਿਤ ਉਨ੍ਹਾਂ ਦੇ ਨਿਵਾਸ ਸਥਾਨ ਉੱਤੇ ਉਨ੍ਹਾਂ ਦੇ ਸਪੁੱਤਰ ਚਾਹਤ ਕਪੂਰ ਦੇ ਜਨਮਦਿਨ ਮੌਕੇ ਰੱਖੇ ਗਏ ਸ਼੍ਰੀ ਰਾਮ ਸੰਕੀਰਤਨ ਅਤੇ ਹਨੂੰਮਾਨ ਚਾਲੀਸਾ ਦਾ ਪਾਠ ਪੰਡਤ ਨਰੇਸ਼ ਸ਼ਰਮਾ ਦੀ ਅਗਵਾਈ ਵਿੱਚ ਕੀਤਾ ਗਿਆ, ਜਿਸ ਵਿੱਚ ਭਗਤਾਂ ਨੇ ਪ੍ਰਭੂ ਦੇ ਭਜਨਾਂ ਦਾ ਆਨੰਦ ਲਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼ਿਵ ਦਾਸ ਪੂਰਨ ਢੀਂਗਰਾ ਵੱਲੋਂ ਕੈਲਾਸ਼ਪਤੀ ਭਜਨਾਂ ਨਾਲ ਮਾਹੌਲ ਭਗਤੀਮਈ ਕਰ ਦਿੱਤਾ। ਉਨ੍ਹਾਂ ਹਨੂੰਮਾਨ ਸਮੂਹਿਕ ਹਨੂਮਾਨ ਚਾਲੀਸਾ ਪਾਠ ਵਿੱਚ ਵੀ ਵਿਸ਼ੇਸ਼ ਹਾਜ਼ਰੀ ਲਾਈ। ਇਸ ਮੌਕੇ ਤਰੁਣ ਕੁਮਾਰ ਟੋਨੀ ਵੱਲੋਂ ਮੌਕੇ 'ਤੇ ਫੋਨ ਕਰਕੇ ਤ੍ਰਿਪੜੀ ਦੀ ਸਨਮਾਨਜਨਕ ਸ਼ਖ਼ਸੀਅਤਾਂ ਤੇ ਐਸ ਐਚ ਓ ਭਿੰਡਰ ਦਾ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਪਹੁੰਚਣ ਤੇ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਐਸ.ਐਚ.ਓ. ਗੁਰਪ੍ਰੀਤ ਸਿੰਘ ਭਿੰਡਰ ਆਪਣੀ ਸੇਵਾਵਾਂ ਬਹੁਤ ਚੰਗੇ ਤਰੀਕੇ ਨਾਲ ਨਿਭਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਐਸ.ਐਚ.ਓ. ਭਿੰਡਰ ਇੱਕ ਈਮਾਨਦਾਰ ਅਤੇ ਮਿਹਨਤੀ ਪੁਲਿਸ ਅਫ਼ਸਰ ਹਨ। ਇਸ ਮੌਕੇ ਐਸਐਚਓ ਗੁਰਪ੍ਰੀਤ ਸਿੰਘ ਭਿੰਡਰ ਤੋਂ ਇਲਾਵਾ ਤ੍ਰਿਪੜੀ ਮੇਨ ਬਾਜ਼ਾਰ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਚਿੰਟੂ ਨਾਸਰਾ, ਖਾਨਪੁਰ ਪੰਚਾਇਤ ਦੇ ਮੁਖੀ ਭਗਵਾਨ ਦਾਸ ਚਾਵਲਾ, ਸਾਬਕਾ ਐਮਸੀ ਰਾਕੇਸ ਨਾਸਰਾ, ਜਗਦੀਸ ਕੁਮਾਰ ਸੋਗੀ, ਲਲਿਤ ਮਦਾਨ (ਲਲਿਤ ਗਾਰਮੈਂਟਸ), ਪੂਰਨ ਢੀਂਗਰਾ, ਪੰਡਿਤ ਸੰਦੀਪ ਸਾਸਤਰੀ ਤੇ ਲਲਿਤ ਧਵਨ, ਹੈਪੀ ਪਾਹੂਜਾ, ਸ਼ਿਵਮ ਸ਼ੰਭੂ, ਬਲਿੰਦਰ ਬਿੰਨੀ, ਅਮਰਦੀਪ ਵਰਮਾ, ਸੰਜੀਵ ਵਰਮਾ, ਨੀਵ ਨਾਸਰਾ, ਸਕੂ ਕੁਮਾਰ, ਜੋਨੀ ਕੁਮਾਰ, ਵਲੇਚਾ ਜੀ ਨੇ ਵੀ ਹਾਜ਼ਰੀ ਲਵਾਈ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲੋਕਾਂ ਨੂੰ ਸਰਕਾਰੀ ਸਹੂਲਤਾਂ ਦਾ ਦਿੱਤਾ ਲਾਭ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ, ਫਕੀਰ ਚੰਦ ਸਿਕਰੀ)**

ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੀਮਾਂ ਦਾ ਲਾਭ ਨਾਗਰਿਕਾਂ ਨੂੰ ਦੇਣ ਲਈ ਸ਼ੁਰੂ ਕੀਤੇ 'ਆਪ ਦੀ ਸਰਕਾਰ, ਆਪ ਦੇ ਦੁਆਰ' ਪ੍ਰੋਗਰਾਮ ਤਹਿਤ ਸਬ-ਡਵੀਜ਼ਨ ਗੁਰੂਹਰਸਹਾਏ ਦੇ ਵਾਰਡ ਨੰ. 5, 6, 7, 8, 9, 10, 12 ਅਤੇ ਪਿੰਡ ਬਾਘੂ ਵਾਲਾ, ਦੋਨਾ ਖੁੰਦਰ ਪੰਜ ਗਰਾਈਂ, ਇਲਾਹੀ ਬਖਸ਼ ਬੋਦਲਾ ਵਿਖੇ ਕੈਂਪ ਲਾ ਕੇ ਲੋਕਾਂ ਨੂੰ ਸਰਕਾਰੀ ਸਹੂਲਤਾਂ ਦਾ ਲਾਭ ਦਿੱਤਾ ਗਿਆ। ਇਨ੍ਹਾਂ ਕੈਂਪਾਂ ਦਾ ਨਿਰੀਖਣ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਮਲਕੀਤ ਸਿੰਘ ਥਿੰਦ ਤੇ ਐੱਸ.ਡੀ.ਐਮ. ਗਗਨਦੀਪ ਸਿੰਘ ਨੇ ਕੀਤਾ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਜਰੂਰੀ ਦਿਸ਼ਾ ਨਿਰਦੇਸ਼ ਦਿੱਤੇ। ਵਾਰਡ ਨੰਬਰ 5 ਤੋਂ 12 ਤੱਕ ਲੱਗੇ ਕੈਂਪਾਂ ਦੇ ਦੂਜੇ ਦਿਨ ਐੱਸ.ਡੀ.ਐਮ. ਗਗਨਦੀਪ ਸਿੰਘ ਦੇ ਨਾਲ ਹੋਰ ਅਧਿਕਾਰੀ ਵੀ ਮੌਜੂਦ ਸਨ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਘਰ ਨੇੜੇ ਸਰਕਾਰੀ ਸਕੀਮਾਂ ਦਾ ਲਾਭ ਯਕੀਨੀ ਬਣਾਉਣ ਦੇ ਉਦੇਸ਼ ਨਾਲ ਇਹ ਕੈਂਪ ਲਾਏ ਜਾ ਰਹੇ ਹਨ, ਤਾਂ ਜੁ ਕੋਈ ਵੀ ਲੋੜਵੰਦ ਵਿਅਕਤੀ ਕਿਸੇ ਸਰਕਾਰੀ ਸਹੂਲਤ ਤੋਂ ਵਾਂਝਾ ਨਾ ਰਹੇ। ਉਨ੍ਹਾਂ ਵੱਲੋਂ ਮੌਕੇ 'ਤੇ ਹੀ ਲਾਭਪਾਤਰੀ ਨੂੰ ਕਿਰਤ ਵਿਭਾਗ ਦਾ ਲਾਭਪਾਤਰੀ ਕਾਰਡ ਜਾਰੀ ਕੀਤਾ ਗਿਆ। ਕੈਂਪਾਂ ਦੌਰਾਨ ਵੱਖ-ਵੱਖ ਦਸਤਾਵੇਜ਼ ਬਣਾਉਣ ਲਈ 44 ਕਿਸਮ ਦੀਆਂ ਸੇਵਾਵਾਂ ਲਈ ਅਰਜੀਆਂ ਪ੍ਰਾਪਤ ਕੀਤੀਆਂ ਗਈਆਂ ਅਤੇ ਜਿਨ੍ਹਾਂ ਦਾ ਮੌਕੇ ਤੇ ਨਿਪਟਾਰਾ ਹੋ ਸਕਦਾ ਹੈ, ਉਹ ਅਰਜ਼ੀਆਂ ਤੁਰੰਤ ਨਿਪਟਾਰੇ ਲਈ ਸਬੰਧਤ ਵਿਭਾਗਾਂ ਨੂੰ ਭੇਜੀਆਂ ਗਈਆਂ।

ਕੈਂਪਾਂ ਦੌਰਾਨ ਵਿਧਵਾ ਤੇ ਬੁਢਾਪਾ ਪੈਨਸ਼ਨ, ਜਾਤੀ ਸਰਟੀਫਿਕੇਟ, ਜਨਮ ਤੇ ਮੌਤ ਦੇ ਸਰਟੀਫਿਕੇਟ, ਸ਼ਗਨ ਸਕੀਮ, ਆਧਾਰ ਕਾਰਡ, ਵੋਟਰ ਕਾਰਡ, ਰਾਸ਼ਨ ਕਾਰਡ ਤੋਂ ਇਲਾਵਾ ਹੋਰ 44 ਕਿਸਮ ਦੀਆਂ ਲੋਕ ਭਲਾਈ ਸਕੀਮਾਂ ਤਹਿਤ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ।

# ਬਲਾਕ ਮਮਦੋਟ ਦੇ ਵੱਖ-ਵੱਖ ਵਾਰਡਾਂ 'ਚ ਲਾਏ ਕੈਂਪ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਪ੍ਰੋਗਰਾਮ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਬਲਾਕ ਮਮਦੋਟ ਦੇ ਵੱਖ-ਵੱਖ ਵਾਰਡਾਂ ਵਿੱਚ ਕੈਂਪ ਲਗਾਏ ਗਏ। ਬਲਾਕ ਮਮਦੋਟ ਦੇ ਪੁਰਾਣੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ (ਨੇੜੇ ਸਟੇਟ ਬੈਂਕ ਆਫ਼ ਇੰਡੀਆ ਬੈਂਕ) ਵਿਖੇ ਲੱਗੇ ਕੈਂਪ ਵਿੱਚ ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਸ੍ਰੀ. ਰਜਨੀਸ਼ ਦਹੀਆ ਤੇ ਐਸ.ਡੀ.ਐਮ ਜਸਪਾਲ ਸਿੰਘ ਬਰਾੜ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਹਾਜ਼ਰ ਲੋਕਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਦੀਆਂ ਵੱਖ-ਵੱਖ ਵਿਭਾਗਾਂ ਨਾਲ ਸੰਬੰਧਤ ਮੁਸ਼ਕਲਾਂ/ਸ਼ਿਕਾਇਤਾਂ ਸੁਣੀਆਂ ਤੇ ਬਹੁਤੀਆਂ ਦਾ ਮੌਕੇ 'ਤੇ ਹੱਲ ਵੀ ਕੀਤਾ ਤੇ ਬਾਕੀਆਂ ਦੇ ਹੱਲ ਲਈ ਸੰਬੰਧਤ ਵਿਭਾਗੀ ਅਧਿਕਾਰੀਆਂ ਨੂੰ ਸਖਤ ਨਿਰਦੇਸ਼ ਵੀ ਦਿੱਤੇ।

ਵਿਧਾਇਕ ਸ੍ਰੀ ਰਜਨੀਸ਼ ਦਹੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਉਦੇਸ਼ ਹੈ ਕਿ ਲੋਕਾਂ ਨੂੰ ਉਨ੍ਹਾਂ ਦੀਆਂ ਘਰਾਂ ਦੀਆਂ ਬਰੂਹਾਂ ਤੱਕ ਸਰਕਾਰੀ ਸਕੀਮਾਂ ਦਾ ਲਾਭ ਮਿਲੇ। ਉਨ੍ਹਾਂ ਆਖਿਆ ਕਿ ਇਸ ਕੈਂਪ ਦਾ ਉਦੇਸ਼ ਇਹ ਹੈ ਕਿ ਲੋਕਾਂ ਨੂੰ ਦਫ਼ਤਰਾਂ ਦੇ ਗੇੜੇ ਨਾ ਮਾਰਨੇ ਪੈਣ, ਸਗੋਂ ਇੱਕ ਛੱਤ ਹੇਠ ਹੀ ਮੌਕੇ 'ਤੇ ਹੀ ਲੋਕਾਂ ਦੇ ਕੰਮ ਹੋਣ। ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਵਾਰਡ ਨੰ. 1, 5, 7, 8, 9 ਦੇ ਲੋਕਾਂ ਨੂੰ ਇੱਕ ਛੱਤ ਹੇਠਾਂ ਹੀ ਵੱਖ-ਵੱਖ ਵਿਭਾਗਾਂ ਨਾਲ ਸੰਬੰਧਿਤ ਸਰਕਾਰੀ ਸਕੀਮਾਂ ਦਾ ਲਾਭ ਦਿੱਤਾ ਗਿਆ ਹੈ। ਵਿਧਾਇਕ ਦਹੀਆ ਨੇ ਕਿਹਾ ਕਿ ਇਸ ਕੈਂਪ ਵਿੱਚ ਪਾਣੀ ਦੀ ਸਮੱਸਿਆ, ਨਵੇਂ ਕੁਨੈਕਸ਼ਨ, ਪਖਾਨੇ, ਸੜਕ, ਗਲੀਆਂ, ਨਾਲੀਆਂ, ਸੀਵਰੇਜ, ਨਜਾਇਜ਼ ਕਬਜ਼ੇ ਅਤੇ ਲੇਬਰ ਵਿਭਾਗ ਆਦਿ ਨਾਲ ਸਬੰਧਿਤ ਸ਼ਿਕਾਇਤਾਂ ਸੁਣੀਆਂ ਗਈਆਂ ਤੇ ਜ਼ਿਆਦਾਤਰ ਦਾ ਮੌਕੇ 'ਤੇ ਹੀ ਹੱਲ ਵੀ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਵਿੱਚ ਸਰਟੀਫਿਕੇਟ ਬਣਾਉਣ ਸਮੇਤ ਵੱਖ-ਵੱਖ ਵਿਭਾਗੀ ਸਕੀਮਾਂ ਲਈ ਮੌਕੇ 'ਤੇ ਅਪਲਾਈ ਵੀ ਕੀਤਾ ਜਾ ਸਕਦਾ ਹੈ ਅਤੇ ਜੇਕਰ ਕਿਸੇ ਵਿਭਾਗ ਨਾਲ ਕੋਈ ਸ਼ਿਕਾਇਤ ਹੋਵੇ ਤਾਂ ਉਹ ਵੀ ਮੌਕੇ 'ਤੇ ਆਨਲਾਈਨ ਦਰਜ ਕਰਵਾਈ ਜਾ ਸਕਦੀ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ। ਐਸ.ਡੀ.ਐਮ ਜਸਪਾਲ ਸਿੰਘ ਬਰਾੜ ਨੇ ਕਿਹਾ ਕਿ ਇਹ ਕੈਂਪ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਵਿੱਚ ਸਰਕਾਰ ਦੀਆਂ ਸਾਰੀਆਂ ਮਹੱਤਵਪੂਰਨ ਸਕੀਮਾਂ ਦਾ ਲਾਭ ਮੌਕੇ 'ਤੇ ਦਿੱਤਾ ਜਾ ਰਿਹਾ ਹੈ। ਉਨ੍ਹਾਂ ਸਮੂਹ ਵਿਭਾਗੀ ਅਧਿਕਾਰੀਆਂ ਨੂੰ ਕਿਹਾ ਕਿ ਕੈਂਪਾਂ ਵਿੱਚ ਆਉਣ ਵਾਲੇ ਲੋਕਾਂ ਨੂੰ ਵਿਭਾਗੀ ਅਧਿਕਾਰੀ ਆਪਣੇ ਵਿਭਾਗ ਨਾਲ ਸਬੰਧਿਤ ਸਰਕਾਰੀ ਸਕੀਮਾਂ ਦਾ ਲਾਭ ਤਾਂ ਦੇਣ ਹੀ ਨਾਲ ਹੀ ਵਿਭਾਗੀ ਸਕੀਮਾਂ ਸਬੰਧੀ ਲੋਕਾਂ ਨੂੰ ਜਾਗਰੂਕ ਵੀ ਕਰਨ। ਉਨ੍ਹਾਂ ਲੋਕਾਂ ਨੂੰ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਵੀ ਕੀਤੀ। ਇਸ ਕੈਂਪ ਨੂੰ ਦੇਖਣ ਵਾਸਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਥਿੰਦ ਵੀ ਵਿਸ਼ੇਸ਼ ਤੌਰ 'ਤੇ ਪੁੱਜੇ ਤੇ ਸਰਕਾਰ ਵੱਲੋਂ ਕੀਤੇ ਇਸ ਵਿਸ਼ੇਸ਼ ਉਪਰਾਲੇ ਦੀ ਸ਼ਲਾਘਾ ਕੀਤੀ।

# ਡੀ ਆਈ ਜੀ ਫਿਰੋਜ਼ਪੁਰ ਰੇਂਜ ਖ਼ਿਲਾਫ਼ ਧਰਨਾ ਪ੍ਰਦਰਸ਼ਨ ਅੱਜ



**ਜਲਾਲਾਬਾਦ (ਰਣਬੀਰ ਕੌਰ ਢਾਬਾਂ)**

ਭਾਰਤੀ ਕਮਿਊਨਿਸਟ ਪਾਰਟੀ ਦੀ ਵਿਸ਼ੇਸ਼ ਮੀਟਿੰਗ ਦਫਤਰ ਸੁਤੰਤਰ ਭਵਨ ਵਿਖੇ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਭਾਰਤੀ ਕਮਿਊਨਿਸਟ ਪਾਰਟੀ ਤੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸਰਾਜ ਗੋਲਡਨ ਜ਼ਿਲ੍ਹਾ ਸਹਾਇਕ ਸਕੱਤਰ ਕਾਮਰੇਡ ਸੁਰਿੰਦਰ ਢੰਡੀਆਂ ਨੇ ਕੀਤੀ। ਮੀਟਿੰਗ ਵਿੱਚ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਕਿ ਡੀ.ਆਈ.ਜੀ. ਫ਼ਿਰੋਜ਼ਪੁਰ ਵੱਲੋਂ ਥਾਣਾ ਅਮੀਰ ਖਾਸ ਵਿੱਚ ਦਰਜ ਮੁਕੱਦਮਾ ਨੰਬਰ 44 ਕਰਾਸ ਕੇਸ ਦੀਆਂ ਧਾਰਾਵਾਂ 365 ਅਤੇ 379 ਬੀ ਨਜਾਇਜ਼ ਤੌਰ 'ਤੇ ਇਕਤਰਫ਼ਾ ਪੜਤਾਲ ਕਰਕੇ ਮੁਕੱਦਮੇ ਦੇ ਸੰਗੀਨ ਜੁਰਮਾਂ ਨੂੰ ਖਾਰਜ ਕਰਨ ਖਿਲਾਫ਼ ਪੁਤਲਾ ਫੂਕ ਪ੍ਰਦਰਸ਼ਨ 9 ਫਰਵਰੀ ਨੂੰ ਕੀਤਾ ਜਾਵੇਗਾ। ਇਸ ਪੁਤਲਾ ਫੂਕ ਪ੍ਰਦਰਸ਼ਨ ਵਿੱਚ ਜ਼ਿਲ੍ਹਾ ਫ਼ਾਜ਼ਿਲਕਾ ਅਤੇ ਫ਼ਿਰੋਜ਼ਪੁਰ ਵਿੱਚੋਂ ਵੱਡੀ ਗਿਣਤੀ 'ਚ ਭਾਰਤੀ ਕਮਿਊਨਿਸਟ ਪਾਰਟੀ ਦੇ ਵਰਕਰ ਅਤੇ ਆਮ ਲੋਕ ਸ਼ਾਮਲ ਹੋਣਗੇ। ਆਗੂਆਂ ਨੇ ਕਿਹਾ ਕਿ ਇਸ ਮਾਮਲੇ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦਾ ਵਫ਼ਦ ਡੀ.ਆਈ. ਜੀ. ਫ਼ਿਰੋਜ਼ਪੁਰ ਰੇਂਜ ਨੂੰ ਮਿਲ ਚੁੱਕਾ ਹੈ ਅਤੇ ਉਨ੍ਹਾਂ ਵੱਲੋਂ ਗੱਲ ਸੁਨਣ ਦੀ ਬਜਾਏ ਉਲਟਾ ਟਾਲ ਮਟੋਲ ਕੀਤਾ ਜਾ ਰਿਹਾ ਹੈ, ਜਿਸ ਕਾਰਨ ਸਾਨੂੰ ਮਜਬੂਰ ਹੋ ਕੇ ਇਨਸਾਫ ਲੈਣ ਲਈ ਧਰਨਾ ਪ੍ਰਦਰਸ਼ਨ ਕਰਨਾ ਪੈ ਰਿਹਾ ਹੈ।

# ਖੇਤਾਂ 'ਚੋਂ ਅਣਪਛਾਤੀ ਲੜਕੀ ਦੀ ਲਾਸ਼ ਬਰਾਮਦ



**ਬਰੇਟਾ (ਰੀਤਵਾਲ)**-ਬਰੇਟਾ ਰੋਡ 'ਤੇ ਰੱਲੀ ਵਾਲੀ ਨਹਿਰ ਦੇ ਨਜ਼ਦੀਕ ਸਰ੍ਹੋਂ ਦੇ ਖੇਤਾਂ ਵਿੱਚ ਦਿਨ ਦਿਹਾੜੇ ਇੱਕ ਅਣਪਛਾਤੀ ਲੜਕੀ ਦੀ ਲਾਸ਼ ਬਰਾਮਦ ਹੋਣ ਦਾ ਸਮਾਚਾਰ ਮਿਲਿਆ ਹੈ। ਇਕੱਤਰ ਜਾਣਕਾਰੀ ਅਨੁਸਾਰ ਖੇਤਾਂ ਵਿੱਚ ਹਰਾ ਚਾਰਾ ਲੈਣ ਗਈਆਂ ਕੁਝ ਔਰਤਾਂ ਨੇ ਦੇਖਿਆ ਕਿ ਨਹਿਰ ਦੇ ਨਜ਼ਦੀਕ ਖੇਤ ਵਿੱਚ ਨੌਜਵਾਨ ਲੜਕੀ ਦੀ ਲਾਸ਼ ਪਈ ਸੀ। ਜਿਸ ਦੇ ਗਲ਼ ਵਿੱਚ ਚੁੰਨੀ ਲਪੇਟੀ ਹੋਈ ਸੀ। ਲਾਸ਼ ਵੇਖਣ ਵਾਲੇ ਲੋਕਾਂ ਦਾ ਅਨੁਮਾਨ ਸੀ ਕਿ ਲੜਕੀ ਦਾ ਕਤਲ ਕੀਤਾ ਗਿਆ ਹੈ। ਉਧਰ ਡੀ.ਐਸ.ਪੀ. ਬੁਢਲਾਡਾ ਗੁਰਪ੍ਰੀਤ ਸਿੰਘ ਗਿੱਲ ਤੇ ਐਸ.ਐਚ.ਓ. ਸਿਟੀ ਵੱਲੋਂ ਮੌਕੇ ਤੋਂ ਘਟਨਾ ਦਾ ਜਾਇਜ਼ਾ ਲੈਂਦਿਆਂ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਵੱਲੋਂ ਆਸ-ਪਾਸ ਦੇ ਹੋਟਲਾਂ ਦੇ ਸੀ.ਸੀ.ਟੀ.ਵੀ. ਕੈਮਰਿਆਂ ਨੂੰ ਵੀ ਖੰਘਾਲਿਆ ਜਾ ਰਿਹਾ ਹੈ। ਪੁਲਸ ਨੇ ਲਾਸ਼ ਨੂੰ ਸਿਵਲ ਹਸਪਤਾਲ ਵਿੱਚ ਭੇਜ ਦਿੱਤਾ ਗਿਆ ਹੈ।

# ਕੁਸ਼ਟ ਰੋਗ ਕੋਈ ਪੁਰਾਣੇ ਪਾਪਾਂ ਦਾ ਫ਼ਲ ਜਾਂ ਸਰਾਪ ਨਹੀਂ : ਸਿਵਲ ਸਰਜਨ



**ਲੁਧਿਆਣਾ (ਰਾਜ ਸਿੰਗਲਾ)**-ਸਿਵਲ ਸਰਜਨ ਡਾ. ਜਸਵੀਰ ਸਿੰਘ ਔਲਖ ਨੇ ਦੱਸਿਆ ਕਿ ਕੁੱਝ ਲੋਕਾਂ ਵੱਲੋਂ ਵਹਿਮਾਂ-ਭਰਮਾਂ ਕਰਕੇ ਕੁਸ਼ਟ ਰੋਗ ਦਾ ਇਲਾਜ ਨਹੀਂ ਕਰਾਇਆ ਜਾਂਦਾ, ਜੋ ਬਿਲਕੁਲ ਗ਼ਲਤ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਕੁਸ਼ਟ ਰੋਗ ਕੋਈ ਪੁਰਾਣੇ ਪਾਪਾਂ ਦਾ ਫ਼ਲ ਜਾਂ ਸਰਾਪ ਨਹੀਂ ਹੈ, ਸਗੋਂ ਆਮ ਰੋਗਾਂ ਦੀ ਤਰ੍ਹਾਂ ਸਿਰਫ਼ ਇੱਕ ਰੋਗ ਹੈ। ਜ਼ਿਕਰਯੋਗ ਹੈ ਕਿ ਸਿਵਲ ਸਰਜਨ ਲੁਧਿਆਣਾ ਡਾ. ਜਸਵੀਰ ਸਿੰਘ ਔਲਖ ਦੇ ਦਿਸ਼ਾ ਨਿਰਦੇਸ਼ਾਂ ਹੇਠ, ਜਿਲ੍ਹੇ ਭਰ ਵਿਚ ਸਪਰਸ਼ ਕੁਸ਼ਟ ਜਾਗਰੂਕਤਾ ਮੁਹਿੰਮ 13 ਫਰਵਰੀ ਤੱਕ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਕੁਸ਼ਟ ਰੋਗ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਸਰਕਾਰੀ ਸਮਰਾਟ ਹਾਇਰ ਸੈਕੰਡਰੀ ਸਕੂਲ ਢੋਲੇਵਾਲ ਵਿਖੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਪਰਮਿੰਦਰ ਸਿੰਘ ਅਤੇ ਬੀ.ਸੀ.ਸੀ. ਕੋਆਡੀਨੇਟਰ ਬਰਜਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਚਮੜੀ ਉੱਤੇ ਹਲਕੇ, ਫਿੱਕੇ, ਬਦਰੰਗ, ਤਾਂਬੇ ਰੰਗ ਦੇ ਦਾਗ਼, ਗਰਮ ਠੰਡੇ ਦਾ ਪਤਾ ਨਾ ਲੱਗਣਾ, ਨਸਾਂ ਵਿੱਚ ਦਰਦ ਹੋਣਾ, ਕੰਨਾਂ ਦੇ ਪਿੱਛੇ ਅਤੇ ਮੂੰਹ ਤੇ ਗੱਠਾਂ ਦਾ ਬਣ ਜਾਣਾ, ਹੱਥਾਂ ਤੇ ਪੈਰਾਂ ਦੀਆਂ ਉਂਗਲਾਂ ਦਾ ਟੇਢਾ ਹੋ ਜਾਣਾ, ਅੱਖਾਂ ਦਾ ਬੰਦ ਨਾ ਹੋਣਾ ਆਦਿ ਕੁਸ਼ਟ ਰੋਗ ਦੇ ਲੱਛਣ ਹਨ। ਸਿਵਲ ਸਰਜਨ ਡਾ. ਜਸਵੀਰ ਸਿੰਘ ਔਲਖ ਨੇ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਇਸ ਰੋਗ ਦੇ 100 ਮਰੀਜ਼ ਦਵਾਈ ਲੈ ਰਹੇ ਹਨ, ਜਿਨ੍ਹਾਂ ਵਿੱਚ 17 ਪੰਜਾਬੀ, 2 ਬੱਚੇ ਅਤੇ 5 ਅਪੰਗਤਾ ਦੇ ਮਰੀਜ਼ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮਰੀਜ਼ਾਂ ਨੂੰ ਸਮੇਂ-ਸਮੇਂ 'ਤੇ ਐਮ.ਸੀ.ਆਰ. ਫੁਟਵੇਅਰ, ਕਰੱਚਿਸ, ਸੈਲਫ ਕੇਅਰ ਕਿੱਟ ਤੇ ਐਨਕਾਂ ਆਦਿ ਦਿੱਤੀਆਂ ਜਾਂਦੀਆਂ ਹਨ। ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਦਾ ਅਪ੍ਰੇਸ਼ਨ ਵੀ ਐਨ.ਐਲ.ਈ.ਪੀ. ਅਧੀਨ ਮੁਫ਼ਤ ਕੀਤਾ ਜਾਂਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਕੁਸ਼ਟ ਰੋਗ ਦਾ ਸਮੇਂ ਸਿਰ ਇਲਾਜ ਕਵਾਉਣ ਨਾਲ ਰੋਗ ਤੋਂ ਹੋਣ ਵਾਲੀ ਅਪੰਗਤਾ ਤੋਂ ਬਚਿਆ ਜਾ ਸਕਦਾ ਹੈ।

# ਆਪ ਦੀ ਸਰਕਾਰ, ਆਪ ਦੇ ਦੁਆਰ 'ਚ ਵਿਧਾਇਕ, ਡੀ ਸੀ ਤੇ ਅਧਿਕਾਰੀ ਬਿਨੈਕਾਰਾਂ ਨੂੰ ਮੌਕੇ 'ਤੇ ਸੌਂਪਣਗੇ ਦਸਤਾਵੇਜ਼

**ਦੋਰਾਹਾ (ਹਰਮਿੰਦਰ ਸੇਠ)**-ਲੋਕਾਂ ਨੂੰ ਦਫ਼ਤਰਾਂ ਵਿੱਚ ਜਾਣ ਦੀ ਬਜਾਏ ਉਨ੍ਹਾਂ ਦੇ ਜੱਦੀ ਸਥਾਨਾਂ 'ਤੇ ਹੀ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਲਈ 'ਆਪ ਦੀ ਸਰਕਾਰ' ਦੇ ਉਪਰਾਲੇ ਤਹਿਤ ਲੁਧਿਆਣਾ ਪ੍ਰਸ਼ਾਸਨ ਵਲੋਂ ਕੈਂਪ ਲਗਾਏ ਜਾ ਰਹੇ ਹਨ। ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ, ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨਾਲ ਕਈ ਇਲਾਕਿਆਂ ਵਿੱਚ ਕੈਂਪਾਂ ਦਾ ਦੌਰਾ ਕਰਕੇ ਲੋਕਾਂ ਨੇ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਕਿਉਂਕਿ ਹੁਣ ਉਨ੍ਹਾਂ ਨੂੰ 44 ਤਰ੍ਹਾਂ ਦੀਆਂ ਸੇਵਾਵਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਮਿਲਣਗੀਆਂ। ਲੋਕਾਂ ਦੀਆਂ ਸਮੱਸਿਆਵਾਂ ਨੂੰ ਠਰ੍ਹੰਮੇ ਨਾਲ ਸੁਣਿਆ ਜਾਵੇਗਾ ਅਤੇ ਕੈਂਪਾਂ ਵਿੱਚ ਹਰੇਕ ਵਿਭਾਗ ਦੇ ਕਾਊਂਟਰਾਂ ਦਾ ਦੌਰਾ ਕਰਕੇ ਅਧਿਕਾਰੀਆਂ ਤੋਂ ਫੀਡਬੈਕ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਰੋਜ਼ਾਨਾ ਅਜਿਹੇ ਕੈਂਪ ਲਗਾਏ ਜਾਣਗੇ ਤਾਂ ਜੋ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਜਾ ਕੇ ਸੇਵਾਵਾਂ ਲੈਣ ਵਿੱਚ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਸਾਹਨੀ ਨੇ ਕਿਹਾ ਕਿ ਕੈਂਪਾਂ ਵਿੱਚ ਆਉਣ ਵਾਲੇ ਲੋਕਾਂ ਨੂੰ ਵੱਧ ਤੋਂ ਵੱਧ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ ਅਤੇ ਲੋਕਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਲਈ ਜਨਤਕ ਤੌਰ 'ਤੇ ਪ੍ਰਚਾਰ ਯਕੀਨੀ ਬਣਾਇਆ ਜਾਵੇਗਾ। ਸਾਹਨੀ ਨੇ ਦੱਸਿਆ ਕਿ ਐਸ.ਡੀ.ਐਮਜ਼ ਕੈਂਪਾਂ ਦੇ ਸਮੁੱਚੇ ਇੰਚਾਰਜ ਹੋਣਗੇ ਅਤੇ ਮਾਲ, ਸੇਵਾ ਕੇਂਦਰ, ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ ਅਤੇ ਔਰਤਾਂ ਅਤੇ ਬੱਚਿਆਂ ਦਾ ਵਿਕਾਸ, ਖੇਤੀਬਾੜੀ ਅਤੇ ਕਿਸਾਨ ਭਲਾਈ, ਸਿਹਤ, ਜਲ ਸਪਲਾਈ ਅਤੇ ਸੈਨੀਟੇਸ਼ਨ, ਪੀ.ਐਸ.ਪੀ.ਸੀ.ਐਲ., ਪੇਂਡੂ ਵਿਕਾਸ ਅਤੇ ਪੰਚਾਇਤਾਂ, ਫੂਡ ਸਪਲਾਈ ਲੇਬਰ, ਪੁਲਸ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਸੇਵਾਵਾਂ ਪ੍ਰਦਾਨ ਕਰਨਗੇ ਅਤੇ ਮੌਕੇ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਸਰਕਾਰੀ ਸੇਵਾਵਾਂ ਜਿਨ੍ਹਾਂ ਵਿੱਚ ਜਨਮ ਜਾਂ ਮੌਤ ਦੇ ਸਰਟੀਫਿਕੇਟ, ਐਫੀਡੇਵਿਟ ਤਸਦੀਕ, ਲਾਭਪਾਤਰੀਆਂ ਦੇ ਬੱਚਿਆਂ ਨੂੰ ਵਜ਼ੀਫ਼ਾ, ਰਿਹਾਇਸ਼ੀ ਸਰਟੀਫਿਕੇਟ, ਐਸ.ਸੀ. ਸਰਟੀਫਿਕੇਟ, ਉਸਾਰੀ ਕਿਰਤੀ ਦੀ ਰਜਿਸਟ੍ਰੇਸ਼ਨ, ਬੁਢਾਪਾ ਨੂੰ ਪੈਨਸ਼ਨ, ਬੀ.ਸੀ. ਸਰਟੀਫਿਕੇਟ, ਬਿਜਲੀ ਦੀ ਅਦਾਇਗੀ, ਜਨਮ ਸਰਟੀਫਿਕੇਟ ਵਿੱਚ ਨਾਮ, ਮਾਲ ਰਿਕਾਰਡ ਦੀ ਜਾਂਚ, ਵਿਆਹ ਦੀ ਰਜਿਸਟ੍ਰੇਸ਼ਨ (ਲਾਜ਼ਮੀ), ਮੌਤ ਸਰਟੀਫਿਕੇਟ ਦੇ ਕਈ ਕੇਸ, ਉਸਾਰੀ ਕਰਮਚਾਰੀ ਕਾਰਡ ਦਾ ਨਵੀਨੀਕਰਨ, ਜਨਮ ਸਰਟੀਫਿਕੇਟ ਵਿੱਚ ਦਾਖਲੇ ਵਿੱਚ ਸੁਧਾਰ, ਮੌਤ/ਐਨ.ਏ.ਸੀ. ਸਰਟੀਫਿਕੇਟ ਜਾਰੀ ਕਰਨਾ, ਪੇਂਡੂ ਖੇਤਰ ਦਾ ਸਰਟੀਫਿਕੇਟ, ਜਨਮ ਸਰਟੀਫਿਕੇਟ, ਜਨਰਲ ਜਾਤੀ ਸਰਟੀਫਿਕੇਟ, ਵਿਧਵਾ/ਬੇਸਹਾਰਾ ਨਾਗਰਿਕਾਂ ਨੂੰ ਪੈਨਸ਼ਨ, ਗੈਰ-ਭਾਰਾਈ ਸਰਟੀਫਿਕੇਟ, ਮੌਰਗੇਜ ਦੀ ਇਕੁਇਟੀ ਐਂਟਰੀ, ਜਨਮ ਸਰਟੀਫਿਕੇਟ ਦੀ ਦੇਰੀ ਨਾਲ ਦਾਖਲਾ, ਆਮਦਨੀ ਸਰਟੀਫਿਕੇਟ, ਅਪਾਹਜਾਂ ਨੂੰ ਪੈਨਸ਼ਨ, ਫਰਦ ਜਨਰੇਸ਼ਨ, ਅਪੰਗਤਾ ਸਰਟੀਫਿਕੇਟ (ਯੂ.ਡੀ.ਆਈ.ਡੀ.) ਲਈ ਅਪਲਾਈ ਕਰਨਾ, ਕਾਊਂਟਰਸਾਈਨਿੰਗ ਦਸਤਾਵੇਜ਼, ਵਿਆਹ ਦੀ ਰਜਿਸਟ੍ਰੇਸ਼ਨ (ਆਨੰਦ), ਸ਼ਗਨ ਸਕੀਮ, ਆਸ਼ਰਿਤ ਬੱਚਿਆਂ ਨੂੰ ਪੈਨਸ਼ਨ, ਬਾਰਡਰ ਏਰੀਆ ਸਰਟੀਫਿਕੇਟ, ਮੌਤ ਦੀ ਦੇਰੀ ਨਾਲ ਰਜਿਸਟ੍ਰੇਸ਼ਨ, ਐਨ.ਆਰ.ਆਈ. ਦੇ ਦਸਤਾਵੇਜ਼ਾਂ 'ਤੇ ਕਾਊਂਟਰ ਹਸਤਾਖਰ, ਪੁਲਿਸ ਕਲੀਅਰੈਂਸ ਸਰਟੀਫਿਕੇਟ 'ਤੇ ਕਾਊਂਟਰ ਹਸਤਾਖਰ, ਮੌਤ ਸਰਟੀਫਿਕੇਟ, ਕੰਢੀ ਖੇਤਰ ਸਰਟੀਫਿਕੇਟ 'ਚ ਐਂਟਰੀ ਦੀ ਸੋਧ ਆਦਿ ਦਾ ਲਾਭ ਮਿਲੇਗਾ। ਵਧੇਰੇ ਜਾਣਕਾਰੀ ਲਈ 9888202122 7710772782 'ਤੇ ਸੰਪਰਕ ਕੀਤਾ ਜਾਵੇ।

# 'ਪੰਜਾਬ ਸਰਕਾਰ ਤੁਹਾਡੇ ਦੁਆਰ' ਕੈਂਪ 'ਚ ਲਾਭ ਲੈਣ ਵਾਲੇ ਲੋਕਾਂ ਨੇ ਕੀਤੀ ਪ੍ਰਸੰਸਾ : ਰਮੇਸ਼ ਅਰਨੀਵਾਲਾ



**ਮਲੋਟ (ਗੁਰਮੀਤ ਸਿੰਘ ਮੱਕੜ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 'ਪੰਜਾਬ ਸਰਕਾਰ ਤੁਹਾਡੇ ਦੁਆਰ' ਅਧੀਨ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਨਿਰਦੇਸ਼ਾਂ ਹੇਠ ਮਲੋਟ ਵਿਚ ਮੰਗਲਵਾਰ ਨੂੰ ਵਾਰਡ ਨੰਬਰ 1 ਅਤੇ 2, ਪਿੰਡ ਈਨਾ ਖੇੜਾ, ਵਿਰਕ ਖੇੜਾ ਵਿਚ ਅਤੇ 7 ਫਰਵਰੀ ਬੁੱਧਵਾਰ ਨੂੰ ਵਾਰਡ ਨੰ. 3 ਐਡਵਰਡਗੰਜ ਗੈਸਟ ਹਾਉਸ, ਵਾਰਡ ਨੰ. 4 ਗੁਰਦੁਆਰਾ ਸਿੰਘ ਸਭਾ, ਪਿੰਡ ਔਲਖ ਅਤੇ ਪਿੰਡ ਝੋਰੜ ਵਿਚ ਲਗਾਏ ਸੁਵਿਧਾ ਕੈਂਪਾਂ ਵਿਚ ਲੋਕਾਂ ਨੇ ਇਸ ਦਾ ਲਾਭ ਲਿਆ। 8 ਫਰਵਰੀ ਨੂੰ ਵਾਰਡ ਨੰ. 5, ਵਾਰਡ ਨੰਬਰ 6, ਪਿੰਡ ਸਾਉਕੇ ਅਤੇ ਰਾਮ ਨਗਰ ਵਿਚ ਸੁਵਿਧਾ ਕੈਂਪ ਲਗਾਏ ਜਾਣਗੇ। ਇਹ ਜਾਣਕਾਰੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਦਫਤਰ ਦੇ ਇੰਚਾਰਜ ਰਮੇਸ਼ ਅਰਨੀਵਾਲਾ ਨੇ ਦਿੱਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦਾ ਕਹਿਣਾ ਹੈ ਕਿ ਜੇਕਰ ਅਸੀ ਵੋਟਾਂ ਲੈਣ ਤੁਹਾਡੇ ਘਰ ਵਿਚ ਆ ਸਕਦੇ ਹਾਂ ਤਾਂ ਤੁਹਾਡੇ ਕੰਮ ਕਰਨ ਲਈ ਸਰਕਾਰ ਤੁਹਾਡੇ ਦੁਆਰ ਵੀ ਆ ਕੇ ਤੁਹਾਡੇ ਕੰਮ ਕਰੇਗੀ। ਪੰਜਾਬ ਸਰਕਾਰ ਤੁਹਾਡੇ ਦੁਆਰ ਅਧੀਨ ਹਰ ਪਿੰਡ ਅਤੇ ਸ਼ਹਿਰਾਂ ਦੇ ਹਰ ਵਾਰਡ ਵਿਚ ਲਗਾਤਾਰ ਕੈਂਪ ਲਗਾ ਕੇ ਲੋਕਾਂ ਦੇ ਕੰਮ ਕੀਤੇ ਜਾ ਰਹੇ ਹਨ। ਬੁੱਧਵਾਰ ਨੂੰ ਵਾਰਡ ਨੰ. 3 ਲਈ ਐਡਵਰਡਗੰਜ ਗੈਸਟ ਹਾਊਸ ਵਿਚ ਅਤੇ ਵਾਰਡ ਨੰ. 4 ਲਈ ਗੁਰਦੁਆਰਾ ਸਿੰਘ ਸਭਾ ਸਾਹਿਬ ਵਿੱਚ ਲਗਾਇਆ ਗਿਆ। ਇਨ੍ਹਾਂ ਕੈਂਪਾਂ ਵਿਚ ਸਰਕਾਰ ਵਲੋਂ 44 ਪ੍ਰਕਾਰ ਦੀਆਂ ਵੱਖ-ਵੱਖ ਸਰਕਾਰੀ ਸੇਵਾਵਾਂ ਮੁਹੱਈਆਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕੈਂਪਾਂ ਵਿਚ ਪਹੁੰਚੇ ਪ੍ਰਾਰਥੀਆਂ ਨੂੰ ਅਪੀਲ ਕੀਤੀ ਕਿ ਕੈਂਪਾਂ ਵਿਚ ਸੇਵਾਵਾਂ ਪ੍ਰਾਪਤ ਕਰਨ ਲਈ ਆਪਣੇ ਨਾਲ ਆਧਾਰ ਕਾਰਡ, ਵੋਟਰ ਕਾਰਡ, ਦੋ ਪਾਸਪੋਰਟ ਸਾਈਜ਼ ਫੋਟੋਆਂ ਅਤੇ ਜੇ ਕੋਈ ਸੁਵਿਧਾ ਸਕੂਲ ਵਿਚ ਪੜ੍ਹਦੇ ਬੱਚਿਆਂ ਲਈ ਲੈਣੀ ਹੈ ਤਾਂ ਉਸ ਦਾ ਜਨਮ ਸਰਟੀਫਿਕੇਟ ਜ਼ਰੂਰ ਆਪਣੇ ਨਾਲ ਲੈ ਕੇ ਆਉਣ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪੈਨਸ਼ਨ ਦੀ ਸੇਵਾ ਲੈਣ ਵਾਸਤੇ ਆਪਣਾ ਆਧਾਰ ਕਾਰਡ, ਵੋਟਰ ਕਾਰਡ, ਬੈਂਕ ਖਾਤਾ, ਦਿਵਿਆਂਗਤਾ ਪੈਨਸ਼ਨ ਵਾਸਤੇ ਦਿਗਿਆਂਗਤਾ ਸਰਟੀਫਿਕੇਟ ਅਤੇ ਵਿਧਵਾ ਅਤੇ ਆਸ਼ਰਿਤ ਬੱਚਿਆਂ ਵਾਸਤੇ ਮੌਤ ਦਾ ਸਰਟੀਫਿਕੇਟ ਕੈਂਪ ਵਿਚ ਨਾਲ ਲੈ ਕੇ ਆਉਣਾ ਯਕੀਨੀ ਬਣਾਇਆ ਜਾਵੇ। ਕੈਂਪਾਂ ਵਿਚ ਕਾਰਜ ਸਾਧਕ ਅਫਸਰ ਜਗਸੀਰ ਸਿੰਘ ਧਾਲੀਵਾਲ, ਸੀਵਰੇਜ ਵਿਭਾਗ ਦੇ ਰਾਕੇਸ਼ ਮੋਹਨ ਮੱਕੜ, ਜੇ.ਈ ਹਰਜਿੰਦਰ ਸਿੰਘ, ਜੇ.ਈ ਰਾਜਵੰਤ ਸਿੰਘ, ਸੋਸ਼ਲ ਮੀਡੀਆ ਇੰਚਾਰਜ ਤੇ ਬਲਾਕ ਪ੍ਰਧਾਨ ਗਗਨਦੀਪ ਸਿੰਘ ਔਲਖ, ਬਲਾਕ ਪ੍ਰਧਾਨ ਯਾਦਵਿੰਦਰ ਸੋਹਣਾ, ਪਰਮਜੀਤ ਕੌਰ, ਜਗਦੀਸ਼ ਕੁਮਾਰ ਆਦਿ ਤੋ ਸੇਵਾ ਕੇਂਦਰ, ਸਮਾਜਕ ਸੁਰੱਖਿਆ ਵਿਭਾਗ, ਨਗਰ ਕੌਂਸਲ, ਸਾਂਝ ਕੇਂਦਰ ਮਲੋਟ ਦੇ ਏ.ਐਸ.ਆਈ ਅਮਨਦੀਪ ਸਿੰਘ, ਸੁਖਪਾਲ ਸਿੰਘ ਤੋਂ ਇਲਾਵਾ ਕਈ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਅਮਨ ਅਰੋੜਾ ਨੇ ਰੱਖਿਆ ਨਵੇਂ ਬੱਸ ਸਟੈਂਡ ਦਾ ਨੀਂਹ ਪੱਥਰ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਲੋਕਾਂ ਦੀ ਕਈ ਦਹਾਕੇ ਪੁਰਾਣੀ ਮੰਗ ਨੂੰ ਪੂਰਾ ਕਰਦਿਆਂ ਨਵੇਂ ਬਸ ਸਟੈਂਡ ਦਾ ਨੀਂਹ ਪੱਥਰ ਰੱਖਿਆ। ਅਮਨ ਅਰੋੜਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਵਿਕਾਸ ਅਤੇ ਗੁੱਡ ਗਵਰਨੈਂਸ ਦੇਣ ਦੇ ਵਾਅਦੇ ਤੇ ਪੂਰਾ ਉਤਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੇਲੇ ਸਰਕਾਰੀ ਜਾਇਦਾਦਾਂ ਨੂੰ ਵੇਚਿਆ ਜਾਂਦਾ ਰਿਹਾ ਹੈ, ਪਰ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਪ੍ਰੋਜੈਕਟ ਖਰੀਦੇ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਰਿਸ਼ਵਤਖੋਰੀ ਅਤੇ ਭ੍ਰਿਸ਼ਟਾਚਾਰ ਨੂੰ ਪੂਰੀ ਤਰ੍ਹਾਂ ਨੱਥ ਪਾਈ ਗਈ ਹੈ, ਜਿਸ ਨਾਲ ਮਿਆਰੀ ਅਤੇ ਨਮੂਨੇ ਦੇ ਵਿਕਾਸ ਨੇਪਰੇ ਚੜ੍ਹਾਏ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਵੀ ਵਿਅਕਤੀ ਸਰਕਾਰੀ ਪ੍ਰੋਜੈਕਟਾਂ ਵਿੱਚ ਕਿਸੇ ਤਰ੍ਹਾਂ ਦੀ ਵੀ ਧਾਂਦਲੀ ਕਰਦਾ ਹੈ ਤਾਂ ਮਾਮਲਾ ਤੁਰੰਤ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਦੇ ਪੈਸੇ ਨੂੰ ਲੋਕਾਂ ਲਈ ਚੰਗੀਆਂ ਸੁਵਿਧਾਵਾਂ ਮੁਹੱਈਆ ਕਰਾਉਣਾ ਯਕੀਨੀ ਬਣਾਉਣਾ ਉਨ੍ਹਾਂ ਦੀ ਸਰਕਾਰ ਦਾ ਮੁੱਖ ਮਕਸਦ ਹੈ ਅਤੇ ਕਿਸੇ ਵੀ ਪੱਧਰ ਉੱਪਰ ਲੋਕਾਂ ਦੇ ਪੈਸੇ ਦੀ ਬਰਬਾਦੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੌਂਗੋਵਾਲ ਦੇ ਲੋਕਾਂ ਦੀ ਇਹ ਸਮੱਸਿਆ ਲੰਬੇ ਸਮੇਂ ਤੋਂ ਮੇਰੇ ਧਿਆਨ ਵਿਚ ਸੀ, ਪਰ ਬਸ ਸਟੈਂਡ ਨੂੰ ਪਾਸ ਕਰਵਾਉਣ ਲਈ ਕਾਫੀ ਜੱਦੋ-ਜਹਿਦ ਕਰਨੀ ਪਈ। ਉਨ੍ਹਾਂ ਕਿਹਾ ਕਿ ਅੱਧੇ ਏਕੜ ਵਿਚ 1 ਕਰੋੜ 31 ਲੱਖ ਦੀ ਲਾਗਤ ਵਾਲਾ ਇਹ ਬਸ ਸਟੈਂਡ ਹਰ ਵਰਗ ਦੇ ਲੋਕਾਂ ਲਈ ਲਾਹੇਵੰਦ ਸਾਬਤ ਹੋਵੇਗਾ। ਅਰੋੜਾ ਨੇ ਕਿਹਾ ਕਿ ਮੈਂ ਪਿਛਲੇ ਕਰੀਬ 35 ਸਾਲਾਂ ਤੋਂ ਲੌਂਗੋਵਾਲ ਵਿੱਚ ਬਸ ਸਟੈਂਡ ਦੀ ਘਾਟ ਨੂੰ ਮਹਿਸੂਸ ਕਰਦਾ ਆ ਰਿਹਾ ਹਾਂ। ਬੱਸਾਂ ਵਾਲੇ ਅਤੇ ਸਵਾਰੀਆਂ ਨਿੱਤ ਹੀ ਪ੍ਰੇਸ਼ਾਨ ਹੁੰਦੀਆਂ ਸਨ। ਨਾ ਕੋਈ ਸ਼ੈਡ, ਨਾ ਕੋਈ ਯੋਗ ਪਿਸ਼ਾਬ ਘਰ ਸਨ। ਧੁੱਪ ਅਤੇ ਬਾਰਿਸ਼ ਦੌਰਾਨ ਸਵਾਰੀਆਂ ਨੂੰ ਲੋਕਾਂ ਦੀਆਂ ਦੁਕਾਨਾਂ ਦਾ ਸਹਾਰਾ ਲੈਣਾ ਪੈਂਦਾ ਸੀ। ਇਸ ਮੌਕੇ ਉਨ੍ਹਾਂ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਨੂੰ ਕਸਬੇ ਵਿੱਚ ਸਾਰੀਆਂ ਨਵੀਆਂ ਸਟਰੀਟ ਲਾਈਟਾਂ ਲਗਾਉਣ ਸਬੰਧੀ ਐਸਟੀਮੇਟ ਬਣਾ ਕੇ ਦੇਣ ਲਈ ਵੀ ਕਿਹਾ ਤਾਂ ਜੁ ਲੋਕਾਂ ਦੀ ਦਹਾਕੇ ਪੁਰਾਣੀ ਇਹ ਮੰਗ ਵੀ ਜਲਦੀ ਹੀ ਪੂਰੀ ਕੀਤੀ ਜਾ ਸਕੇ। ਅਰੋੜਾ ਨੇ ਕਿਹਾ ਕਿ ਕਸਬੇ ਨੂੰ ਜਲਦੀ ਹੀ ਪੂਰੀ ਤਰ੍ਹਾਂ ਰੁਸ਼ਨਾਅ ਦਿੱਤਾ ਜਾਵੇਗਾ। ਕਸਬੇ ਦੀਆਂ ਅਨੇਕਾਂ ਹੀ ਸੰਸਥਾਵਾਂ ਵੱਲੋਂ ਅਮਨ ਅਰੋੜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਆਪ ਆਗੂ ਬਲਵਿੰਦਰ ਸਿੰਘ ਢਿੱਲੋਂ ਤੇ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਵੱਲੋਂ ਹੋ ਚੁੱਕੇ ਤੇ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਚਾਨਣਾ ਪਾਇਆ ਗਿਆ। ਅਕਾਲੀ ਆਗੂ ਕਰਨੈਲ ਸਿੰਘ ਦੁੱਲਟ ਵੱਲੋਂ ਨਾਲੇ ਦੇ ਪਾਣੀ ਦੀ ਨਿਕਾਸੀ ਦਾ ਮਾਮਲਾ ਵੀ ਮੰਤਰੀ ਦੇ ਧਿਆਨ ਵਿੱਚ ਕਰਵਾਇਆ।

# ਪੰਜਾਬ ਸਰਕਾਰ ਨੇ ਹੱਲ ਨਾ ਕੱਢਿਆ ਤਾਂ ਹੋਵੇਗਾ 13 ਤੋਂ 15 ਤੱਕ ਚੱਕਾ ਜਾਮ : ਰੇਸ਼ਮ ਸਿੰਘ ਗਿੱਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਰੋਡਵੇਜ਼/ਪਨਬਸ/ ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵੱਲੋਂ ਸਮੂਹ ਪੰਜਾਬ ਦੇ ਡਿਪੂਆਂ ਤੇ ਗੇਟ ਰੈਲੀਆਂ ਕੀਤੀਆ ਗਈਆਂ।ਫ਼ਿਰੋਜ਼ਪੁਰ ਡਿਪੂ ਦੇ ਗੇਟ ਤੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਵਿੱਚ ਸੂਬਾ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਦੀ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ।

ਮੁਲਾਜ਼ਮਾਂ ਨੂੰ ਮੰਗਾਂ ਪੂਰੀਆਂ ਕਰਨ ਦੀ ਬਜਾਏ ਝੂਠ ਅਤੇ ਕਾਮੇਡੀ ਕਰਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ ਅਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜ਼ਮਾਂ ਦੀ ਕਿਸੇ ਵੀ ਸਰਕਾਰ ਨੇ ਵੋਟਾਂ ਤੋਂ ਬਾਅਦ ਸਾਰ ਨਹੀਂ ਲਈ ਸੂਬੇ ਅੰਦਰ ਆਮ ਆਦਮੀ ਪਾਰਟੀ ਸਰਕਾਰ ਵੀ ਮਾਰੂ ਨੀਤੀਆਂ ਲਿਆ ਰਹੀ ਹੈ ਅਤੇ ਹੜਤਾਲ ਦੇ ਸਬੰਧ ਵਿੱਚ ਇੱਕ ਮਹੀਨਾ ਪਹਿਲਾਂ ਭੇਜੇ ਨੋਟਿਸ ਤੇ ਵੀ ਹੁਣ ਤੱਕ ਟਰਾਂਸਪੋਰਟ ਮੰਤਰੀ ਨੇ ਕੋਈ ਮੀਟਿੰਗ ਜਾਂ ਸਾਰਥਿਕ ਹੱਲ ਨਹੀਂ ਕੱਢਿਆ।ਉਲਟਾ ਮੁਲਾਜ਼ਮਾਂ ਨੂੰ ਬਦਨਾਮ ਕੀਤਾ ਜਾ ਰਿਹਾ ਹੈ। 52 ਸਵਾਰੀਆਂ ਹੋਣ 'ਤੇ ਸਰਕਾਰ ਵਲੋਂ ਬੱਸਾਂ ਪਾਉਣ ਜਾਂ ਲੋਕਾਂ ਨੂੰ ਕੋਈ ਠੋਸ ਹੱਲ ਦੇਣ ਦੀ ਬਜਾਏ ਉਲਟਾ ਮੁਲਾਜ਼ਮਾਂ ਦੀ ਬਦਨਾਮੀ ਅਤੇ ਮੀਡੀਆ ਵਿੱਚ ਚੋਰ ਬਲੈਕਮੇਲ ਦੱਸਿਆ ਗਿਆ, ਜਦਕਿ ਵੋਟਾਂ ਤੋਂ ਪਹਿਲਾਂ ਇਹ ਮੰਤਰੀ ਧਰਨਿਆਂ ਵਿੱਚ ਜਾ ਕੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਠੇਕੇਦਾਰਾਂ ਨੂੰ ਬਾਹਰ ਕੱਢਣ, ਤਨਖ਼ਾਹ ਵਾਧਾ ਕਰਨ, ਮੁਲਾਜ਼ਮਾਂ ਨੂੰ ਸਰਵਿਸ ਰੂਲਾ ਬਣਾ ਕੇ ਬਹਾਲ ਕਰਨ ਦੇ ਵਾਅਦੇ ਕਰਦਾ ਸੀ ਇਸ ਤੋਂ ਸਿੱਧ ਹੁੰਦਾ ਹੈ ਕਿ ਕੁਰਸੀ 'ਤੇ ਬੈਠਣ ਤੋਂ ਬਾਅਦ ਸਭ ਕੁਝ ਭੁੱਲ ਚੁੱਕੇ ਹਨ ਅਤੇ ਮੁਲਾਜ਼ਮਾਂ ਨੂੰ ਸੰਘਰਸ਼ ਕਰਨ ਲਈ ਮਜ਼ਬੂਰ ਕਰ ਰਹੇ ਹਨ ਅਤੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਟ੍ਰੈਫਿਕ ਨਿਯਮਾਂ ਵਿੱਚ ਸੋਧ ਦੇ ਨਾਂਅ 'ਤੇ ਪੂਰੇ ਭਾਰਤ ਦੇ ਡਰਾਈਵਰਾਂ ਅਤੇ ਆਮ ਵਰਗ ਤੇ ਮਾਰੂ ਕਾਨੂੰਨ ਲਾਗੂ ਕਰਨ ਵੱਲ ਤੁਰੀ ਹੈ, ਜਿਸ ਦਾ ਪੂਰੇ ਭਾਰਤ ਵਲੋਂ ਵਿਰੋਧ ਕੀਤਾ ਜਾ ਰਿਹਾ ਹੈ। ਇਸ ਐਕਟ ਵਿੱਚ ਜੋ ਸੈਕਸ਼ਨ 106(2) ਬੀ ਐਨ ਐਸ ਵਿੱਚ ਡਰਾਈਵਰਾਂ ਨੂੰ 10 ਦੀ ਸਜ਼ਾ ਅਤੇ 7 ਲੱਖ ਜੁਰਮਾਨੇ ਦੀ ਸੋਧ ਕੀਤੀ ਹੈ, ਉਹ ਡਰਾਈਵਰਾਂ ਨਾਲ ਬਿਲਕੁਲ ਧੱਕੇਸ਼ਾਹੀ ਹੈ ਅਤੇ ਧਾਰਾ 104(2) ਵਿੱਚ ਸੋਧ ਜੋ ਕਿ ਕਿਸੇ ਦੋਸ਼ੀ ਨੂੰ ਗਵਾਹ ਬਣਾਉ ਦੀ ਗੱਲ ਕਹਿੰਦੀ ਹੈ ਉਹ ਭਾਰਤੀ ਸੰਵਿਧਾਨ ਦੀ ਧਾਰਾ 20(3)ਦੇ ਖਿਲਾਫ ਹੋ ਸਕਦੀ ਹੈ।ਇਸ ਲਈ ਸਾਰੇ ਵਰਗਾਂ ਦੇ ਡਰਾਈਵਰਾਂ ਵਲੋਂ ਇਸ ਐਕਟ ਦਾ ਵਿਰੋਧ ਕੀਤਾ ਜਾ ਰਿਹਾ ਹੈ ਅਤੇ ਇਹ ਸੋਧ ਵਾਲਾ ਐਕਟ ਕਿਸੇ ਵੀ ਕੀਮਤ ਤੇ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ।ਭਾਰਤ ਦੀ ਮੋਦੀ ਸਰਕਾਰ ਵਲੋਂ ਵਾਰ ਵਾਰ ਲੋਕ ਮਾਰੂ ਨੀਤੀਆਂ ਲਾਗੂ ਕਰਕੇ ਕਾਰਪੋਰੇਟ ਘਰਾਣਿਆਂ ਹੱਥੀਂ ਲੁੱਟ ਕਰਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜੇਕਰ ਕੇਂਦਰ ਸਰਕਾਰ ਮਾਰੂ ਕਨੂੰਨ ਨੂੰ ਵਾਪਸ ਨਹੀਂ ਲੈਂਦੀ ਤਾਂ 16 ਫਰਵਰੀ ਨੂੰ ਕੇਂਦਰ ਸਰਕਾਰ ਦੇ ਖਿਲਾਫ ਪੂਰਾ ਭਾਰਤ ਬੰਦ ਕੀਤਾ ਜਾਵੇਗਾ।ਡਿਪੂ ਪ੍ਰਧਾਨ ਜਤਿੰਦਰ ਸਿੰਘ, ਸੈਕਟਰੀ ਮੁੱਖਪਾਲ ਸਿੰਘ, ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਨੇ ਕਿਹਾ ਪੰਜਾਬ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਹੋਈ ਹੈ ਕਿਉਂਕਿ ਪੰਜਾਬ ਸਰਕਾਰ ਲੋਕਾਂ ਨੂੰ ਟਰਾਂਸਪੋਰਟ ਦੀ ਪੂਰਾ ਅਰਾਮਦਾਇਕ ਸਹੂਲਤ ਦੇਣ ਵਿੱਚ ਪੂਰੀ ਤਰ੍ਹਾਂ ਫੇਲ ਸਾਬਤ ਹੋਈ, ਜੋ ਵੱਡੇ ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ, ਪਰ ਸਾਰੇ ਮਸਲੇ ਜਿਉਂ ਦੀ ਤਿਉਂ ਹਨ ਤੇ ਸਰਕਾਰ ਹਰ ਵਰਗ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਵਿੱਚ ਅਤੇ ਪੰਜਾਬ ਨੂੰ ਚਲਾਉਣ ਵਿੱਚ ਫੇਲ੍ਹ ਹੋ ਚੁੱਕੀ ਹੈ। ਉਨ੍ਹਾਂ ਆਖਿਆ ਕਿ ਜੇਕਰ ਸਾਡੀਆਂ ਜਾਇਜ਼ ਮੰਗਾਂ ਦਾ 8 ਫਰਵਰੀ ਦੀ ਮੀਟਿੰਗ ਵਿੱਚ ਹੱਲ ਨਾ ਕੱਢਿਆ ਤਾਂ ਟਰਾਂਸਪੋਰਟ ਦੇ ਮੁਲਾਜ਼ਮਾਂ ਵੱਲੋਂ 13, 14, 15 ਫਰਵਰੀ ਦੀ ਤਿੰਨ ਰੋਜ਼ਾ ਮੁਕੰਮਲ ਹੜਤਾਲ ਕੀਤੀ ਜਾਵੇਗੀ।ਹੜਤਾਲ ਦੌਰਾਨ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਤੇ ਰੋਸ ਧਰਨਾ ਦਿੱਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।



**AXIS BANK LTD.**

ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ, ਲਿਮਟਿਡ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 : ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ.ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ ਐਲਿਸਬ੍ਰਿਜ, ਅਹਿਮਦਾਬਾਦ-380006

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐਸੇਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਕਾਨੂੰਨੀ ਵਾਰਸ/ਪਤਾ | ਬਕਾਇਆ ਖੜ੍ਹੀ ਰਕਮ | ਕਰਜ਼ਾ ਰਕਮ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ | ਐੱਨ ਪੀ ਏ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ |
|---|---|---|---|---|---|---|
| 1 | 1. ਸ੍ਰੀ ਜ਼ੋਰਾਵਰ ਸਿੰਘ ਪੁੱਤਰ ਸਵਿੰਦਰ ਸਿੰਘ 2. ਸਤਵਿੰਦਰ ਕੌਰ ਪਤਨੀ ਜ਼ੋਰਾਵਰ ਸਿੰਘ ਅਤੇ 3. ਸ੍ਰੀ ਪ੍ਰਭਜੋਤ ਸਿੰਘ ਪੁੱਤਰ ਸਵਿੰਦਰ ਸਿੰਘ ਸਾਰੇ ਵਾਸੀ ਮਕਾਨ ਨੰ. 147, ਵਾਰਡ ਨੰ. 13 ਗਲੀ ਮਾਸਟਰ ਵਾਲੀ ਬੈਕ ਸਾਈਡ ਬੱਸ ਅੱਡਾ, ਅਜਨਾਲਾ-ਅੰਮ੍ਰਿਤਸਰ-143102 ਕਰਜ਼ਾ ਖਾਤਾ ਨੰ. ਐੱਲ ਪੀ ਆਰ 068503712089, ਐੱਲ ਟੀ ਆਰ 068504490940 ਅਤੇ ਈ ਸੀ ਆਰ 068505422079 | ਰੁਪਏ 4053520/- (ਰੁਪਏ ਚਾਲੀ ਲੱਖ ਤਰਵੰਜਾ ਹਜ਼ਾਰ ਪੰਜ ਸੌ ਵੀਹ ਕੇਵਲ) | 1. ਐਸਟ ਪਾਵਰ ਕਰਜ਼ਾ ਸਹੂਲਤ (ਐੱਲ ਏ ਪੀ) ਐੱਲ ਪੀ ਆਰ 068503712089 ਰੁ. 2539825 (ਪੱਚੀ ਲੱਖ ਉਨਤਾਲੀ ਹਜ਼ਾਰ ਅੱਠ ਸੌ ਪੱਚੀ ਰੁਪਏ ਕੇਵਲ) 2 ਐੱਸਟ ਪਾਵਰ ਕਰਜ਼ਾ ਸਹੂਲਤ (ਐੱਲ ਪੀ ਏ) ਐੱਲ ਟੀ ਆਰ 068504490940 ਰੁ. 18,50,000/- (ਅਠਾਰਾਂ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) ਈ ਸੀ ਆਰ 068505422079 ਰੁਪਏ 8,52,353/- (ਅੱਠ ਲੱਖ ਬਵੰਜਾ ਹਜ਼ਾਰ ਤਿੰਨ ਸੌ ਤਰਵੰਜਾ ਰੁਪਏ ਕੇਵਲ) | ਸ੍ਰੀ ਜ਼ੋਰਾਵਰ ਸਿੰਘ ਪੁੱਤਰ ਸਤਵਿੰਦਰ ਸਿੰਘ ਦੇ ਨਾਂਅ ਰਜਿਸਟਰਡ ਰਿਹਾਇਸ਼-ਕਮ-ਵਪਾਰਕ ਜਾਇਦਾਦ ਰਕਬਾ 0-10 ਮਰਲਾ, ਖਸਰਾ ਨੰ. 529 ਮਿਨ ਪੱਛਮ (0-10), ਖੱਤਾ ਨੰ. 666/1390 ਜਮ੍ਹਾਂਬੰਦੀ ਸਾਲ 2013-2014 ਰਕਬਾ ਅਜਨਾਲਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਬਲਬੀਰ ਸਿੰਘ ਦਾ ਪਲਾਟ, ਪੱਛਮ : ਗਲੀ 20' ਚੌੜੀ, ਉੱਤਰ : ਜਾਇਦਾਦ ਓਮਰਾਓ ਸਿੰਘ, ਦੱਖਣ : ਸੜਕ। | 09 ਦਸੰਬਰ 2023 | 01 ਜਨਵਰੀ 2024 |
| 2 | 1. ਸ੍ਰੀ ਅਜੇ ਕੁਮਾਰ ਪੁੱਤਰ ਘਿਸ਼ਾ ਰਾਮ ਅਤੇ 2. ਸ੍ਰੀ ਘਿਸ਼ਾ ਰਾਮ ਪੁੱਤਰ ਕੁੰਦਨ ਮੱਲ ਸ਼ਰਮਾ ਦੋਵੇਂ ਵਾਸੀ ਜੰਡਿਆਲਾ ਰੋਡ, ਹਿੰਦੂ ਦੀ ਪੱਤੀ, ਪਿੰਡ ਬੰਡਾਲਾ, ਅੰਮ੍ਰਿਤਸਰ-143413, ਨਾਲ ਹੀ : ਪਲਾਟ ਨੰ. 185 ਮਿਨ ਕਾਲਾ ਘਨੂੰਪੁਰ, ਸਬ-ਅਰਬਨ ਆਬਾਦੀ, ਨਵੀਂ ਆਬਾਦੀ ਘਨੂੰਪੁਰ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ-143001 ਨਾਲ ਹੀ : ਸ੍ਰੀ ਅਜੇ ਕੁਮਾਰ ਪੁੱਤਰ ਘਿਸ਼ਾ ਰਾਮ ਪ੍ਰੋਪ. ਮੈਸ: ਸ੍ਰੀ ਕਰਤਾਰ ਸ਼ਾਮ ਜੋਤਿਸ਼ ਐਂਡ ਜੈਮਸ ਸਟੋਰ, ਪਿੰਡ ਬੰਡਾਲਾ, ਹਿੰਦੂ ਦੀ ਪੱਤੀ, ਜੀ ਟੀ ਰੋਡ ਅੰਮ੍ਰਿਤਸਰ-143413 ਕਰਜ਼ਾ ਖਾਤਾ ਨੰ. ਪੀ ਐੱਚ ਆਰ 068507091737 | ਰੁਪਏ 941859/- (ਰੁਪਏ ਨੌ ਲੱਖ ਇਕਤਾਲੀ ਹਜ਼ਾਰ ਅੱਠ ਸੌ ਉਨਾਹਟ ਕੇਵਲ) | ਰੁਪਏ 904000/- (ਨੌ ਲੱਖ ਚਾਰ ਹਜ਼ਾਰ ਰੁਪਏ ਕੇਵਲ | ਸ੍ਰੀ ਅਜੇ ਕੁਮਾਰ ਪੁੱਤਰ ਘੀਸ਼ਾ ਰਾਮ ਬੈਨਾਮਾ ਨਾਂਅ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ. 185 ਮਿਨ ਰਕਬਾ 54 ਵਰਗ ਗਜ਼, ਖਸਰਾ ਨੰ. 69//6, 69//7/1, 69//15, 69//16, 69//24/2, 69//25,70//10/2, 70//20, 170//21/1, 81//15/1, ਖੱਤਾ ਖਤੌਨੀ ਨੰ. 1913/2549, 1914/2550, 1915/2551, 1917/2553, 1923/2559, 1924/2560, ਜਮ੍ਹਾਂਬੰਦੀ ਸਾਲ 2018-2019, ਕਾਲਾ ਘਨੂੰਪੁਰ, ਸਬ-ਅਰਬਨ ਆਬਾਦੀ-ਨਵੀਂ ਅਬਾਦੀ ਘਨੂੰਪੁਰ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ। ਬੈਨਾਮਾ ਦਸਤਾਵੇਜ਼ ਨੰ. 2021-22/93/1/14285 ਮਿਤੀ 18 ਫਰਵਰੀ 2022, ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਪਲਾਟ ਨੰ. 186, ਪੱਛਮ : ਸੜਕ 25', ਚੌੜੀ, ਉੱਤਰ : ਪਲਾਟ ਨੰ. 276, ਦੱਖਣ : ਪਲਾਟ ਨੰ. 185 ਮਿਨ ਦਾ ਬਾਕੀ ਹਿੱਸਾ। | 08 ਨਵੰਬਰ 2023 | 03 ਜਨਵਰੀ 2024 |
| 3 | 1. ਸ੍ਰੀ ਸ਼ਮਸ਼ੇਰ ਸਿੰਘ ਪੁੱਤਰ ਬੰਤ ਸਿੰਘ ਅਤੇ 2. ਸ੍ਰੀਮਤੀ ਸੰਦੀਪ ਕੌਰ ਪਤਨੀ ਸ਼ਮਸ਼ੇਰ ਸਿੰਘ ਦੋਵੇਂ ਵਾਸੀ ਹਰਮਨ ਨਗਰ, ਦਿਓਗੜ੍ਹ ਪਾਤੜਾਂ, ਜ਼ਿਲ੍ਹਾ ਪਟਿਆਲਾ-147105 ਨਾਲ ਹੀ : ਸ੍ਰੀ ਸ਼ਮਸ਼ੇਰ ਸਿੰਘ ਪੁੱਤਰ ਬੰਤ ਸਿੰਘ-ਹੈਲਪਰ ਮੈਸ: ਐੱਸ ਵੀ ਇੰਜੀਨੀਅਰਿੰਗ, ਚੁੰਗਾੜਾ ਰੋਡ ਪਾਤੜਾਂ, ਜ਼ਿਲ੍ਹਾ ਪਟਿਆਲਾ-147105 ਕਰਜ਼ਾ ਖਾਤਾ ਨੰ. ਪੀ ਐੱਚ ਆਰ 019506544546 | ਰੁਪਏ 878617/- (ਰੁਪਏ ਅੱਠ ਲੱਖ ਅਠੱਤਰ ਹਜ਼ਾਰ ਛੇ ਸੌ ਸਤਾਰਾਂ ਕੇਵਲ) | ਰੁਪਏ 818348/- (ਅੱਠ ਲੱਖ ਅਠਾਰਾਂ ਹਜ਼ਾਰ ਤਿੰਨ ਸੌ ਅਠਤਾਲੀ ਰੁਪਏ ਕੇਵਲ) | ਸ੍ਰੀਮਤੀ ਸੰਦੀਪ ਕੌਰ ਪਤਨੀ ਸ਼ਮਸ਼ੇਰ ਸਿੰਘ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 0 ਕਨਾਲ 2.1/2 ਮਰਲੇ, ਕੁਝ ਖੇਤਰ 31 ਕਨਾਲ-2 ਮਰਲੇ ਦਾ ਹਿੱਸਾ 5/1244-ਖੇਵਟ ਖਤੌਨੀ ਨੰ. 130/128/260, ਖਸਰਾ ਨੰ. 9//6/1 (4-0), 9//6/2 (3-11), 9//7/1 (0-9), 9//7/2 (7-2), 9//14 (8-0), 9//15/1 (4-0), 9//15/2 (4-0) ਜਮ੍ਹਾਂਬੰਦੀ ਸਾਲ 2009-2010, ਪਿੰਡ ਦਿਓਗੜ੍ਹ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ ਬੈਨਾਮਾ ਵਸੀਕਾ ਨੰ. 2953 ਮਿਤੀ 23/12/2013, ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਰੋਹੀ ਰਾਮ, ਪੱਛਮ : ਹਰਿਆਊ ਵਾਲੇ, ਉੱਤਰ : ਸੁਨੀਤਾ, ਦੱਖਣ : ਗਲੀ। | 03 ਨਵੰਬਰ 2023 | 04 ਜਨਵਰੀ 2024 |
| 4 | 1. ਸ੍ਰੀਮਤੀ ਨੈਨਸੀ ਪਤਨੀ ਕੁਲਬੀਰ ਸਿੰਘ ਅਤੇ 2. ਸ੍ਰੀ ਕੁਲਬੀਰ ਸਿੰਘ ਪੁੱਤਰ ਸੁਖਦੇਵ ਸਿੰਘ ਦੋਵੇਂ ਵਾਸੀ ਮਕਾਨ ਨੰ. 107, ਵਾਰਡ ਨੰ. 13, ਗਲੀ ਨੰ. 1, ਦਸ਼ਮੇਸ਼ ਨਗਰ, ਓਲਡ ਕੈਂਟ ਰੋਡ, ਫਰੀਦਕੋਟ-151203 ਨਾਲ ਹੀ : ਮਕਾਨ/ਕੋਠੀ ਨੰ. 50 ਡਰੀਮ ਸਿਟੀ, ਅਗਵਾੜ ਭੱਟੀਆਂ, ਸਾਹਮਣੇ ਭਾਰਤ ਪੈਟਰੋਲ ਪੰਪ, ਮਚਾਕੀ ਮੱਲ ਸਿੰਘ ਰੋਡ ਤਹਿਸੀਲ ਤੇ ਜ਼ਿਲ੍ਹਾ ਫਰੀਦਕੋਟ ਨਾਲ ਹੀ : ਨੈਨਸੀ ਪਤਨੀ ਕੁਲਬੀਰ ਸਿੰਘ ਸਰਕਾਰੀ ਮਾਸਟਰ ਮਿਡਲ ਸਕੂਲ ਗੁੱਜਰ (ਮੁਮਾਰਾ), ਫਰੀਦਕੋਟ-151203 ਕਰਜ਼ਾ ਖਾਤਾ ਨੰ. ਪੀ ਐੱਚ ਆਰ 024205293168 | ਰੁਪਏ 2950474/- (ਰੁਪਏ ਉੱਣਤੀ ਲੱਖ ਪੰਜਾਹ ਹਜ਼ਾਰ ਚਾਰ ਸੌ ਚੌਹੱਤਰ ਕੇਵਲ) | ਰੁਪਏ 30,00,000/- (ਤੀਹ ਲੱਖ ਰੁਪਏ ਕੇਵਲ) | ਨੈਂਸੀ ਪਤਨੀ ਕੁਲਬੀਰ ਸਿੰਘ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ-ਕੋਠੀ ਨੰ. 50 ਰਕਬਾ 00 ਕਨਾਲ 6.61 ਮਰਲੇ (200 ਵਰਗ ਗਜ਼) ਕੁੱਲ ਜ਼ਮੀਨੀ ਖੇਤਰ 18 ਕਨਾਲ-17 ਮਰਲੇ ਦਾ ਹਿੱਸਾ 200/11404, ਖਸਰਾ ਨੰ. 14687/7744/18-17, ਖੇਵਟ ਨੰ. 371/756, ਜਮ੍ਹਾਂਬੰਦੀ ਸਾਲ 2014-2015 ਡਰੀਮ ਸਿਟੀ, ਅਗਵਾੜ-ਭੱਟੀਆਂ, ਤਹਿਸੀਲ ਅਤੇ ਜ਼ਿਲ੍ਹਾ ਫਰੀਦਕੋਟ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ। ਬੈਨਾਮਾ ਨੰ. ਦਸਤਾਵੇਜ਼ ਨੰ. 2020-21/42/1/845 ਮਿਤੀ 27 ਜੁਲਾਈ 2020 ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਸੜਕ ਸਾਈਡ 30', ਪੱਛਮ : ਪ੍ਰੀਤਮ ਸਿੰਘ ਸਾਈਡ 30', ਉੱਤਰ : ਪਲਾਟ ਨੰ. 51 ਸਾਈਡ 60', ਦੱਖਣ : ਪਲਾਟ ਨੰ. 49 ਸਾਈਡ 60', | 09 ਦਸੰਬਰ 2023 | 04 ਜਨਵਰੀ 2024 |
| 5 | 1. ਸ੍ਰੀਮਤੀ ਗੁਰਭਿੰਦਰ ਕੌਰ ਪਤਨੀ ਅਵਤਾਰ ਸਿੰਘ ਅਤੇ 2. ਸ੍ਰੀ ਹਰਪ੍ਰੀਤ ਸਿੰਘ ਚਾਹਲ ਪੁੱਤਰ ਅਵਤਾਰ ਸਿੰਘ, ਦੋਵੇਂ ਵਾਸੀ ਮਕਾਨ, ਜਿਸ ਦਾ ਪਲਾਟ ਨੰ. 113, ਪਿੰਡ ਹਮੀਦਪੁਰਾ, ਆਬਾਦੀ ਪੈਰਾਡਾਈਜ਼ ਇਨਕਲੇਵ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਹੀ : ਪੱਤੀ ਮੰਨਾ ਦੀ, ਪਿੰਡ ਗੁਰੂ ਕੀ ਵਡਾਲੀ, ਡਾਕਖਾਨਾ ਛਿਹਾਰਟਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ-143001 ਨਾਲ ਹੀ : ਮੈਸ: ਛਾਬੜਾ ਕਰਿਆਨਾ ਸਟੋਰ, ਪਿੰਡ ਤੇ ਡਾਕਖਾਨਾ ਗੁਰੂ ਕੀ ਵਡਾਲੀ, ਜ਼ਿਲ੍ਹਾ ਅੰਮ੍ਰਿਤਸਰ-143001 ਕਰਜ਼ਾ ਖਾਤਾ ਨੰ. ਪੀ ਐੱਚ ਆਰ 068501297074 ਅਤੇ ਐੱਚ ਟੀ ਆਰ 068501343779 | ਰੁਪਏ 516260/- (ਰੁਪਏ ਪੰਜ ਲੱਖ ਸੋਲਾਂ ਹਜ਼ਾਰ ਦੋ ਸੌ ਸੱਠ ਕੇਵਲ) | 1. ਪਾਵਰ ਹੋਮ ਕਰਜ਼ਾ ਸਹੂਲਤ-ਪੀ ਐੱਚ ਆਰ 068501297074, ਰੁ. 14,55,000/- (ਚੌਦਾਂ ਲੱਖ ਪਚਵੰਜਾ ਹਜ਼ਾਰ ਰੁਪਏ ਕੇਵਲ) ਅਤੇ 2 ਪਾਵਰ ਹੋਮ ਕਰਜ਼ਾ ਸਹੂਲਤ-ਐੱਚ ਟੀ ਆਰ 068501343779, ਰੁ. 4,36,000/- (ਚਾਰ ਲੱਖ ਛੱਤੀ ਹਜ਼ਾਰ ਰੁਪਏ ਕੇਵਲ) | ਗੁਰਭਿੰਦਰ ਕੌਰ ਪਤਨੀ ਅਵਤਾਰ ਸਿੰਘ ਦੇ ਨਾਂਅ ਰਿਹਾਇਸ਼ੀ ਜਾਇਦਾਦ/ਪਲਾਟ ਨੰ. 113 'ਤੇ ਬਣਿਆ ਮਕਾਨ ਰਕਬਾ 250 ਵਰਗ ਗਜ਼ (ਲੰਬਾਈ 75'× ਚੌੜਾਈ 30',) ਖਸਰਾ ਨੰ. 39//15 ਮਿਨ, ਪਿੰਡ ਹਮੀਦਪੁਰਾ ਅਬਾਦੀ ਪੈਰਾਡਾਈਜ਼ ਇਨਕਲੇਵ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ। ਬੈਨਾਮਾ ਵਸੀਕਾ ਨੰ. 5213 ਮਿਤੀ 13/07/2007 ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਪਲਾਟ ਨੰ. 114, ਪੱਛਮ : ਪਲਾਟ ਨੰ. 112, ਉੱਤਰ : ਪਲਾਟ ਨੰ. ਬੀ-35, 36, ਦੱਖਣ : ਸੜਕ 35' ਚੌੜੀ। | 09 ਦਸੰਬਰ 2023 | 10 ਜਨਵਰੀ 2024 |
| 6 | 1. ਸ੍ਰੀਮਤੀ ਕੰਚਨ ਪਤਨੀ ਪਵਨਦੀਪ ਸਿੰਘ ਅਤੇ 2. ਸ੍ਰੀ ਪਵਨਦੀਪ ਸਿੰਘ ਪੁੱਤਰ ਗੁਰਦਾਸ ਸਿੰਘ ਦੋਵੇਂ ਵਾਸੀ ਮਕਾਨ ਨੰ. 103, ਲੁਹਾਰਕੇ ਰੋਡ, ਰਣਜੀਤ ਇਨਕਲੇਵ, ਅੰਮ੍ਰਿਤਸਰ-143001 ਨਾਲ ਹੀ : ਮਕਾਨ, ਜਿਸ ਦਾ ਪਲਾਟ ਪ੍ਰਾਈਵੇਟ ਨੰ. 103, ਗੁੰਮਟਾਲਾ ਸਬ-ਅਰਬਨ ਆਬਾਦੀ, ਜੁਝਾਰ ਸਿੰਘ ਐਵੇਨਿਊ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ-143001 ਕਰਜ਼ਾ ਖਾਤਾ ਨੰ. ਪੀ ਐੱਚ ਆਰ 068504179015 | ਰੁਪਏ 1500893 (ਰੁਪਏ ਪੰਦਰਾਂ ਲੱਖ ਅੱਠ ਸੌ ਤਿਰਾਨਵੇਂ ਕੇਵਲ) | ਰੁਪਏ 13,40,589/- (ਤੇਰਾਂ ਲੱਖ ਚਾਲੀ ਹਜ਼ਾਰ ਪੰਜ ਸੌ ਉਨੰਨਵੇਂ ਰੁਪਏ ਕੇਵਲ) | ਸ੍ਰੀਮਤੀ ਕੰਚਨ ਪਤਨੀ ਪਵਨਦੀਪ ਸਿੰਘ ਦੇ ਨਾਂਅ ਰਿਹਾਇਸ਼ੀ ਜਾਇਦਾਦ/ਮਕਾਨ, ਪਲਾਟ ਪ੍ਰਾਈਵੇਟ ਨੰ. 103, ਰਕਬਾ 77.73 ਵਰਗ ਗਜ਼, ਖਸਰਾ ਨੰ. 36//3/1 ਮਿਨ, ਖੱਤਾ/ ਖਤੌਨੀ ਨੰ. 1270/1638, ਜਮ੍ਹਾਂਬੰਦੀ ਸਾਲ 2014-2015 ਗੁਮਟਾਲਾ ਸਬ-ਅਰਬਨ ਅਬਾਦੀ ਜੁਝਾਰ ਸਿੰਘ ਐਵੀਨਿਊ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ। ਬੈਨਾਮਾ ਦਸਤਾਵੇਜ਼ ਨੰ. 2019-20/93/1/4723 ਮਿਤੀ 27/06/2019, ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਪਲਾਟ ਨੰ. 104 ਮਿਨ, ਪੱਛਮ : ਪਲਾਟ ਨੰ. 102 ਮਿਨ, ਉੱਤਰ : ਸੜਕ 11'-0" ਚੌੜੀ, ਦੱਖਣ : ਪਲਾਟ ਨੰ. 10 ਦਾ ਬਾਕੀ ਹਿੱਸਾ। | 27 ਅਗਸਤ 2021 | 10 ਜਨਵਰੀ 2024 |
| 7 | 1. ਸ੍ਰੀ ਰਾਜੇਸ਼ ਕੁਮਾਰ ਪੁੱਤਰ ਪ੍ਰਭੂ ਸ਼ਾਹ ਅਤੇ 2. ਸ੍ਰੀਮਤੀ ਸਵਨੀ ਪਤਨੀ ਰਾਜੇਸ਼ ਕੁਮਾਰ ਦੋਵੇਂ ਵਾਸੀ ਗੁਰੂ ਹਰਰਾਏ ਐਵੇਨਿਊ, 88 ਫੁੱਟੀ ਰੋਡ, ਨੇੜੇ ਭਾਬਾ ਸਕੂਲ, ਅੰਮ੍ਰਿਤਸਰ-143001 ਨਾਲ ਹੀ : ਬਣਿਆ ਮਕਾਨ, ਜਿਸ ਦਾ ਪਲਾਟ ਪ੍ਰਾਈਵੇਟ ਨੰ. 478 ਮਿਨ ਰਕਬਾ ਰਕਸ਼ਿਕਾਰਗਾਹ ਆਬਾਦੀ ਗਰੀਨਲੈਂਡ, ਤਹਿਸੀਲ ਅੰਮ੍ਰਿਤਸਰ-2 ਜ਼ਿਲ੍ਹਾ ਅੰਮ੍ਰਿਤਸਰ-143001 ਕਰਜ਼ਾ ਖਾਤਾ ਨੰ. ਪੀ ਐੱਚ ਆਰ 068504687772 | ਰੁਪਏ 743742/- (ਰੁਪਏ ਸੱਤ ਲੱਖ ਤਰਤਾਲੀ ਹਜ਼ਾਰ ਸੱਤ ਸੌ ਬਤਾਲੀ ਕੇਵਲ) | ਰੁਪਏ 9,80,000/- (ਨੌ ਲੱਖ ਅੱਸੀ ਹਜ਼ਾਰ ਰੁਪਏ ਕੇਵਲ) | ਸ੍ਰੀਮਤੀ ਸਵਨੀ ਪਤਨੀ ਰਾਜੇਸ ਕੁਮਾਰ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ. 478 ਮਿਨ 'ਤੇ ਬਣਿਆ ਮਕਾਨ-ਰਕਬਾ 50 ਵਰਗ ਗਜ਼, ਖਸਰਾ ਨੰ. 66//7, 66/14 ਮਿਨ, ਖੱਤਾ ਖਤੌਨੀ ਨੰ. 332/440, 335/443, ਜਮ੍ਹਾਂਬੰਦੀ ਸਾਲ 2012-2013, ਹੱਦਬਸਤ ਨੰ. 282 ਰਕਬਾ ਰੱਖ ਸ਼ਿਕਾਰਗਾਹ, ਅਬਾਦੀ ਗਰੀਨਲੈਂਡ, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਬੈਨਾਮਾ ਦਸਤਾਵੇਜ਼ ਨੰ. 2019-20/93/1/11316 ਮਿਤੀ 19 ਨਵੰਬਰ 2019, ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਦਿਵਿਆ ਕੋਹਲੀ, ਪੱਛਮ : ਗਲੀ 20' ਚੌੜੀ, ਉੱਤਰ : ਸੁਮਨ ਸੈਣੀ ਦੱਖਣ : ਰਮਨਜੀਤ ਕੌਰ | 09 ਦਸੰਬਰ 2023 | 10 ਜਨਵਰੀ 2024 |
| 8 | 1. ਸ੍ਰੀ ਅਮਨ ਕੁਮਾਰ ਪੁੱਤਰ ਗਿਆਨ ਚੰਦ ਅਤੇ 2. ਸ੍ਰੀਮਤੀ ਜੋਤੀ ਪਤਨੀ ਅਮਨ ਕੁਮਾਰ ਦੋਵੇਂ ਵਾਸੀ ਮਕਾਨ ਨੰ. 1434 ਬੀ-1 ਸ਼ੋਸ਼ੀਅਲ ਨਗਰ, ਨੇੜੇ ਦੀਪਕ ਸਿਨੇਮਾ, ਲੁਧਿਆਣਾ-141001 ਨਾਲ ਹੀ : ਮਕਾਨ ਨੰ. 17, ਘੁਮਾਰ ਮੰਡੀ, ਫਿਰੋਜ਼ਪੁਰ ਕੈਂਟ, ਫਿਰੋਜ਼ਪੁਰ ਪੰਜਾਬ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141001 ਨਾਲ ਹੀ : ਸ੍ਰੀ ਅਮਨ ਕੁਮਾਰ ਪੁੱਤਰ ਗਿਆਨ ਚੰਦ ਸੇਲਜ਼ਮੈਨ ਮੈਸ: ਕਨਵ ਫੈਸ਼ਨ ਸ਼ਾਪ ਨੰ. 133, 134, 135-ਡੀ ਕੈਲੀਬਰ ਪਲਾਜਾ, ਏ ਸੀ ਮਾਰਕਿਟ, ਲੁਧਿਆਣਾ-141008 ਕਰਜ਼ਾ ਖਾਤਾ ਨੰ. ਪੀ ਐੱਚ ਆਰ 004205295613 | ਰੁਪਏ 1339079/- (ਰੁਪਏ ਤੇਰਾਂ ਲੱਖ ਉਨਤਾਲੀ ਹਜ਼ਾਰ ਉਨਾਸੀ ਕੇਵਲ) | ਰੁਪਏ 16,00,000/- (ਸੋਲਾਂ ਲੱਖ ਰੁਪਏ ਕੇਵਲ) | ਸ੍ਰੀਮਤੀ ਜਿਓਤੀ ਪਤਨੀ ਅਮਨ ਕੁਮਾਰ ਦੇ ਨਾਂਅ ਰਜਿਸਟਰਡ ਜਾਇਦਾਦ/ਮਕਾਨ ਪਲਾਟ ਨੰ. 143 ਰਕਬਾ 60 ਵਰਗ ਗਜ਼, ਖਸਰਾ ਨੰ. 120/134, ਖਸਰਾ ਨੰ. 13//11-20-21, ਜਮ੍ਹਾਂਬੰਦੀ ਸਾਲ 2013-14, ਪਿੰਡ ਬਾਰਨਹਾੜਾ, ਹੱਦਬਸਤ ਨੰ. 150, ਅਬਾਦੀ ਸਚਦੇਵਾ ਇਨਕਲੇਵ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ 'ਚ ਸਥਿਤ ਨਾਲ ਸੰਬੰਧਤ ਸਭ ਕੁਝ। ਬੈਨਾਮਾ ਦਸਤਾਵੇਜ਼ ਨੰ. 2020-21/101/1/2587 ਮਿਤੀ 4/08/2020, ਹੱਦਾਂ ਦਸਤਾਵੇਜ਼ ਅਨੁਸਾਰ) ਪੂਰਬ : ਰੈਵੇਨਿਊ ਰੋਡ 11' ਚੌੜੀ, ਪੱਛਮ : ਗਲੀ 20', ਚੌੜੀ, ਉੱਤਰ ਮਕਾਨ ਨੰ. 142, ਦੱਖਣ : ਮਕਾਨ ਨੰ. 144 | 09 ਦਸੰਬਰ 2023 | 10 ਜਨਵਰੀ 2024 |
| 9 | 1. ਸ੍ਰੀ ਸਰਵਣ ਸਿੰਘ ਪੁੱਤਰ ਜੈ ਰਾਮ ਸਿੰਘ ਅਤੇ 2. ਸ੍ਰੀਮਤੀ ਰਾਗਨੀ ਸਿੰਘ ਪਤਨੀ ਸਰਵਣ ਸਿੰਘ ਦੋਵੇਂ ਵਾਸੀ ਮਕਾਨ ਨੰ. 99, ਗਲੀ ਨੰ. 3, ਮਾਡਲ ਕਾਲੋਨੀ, ਜੱਗੀਪੁਰ ਰੋਡ, ਰਾਹੋ ਰੋਡ, ਬਸਤੀ ਜੋਧੇਵਾਲ, ਲੁਧਿਆਣਾ-141007 ਨਾਲ ਹੀ : ਮਕਾਨ ਨੰ. ਬੀ-32-ਈ-6-1160, ਗਲੀ ਨੰ. 3 ਜਸਵਾਲ ਕਾਲੋਨੀ, ਵਿਸ਼ਾਲ ਨਗਰ, ਪਿੰਡ ਕਾਕੋਵਾਲ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141008 ਨਾਲ ਹੀ : ਸ੍ਰੀ ਸਰਵਣ ਸਿੰਘ ਪੁੱਤਰ ਜੈ ਰਾਮ ਸਿੰਘ ਟੈਕਨੀਸ਼ੀਅਨ ਮੈਸਰਜ਼ ਜੁਝਾਰ ਫੈਬਰਿਕਸ, ਪਲਾਟ ਨੰ. 94, ਪ੍ਰੀਤਮ ਸਿੰਘ ਨਗਰ, ਭਾਮੀਆਂ ਕਲਾਂ, ਤਾਜਪੁਰ ਰੋਡ, ਲੁਧਿਆਣਾ-1410001 ਕਰਜ਼ਾ ਖਾਤਾ ਨੰ. ਪੀ ਐੱਚ ਆਰ 004203460627 | ਰੁਪਏ 852050/- (ਰੁਪਏ ਅੱਠ ਲੱਖ ਬਵੰਜਾ ਹਜ਼ਾਰ ਪੰਜਾਹ ਕੇਵਲ) | ਰੁਪਏ 12,00,000/- (ਬਾਰਾਂ ਲੱਖ ਰੁਪਏ ਕੇਵਲ) | ਬੈਨਾਮਾ ਦਸਤਾਵੇਜ਼ ਨੰ. 2018-19/106/1/5305 ਮਿਤੀ 16 ਅਕਤੂਬਰ 2018 ਅਨੁਸਾਰ ਸ੍ਰੀਮਤੀ ਰਾਗਨੀ ਸਿੰਘ ਪਤਨੀ ਸਰਵਣ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ ਮਕਾਨ ਕਾਰਪੋਰੇਸ਼ਨ ਨੰ. ਬੀ-32-ਈ-6-1160 ਰਕਬਾ 66.66 ਵਰਗ ਗਜ਼, ਖਸਰਾ ਨੰ. 18//4/2-7-8/1, ਖੱਤਾ ਨੰ. 411/429, ਜਮ੍ਹਾਂਬੰਦੀ ਸਾਲ 2005-2006, ਗਲੀ ਨੰ. 3, ਜਸਵਾਲ ਕਾਲੋਨੀ, ਵਿਸ਼ਾਲ ਨਗਰ, ਪਿੰਡ ਕਾਕੋਵਾਲ, ਹਦਬਸਤ ਨੰ. 80, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਗਲੀ-20' ਚੌੜੀ, ਪੱਛਮ : ਗੁਆਂਢ, ਉੱਤਰ : ਅਸ਼ੋਕ ਅਰੋੜਾ, ਦੱਖਣ : ਵਿਜੇ ਕੁਮਾਰ। | 09 ਦਸੰਬਰ 2023 | 10 ਜਨਵਰੀ 2024 |
| 10 | 1. ਸ੍ਰੀ ਵਿਸ਼ਾਲ ਸੂਫੀ ਪੁੱਤਰ ਬਲਜੀਤ ਸੂਫੀ ਅਤੇ 2. ਸ੍ਰੀਮਤੀ ਸਰਬਜੀਤ ਕੌਰ ਪਤਨੀ ਵਿਸ਼ਾਲ ਸੂਫੀ ਦੋਵੇਂ ਵਾਸੀ ਮਕਾਨ ਨੰ. 31/ਬੀ ਆਰਮੀ ਇਨਕਲੇਵ, ਫੇਜ਼ 1, ਪਿੰਡ ਧੀਣਾਂ ਜ਼ਿਲ੍ਹਾ ਜਲੰਧਰ -144005 ਨਾਲ ਹੀ : ਮਕਾਨ ਜਿਸ ਦਾ ਖਸਰਾ ਨੰ. 20//25/2, 26//1/1, 26//2/2,26//3/1, 25//5/ ਕਿੰਨੂ ਕਾਲੋਨੀ, ਪਿੰਡ ਧੀਣਾਂ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਕਰਜ਼ਾ ਖਾਤਾ ਨੰ. ਪੀ ਐੱਚ ਆਰ 015506710290 | ਰੁਪਏ 933782 (ਰੁਪਏ ਨੌ ਲੱਖ ਤੇਤੀ ਹਜ਼ਾਰ ਸੱਤ ਸੌ ਬਿਆਸੀ ਕੇਵਲ) | ਰੁਪਏ 8,89,687/- (ਅੱਠ ਲੱਖ ਉੱਨੰਨਵੇਂ ਹਜ਼ਾਰ ਛੇ ਸੌ ਸਤਾਸੀ ਰੁਪਏ ਕੇਵਲ) | ਬੈਨਾਮਾ ਦਸਤਾਵੇਜ਼ ਨੰ. 2021-22/186/1/10088, ਮਿਤੀ 22 ਦਸੰਬਰ 2021 ਅਨੁਸਾਰ ਸ੍ਰੀ ਵਿਸ਼ਾਲ ਸੂਫੀ ਪੁੱਤਰ ਬਲਜੀਤ ਸੂਫੀ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 02 ਮਰਲੇ-56 ਵਰਗ ਫੁੱਟ, ਖੱਤਾ/ਖਤੌਨੀ ਨੰ. 57/78, 68/79, ਖਸਰਾ ਨੰ. 20//25/2, 26//1/1, 26//2/2, 26//3/1, 25//5/1, ਜਮ੍ਹਾਂਬੰਦੀ ਸਾਲ 2018-2019, ਕਿੰਨੂ ਕਾਲੋਨੀ ਪਿੰਡ ਧੀਣਾ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ : ਹੋਰ, ਉੱਤਰ : ਆਰ ਪੀ ਸਿੰਘ, ਦੱਖਣ : ਹੋਰ। | 09 ਦਸੰਬਰ 2023 | 10 ਜਨਵਰੀ 2024 |
| 11 | 1. ਸ੍ਰੀ ਜਰਨੈਲ ਸਿੰਘ ਪੁੱਤਰ ਕਿਰਪਾਲ ਸਿੰਘ ਅਤੇ 2. ਸ੍ਰੀਮਤੀ ਜੀਵਨ ਕੌਰ ਪਤਨੀ ਜਰਨੈਲ ਸਿੰਘ ਦੋਵੇਂ ਵਾਸੀ ਪਿੰਡ ਗੁੰਮਟੀ ਬਰਨਾਲਾ-148025, ਨਾਲ ਹੀ : ਮਕਾਨ ਜਿਸ ਦਾ ਖਸਰਾ ਨੰ. 196//17/1/4-9, 18/1/4-9, 19/1/4-9, ਖੇਵਟ ਨੰ. 610, ਖਤੌਨੀ ਨੰ. 782, ਪੱਟੀ ਰੋਡ, ਨੇੜੇ ਦੂਨ ਪਬਲਿਕ ਸਕੂਲ ਬਰਨਾਲਾ, ਤਹਿਸੀਲ ਅਤੇ ਜ਼ਿਲ੍ਹਾ ਬਰਨਾਲਾ-148025 ਨਾਲ ਹੀ : ਸ੍ਰੀ ਜਰਨੈਲ ਸਿੰਘ ਪੁੱਤਰ ਕਿਰਪਾਲ ਸਿੰਘ ਪ੍ਰੋਪ. ਮੈਸ: ਅਰਸ਼ ਕਰਿਆਨਾ ਸਟੋਰ, ਮਨਾਲ, ਜ਼ਿਲ੍ਹਾ ਬਰਨਾਲਾ-148025 ਕਰਜ਼ਾ ਖਾਤਾ ਨੰ. ਪੀ ਐੱਚ ਆਰ 024208150543 | ਰੁਪਏ 1033878/- (ਰੁਪਏ ਦਸ ਲੱਖ ਤੇਤੀ ਹਜ਼ਾਰ ਅੱਠ ਸੌ ਅੱਠਤਰ ਕੇਵਲ) | ਰੁਪਏ 10,00,000/- (ਦਸ ਲੱਖ ਰੁਪਏ ਕੇਵਲ) | ਬੈਨਾਮਾ ਦਸਤਾਵੇਜ਼ ਨੰ. 2020-21/86/1/2217 ਮਿਤੀ 27-10-2020 ਅਨੁਸਾਰ ਸ੍ਰੀਮਤੀ ਜੀਵਨ ਕੌਰ ਪਤਨੀ ਜੈਮਲ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਰਕਬਾ 0 ਕੇ-5 ਮਰਲੇ 'ਤੇ ਨਿਰਮਤ ਮਕਾਨ, ਜੋ ਕਿ ਕੁੱਲ ਖੇਤਰ ਜ਼ਮੀਨ 13 ਕਨਾਲ -07 ਮਰਲੇ ਦਾ 5/267 ਦਾ ਹਿੱਸਾ ਹੈ, ਖਸਰਾ ਨੰ. 196//17/1/4-9, 19//1/4/9, ਖੇਵਟ ਨੰ. 610, ਖਤੌਨੀ ਨੰ. 782, ਜਮ੍ਹਾਂਬੰਦੀ ਸਾਲ 2014-2015, ਹਦਬਸਤ ਨੰ. 55, ਪੱਟੀ ਰੋਡ, ਨੇੜੇ ਦੂਨ ਪਬਲਿਕ ਸਕੂਲ ਬਰਨਾਲਾ, ਤਹਿਸੀਲ ਤੇ ਜ਼ਿਲ੍ਹਾ ਬਰਨਾਲਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਹੋਰ ਮਾਲਕ, ਪੱਛਮ : ਹੋਰ ਮਾਲਕ, ਉੱਤਰ : ਗਲੀ 20' ਚੌੜੀ, ਦੱਖਣ : ਖਾਲੀ ਪਲਾਟ। | 09 ਦਸੰਬਰ 2023 | 15 ਜਨਵਰੀ 2024 |
| 12 | 1. ਅਨੀਤਾ ਸੋਨੀ ਪੁੱਤਰੀ ਪੂਰਨ ਚੰਦ ਸੈਣੀ ਅਤੇ 2. ਸ੍ਰੀ ਰਮਨ ਸੈਣੀ ਪੁੱਤਰ ਪੂਰਨ ਚੰਦ ਸੈਣੀ ਦੋਵੇਂ ਵਾਸੀ #53 ਗਰੇਟਰ ਕੈਲਾਸ਼, ਬਟਾਲਾ, ਗੁਰਦਾਸਪੁਰ-143505 ਨਾਲ ਹੀ : ਮਕਾਨ, ਜਿਸ ਦਾ ਖੰਨਾ ਸਮਰਾਏ ਨੰ. ਬੀ-24/2 (ਪੁਰਾਣਾ ਬੀ-666) ਮੀਆਂ ਮੁਹੱਲਾ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ-143505 ਨਾਲ ਹੀ : ਅਨੀਤਾ ਸੋਨੀ ਪੁੱਤਰੀ ਪੂਰਨ ਚੰਦ ਸੈਣੀ ਪ੍ਰੋਪ. ਮੈਸ: ਸੋਨੀ ਕੋਚਿੰਗ ਕਲਾਸਿਜ਼, ਨੇੜੇ ਰਾਮਲੀਲਾ ਗਰਾਊਂਡ ਬਟਾਲਾ, ਗੁਰਦਾਸਪੁਰ-143505 ਕਰਜ਼ਾ ਖਾਤਾ ਨੰ. ਪੀ ਐੱਚ ਆਰ 068507872581 | ਰੁਪਏ 1260006/- (ਰੁਪਏ ਬਾਰਾਂ ਲੱਖ ਸੱਠ ਹਜ਼ਾਰ ਛੇ ਕੇਵਲ) | ਰੁਪਏ 12,50,000/- (ਬਾਰਾਂ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) | ਬੈਨਾਮਾ ਦਸਤਾਵੇਜ਼ ਨੰ. 2022-23/146/1/1684 ਮਿਤੀ 09 ਸਤੰਬਰ-2022 ਅਨੁਸਾਰ ਸ੍ਰੀਮਤੀ ਅਨੀਤਾ ਸੋਨੀ ਪੁੱਤਰੀ ਪੂਰਨ ਚੰਦ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਖਾਨਾਸ਼ੁਮਾਰੀ ਨੰ. ਬੀ-24/2 (ਪਹਿਲਾਂ ਬੀ-4-666) ਰਕਬਾ 150 ਵਰਗ ਗਜ਼, ਮੀਆਂ ਮੁਹੱਲਾ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਪੂਰਨ ਚੰਦ ਦੀ ਮਲਕੀਅਤ/ਜਾਇਦਾਦ, ਪੱਛਮ : ਵਿਪਨ ਮਹਾਜਨ ਦੀ ਮਲਕੀਅਤ/ਜਾਇਦਾਦ, ਉੱਤਰ : ਚੂਨੀ ਲਾਲ ਦੀ ਮਲਕੀਅਤ/ਜਾਇਦਾਦ, ਦੱਖਣ : ਰਸਤਾ 10' ਚੌੜਾ। | 09 ਦਸੰਬਰ 2023 | 15 ਜਨਵਰੀ 2024 |
| 13 | 1. ਸ੍ਰੀ ਰਾਜਬੀਰ ਸਿੰਘ ਪੁੱਤਰ ਬਲਦੇਵ ਸਿੰਘ ਅਤੇ 2. ਮਨਜੀਤ ਕੌਰ ਪਤਨੀ ਬਲਦੇਵ ਸਿੰਘ ਦੋਵੇਂ ਵਾਸੀ ਮਕਾਨ ਨੰ. ਈ 1/561, ਗਲੀ ਨੰ. 8, ਵਡਾਲੀ ਰੋਡ, ਹਰਗੋਬਿੰਦਪੁਰਾ, ਛਿਹਾਰਟਾ, ਅੰਮ੍ਰਿਤਸਰ-143001 ਨਾਲ ਹੀ : ਬਣਿਆ ਮਕਾਨ, ਜਿਸ ਦਾ ਪ੍ਰਾਈਵੇਟ ਪਲਾਟ ਨੰ. 86 ਵਡਾਲੀ ਗੁਰੂ, ਅਰਬਨਾ ਆਬਾਦੀ, ਗੋਲਡਨ ਐਵੇਨਿਊ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ-143001 ਕਰਜ਼ਾ ਖਾਤਾ ਨੰ. ਪੀ ਐੱਚ ਆਰ 068508641861 | ਰੁਪਏ 1434277/- (ਰੁਪਏ ਚੌਦਾਂ ਲੱਖ ਚੌਤੀ ਹਜ਼ਾਰ ਦੋ ਸੌ ਸਤੱਤਰ ਕੇਵਲ) | ਰੁਪਏ 13,68,200/- (ਤੇਰਾਂ ਲੱਖ ਅਠਾਹਟ ਹਜ਼ਾਰ ਦੋ ਸੌ ਰੁਪਏ ਕੇਵਲ) | ਬੈਨਾਮਾ ਦਸਤਾਵੇਜ਼ ਨੰ. 2022-23/197/1/4032 ਮਿਤੀ 02 ਮਾਰਚ 2023 ਅਨੁਸਾਰ ਸ੍ਰੀਮਤੀ ਮਨਜੀਤ ਕੌਰ ਪਤਨੀ ਸ੍ਰ. ਬਲਦੇਵ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ. 86 ਰਕਬਾ 108 ਵਰਗ ਗਜ਼ 'ਤੇ ਨਿਰਮਤ ਮਕਾਨ, ਖਸਰਾ ਨੰ. 944/1 ਮਿਨ, ਖੇਵਟ/ਖਤੌਨੀ ਨੰ. 1166/2211, ਜਮ੍ਹਾਂਬੰਦੀ ਸਾਲ 2015-2016, ਵਡਾਲੀ ਗੁਰੂ ਅਰਬਨ, ਅਬਾਦੀ ਗੋਲਡਨ ਐਵੇਨਿਊ , ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਪਲਾਟ ਨੰ. 86-ਈ, ਪੱਛਮ : ਗਲੀ 25' ਚੌੜੀ, ਉੱਤਰ : ਗਲੀ 30' ਚੌੜੀ, ਦੱਖਣ : ਪਲਾਟ ਨੰ. 87 | 09 ਦਸੰਬਰ 2023 | 17 ਜਨਵਰੀ 2024 |

ਉਪਰੋਕਤ ਦਰਸਾਏ ਹਾਲਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। (ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।)

ਮਿਤੀ : 09-02-2024, ਸਥਾਨ : ਪੰਜਾਬ — ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

9-FEB-PAGE-8.qxd 2/8/2024 11:04 PM Page 1



# ਵਿਦਿਆਰਥੀ ਇਨਕਲਾਬੀ ਦੇਸ਼ ਭਗਤਾਂ ਦੇ ਸੁਪਨਿਆਂ ਨੂੰ ਪੂਰਾ ਕਰਨਗੇ : ਮਾੜੀਮੇਘਾ, ਗੁਰਬਿੰਦਰ ਸਿੰਘ




**ਜਲੰਧਰ :** ਏ ਆਈ ਐਸ ਐਫ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਨਕੋਦਰ ਦੇ ਵਿਦਿਆਰਥੀਆਂ ਦੀ ਮੀਟਿੰਗ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਜਸਵਿੰਦਰ ਸਿੰਘ ਲਾਡੀ ਨੇ ਕੀਤੀ।ਏ ਆਈ ਐਸ ਐਫ ਦੇ ਕੌਮੀ ਕੌਂਸਲ ਮੈਂਬਰ ਲਵਪ੍ਰੀਤ ਮਾੜੀਮੇਘਾ, ਸੂਬਾ ਕੌਂਸਲ ਮੈਂਬਰ ਗੁਰਬਿੰਦਰ ਸਿੰਘ ਪੰਜਾਬ ਯੂਨਿਵਰਸਿਟੀ, ਚੰਡੀਗੜ੍ਹ ਤੇ ਅਬੀ ਸੰਧੂ ਵੱਲੋਂ ਸੰਬੋਧਨ ਕਰਦਿਆਂ ਕਿਹਾ ਕਿ ਵਿੱਦਿਆ, ਰੁਜ਼ਗਾਰ, ਸਿਹਤ ਸਹੂਲਤਾਂ ਤੇ ਹੋਰ ਮਨੁੱਖੀ ਜ਼ਰੂਰਤਾਂ ਨੂੰ ਹਰ ਇੱਕ ਦੀ ਪਹੁੰਚ ਤੱਕ ਜਰੂਰੀ ਪਹੁੰਚਣਾ ਲਾਜ਼ਮੀ ਹੈ। ਹਰ ਪੰਜ ਸਾਲ ਬਾਅਦ ਵੋਟਾਂ ਪਾ ਕੇ ਲੋਕ ਸਰਕਾਰ ਨੂੰ ਚੁਣਦੇ ਹਨ ਇਸ ਲਈ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਹਰ ਇੱਕ ਵਿਦਿਆਰਥੀ ਲਈ ਮੁਫ਼ਤ, ਲਾਜ਼ਮੀ ਤੇ ਵਿਗਿਆਨਿਕ ਸਿੱਖਿਆ ਦਾ ਪ੍ਰਬੰਧ ਕਰੇ ਤਾਂ ਜੋ ਹਰ ਇੱਕ ਨੂੰ ਪੜ੍ਹਾਈ ਦਾ ਮੌਕਾ ਮਿਲ ਸਕੇ। ਪੰਜਾਬ ਦੇ ਸਰਕਾਰੀ ਸਕੂਲ, ਕਾਲਜ ਤੇ ਯੂਨੀਵਰਸਿਟੀਆਂ ਵਿੱਚ ਅਧਿਆਪਕਾਂ ਦੀ ਬਹੁਤ ਵੱਡੀ ਘਾਟ ਹੈ ਇਸ ਨੂੰ ਪੂਰਾ ਕੀਤਾ ਜਾਣਾ ਚਾਹੀਦਾ ਹੈ ਜਿਸ ਨਾਲ ਬਹੁਤ ਨੌਜਵਾਨਾਂ ਨੂੰ ਪੱਕਾ ਰੁਜ਼ਗਾਰ ਮਿਲ ਸਕਦਾ ਹੈ। ਰੁਜ਼ਗਾਰ ਦੀ ਮੰਗ ਕਰਦੇ ਨੌਜਵਾਨਾਂ ਨੂੰ ਬਨੇਗਾ ( ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ) ਬਣਾ ਕੇ ਹਰ ਇੱਕ ਦੀ ਯੋਗਤਾ ਮੁਤਾਬਕ ਰੁਜ਼ਗਾਰ ਦਿੱਤਾ ਜਾ ਸਕਦਾ ਹੈ। ਇਸ ਨਾਲ ਬੇਰੁਜ਼ਗਾਰੀ ਦੀ ਸਮੱਸਿਆ ਨੂੰ ਖਤਮ ਕੀਤਾ ਜਾ ਸਕਦਾ ਹੈ ਤੇ ਦੇਸ਼ ਨੂੰ ਤਰੱਕੀ ਦੇ ਰਾਹ ਵੱਲ ਤੋਰਿਆ ਜਾ ਸਕਦਾ ਹੈ। ਸਾਥੀਆਂ ਨੇ ਅੱਗੇ ਕਿਹਾ ਕਿ 16 ਫ਼ਰਵਰੀ ਨੂੰ ਭਾਰਤ ਬੰਦ ਦੇ ਸੱਦੇ 'ਤੇ ਵਿਦਿਆਰਥੀਆਂ ਤੇ ਨੌਜਵਾਨਾਂ ਵੱਲੋਂ ਵੀ ਸ਼ਮੂਲੀਅਤ ਕੀਤੀ ਜਾਵੇਗੀ। ਮਜ਼ਦੂਰਾਂ, ਕਿਸਾਨਾਂ , ਟਰੇਡ ਯੂਨੀਅਨਾਂ, ਵਿਦਿਆਰਥੀਆਂ ਤੇ ਨੌਜਵਾਨਾਂ ਵੱਲੋਂ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਵਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ ਤੇ ਲੋਟੂ ਸਰਮਾਏਦਾਰੀ ਪ੍ਰਬੰਧ ਖ਼ਿਲਾਫ਼ ਜ਼ਬਰਦਸਤ ਘੋਲ ਲੜਿਆ ਜਾਵੇਗਾ ਤਾਂ ਹੋ ਹਰ ਇੱਕ ਲਈ ਰੁਜ਼ਗਾਰ, ਵਿੱਦਿਆ ਸਿਹਤ ਸਹੂਲਤਾਂ ਆਦਿ ਲੋੜਾਂ ਦਾ ਬਰਾਬਰ ਅਧਿਕਾਰ ਹੋਵੇ। ਸਾਥੀਆਂ ਨੇ ਅੱਗੇ ਕਿਹਾ ਕਿ ਪੂਰੇ ਪੰਜਾਬ ਵਿੱਚ 28 ਤੇ 29 ਫ਼ਰਵਰੀ ਨੂੰ ਰੁਜ਼ਗਾਰ, ਵਿੱਦਿਆ ਤੇ ਸਿਹਤ ਸਹੂਲਤਾਂ ਤੇ ਹੋਰ ਮੰਗਾਂ ਨੂੰ ਲੈ ਕੇ ਤਹਿਸੀਲ , ਬਲਾਕ ਤੇ ਜ਼ਿਲ੍ਹਾ ਪੱਧਰੀ ਧਰਨੇ ਦਿੱਤੇ ਜਾਣਗੇ। ਇਨਕਲਾਬੀ ਦੇਸ਼ ਭਗਤਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਵਿੱਦਿਆਰਥੀ ਸੰਘਰਸ਼ ਕਰਨਗੇ ਤੇ ਖੁਸ਼ਹਾਲ ਸਮਾਜ ਸਿਰਜਣਗੇ। ਮੀਟਿੰਗ ਨੂੰ ਗੁਰਪ੍ਰੀਤ ਸਿੰਘ , ਦਵਿੰਦਰ ਸਿੰਘ, ਰਜਿੰਦਰ ਸਿੰਘ, ਭਿੰਦਾ, ਜਗਦੀਸ਼ ਸਿੰਘ, ਪ੍ਰਦੀਪ ਤੇ ਜਸਕਰਨ ਆਦਿ ਨੇ ਵੀ ਸੰਬੋਧਨ ਕੀਤਾ।

# ਵੱਖ-ਵੱਖ ਵਰਗਾਂ ਦੀਆਂ ਤਰੱਕੀਆਂ ਨਾ ਕਰਨਾ, ਸਿੱਖਿਆ ਵਿਭਾਗ ਦੀ ਘੋਰ ਨਾਕਾਮੀ

**ਜਲੰਧਰ ( ਰਾਜੇਸ਼ ਥਾਪਾ )**- ਸਕੂਲ ਸਿੱਖਿਆ ਵਿਭਾਗ,ਪੰਜਾਬ ਵਿੱਚ ਸੇਵਾਵਾਂ ਦੇ ਰਹੇ ਵੱਖ-ਵੱਖ ਵਰਗ ਜਿਵੇਂ ਲੈਕਚਰਾਰ ਕਾਡਰ ਤੋਂ ਪ੍ਰਿੰਸੀਪਲ,ਮਾਸਟਰ ਕਾਡਰ ਤੋਂ ਲੈਕਚਰਾਰ ਤੇ ਮੁੱਖ ਅਧਿਆਪਕ ਅਤੇ ਈ,ਟੀ,ਟੀ ਤੋਂ ਮਾਸਟਰ ਕਾਡਰ, ਹੈੱਡ ਟੀਚਰ ਤੋਂ ਮਾਸਟਰ ਕਾਡਰ ਅਤੇ ਸੈਂਟਰ ਹੈਡ ਟੀਚਰ ਤੋਂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਆਦਿ ਦੀਆਂ ਤਰੱਕੀਆਂ ਨਹੀਂ ਹੋ ਰਹੀਆਂ।40 ਹਜ਼ਾਰ ਦੇ ਕਰੀਬ ਪ੍ਰਾਇਮਰੀ ਅਧਿਆਪਕਾਂ ਦੀਆਂ ਮਾਸਟਰ ਕਾਡਰ ਲਈ ਪੰਜ ਸਾਲਾਂ ਤੋਂ ਪੈਂਡਿੰਗ ਤਰੱਕੀਆਂ ਦਾ ਮਾਮਲਾ ਗੰਭੀਰ ਮੁੱਦਾ ਬਣ ਗਿਆ ਹੈ।ਸਿੱਖਿਆ ਨੂੰ ਪ੍ਰਮੁੱਖਤਾ ਦੇਣ ਦਾ ਦਾਅਵਾ ਕਰਨ ਵਾਲੀ ਆਪ ਸਰਕਾਰ ਦੇ ਕਾਰਜਕਾਲ ਦੇ 22 ਮਹੀਨੇ ਬੀਤਣ ਦੇ ਬਾਵਜੂਦ ਵੀ ਜਿਉਂ ਦਾ ਤਿਉਂ ਖੜਾ ਹੈ।ਵਰਣਨਯੋਗ ਹੈ ਕਿ ਸਾਲ 2018 ਤੋਂ ਹੁਣ ਤੱਕ ਤਰੱਕੀਆਂ ਕੀਤੀਆਂ ਨਹੀਂ ਗਈਆਂ ਹਨ , ਪ੍ਰੰਤੂ ਉਸ ਤੋਂ ਬਾਅਦ ਪਹਿਲੀਆਂ ਸਰਕਾਰਾਂ ਦੀ ਤਰ੍ਹਾਂ ਮੌਜਦਾ ਸਰਕਾਰ ਵੀ ਇਹਨਾਂ ਤਰੱਕੀਆਂ ਨੂੰ ਕਿਸੇ ਨਾ ਕਿਸੇ ਬਹਾਨੇ ਲਟਕਾ ਰਹੀ ਹੈ, ਇਹਨਾਂ ਤਰੱਕੀਆਂ ਵਿੱਚ ਖੜੋਤ ਦਾ ਸ਼ਿਕਾਰ ਕਈ ਅਧਿਆਪਕ ਮਜਬੂਰਨ ਬਿਨਾਂ ਤਰੱਕੀ ਤੋਂ ਹੀ ਸੇਵਾ ਮੁਕਤ ਹੋ ਰਹੇ ਹਨ।ਇਸ ਸਬੰਧੀ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਪੁਆਰੀ,ਜਨਰਲ ਸਕੱਤਰ ਗੁਰਪ੍ਰੀਤ ਸਿੰਘ ਮਾੜੀਮੇਘਾ,ਪਰਵੀਨ ਕੁਮਾਰ ਲੁਧਿਆਣਾ,ਪਰਮਿੰਦਰ ਸਿੰਘ ਸੋਢੀ,ਮਨਦੀਪ ਸਿੰਘ ਥਿੰਦ,ਟਹਿਲ ਸਿੰਘ ਸਰਾਭਾ,ਨਵੀਨ ਕੁਮਾਰ, ਜਿੰਦਰ ਪਾਇਲਟ,ਬਲਜਿੰਦਰ ਸਿੰਘ ਵਡਾਲੀ ਨੇ ਦੱਸਿਆ ਕਿ ਪ੍ਰਾਇਮਰੀ ਤੋਂ ਮਾਸਟਰ ਕਾਡਰ ਅਧਿਆਪਕਾਂ ਦੀਆਂ ਤਰੱਕੀਆਂ ਬਹੁਤ ਜਲਦ ਕਰਨ ਦਾ ਦਾਅਵਾ ਕਰਨ ਵਾਲੇ ਸਿੱਖਿਆ ਮੰਤਰੀ ਸ੍ਰ.ਹਰਜੋਤ ਸਿੰਘ ਬੈਂਸ ਵੀ ਹਾਲੇ ਤੱਕ ਆਪਣਾ ਵਾਅਦਾ ਨਹੀਂ ਪੁਗਾ ਸਕੇ ਹਨ।ਇਸ ਤਰ੍ਹਾਂ ਹੀ ਸੈਕੰਡਰੀ ਕਾਡਰ ਦੀਆਂ ਤਰੱਕੀਆਂ ਦਾ ਕੰਮ ਸੀਨੀਆਰਤਾ ਸੂਚੀਆਂ ਮੁਕੰਮਲ ਨਾ ਹੋਣ ਕਾਰਨ ਲਗਭਗ ਠੱਪ ਪਿਆ ਹੈ।ਅਧਿਆਪਕ ਆਗੂਆਂ ਨੇ ਮੰਗ ਕੀਤੀ ਕਿ ਪ੍ਰਾਇਮਰੀ ਅਤੇ ਸੈਕੰਡਰੀ ਵਿਭਾਗ ਦੇ ਵੱਖ-ਵੱਖ ਵਰਗਾਂ ਦੀਆਂ ਲਮਕ ਅਵਸਥਾ ਵਿੱਚ ਪਈਆਂ ਇਹਨਾਂ ਤਰੱਕੀਆਂ ਦੇ ਹੁਕਮ ਤੁਰੰਤ ਜਾਰੀ ਕੀਤੇ ਜਾਣ।

# 16 ਦੇ ਬੰਦ ਨੂੰ ਕਾਮਯਾਬ ਕਰਨ ਲਈ ਬੰਗਾ ਸ਼ਹਿਰ 'ਚ ਕੀਤਾ ਮਾਰਚ



**ਬਹਿਰਾਮ (ਅਵਤਾਰ ਕਲੇਰ)** ਵੱਖ-ਵੱਖ ਜਥੇਬੰਦੀਆਂ ਵਲੋਂ 16 ਫਰਵਰੀ ਨੂੰ ਹੋ ਰਹੇ ਭਾਰਤ ਬੰਦ ਦੇ ਸੱਦੇ ਨੂੰ ਕਾਮਯਾਬ ਕਰਨ ਲਈ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਬੰਗਾ ਸ਼ਹਿਰ ਵਿੱਚ ਮਾਰਚ ਕੀਤਾ ਗਿਆ। ਇਸ ਤੋਂ ਪਹਿਲਾਂ ਨੱਥਾ ਸਿੰਘ ਮੰਢਾਲੀ ਭਵਨ ਵਿਖੇ ਇਕੱਠ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਹਰੀ ਰਾਮ ਰਸੂਲਪੁਰੀ ਨੇ ਕਿਹਾ ਕਿ 16 ਫਰਵਰੀ ਦੇ ਬੰਦ ਨੂੰ ਕਾਮਯਾਬ ਕਰਨ ਲਈ ਬੰਗਾ ਸ਼ਹਿਰ ਵਿੱਚ ਮਾਰਚ ਕੀਤਾ ਗਿਆ ਤਾਂ ਕਿ ਦੁਕਾਨਦਾਰਾਂ ਵਪਾਰੀਆਂ ਅਤੇ ਹੋਰ ਵਰਗਾਂ ਨੂੰ ਇਸ ਬੰਦ ਪ੍ਰਤੀ ਦਸਿਆ ਜਾਵੇ। ਉਨ੍ਹਾਂ ਅੱਗੇ ਦੱਸਿਆ ਕਿ ਮੋਦੀ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਤੇ ਲੋਕ ਮਾਰੂ ਨੀਤੀਆਂ ਹਰ ਵਰਗ ਨੂੰ ਨੁਕਸਾਨ ਪਹੁੰਚਾ ਰਹੀਆਂ ਹਨ।ਇਸ ਲਈ ਹਰ ਵਰਗ ਨੂੰ ਇਸ ਭਾਰਤ ਬੰਦ ਨੂੰ ਸਫਲ ਕਰਨ ਲਈ ਪੂਰਾ ਸਾਥ ਦੇਣਾ ਚਾਹੀਦਾ ਹੈ ਅਤੇ ਮੋਦੀ ਸਰਕਾਰ ਦਾ ਡਟ ਕੇ ਵਿਰੋਧ ਕੀਤਾ ਜਾਵੇ।ਮਾਰਚ ਦੌਰਾਨ ਸਾਰੀਆਂ ਜਥੇਬੰਦੀਆਂ ਦੇ ਵਰਕਰਾਂ ਨੇ ਆਪਣੇ ਮਾਟੋ ਅਤੇ ਝੰਡੇ ਫੜੇ ਹੋਏ ਸਨ।ਇਸ ਮੌਕੇ 'ਤੇ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਦਲਜੀਤ ਸਿੰਘ ਗੁਣਾਚੌਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਨਰੰਜਣ ਦਾਸ ਮੇਹਲੀ , ਕੁਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਆਗੂ ਕੁਲਦੀਪ ਝਿੰਗੜ, ਜਨਵਾਦੀ ਇਸਤਰੀ ਸਭਾ ਦੇ ਆਗੂ ਸੁਨੀਤਾ ਤਲਵੰਡੀ , ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸੋਹਣ ਸਿੰਘ ਅਟਵਾਲ, ਅਵਤਾਰ ਸਿੰਘ ਕੱਟ, ਤਰਸੇਮ ਸਿੰਘ ਬੈਂਸ ਜਰਨੈਲ ਸਿੰਘ ਕਾਹਮਾ, ਲਖਵੀਰ ਸਿੰਘ ਸਰਹਾਲ ਮੁੰਡੀ ਬਲਜਿੰਦਰ ਸਿੰਘ ਮੂਸਾਪੁਰ, ਦਿਲਬਾਗ ਸਿੰਘ ਕੋਟ,ਬੂਟਾ ਸਿੰਘ ਜਗਤਪੁਰ ਕਸ਼ਮੀਰ ਸਿੰਘ , ਮਨੋਹਰ ਸਿੰਘ ਮੱਲਪੁਰ ਅੜਕਾਂ ਪ੍ਰੀਤਮ ਸਿੰਘ ਲੱਲੀ ਸਰਪੰਚ ਰੇਸ਼ਮ ਸਿੰਘ ਪੂੰਨੀਆ , ਜਮਹੂਰੀ ਕਿਸਾਨ ਸਭਾ ਦੇ ਗੁਰਦੀਪ ਸਿੰਘ ਦੀਪਾ, , ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸਾਥੀ ਰਣਜੀਤ ਸਿੰਘ ਰਟੈਂਡਾ ਸੂਬਾ ਸਕੱਤਰ , ਦਿਹਾਤੀ ਮਜ਼ਦੂਰ ਸਭਾ ਦੇ ਹਰਪਾਲ ਸਿੰਘ ਜਗਤਪੁਰ ,ਹੁਸਨ ਸਿੰਘ ਮਾਂਗਟ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂ ਬਹਾਦਰ ਸਿੰਘ ਮੁਕੰਦਪੁਰ, ਡੈਮੋਕ੍ਰੇਟਿਕ ਆਸ਼ਾ ਫੈਸਿਲੀਟੇਟਰ ਯੂਨੀਅਨ ਦੇ ਸ਼ਕੁੰਤਲਾ ਦੇਵੀ,ਰਾਜਵਿੰਦਰ ਕੌਰ ਅਤੇ ਹੋਰ ਆਗੂ ਹਾਜ਼ਰ ਸਨ।

# ਔਰਤਾਂ ਨੂੰ ਹਜ਼ਾਰ ਰੁਪਏ ਦੇਣ ਦੀ ਸਕੀਮ ਠੰਢੇ ਬਸਤੇ 'ਚ : ਰਾਣਾ



**ਜਲੰਧਰ ( ਇਕਬਾਲ ਸਿੰਘ ਉਭੀ )** ਮੌਜੂਦਾ ਪੰਜਾਬ ਸਰਕਾਰ ਝੂਠੇ ਵਾਅਦਿਆਂ ਵਾਲੀ ਤੇ ਖੋਖਲੀ ਸਰਕਾਰ ਸਾਬਿਤ ਹੋ ਚੁੱਕੀ ਹੈ।ਜਿਸ ਕਾਰਨ ਅੱਜ ਪੰਜਾਬ ਦੀ ਜਨਤਾ ਆਪਣੇ ਆਪ ਨੂੰ ਠੱਗੀ-ਠੱਗੀ ਮਹਿਸੂਸ ਕਰ ਰਹੀ ਹੈ।ਇਹ ਵਿਚਾਰ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਪੰਜਾਬ ਰਣਜੀਤ ਸਿੰਘ ਰਾਣਾ ਨੇ ਪ੍ਰਗਟ ਕੀਤੇ। ਰਾਣਾ ਨੇ ਕਿਹਾ ਕਿ ਔਰਤਾਂ ਨੂੰ 1000 ਰੁਪਏ ਹਰ ਮਹੀਨੇ ਦੇਣ ਦਾ ਜੋ ਰੱਖੜੀ ਦੇ ਤਿਉਹਾਰ ਤੋਂ ਜਾਰੀ ਕਰਨ ਵਾਲਾ ਐਲਾਨ ਸੀ ਉਹ ਅਲੋਪ ਹੋ ਚੁੱਕਾ ਹੈ।

ਬੀਬੀਆਂ ਇਸ ਸਕੀਮ ਨੂੰ ਉਡੀਕਦੀਆਂ - ਉਡੀਕਦੀਆਂ ਸਰਕਾਰ ਨੂੰ ਕੋਸ ਰਹੀਆਂ ਹਨ।ਬਜ਼ੁਰਗਾਂ ਨੂੰ ਹਰ ਮਹੀਨੇ 2500 ਰੁਪਏ ਪੈਨਸ਼ਨ ਫਰੀ ਯਾਤਰੀ ਸੇਵਾ ਗੁਰਧਾਮਾਂ ਦੀ ਕਰਾਉਣ ਵਾਲਾ ਐਲਾਨ ਵੀ ਐਲਾਨ ਬਣ ਕੇ ਰਹਿ ਗਿਆ ਹੈ। ਰਾਣਾ ਨੇ ਕਿਹਾ ਕਿ ਜਨਤਾ ਨਾਲ ਵਾਅਦਾ ਕੀਤਾ ਸੀ ਕਿ ਰੇਤਾ ਬਜਰੀ ਦੇ ਰੇਟ ਘਟਾਵਾਂਗੇ ਤੇ ਸਸਤੀ ਕਰਾਂਗੇ।20 ਕਰੋੜ ਰੇਤਾ 'ਚ ਬਚਿਆ ਪੈਸਾ ਵਾਪਸ ਜਨਤਾ ਲਈ ਖਰਚਾਂਗੇ।ਪੰਜਾਬ 'ਚ ਨਸ਼ਿਆਂ ਨੂੰ ਖਤਮ ਤਾਂ ਕੀ ਕਰਨਾ ਸੀ, ਮੌਜੂਦਾ ਹਾਲਾਤਾਂ ਵਿੱਚ ਚਾਰ ਗੁਣਾ ਵੱਧ ਚੁੱਕਾ ਹੈ ਤੇ ਸਰਕਾਰ ਦੇ ਕਈ ਜਿੰਮੇਵਾਰ ਅਹੁਦਿਆਂ 'ਤੇ ਬੈਠੇ ਆਗੂ ਸ਼ਾਮਿਲ ਹੋਣ ਦੇ ਚਰਚੇ ਆਏ ਦਿਨ ਮੀਡੀਆ ਵਿੱਚ ਬਣੇ ਰਹਿੰਦੇ ਹਨ।

ਪੰਜਾਬ ਸਰਕਾਰ ਤਜਰਬੇ ਕਰਨ ਵਿੱਚ ਵੀ ਨਖਿੱਧ ਸਾਬਿਤ ਹੋ ਚੁੱਕੀ ਹੈ ਜਿਸ ਨੇ ਨੀਲੇ ਕਾਰਡ ਕੱਟ ਕੇ ਸਹੀ ਤੱਥਾਂ ਤਹਿਤ ਰਾਸ਼ਨ ਘਰ-ਘਰ ਦੇਣ ਦਾ ਐਲਾਨ ਕਰਕੇ 11 ਲੱਖ ਦੇ ਕਰੀਬ ਆਧਾਰ ਕੱਟ ਦਿੱਤੇ ਪਰ ਰਾਸ਼ਨ ਦੋ ਸਾਲਾਂ 'ਚ ਕਿਸੇ ਵੀ ਕਾਰਡ ਹੋਲਡਰ ਨੂੰ ਇੱਕ ਵਾਰ ਵੀ ਨਹੀਂ ਦਿੱਤਾ।ਹੁਣ ਪਾਰਲੀਮੈਂਟ ਚੋਣ ਦੀ ਨੂੰ ਮੁੱਖ ਰੱਖ ਕੇ 11 ਲੱਖ ਕਾਰਡ ਬਹਾਲ ਕਰ ਦਿੱਤੇ।ਸਰਕਾਰ ਨੂੰ ਦੋਹਰੇ ਮਾਪ ਦੰਡਾਂ ਰਾਹੀਂ ਜਨਤਾ ਨਾਲ ਬਾਰ ਬਾਰ ਧੋਖਾ ਕਰਨ ਦੀ ਆਦਤ ਬਣ ਚੁੱਕੀ ਹੈ।

# ਸ਼ਰਧਾਲੂਆਂ ਦਾ 29ਵਾਂ ਜਥਾ ਕਰਤਾਰਪੁਰ ਵਿਖੇ ਭਲਕੇ ਹੋਵੇਗਾ ਨਤਮਸਤਕ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ )** ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਵਲੋਂ ਕਰੋਨਾ ਕਾਲ ਤੋਂ ਬਾਅਦ ਕਰਤਾਰਪੁਰ ਸਾਹਿਬ (ਪਾਕਿ:) ਦਾ ਲਾਂਘਾ ਦੁਬਾਰਾ ਖੁਲ੍ਹਣ ਉਪਰੰਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅਸਥਾਨ ਗੁਰਦੁਆਰਾ ਦਰਬਾਰ ਸਾਹਿਬ ਸ੍ਰੀ ਕਰਤਾਪੁਰ ਸਾਹਿਬ ਦੇ ਦਰਸ਼ਨਾਂ ਲਈ ਜੱਥੇ ਭੇਜਣ ਦੀ ਸੇਵਾ ਨਿਰੰਤਰ ਜਾਰੀ ਹੈ। ਇਹ ਜਾਣਕਾਰੀ ਸਾਂਝੀ ਕਰਦੇ ਹੋਏ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਪਿਛਲੇ ਦੋ ਸਾਲਾਂ ਦੌਰਾਨ 28 ਜੱਥੇ ਹੁਣ ਤੱਕ ਡੇਰਾ ਬਾਬਾ ਟਰਮੀਨਲ ਰਾਹੀਂ ਇਸ ਮੁਕੱਦਸ ਅਸਥਾਨ ਦੇ ਦਰਸ਼ਨ ਕਰ ਚੁੱਕੇ ਹਨ ਅਤੇ 50 ਸ਼ਰਧਾਲੂਆਂ ਦਾ 29ਵਾਂ ਜੱਥਾ 10 ਫਰਵਰੀ ਨੂੰ ਦਰਸ਼ਨਾਂ ਲਈ ਰਵਾਨਾ ਹੋ ਰਿਹਾ ਹੈ। ਉਨਾਂ ਦੱਸਿਆ ਕਿ ਇਹ ਜੱਥਾ ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਦਫਤਰ ਤੋਂ ਸਵੇਰੇ ਚਾਰ ਵੱਜੇ ਬੱਸ ਰਾਹੀਂ ਰਵਾਨਾ ਹੋਵੇਗਾ ਅਤੇ ਅੱਗੇ ਚਲ ਕੇ ਪਟਿਆਲਾ ਸ਼ਹਿਰ ਤੋਂ ਆ ਰਹੇ ਕਰੀਬ 20 ਹੋਰ ਮੈਂਬਰ ਇਸ ਜੱਥੇ ਵਿਚ ਸ਼ਾਮਲ ਹੋਣਗੇ।ਗੁਰਦੁਆਰਾ ਬਾਬਾ ਬਕਾਲਾ ਸਾਹਿਬ ਦੇ ਦਰਸ਼ਨ ਕਰਨ ਉਪਰੰਤ ਇਹ ਜੱਥਾ ਕਰਤਾਰਪੁਰ ਸਾਹਿਬ ਕਾਰੀਡੋਰ ਰਾਹੀਂ ਪਾਕਿਸਤਾਨ ਵਿਖੇ ਦਾਖਲ ਹੋਵੇਗਾ। ਸ੍ਰੀ ਕਰਤਾਰਪੁਰ ਸਾਹਿਬ ਵਿਖੇ ਦਰਸ਼ਨ ਕਰਨ ਤੋਂ ਬਾਅਦ ਸੰਗਤਾਂ ਸ਼ਾਮ ਨੂੰ ਵਾਪਿਸ ਪਰਤ ਆਉਣਗੀਆਂ। ਜੱਥੇ ਵਿਚ ਨਵਾਂਸ਼ਹਿਰ ਤੋਂ ਇਲਾਵਾ ਬੰਗਾ, ਗੜ੍ਹਸ਼ੰਕਰ, ਕਰਿਆਮ, ਗੜੀ ਕਾਨੂੰਗੋ, ਮੱਲਾ ਬੇਦੀਆਂ, ਮੰਢਾਲੀ, ਪਾਂਛਟ ਆਦਿਕ ਤੋਂ ਹੋਰ ਸੰਗਤਾਂ ਵੀ ਸ਼ਾਮਲ ਹੋਣਗੀਆਂ।ਸੁਸਾਇਟੀ ਵਲੋਂ ਹਰ ਮਹੀਨੇ ਇਨਾਂ ਜਥਿਆਂ ਦੀ ਡਾਕੂਮੈਂਟੇਸ਼ਨ ਤੋਂ ਇਲਾਵਾ ਟਰਾਂਸਪੋਰਟੇਸ਼ਨ, ਨਾਸ਼ਤਾ, ਰਾਤ ਦਾ ਖਾਣਾ ਅਤੇ ਹੋਰ ਸਹੂਲਤਾਂ ਦਾ ਪ੍ਰਬੰਧ ਵੀ ਸੰਗਤਾਂ ਦੇ ਸਹਿਯੋਗ ਨਾਲ ਕੀਤਾ ਜਾਂਦਾ ਹੈ।ਉਨਾਂ ਦੱਸਿਆ ਕਿ ਸੋਸਾਇਟੀ ਵਲੋਂ ਇਸ ਤੋਂ ਅਗਲਾ ਜੱਥਾ 3 ਮਾਰਚ ਨੂੰ ਭੇਜਿਆ ਜਾਵੇਗਾ ਜਿਸ ਦੀ ਰਜਿਸਟ੍ਰੇਸ਼ਨ ਜਾਰੀ ਹੈ।ਇਸ ਮੌਕੇ ਉਨ੍ਹਾਂ ਨਾਲ ਜਗਦੀਪ ਸਿੰਘ, ਜਗਜੀਤ ਸਿੰਘ ਸੈਣੀ, ਬਖਸ਼ੀਸ਼ ਸਿੰਘ, ਕਮਲਜੀਤ ਸਿੰਘ ਸੈਣੀ ਸੇਵਾਮੁਕਤ ਡਵੀਜ਼ਨਲ ਪੀ ਐੱਫ ਕਮਿਸ਼ਨਰ , ਮਨਮੋਹਨ ਸਿੰਘ, ਕੁਲਜੀਤ ਸਿੰਘ ਖਾਲਸਾ, ਜੋਗਿੰਦਰ ਸਿੰਘ ਮਹਾਲੋਂ, ਗਿਆਨ ਸਿੰਘ, ਦਲਜੀਤ ਸਿੰਘ, ਮਹਿੰਦਰ ਸਿੰਘ ਜਾਫਰਪੁਰ ਅਤੇ ਹੋਰ ਮੈਂਬਰ ਵੀ ਮੌਜੂਦ ਸਨ।

# ਭਾਰਤ ਨਿਰਮਾਣ ਮਿਸਤਰੀ-ਮਜ਼ਦੂਰ ਯੂਨੀਅਨ ਨੇ ਭਾਰਤ ਬੰਦ ਦੀ ਕੀਤੀ ਹਮਾਇਤ



**ਖਰੜ (ਹਰਨਾਮ ਸਿੰਘ ਡੱਲਾ)** ਲੇਬਰ ਚੌਂਕ ਖਰੜ ਦੀ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ) ਨੇ 16 ਫਰਵਰੀ ਦੇ ਭਾਰਤ ਬੰਦ ਦੀ ਹਮਾਇਤ ਕੀਤੀ ਹੈ। ਸਾਥੀ ਸੁਰਿੰਦਰ ਸਿੰਘ ਬਡਾਲਾ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸਾਥੀ ਸੇਵਾ ਸਿੰਘ ਖ਼ਾਨਪੁਰ, ਕੁਲਵੀਰ ਸਿੰਘ, ਹਰਜਿੰਦਰ ਸਿੰਘ , ਜਗਤਾਰ ਸਿੰਘ, ਕਰਮਜੀਤ ਸਿੰਘ ਖੇੜੀ ਬੀਰ ਸਿੰਘ,ਨਿਰਮਲ ਸਿੰਘ ਕਸੁੰਬੜੀ,ਬਲਦੇਵ ਸਿੰਘ ਅਤੇ ਹਰਨਾਮ ਸਿੰਘ ਡੱਲਾ ਨੇ ਭਾਗ ਲਿਆ।ਇਸ ਇਕੱਤਰਤਾ ਵਿੱਚ ਸ਼ਾਮਲ ਸਾਥੀਆਂ ਨੇ ਮਜ਼ਦੂਰਾਂ ਦੀਆਂ ਜੀਵਨ ਹਾਲਤਾਂ ਉੱਤੇ ਚਿੰਤਾ ਪ੍ਰਗਟ ਕੀਤੀ ਅਤੇ ਮਹਿੰਗਾਈ ਦੀ ਮਾਰ ਝੱਲ ਰਹੇ ਮਜਦੂਰਾਂ ਦੀ ਘੱਟੋ ਘੱਟ ਉਜਰਤ 26000/- ਮਹੀਨਾ ਕਰਨਾ, ਹਰ ਇੱਕ ਮਜ਼ਦੂਰ ਨੂੰ ਸਾਇਕਲ ਦੇਣ, ਨਿਰਮਾਣ ਮਜ਼ਦੂਰਾਂ ਦੇ ਲੇਬਰ ਕਾਰਡ ਨੂੰ ਬਣਾਉਂਣ ਅਤੇ ਰਨਿਊ ਕਰਨ ਦੀ ਪ੍ਰਕਿਰਿਆ ਨੂੰ ਸੌਖਾ ਬਣਾਉਂਣ, ਸੱਠ ਸਾਲ ਦੀ ਉਮਰ ਪਾਰ ਕਰ ਚੁੱਕੇ ਮਜ਼ਦੂਰਾਂ ਦੀ ਪੈਨਸ਼ਨ ਤੁਰੰਤ ਰਿਲੀਜ਼ ਕਰਨ, ਸ਼ਗਨ ਸਕੀਮ 75000/- ਰੁਪਏ ਕਰਨ, ਐਕਸਗਰੇਸ਼ੀਆ ਦੋ ਲੱਖ ਰੁਪਏ ਤੋਂ ਵਧਾ ਕੇ ਪੰਜ ਲੱਖ ਰੁਪਏ ਕਰਨ ਅਤੇ ਚਾਰ ਕੋਡ ਬਿਲ ਵਾਪਸ ਲੈਣ ਦੀ ਵੀ ਮੰਗ ਕੀਤੀ ਹੈ।ਮੀਟਿੰਗ ਨੇ ਸੰਯੁਕਤ ਕਿਸਾਨ ਮੋਰਚੇ ਅਤੇ ਦੇਸ਼ ਦੀਆਂ ਮਜ਼ਦੂਰ ਜਥੇਬੰਦੀਆਂ ਵਲੋਂ 16 ਫਰਵਰੀ ਦੇ ਭਾਰਤ ਬੰਦ ਦੇ ਸੱਦੇ ਦੀ ਡਟਵੀਂ ਹਮਾਇਤ ਕੀਤੀ ਅਤੇ ਵੱਧ ਤੋਂ ਵੱਧ ਮਜ਼ਦੂਰਾਂ ਨੂੰ ਭਾਰਤ ਬੰਦ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਹੈ। ਮੀਟਿੰਗ ਨੇ ਪੰਜਾਬ ਸਰਕਾਰ ਤੋਂ ਲੋਕਾਂ ਦੀ ਨਿਰਪੱਖ ਆਵਾਜ਼ ਨੂੰ ਦਬਾਉਣ ਲਈ ਵਰਤੀ ਜਾਂਦੀ ਧਾਰਾ 295 ਤਹਿਤ ਦਰਜ ਕੀਤੇ ਜਾ ਰਹੇ ਕੇਸ ਵਾਪਸ ਲੈਣ ਅਤੇ ਇਹ ਕਾਨੂੰਨ ਨੂੰ ਰੱਦ ਕਰਨ ਦੀ ਵੀ ਮੰਗ ਕੀਤੀ ਹੈ।ਇੱਕ ਮਤੇ ਰਾਹੀਂ ਸਰਕਾਰ ਤੋਂ ਮੰਗ ਕੀਤੀ ਕਿ 29 ਲੇਬਰ ਕਾਨੂੰਨ ਮੁੜ ਲਾਗੂ ਕੀਤੇ ਜਾਣ, ਐੱਮ ਐੱਸ ਪੀ ਲਈ ਕਾਨੂੰਨ ਬਣਾਉਂਣ ਅਤੇ ਲਖੀਮਪੁਰ ਖੀਰੀ ਵਿੱਚ ਕੁਚਲ ਕੇ ਮਾਰੇ ਗਏ ਕਿਸਾਨਾਂ ਦੇ ਦੋਸ਼ੀਆਂ ਨੂੰ ਸਜ਼ਾ ਦਿਵਾਏ ਜਾਣ ਦੀ ਵੀ ਮੰਗ ਕੀਤੀ।

# ਸੁੰਨੜਾ ਕਲਾਂ ਗੁਰਦੁਆਰਾ ਵਿਖੇ 20 ਕਿਲੋਵਾਟ ਸਮਰੱਥਾ ਵਾਲਾ ਸੋਲਰ ਪਾਵਰ ਪਲਾਂਟ ਸ਼ੁਰੂ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਪਿੰਡ ਸੁੰਨੜਾ ਕਲਾਂ ਗੁਰਦੁਆਰਾ ਧੰਨ ਧੰਨ ਬਾਬੇ ਸ਼ਹੀਦਾਂ ਸਿੰਘਾਂ ਵਿਖੇ 20 ਕਿਲੋਵਾਟ ਸਮਰੱਥਾ ਵਾਲਾ ਸੋਲਰ ਪਾਵਰ ਪਲਾਂਟ ਸ਼ੁਰੂ ਹੋ ਗਿਆ ਹੈ। ਜਿਸ ਕਾਰਨ ਗੁਰਦੁਆਰਾ ਸਾਹਿਬ ਦੀ ਹਰ ਮਹੀਨੇ ਹਜ਼ਾਰਾਂ ਰੁਪਏ ਤੋਂ ਵੱਧ ਬਚਤ ਹੋਵੇਗੀ ਜੋ ਸੰਗਤ ਦੀ ਸਹੂਲਤ ਵਾਸਤੇ ਹੋਰ ਪ੍ਰਬੰਧਾਂ ਲਈ ਇਸਤੇਮਾਲ ਹੋ ਸਕੇਗੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਜਗਤਾਰ ਸਿੰਘ ਨੇ ਸੋਲਰ ਪਲਾਂਟ ਲਗਾਉਣ ਲਈ ਸਹਿਯੋਗ ਦੇਣ ਬਦਲੇ ਸੰਗਤ, ਪਾਵਰਕਾਮ ਦੇ ਉੱਚ ਅਧਿਕਾਰੀਆਂ ਅਤੇ ਖਾਸ ਕਰਕੇ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਦੱਸਿਆ ਕਿ ਦੋ ਮਹੀਨੇ ਪਹਿਲਾਂ ਸੋਲਰ ਪਲਾਂਟ ਦਾ ਨਿਰਮਾਣ ਕਾਰਜ ਆਰੰਭ ਹੋਇਆ ਸੀ ਅਤੇ ਹੁਣ ਇਹ ਪਾਵਰ ਪਲਾਂਟ ਪੂਰੀ ਤਰਾਂ ਤਿਆਰ ਹੋ ਕੇ ਸੇਵਾਵਾਂ ਵੀ ਦੇਣ ਲੱਗਾ ਹੈ। ਉਨ੍ਹਾਂ ਨੇ ਕਿਹਾ ਕਿ 20 ਕਿੱਲੋਵਾਟ ਦੇ ਇਸ ਪਲਾਂਟ ਨਾਲ ਗੁਰੂ ਘਰ ਦੀ ਬਿਜਲੀ ਸਰਪਲੱਸ ਹੋ ਗਈ ਹੈ ਅਤੇ ਹਰ ਮਹੀਨੇ ਬਿਜਲੀ ਦੇ ਬਿੱਲ ਵਜੋਂ ਜਾਣ ਵਾਲੀ ਹਜਾਰਾਂ ਤੋਂ ਵੱਧ ਰਾਸ਼ੀ ਗੁਰਦੁਆਰਾ ਸਾਹਿਬ ਵਿਚ ਹੋਣ ਵਾਲੇ ਹੋਰ ਵਿਕਾਸ ਦੇ ਕੰਮ ਆ ਸਕੇਗੀ। ਉਨ੍ਹਾਂ ਦੱਸਿਆ ਕਿ ਸੋਲਰ ਪਲਾਂਟ ਲਗਾਉਣ ਲਈ ਸੰਗਤ ਵੱਲੋਂ ਵੱਡਮੁੱਲਾ ਸਹਿਯੋਗ ਦਿੱਤਾ ਗਿਆ ਹੈ।

ਉਨ੍ਹਾਂ ਨੇ ਪਾਵਰਕਾਮ ਦੇ ਅਧਿਕਾਰੀਆਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਕਾਰਜ ਨੂੰ ਮੁਕੰਮਲ ਕਰਵਾਉਣ ਲਈ ਤੇਜੀ ਨਾਲ ਸਮੁੱਚੀ ਪ੍ਰਕਿਰਿਆ ਚਲਾਈ। ਇਸ ਮੌਕੇ ਤੇ ਪ੍ਰਧਾਨ ਗਿਆਨ ਸਿੰਘ,ਕੈਪਟਨ ਕੇਵਲ ਜੀਤ ਸਿੰਘ, ਸੁਖਵਿੰਦਰ ਸਿੰਘ, ਬਲਿਹਾਰ ਸਿੰਘ, ਹਰਬੰਸ ਸਿੰਘ, ਸਨਦੀਪ ਸਿੰਘ,ਮੱਖਣ ਸਿੰਘ, ਬਲਵੀਰ ਸਿੰਘ , ਅਮਰਜੀਤ ਸਿੰਘ, ਹਰਜੀਤ ਸਿੰਘ ਨੇ ਕਿਹਾ ਕਿ ਸੋਲਰ ਪਲਾਂਟ ਲੱਗਣ ਨਾਲ ਗੁਰਦੁਆਰਾ ਸਾਹਿਬ 'ਚ ਨਿਰਵਿਘਨ ਬਿਜਲੀ ਸਪਲਾਈ ਰਹੇਗੀ ਅਤੇ ਇਹ ਸ਼ਲਾਘਾਯੋਗ ਕਾਰਜ ਸੰਗਤ ਦੇ ਸਹਿਯੋਗ ਨਾਲ ਮੁਕੰਮਲ ਹੋਇਆ ਹੈ।

# ਅਣਹੋਣੀ ਘਟਨਾ ਦੀ ਉਡੀਕ 'ਚ ਖੜ੍ਹੇ ਨੇ ਸੁੱਕੇ ਦਰੱਖਤ



**ਬਹਿਰਾਮ (ਅਵਤਾਰ ਕਲੇਰ)** ਫਗਵਾੜਾ-ਮੇਹਲੀ ਮੁੱਖ ਮਾਰਗ ਦੇ ਕਿਨਾਰੇ ਉਮਰ ਹੰਡਾ ਚੁੱਕੇ ਖੜ੍ਹੇ ਸੁੱਕੇ ਦਰੱਖਤ ਜੋ ਆਮ ਹੀ ਦੇਖੇ ਜਾ ਸਕਦੇ ਹਨ ਅਤੇ ਕਿਸੇ ਸਮੇਂ ਵੀ ਕਿਸੇ ਅਣਹੋਣੀ ਘਟਨਾ ਦਾ ਕਾਰਨ ਬਣ ਸਕਦੇ ਹਨ। ਇਸ ਮੁੱਖ ਮਾਰਗ 'ਤੇ ਇਹ ਸੁੱਕੇ ਦਰਖਤ ਜੋ ਕਿ ਪਿਛਲੇ ਕਈ ਸਾਲਾਂ ਤੋਂ ਹਨ, ਜਿਸ ਵੱਲ ਸ਼ਾਇਦ ਸਬੰਧਤ ਮਹਿਕਮੇਂ ਦਾ ਕੋਈ ਧਿਆਨ ਨਹੀਂ ਜਾ ਰਿਹਾ। ਸੜਕ ਕਿਨਾਰੇ ਖੜ੍ਹੇ ਸੁੱਕੇ ਅਤੇ ਅੱਧ-ਸੜੇ ਦਰੱਖਤ ਕਿਸੇ ਸਮੇਂ ਵੀ ਟੁੱਟ ਕੇ ਰਾਹਗੀਰਾਂ ਉੱਪਰ ਡਿੱਗ ਕੇ ਉਨ੍ਹਾਂ ਦਾ ਜਾਨੀ-ਮਾਲੀ ਨੁਕਸਾਨ ਕਰ ਸਕਦੇ ਹਨ। ਲੋਕਾਂ ਦੀ ਪ੍ਰਸ਼ਾਸਨ ਤੋਂ ਮੰਗ ਹੈ ਕਿ ਇਨ੍ਹਾਂ ਸੁੱਕੇ ਦਰਖੱਤਾਂ ਨੂੰ ਜਲਦ ਤੋਂ ਜਲਦ ਇੱਥੋਂ ਹਟਾਇਆ ਜਾਵੇ ਤਾਂ ਜੋ ਜਾਨੀ ਜਾਂ ਮਾਲੀ ਨੁਕਸਾਨ ਤੋਂ ਬਚਿਆ ਜਾ ਸਕੇ।

# ਪੀ ਸੀ ਐੱਮ ਐੱਸ ਡੀ ਕਾਲਜ ਫ਼ਾਰ ਵੂਮੈਨ ਵਿਖੇ ਕਰਵਾਈ 49ਵੀਂ ਫੇਟ




**ਜਲੰਧਰ ( ਇਕਬਾਲ ਸਿੰਘ ਉੱਭੀ)**- ਪੀ.ਸੀ.ਐਮ.ਐਸ ਡੀ ਕਾਲਜ ਫ਼ਾਰ ਵੂਮੈਨ ਵਿਖੇ ਪ੍ਰਿੰਸੀਪਲ ਪ੍ਰੋ: (ਡਾ.) ਪੂਜਾ ਪਰਾਸ਼ਰ ਦੀ ਪ੍ਰਭਾਵਸ਼ਾਲੀ ਅਗਵਾਈ ਹੇਠ 49ਵਾਂ ਕਾਲਜ ਫੇਟ 2024 ਦਾ ਆਯੋਜਨ ਕੀਤਾ ਗਿਆ। ਸ਼੍ਰੀਮਤੀ ਗੁਰਜੋਤ ਕੌਰ, ਸੀਨੀਅਰ ਕਾਰਜਕਾਰੀ, ਅਜੀਤ ਅਖ਼ਬਾਰ ਇਸ ਦਿਨ ਦੇ ਮੁੱਖ ਮਹਿਮਾਨ ਸਨ। ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਸ਼੍ਰੀਮਤੀ ਚੰਦਰ ਮੋਹਿਨੀ ਮਾਰਕੰਡਾ, ਸ਼੍ਰੀ ਟੀ.ਐਨ. ਲਾਮਾ, ਡੀ.ਕੇ. ਜੋਸ਼ੀ, ਪਰਮੋਦ ਚੋਪੜਾ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਨੇ ਸਮਾਗਮ ਦੀ ਸ਼ੋਭਾ ਵਧਾਈ। ਸਮਾਗਮ ਦੀ ਸ਼ੁਰੂਆਤ ਫੁੱਲਾਂ ਦੀ ਵਰਖਾ ਅਤੇ ਦੀਪ ਜਗਾ ਕੇ ਕੀਤੀ ਗਈ। ਸੰਗੀਤ ਵਿਭਾਗ ਨੇ ਸਮਾਗਮ ਦੀ ਸ਼ੁਰੂਆਤ ਭਜਨ ਨਾਲ ਕੀਤੀ। ਮੁੱਖ ਮਹਿਮਾਨ ਨੇ ਆਪਣੇ ਜੋਸ਼ੀਲੇ ਭਾਸ਼ਣ ਨਾਲ ਹਾਜ਼ਰੀਨ ਨੂੰ ਸੰਬੋਧਨ ਕੀਤਾ। ਉਹਨਾਂ ਨੇ ਕਿਹਾ ਕਿ ਔਰਤਾਂ ਨੂੰ ਸਸ਼ਕਤ ਅਤੇ ਆਤਮ-ਵਿਸ਼ਵਾਸ ਨਾਲ ਭਰਿਆ, ਸਨਮਾਨ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਭਰਪੂਰ ਜੀਵਨ ਬਤੀਤ ਕਰਨਾ ਚਾਹੀਦਾ ਹੈ। ਅਧਿਆਪਕਾਂ ਨੂੰ ਆਪਣੇ ਵਿਦਿਆਰਥੀਆਂ ਲਈ ਰੋਲ ਮਾਡਲ ਵਜੋਂ ਕੰਮ ਕਰਨਾ ਚਾਹੀਦਾ ਹੈ। ਮਹਿਮਾਨਾਂ ਨੇ ਡਾਂਸ ਵਿਭਾਗ ਦੇ ਵਿਦਿਆਰਥੀਆਂ ਵੱਲੋਂ 'ਸੂਫੀ ਕੱਥਕ' ਦੇ ਰੂਪ ਵਿੱਚ ਤਿਆਰ ਕੀਤੇ ਸੱਭਿਆਚਾਰਕ ਬੋਨਾਂਜ਼ਾ ਦੀ ਸ਼ਾਨਦਾਰ ਮਹਿਮਾ ਦਾ ਆਨੰਦ ਮਾਣਿਆ। ਉਹਨਾਂ ਨੇ ਫੇਟ ਨੂੰ ਓਪਨ ਘੋਸ਼ਿਤ ਕੀਤਾ ਅਤੇ ਫਿਰ ਸੁਆਦੀ ਫੂਡ ਸਟਾਲਾਂ, ਫਨ ਗੇਮਜ਼ ਅਤੇ ਗਰੂਮਿੰਗ ਸਟੇਸ਼ਨ ਦਾ ਇੱਕ ਦੌਰ ਲਿਆ। ਸ਼ਾਮ ਦੇ ਸੈਸ਼ਨ ਦਾ ਮੁੱਖ ਆਕਰਸ਼ਣ ਰੈਫਲ ਡਰਾਅ ਸਨ। ਸੇਂਟ ਜਾਰਜ ਕਾਨਵੈਂਟ ਸਕੂਲ, ਜਲੰਧਰ ਦੇ ਚੇਅਰਮੈਨ ਵਿਕਾਸ ਸੋਂਧੀ, ਵਿਨੋਦ ਦਾਦਾ, ਰਿਸ਼ਭ ਸੋਂਧੀ, ਡਾਇਰੈਕਟਰ, ਸੇਂਟ ਜਾਰਜ ਕਾਨਵੈਂਟ ਸਕੂਲ ਅਤੇ ਸ਼੍ਰੀਮਤੀ ਰੇਣੂ, ਪ੍ਰਿੰਸੀਪਲ, ਸੇਂਟ ਜਾਰਜ ਕਾਨਵੈਂਟ ਸਕੂਲ ਨੇ ਵੀ ਇਸ ਸੈਸ਼ਨ ਵਿੱਚ ਹਿੱਸਾ ਲਿਆ। ਸੁਰਿੰਦਰ ਸੈਣੀ ਸਕੱਤਰ ਜਲੰਧਰ ਵੈਲਫੇਅਰ ਸੁਸਾਇਟੀ ਵੀ ਉਨ੍ਹਾਂ ਦੇ ਨਾਲ ਸਨ। ਜੇਤੂਆਂ ਦਾ ਐਲਾਨ ਕੀਤਾ ਗਿਆ ਅਤੇ ਉਨ੍ਹਾਂ ਨੂੰ ਇਨਾਮ ਦਿੱਤੇ ਗਏ। ਮਨੋਜ ਕੁਮਾਰ ਸੋਲੰਕੀ, ਸੀਨੀਅਰ ਮੈਨੇਜਰ, ਪੀਐਨਬੀ ਬੈਂਡ, ਲਾਡੋਵਾਲੀ ਰੋਡ, ਜਲੰਧਰ ਅਤੇ ਕੈਪੀਟਲ ਫਾਈਨਾਂਸ ਸਮਾਲ ਬੈਂਕ ਰੈਫਲ ਡਰਾਅ ਦੇ ਸਪਾਂਸਰ ਸਨ। ਸ਼੍ਰੀਮਤੀ ਮਮਤਾ ਬਹਿਲ, ਪ੍ਰਿੰਸੀਪਲ, ਸੇਠ ਹੁਕਮ ਚੰਦ ਸਕੂਲ, ਨਿਊ ਪ੍ਰੇਮ ਨਗਰ ਸ਼ਾਖਾ ਅਤੇ ਸ਼੍ਰੀਮਤੀ ਅੰਜਨਾ, ਪ੍ਰਿੰਸੀਪਲ, ਸਦਾ ਸੁੱਖ ਚੋਪੜਾ ਸਕੂਲ , ਮਹਿਮਾਨਾਂ ਅਤੇ ਵਿਦਿਆਰਥੀਆਂ ਨੇ ਗੀਤਾਂ ਦੀਆਂ ਤਾਲਾਂ ਅਤੇ ਬੀਟਾਂ 'ਤੇ ਖੂਬ ਆਨੰਦ ਮਾਣਿਆ।

# ਮਨਰੇਗਾ ਲੋਕਪਾਲ ਨੂੰ ਅਲੱਗ ਤੌਰ 'ਤੇ ਦਫਤਰ ਨਾ ਮੁਹੱਈਆ ਕਰਵਾਉਣਾ ਗੈਰ-ਸੰਵਿਧਾਨਕ : ਧੀਮਾਨ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**—ਲੋਕਪਾਲ ਨੂੰ ਅਲੱਗ ਦਫਤਰ ਮੁਹੱਈਆ ਨਾ ਕਰਵਾ ਕੇ ਪੰਜਾਬ ਸਰਕਾਰ ਮਨਰੇਗਾ ਦੇ ਕੰਮਾਂ ਵਿਚ ਫੈਲੀਆਂ ਬੈਨਿਯੀਆਂ ਅਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਦੀ ਥਾਂ ਉਤਸ਼ਾਹ ਕਰਨ ਵਿਚ ਭੂਮਿਕਾ ਨਿਭਾ ਕੇ ਮਨਰੇਗਾ ਵਰਕਰਾਂ ਅਤੇ ਮੇਟਾਂ ਨਾਲ ਭੇਦਭਾਵ ਕਰ ਰਹੀ ਹੈ। ਮਨਰੇਗਾ ਲੇਬਰ ਮੂਵਮੈਂਟ ਵਲੋਂ ਮਨਰੇਗਾ ਮੇਟਾਂ ਅਤੇ ਵਰਕਰਾਂ ਨਾਲ ਕੀਤੇ ਜਾ ਰਹੇ ਸੰਵਿਧਾਨਕ ਵਿਤਕਰਿਆਂ ਨੂੰ ਲੈ ਕੇ ਇਕ ਮੀਟਿੰਗ ਮੂਵਮੈਂਟ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਬਲਾਕ 1 ਦੀ ਪ੍ਰਧਾਨ ਗੁਰਬਖਸ਼ ਕੌਰ ਦੀ ਪ੍ਰਧਾਨਗੀ ਵਿਚ ਹੋਈ ਤੇ ਜਿਸ ਪੰਜਾਬ ਸਰਕਾਰ ਵਲੋ ਮਨਰੇਗਾ ਐਕਟ 2005 ਨੂੰ ਲਾਗੂ ਕਰਨ ਪ੍ਰਤੀ ਆਨਾਕਾਨੀ ਕਰਨੀ ਤੇ ਨਾ ਰੁੱਚੀ ਵਿਖਾਉਣ ਨੂੰ ਲੈ ਕੇ ਮੁਜਾਹਰਾ ਕੀਤਾ ਤੇ ਕਿਹਾ ਕਿ ਪੰਜਾਬ ਸਰਕਾਰ ਐਕਟ ਨੂੰ ਅਮਲੀ ਜਾਮਾ ਨਾ ਪਹਿਨਾ ਕੇ ਗੈਰ ਸੰਵਿਧਾਨਕ ਕੰਮਾਂ ਨੂੰ ਉਤਸ਼ਾਹ ਕਰ ਰਹੀ ਹੈ। ਧੀਮਾਨ ਨੇ ਕਿਹਾ ਕਿ ਮਨਰੇਗਾ ਲੋਕਪਾਲ ਨੂੰ ਸਰਕਾਰੀ ਤੇ ਨਿਰਪੱਖ ਕੰਮ ਕਰਨ ਨਹੀ ਦਫਤਰ ਨਾ ਮੁਹੱਈਆ ਕਰਵਾਉਣਾ ਅਪਣੇ ਆਪ ਵਿਚ ਇਨਸਾਫ ਨੂੰ ਕੁਚਲਣ ਦੇ ਬਰਾਬਰ ਹੈ। ਮਨਰੇਗਾ ਦੇ ਕੰਮਾਂ ਵਿਚ ਲੋਕਪਾਲ ਦੀ ਭੂਮਿਕਾ ਅਹਿਮ ਹੈ ਤੇ ਉਸ ਨੂੰ ਅਣਗੋਲਿਆਂ ਕਰਨਾ ਪੂਰੀ ਤਰ੍ਹਾਂ ਗੈਰ ਸੰਵਿਧਾਨਕ ਹੈ। ਕਿੰਨੀ ਹੈਰਾਨੀ ਦੀ ਗੱਲ ਹੈ ਕਿ ਜ਼ਿਲ੍ਹੇ ਵਿਚ ਮਨਰੇਗਾ ਲੋਕਪਾਲ ਦਾ ਕੋਈ ਦਫਤਰ ਹੀ ਨਹੀਂ ਹੈ ਤੇ ਨਾ ਉਨ੍ਹਾਂ ਦਾ ਕੋਈ ਬੋਰਡ ਲੱਗਾ ਹੋਇਆ ਹੈ। ਜਦੋਂ ਕਿ ਉਹ ਬੜੀ ਮੇਹਨਤ ਨਾਲ ਸਰਦੀਆਂ ਦੇ ਦਿਨਾਂ ਵਿਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਦੇ ਦਫਤਰ ਦੇ ਬਾਹਰ ਬਣੀ ਸ਼ੈਡ ਵਿਚ ਬੈਠ ਕੇ ਹੀ ਮਨਰੇਗਾ ਵਰਕਰਾਂ ਨੂੰ ਇਨਸਾਫ ਦੇ ਰਹੇ ਹਨ। ਧੀਮਾਨ ਨੇ ਦਸਿਆ ਕਿ ਜਿਨਾਂ ਅਧਿਕਾਰੀਆਂ ਦਾ ਪਿਛੋਕੜ ਭ੍ਰਿਸ਼ਟਾਚਾਰ ਨਾਲ ਲੱਥ ਪੱਥ ਹੈ ਉਹ ਵੀ ਪੰਚਾਇਤੀ ਰਾਜ ਦੇ ਢਾਂਚੇ ਨੂੰ ਪੰਜਾਬ ਸਰਕਾਰ ਦੇ ਅਸ਼ੀਰਵਾਦ ਨਾਲ ਚਲਾ ਰਹੇ ਹਨ। ਹੈਰਾਨੀ ਵਾਲੀ ਗੱਲ ਇਹ ਹੈ ਕਿ 70,80 ਪ੍ਰਤੀਸ਼ਤ ਪੰਚਾਇਤ ਸਕੱਤਰਾਂ ਦੀਆਂ ਪੋਸਟਾਂ ਖਾਲੀ ਹਨ। ਹੁਸ਼ਿਆਰਪੁਰ ਬਲਾਕ 1,2 ਅਤੇ ਬਲਾਕ ਭੂੰਗਾ ਨੂੰ ਇਕ ਹੀ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਚਲਾ ਰਿਹਾ ਹੈ।ਇਸੇ ਤਰ੍ਹਾਂ ਮਾਹਿਲਪੁਰ ਅਤੇ ਗੜ੍ਹਸ਼ੰਕਰ ਬਲਾਕ ਵਿਚ ਵੀ ਇਹ ਵੀ ਬੀਡੀਪੀਓ ਹਨ। ਧੀਮਾਨ ਨੇ ਕਿਹਾ ਕਿ ਇਸੇ ਕਰਕੇ ਸਮੇਂ ਸਿਰ ਮਨਰੇਗਾ ਵਰਕਰਾਂ ਅਤੇ ਮੇਟਾਂ ਨੂੰ ਇਨਸਾਫ ਨਹੀਂ ਮਿਲ ਰਿਹਾ। ਦਫਤਰਾਂ ਵਿਚ ਸਟਾਫ ਵੀ ਵੱਡੀ ਘਾਟ ਹੈ। ਪਿੰਡਾਂ ਦਾ ਵਿਕਾਸ ਰੁਕਿਆ ਪਿਆ ਹੈ ਤੇ ਨਾ ਹੀ ਮਨਰੇਗਾ ਵਰਕਰਾਂ ਅਤੇ ਮੇਟਾਂ ਨੂੰ ਘੱਟੋ ਘੱਟ ਉਜਰਤ ਐਕਟ ਤਹਿਤ ਉਜਰਤ ਮਿਲ ਰਹੀ ਹੈ।ਧੀਮਾਨ ਨੇ ਕਿਹਾ ਕਿ ਅਗਰ ਲੋਕਪਾਲ ਮਨਰੇਗਾ ਨੂੰ ਸਹੀ ਅਤੇ ਸਮੇਂ ਸਿਰ ਨਿਰਪੱਖ ਤੌਰ 'ਤੇ ਦਫਤਰ ਮੁਹੱਈਆ ਨਹੀਂ ਕਰਵਾਇਆ ਤਾਂ ਉਹ ਜਾਬ ਐਂਡ ਹਰਿਆਣਾ ਹਾਈ ਕੋਰਟ ਨੂੰ ਚਲ ਰਹੀ ਪਟੀਸ਼ਨ ਨਾਲ ਅਰਜ਼ੀ ਦਾਇਰ ਕਰਨਗੇ ਤਾਂ ਕਿ ਮਨਰੇਗਾ ਦੇ ਕੰਮਾਂ ਵਿਚ ਪਾਰਦਰਸ਼ਤਾ ਕਾਇਮ ਹੋ ਸਕੇ। ਇਸ ਮੌਕੇ ਮੇਟ ਬਲਰਾਜ ਕੁਮਾਰ, ਵਾਸ ਦੇਵ,ਕਮਲਜੀਤ ਕੌਰ ਡਡਿਆਣਾ ਖੁਰਦ, ਸੁਰਿੰਦਰ ਕੌਰ, ਬਲਵਿੰਦਰ ਕੌਰ, ਮਨਜੀਤ ਕੌਰ,ਸੁਦੇਸ਼ ਆਦਿ ਹਾਜਰ ਸਨ।

# ਕਿਸਾਨ ਆਗੂ ਬਲਵਿੰਦਰ ਸਿੰਘ ਦੀ ਮਾਤਾ ਦਾ ਹੋਇਆ ਸਸਕਾਰ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ )**-ਦੁਆਬਾ ਕਿਸਾਨ ਸੰਘਰਸ਼ ਕਮੇਟੀ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਮੱਲੀ ਨੰਗਲ ਦੀ ਮਾਤਾ ਸੁਰਿੰਦਰ ਕੌਰ (78) ਮੈਂਬਰ ਜ਼ਿਲ੍ਹਾ ਪ੍ਰੀਸ਼ਦ ਬੀਤੇ ਦਿਨੀਂ ਆਪਣੇ ਸੁਆਸਾਂ ਦੀ ਪੂੰਜੀ ਪੂਰੀ ਕਰਕੇ ਗੁਰੂ ਚਰਨਾਂ ਵਿਚ ਜਾ ਬਿਰਾਜੇ। ਉਨ੍ਹਾਂ ਦੇ ਜੱਦੀ ਪਿੰਡ ਮੱਲੀ ਨੰਗਲ ਸ਼ਮਸ਼ਾਨ ਘਾਟ ਵਿਖੇ ਪੂਰਨ ਗੁਰ ਮਰਿਆਦਾ ਨਾਲ ਸਸਕਾਰ ਕੀਤਾ ਗਿਆ। ਇਸ ਮੌਕੇ ਸੁਖਵਿੰਦਰ ਸਿੰਘ ਕੋਟਲੀ ਵਿਧਾਇਕ ਆਦਮਪੁਰ,ਹਰਿੰਦਰ ਪਾਲ ਸਿੰਘ ਢੀਂਡਸਾ, ਬਾਬਾ ਤਲਵਿੰਦਰ ਸਿੰਘ ਪਰਮੇਸ਼ੁਵਰ,ਐਡਵੋਕੇਟ ਭਲਵਿੰਦਰ ਸਿੰਘ ਬਹਾਦਰ ਸਿੰਘ ਚੌਹਾਨ, ਅਮਨਪ੍ਰੀਤ ਸਿੰਘ, ਹਰਮੇਲ ਸਿੰਘ ,ਮੱਲੀ ਨੰਗਲ ਸੀਨੀਅਰ ਅਕਾਲੀ ਆਗੂ, ਪਰਗਟ ਸਿੰਘ ਮੱਲੀ ਨੰਗਲ,ਗੁਰਮਿੰਦਰ ਸਿੰਘ ਕਿਸਨ ਪੁਰ,ਦਿਲਬਾਗ ਸਿੰਘ ,ਭੁਪਿੰਦਰ ਸਿੰਘ ਸੈਣੀ ਪਰਮਿੰਦਰ ਸਿੰਘ ਮੱਲੀ,ਬਲਵਿੰਦਰ ਸਿੰਘ ਭੰਗੂ,ਮੁਕੇਸ਼ ਕੁਮਾਰ ਕਿਸਾਨ ਆਗੂ ਰਾਣੀ ਭੱਟੀ,ਦਵਿੰਦਰ ਸਿੰਘ ਧਾਲੀਵਾਲ ਸੁਖਵਿੰਦਰ ਸਿੰਘ ਦਰਾਂਵਾਂ,ਹਰਵਿੰਦਰ ਪਾਲ ਸਿੰਘ ਡੱਲਾ,ਤਰਨਜੀਤ ਸਿੰਘ ਡੱਲਾ, ਗੁਰਦੀਪ ਸਿੰਘ ਸੰਘ ਵਾਲ,ਰਾਮ ਲੁਭਾਇਆ ਬੀਡੀਪੀਉ,ਨੰਬਰਦਾਰ ਇੰਦਰਜੀਤ ਬਿਲਕ,ਹਰਚੰਦ ਸਿੰਘ ,ਭੁਪਿੰਦਰ ਸਿੰਘ ਭਿੰਦਾ ਸੇਠ,ਕੁਲਵੀਰ ਸਿੰਘ,ਬਲਵੀਰ ਸਿੰਘ ਦਰਾਂਵਾਂ,ਪ੍ਰੇਮ ਬਹਾਦਰ ਸੀ ਸੀ ਡੀ ਓ ਸ਼ੂਗਰ ਮਹੱਲ ਭੋਗਪੁਰ, ਡਾ. ਸੁਰਿੰਦਰ ਸਿੰਘ ਬਡਾਲਾ,ਜਸਵੀਰ ਸਿੰਘ ਸੈਕਟਰੀ ਬਡਾਲਾ ਬਲਜੀਤ ਸਿੰਘ ਘੋੜਾਵਾਹੀ, ਸੰਪੂਰਨ ਸਿੰਘ ਸਮੇਤ ਕਿਸਾਨ ਜਥੇਬੰਦੀਆਂ ਦੇ ਆਗੂ ਹਾਜਰ ਸਨ। ਮਾਤਾ ਸੁਰਿੰਦਰ ਕੌਰ ਦੀ ਆਤਮਿਕ ਸ਼ਾਂਤੀ ਲਈ ਪਾਠ ਦੇ ਭੋਗ 15 ਫਰਵਰੀ ਦਿਨ ਵੀਰਵਾਰ ਨੂੰ ਪਾਏ ਜਾਣਗੇ।

# ਬੇਘਰੇ ਲੋਕਾਂ ਨੂੰ ਮਕਾਨ ਬਣਾ ਕੇ ਦੇਣ ਦਾ ਕੀਤਾ ਉਪਰਾਲਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਗੁਰੂ ਰਾਮਦਾਸ ਵੈਲਫੇਅਰ ਸੋਸਾਇਟੀ ਵੱਲੋਂ ਬੇਘਰੇ ਲੋਕਾਂ ਨੂੰ ਮਕਾਨ ਬਣਾ ਕੇ ਦੇਣ ਦਾ ਜੋ ਉਪਰਾਲਾ ਹੁਸ਼ਿਆਰਪੁਰ ਆਟੋ ਮੋਬਾਈਲਜ ਸਵ: ਅਜਵਿੰਦਰ ਸਿੰਘ ਵੱਲੋਂ ਸ਼ੁਰੂ ਕੀਤਾ ਗਿਆ ਸੀ, ਉਸ ਵਿੱਚ ਦੋ ਮਕਾਨ ਪਹਿਲਾਂ ਬਣ ਚੁੱਕੇ ਹਨ, ਤੀਸਰਾ ਮਕਾਨ ਬਣਾਉਣ ਦੇ ਉਦਘਾਟਨ ਲਈ ਕੁਲਵੰਤ ਸਿੰਘ ਸੈਣੀ ਪ੍ਰਧਾਨ ਸੈਣੀ ਜਾਗਰਤੀ ਮੰਚ ਪੰਜਾਬ ਅਤੇ ਉੱਘੇ ਸਮਾਜ ਸੇਵਕ ਵੱਲੋਂ ਕੀਤਾ ਗਿਆ, ਜਿਸ ਵਿੱਚ ਜੋ ਪ੍ਰਾਈਵੇਟ ਸੁਸਾਇਟੀਆਂ ਲੋਕਾਂ ਦੇ ਕੰਮਾਂ ਲਈ ਜਾਗਰੂਕ ਹੋ ਕੇ ਮਕਾਨ ਬਣਾਉਣੇ ਅਤੇ ਹੋਰ ਸਾਰੀਆਂ ਸੁਵਿਧਾਵਾਂ ਦੇਣ ਲਈ ਤਤਪਰ ਹਨ ਅਤੇ ਸਰਕਾਰ ਨੂੰ ਚਾਹੀਦਾ ਹੈ ਕਿ ਗਰੀਬਾਂ ਵੱਲ ਧਿਆਨ ਦੇਵੇ ਤਾਂ ਜੋ ਕੜਕਦੀ ਧੁੱਪ ਬਰਸਾਤ ਅਤੇ ਠੰਡ ਵਿੱਚ ਗਰੀਬ ਲੋਕ ਤੰਗ ਨਾ ਹੋਣ। ਸੁਸਾਇਟੀ ਦਾ ਧੰਨਵਾਦ ਕਰਦੇ ਹੋਏ ਕੁਲਵੰਤ ਸਿੰਘ ਸੈਣੀ ਨੇ ਕਿਹਾ ਕਿ ਇਹ ਇਲਾਕਾ ਪ੍ਰੀਤ ਨਗਰ ਅੱਜੋਵਾਲ ਸ਼ਿਕਲੀਗਰਾਂ ਦਾ ਹੈ ਜਿਨਾਂ ਨੇ ਗੁਰੂਆਂ ਵੇਲੇ ਹਰ ਤਰ੍ਹਾਂ ਦੇ ਸ਼ਸ਼ਤਰਾਂ ਦੀ ਸੇਵਾ ਕੀਤੀ ਸੀ ਅਤੇ ਉਹ ਬਰਾਦਰੀ ਅੱਜ ਨੰਗੇ ਸਿਰ ਬੈਠੀ ਹੋਈ ਹੈ ਅਤੇ ਸੋਸਾਇਟੀ ਨੂੰ ਹੋਰ ਵੱਧ ਚੜ੍ਹ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਸਮਾਗਮ ਵਿੱਚ ਸਰਿੰਦਰ ਪਾਲ ਕੌਰ ਸੈਣੀ ਪ੍ਰਧਾਨ ਗੁਰੂ ਰਾਮਦਾਸ ਵੈਲਫੇਅਰ ਸੋਸਾਇਟੀ, ਨਿਰਮਲ ਸਿੰਘ, ਗਗਨਪ੍ਰੀਤ ਸਿੰਘ ਹੁਸ਼ਿਆਰਪੁਰ ਆਟੋ ਮੋਬਾਈਲ, ਗੁਰਪਾਲ ਸਿੰਘ, ਪਰਵਿੰਦਰ ਸਿੰਘ ਗੋਗੀ, ਜਨਕ ਰਾਜ ਸ਼ਰਮਾ, ਹਰਵਿੰਦਰ ਸਿੰਘ, ਸਿਕੰਦਰ ਸਿੰਘ ਅਤੇ ਗੁਰਵਿੰਦਰ ਸਿੰਘ ਸ਼ਾਮਿਲ ਸਨ।

# ਪੀਣ ਵਾਲੇ ਪਾਣੀ ਨਾਲ ਸੰਬੰਧਤ ਚੱਲ ਰਹੇ ਹਨ 2 ਹਜ਼ਾਰ ਕਰੋੜ ਰੁਪਏ ਦੇ ਪ੍ਰੋਜੈਕਟ : ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬਾ ਸਰਕਾਰ ਸੂਬੇ ਵਿਚ ਪੀਣ ਵਾਲੇ ਪਾਣੀ ਨਾਲ ਸਬੰਧਤ ਕਰੀਬ 2 ਹਜ਼ਾਰ ਕਰੋੜ ਰੁਪਏ ਦੇ ਪ੍ਰੋਜੈਕਟ ਚੱਲ ਰਹੇ ਹਨ, ਜਿਸ ਵਿਚ ਸਰਫੇਸ ਵਾਟਰ, ਟਿਊਬਵੈਲ, ਪਾਣੀ ਦੀਆਂ ਟੈਂਕੀਆਂ ਆਦਿ ਵੀ ਸ਼ਾਮਿਲ ਹਨ। ਉਹ ਪਿੰਡ ਨਿਊ ਬੈਂਕ ਕਲੋਨੀ ਵਿਚ 25 ਲੱਖ ਰੁਪਏ ਦੀ ਲਾਗਤ ਬਣਨ ਜਾ ਰਹੀ 25 ਹਜ਼ਾਰ ਲੀਟਰ ਦੀ ਟੈਂਕੀ, ਨਵੇਂ ਸੋਲਰ ਸਿਸਟਮ ਅਤੇ ਵਾਟਰ ਮੀਟਰ ਦਾ ਨੀਂਹ ਪੱਥਰ ਰੱਖਣ ਦੌਰਾਨ ਇਲਾਕਾ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਹੁਸ਼ਿਆਰਪੁਰ ਸੈਂਟਰਲ ਕੋਆਪ੍ਰੇਟਿਵ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ ਅਤੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬੇ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਵਿਸ਼ੇਸ਼ ਤੌਰ 'ਤੇ ਲੋਕਾਂ ਤੱਕ ਪੀਣ ਵਾਲਾ ਸਾਫ ਪਾਣੀ ਪਹੁੰਚਾਉਣ ਲਈ ਕੋਈ ਕਮੀ ਨਹੀਂ ਛੱਡੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਹਿਜ਼ ਦੋ ਸਾਲਾਂ ਵਿਚ ਪੇਂਡੂ ਖੇਤਰਾਂ ਵਿਚ ਸਭ ਤੋਂ ਵੱਧ ਪੀਣ ਵਾਲੇ ਪਾਣੀ ਦੇ ਟਿਊਬਵੈਲ ਅਤੇ ਪਾਣੀ ਦੀਆਂ ਟੈਂਕੀਆਂ ਲੱਗੀਆਂ ਹਨ, ਜੋ ਕਿ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਪਿੰਡ ਵਿਚ ਪਾਣੀ ਦੀ ਟੈਂਕੀ ਬਣਨ ਨਾਲ ਬਿਜਲੀ ਜਾਣ ਤੋਂ ਬਾਅਦ ਲੋਕਾਂ ਨੂੰ ਪਾਣੀ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ, ਕਿਉਂਕਿ ਪਾਣੀ ਦੀ ਟੈਂਕੀ ਦੀ ਸਮਰੱਥਾ 25 ਹਜ਼ਾਰ ਲੀਟਰ ਹੈ, ਜੋ ਕਿ ਇਲਾਕੇ ਦੀ ਆਬਾਦੀ ਦੇ ਹਿਸਾਬ ਨਾਲ ਕਾਫੀ ਹੈ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਸੋਲਰ ਸਿਸਟਮ ਵੀ ਲਗਾਇਆ ਜਾ ਰਿਹਾ ਹੈ, ਤਾਂ ਜੋ ਬਿਜਲੀ ਜਾਣ ਤੋਂ ਬਾਅਦ ਵੀ ਲੋਕਾਂ ਨੂੰ ਨਿਰਵਿਘਨ ਪਾਣੀ ਮਿਲਦਾ ਰਹੇ। ਬ੍ਰਮ ਸ਼ੰਕਰ ਜਿੰਪਾ ਨੇ ਇਸ ਦੌਰਾਨ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਵਿਸ਼ਵਾਸ ਦਿਵਾਇਆ ਕਿ ਖੇਤਰ ਦੀਆਂ ਬੁਨਿਆਦੀ ਸਮੱਸਿਆਵਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਤੇਜਿੰਦਰ ਸਿੰਘ, ਐਕਸੀਅਨ ਸਿਮਰਨਜੀਤ ਸਿੰਘ ਖਾਂਬਾ, ਪ੍ਰੀਤਪਾਲ, ਰਾਜਨ ਸੈਣੀ, ਕੁਲਵੰਤ, ਅਸ਼ੋਕ ਪਹਿਲਵਾਨ, ਬਲਜਿੰਦਰ ਕੁਮਾਰ ਸੋਨੂੰ, ਪੰਕਜ ਸ਼ਰਮਾ, ਪ੍ਰਵੀਨ ਠਾਕੁਰ, ਰੁਪਿੰਦਰ ਸਿੰਘ, ਜਗੀਰ ਸਿੰਘ, ਅੰਮ੍ਰਿਤ ਪਾਲ ਸਿੰਘ ਸ਼ੇਰਗਿੱਲ, ਅਮਿਤ ਨੇਗੀ, ਹਰਜੀਤ ਸਿੰਘ, ਕੁਨਾਲ ਸ਼ਰਮਾ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਭੱਟੀ ਨੇ ਲਿਆ ਕੈਂਪਾਂ ਦਾ ਜਾਇਜ਼ਾ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਸਰਕਾਰ ਤੁਹਾਡੇ ਦੁਆਰ ਮੁਹਿੰਮ ਤਹਿਤ ਹਲਕਾ ਆਦਮਪੁਰ ਦੇ ਪਿੰਡ ਕੰਦੋਲਾ, ਰਾਮ ਨਗਰ,ਅਤੇ ਭੋਗਪੁਰ ਵਾਰਡ ਨੰ 3, 4, 5 ਤੇ 6 ਵਿਖੇ ਲਗਾਏ ਗਏ ਕੈਂਪਾਂ ਦਾ ਹਲਕਾ ਇੰਚਾਰਜ ਜੀਤ ਲਾਲ ਭੱਟੀ ਵਲੋਂ ਜਾਇਜ਼ਾ ਲਿਆ ਗਿਆ। ਜਿਸ ਵਿੱਚ ਵੱਖ ਵੱਖ ਵਿਭਾਗਾਂ ਵੱਲੋਂ ਆਪਣੇ ਵਿਭਾਗ ਨਾਲ ਸਬੰਧਤ ਸੇਵਾਵਾਂ ਲੋਕਾਂ ਨੂੰ ਮੁਹੱਈਆ ਕਰਵਾਈਆਂ ਗਈਆਂ।ਇਸ ਮੌਕੇ ਸੈਕਟਰੀ ਨੰਨੂ ਛਾਬੜਾ, ਬਲਾਕ ਪ੍ਰਧਾਨ ਬਲਵਿੰਦਰ ਭੰਡਾਰੀ, ਬਲਾਕ ਪ੍ਰਧਾਨ ਇੰਦਰਜੀਤ ਸਿੰਘ, ,ਬਲਾਕ ਪ੍ਰਭਾਰੀ ਗੁਰਪਾਲ ਸਿੰਘ, ਰਮੇਸ਼ ਚੰਦਰ ਜ਼ਿਲ੍ਹਾ ਜੁਆਇਟ ਸਕੱਤਰ ਟ੍ਰੇਡ ਵਿੰਗ, ਡਾ ਕਮਲ, ਬੂਟਾ ਸਿੰਘ ਟੀਟੂ,ਸਤਨਾਮ ਸਿੰਘ ਮਨਕੋਟੀਆ, ਗੁਰਦੀਪ ਦੀਪੂ ਪਾਰਟੀ ਦੇ ਮੈਂਬਰ ਮੌਜੂਦ ਸਨ।

# ਵਜ਼ੀਫਾ ਅਦਾਇਗੀ ਦੀ ਰਿਕਵਰੀ ਲਈ ਦਬਾਅ ਬਣਾਉਣਾ ਬੰਦ ਕਰਨ ਅਧਿਕਾਰੀ : ਡੀ ਟੀ ਐੱਫ

**ਮੋਹਾਲੀ (ਗੁਰਜੀਤ ਬਿੱਲਾ)**-ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ ਨੇ ਇੱਕ ਪੱਤਰ ਜਾਰੀ ਕਰਕੇ ਸੈਸ਼ਨ 2022-23 ਦੇ ਪ੍ਰੀ ਮੈਟ੍ਰਿਕ ਸਕਾਲਰਸ਼ਿਪ ਫਾਰ ਐੱਸ ਸੀ ਐਂਡ ਅਦਰਜ ਸਕੀਮ ਅਧੀਨ ਵਜੀਫੇ ਦੀ ਰਾਸ਼ੀ ਦੀ ਦੋਹਰੀ/ਤੀਹਰੀ ਅਦਾਇਗੀ ਨੂੰ ਵਾਪਸ ਲੈਣ ਲਈ ਸਕੂਲ ਮੁਖੀਆਂ 'ਤੇ ਬਣਾਏ ਜਾ ਰਹੇ ਦਬਾਅ ਦਾ ਵਿਰੋਧ ਕਰਦਿਆਂ ਡੈਮੋਕ੍ਰੇਟਿਕ ਟੀਚਰਜ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮੁਕੇਸ਼ ਕੁਮਾਰ, ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਪ੍ਰੈੱਸ ਸਕੱਤਰ ਪਵਨ ਕੁਮਾਰ ਨੇ ਕਿਹਾ ਕਿ ਵਿਭਾਗ ਵੱਲੋਂ ਸੈਸ਼ਨ 2022-23 ਦੇ ਵਜੀਫੇ ਦੀ ਰਾਸ਼ੀ 23001 ਵਿਦਿਆਰਥੀਆਂ ਦੇ ਖਾਤਿਆਂ ਵਿੱਚ 1400 ਰੁਪਏ ਦੀ ਅਦਾਇਗੀ ਦੋ ਵਾਰ ਹੋ ਗਈ ਹੈ ਅਤੇ 694 ਵਿਦਿਆਰਥੀਆਂ ਦੇ ਖਾਤਿਆਂ ਵਿੱਚ ਇਹ ਅਦਾਇਗੀ ਤਿੰਨ ਵਾਰ ਹੋ ਗਈ ਹੈ ਅਤੇ ਵਿਭਾਗ ਇਸ ਪਿੱਛੇ ਤਕਨੀਕੀ ਨੁਕਸ ਐਲਾਨ ਕੇ ਆਪ ਜ਼ਿੰਮੇਵਾਰੀ ਤੋਂ ਭੱਜਦਾ ਹੋਇਆ ਡੀ ਜੀ ਐੱਸ ਸੀ ਦਾ ਹਵਾਲਾ ਦਿੰਦਿਆਂ ਸਕੂਲ ਮੁਖੀਆਂ 'ਤੇ ਰਿਕਵਰੀ ਕਰਨ ਲਈ ਨਜਾਇਜ ਦਬਾਅ ਬਣਾ ਰਿਹਾ ਹੈ। ਇਸ ਲਈ ਜ਼ਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਕੀਤੀਆਂ ਜਾ ਰਹੀਆਂ ਜੂਮ ਮੀਟਿੰਗਾਂ ਵਿੱਚ ਵਰਤੀ ਜਾ ਰਹੀ ਗੈਰ-ਵਾਜਿਬ ਸਬਦਾਵਲੀ ਅਤੇ ਦਾਬੇ ਨੂੰ ਕਿਸੇ ਕੀਮਤ 'ਤੇ ਸਹਿਣ ਨਹੀਂ ਕੀਤਾ ਜਾਵੇਗਾ ਅਤੇ ਅਗਾਂਹ ਤੋਂ ਕਿਸੇ ਮੀਟਿੰਗ ਵਿੱਚ ਅਧਿਕਾਰੀਆਂ ਦੇ ਅਜਿਹੇ ਵਤੀਰੇ ਖਿਲਾਫ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਆਗੂਆਂ ਨੇ ਜ਼ਿਲ੍ਹਾ ਸਿੱਖਿਆ ਅਫਸਰ (ਸੈ) ਸ੍ਰੀ ਮੁਕਤਸਰ ਸਾਹਿਬ ਵੱਲੋਂ ਰਹਿੰਦੀ ਰਿਕਵਰੀ 'ਬਾਏ ਹੁੱਕ ਐਂਡ ਕਰੁੱਕ' ਇੱਕ ਦਿਨ ਵਿੱਚ ਵਿਭਾਗ ਦੇ ਖਾਤੇ ਵਿੱਚ ਜਮ੍ਹਾਂ ਕਰਾਉਣ ਦੇ ਹੁਕਮਾਂ ਰਾਹੀਂ ਸਕੂਲ ਮੁਖੀਆਂ 'ਤੇ ਬੇਲੋੜਾ ਦਬਾਅ ਬਣਾਉਣ ਦਾ ਸਖਤ ਨੋਟਿਸ ਲਿਆ ਅਤੇ ਇਸ ਖਿਲਾਫ ਲੋੜ ਪੈਣ 'ਤੇ ਸੰਘਰਸ਼ ਕਰਨ ਦਾ ਐਲਾਨ ਕੀਤਾ ਜਾਵੇਗਾ। ਆਗੂਆਂ ਨੇ ਦੱਸਿਆ ਕਿ ਇਸੇ ਤਰ੍ਹਾਂ ਵਿਦਿਆਰਥੀਆਂ ਨੂੰ ਵੱਖ ਵੱਖ ਸਕੀਮਾਂ ਅਧੀਨ ਵਜੀਫਾ ਅਪਲਾਈ ਕਰਾਉਣ ਲਈ ਸਕੂਲ ਮੁਖੀਆਂ ਅਤੇ ਕਲਾਸ ਇੰਚਾਰਜਾਂ ਤੇ ਗੈਰ ਵਾਜਬ ਦਬਾਅ ਬਣਾਇਆ ਜਾ ਰਿਹਾ ਹੈ ਜਦਕਿ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਨੂੰ ਵਜੀਫਾ ਅਪਲਾਈ ਕਰਨ ਲਈ ਲੋੜੀਂਦੇ ਸਰਟੀਫਿਕੇਟ ਜਮ੍ਹਾਂ ਨਹੀਂ ਕਰਵਾਏ ਜਾ ਰਹੇ। ਆਗੂਆਂ ਨੇ ਦੱਸਿਆ ਕਿ ਵਜੀਫਾ ਅਪਲਾਈ ਕਰਨ ਲਈ ਜਾਤੀ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਡੋਮੀਸਾਇਲ ਸਰਟੀਫਿਕੇਟ ਆਦਿ ਲੋੜੀਂਦੇ ਹਨ ਅਤੇ ਇੰਨ੍ਹਾਂ ਸਰਟੀਫਿਕੇਟਾਂ ਦਾ ਨਾ ਹੋਣਾ ਜਾਂ ਸਭ ਵਿੱਚ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦੇ ਨਾਵਾਂ ਦੀ ਸਮਾਨਤਾ ਦੀ ਘਾਟ ਕਾਰਨ ਵਜੀਫਾ ਅਪਲਾਈ ਕਰਨ ਵਿੱਚ ਆ ਰਹੀਆਂ ਦਿੱਕਤਾਂ ਨੂੰ ਵਿਭਾਗ ਵੱਲੋਂ ਨਹੀਂ ਦੇਖਿਆ ਜਾ ਰਿਹਾ। ਵਿਭਾਗ ਵੱਲੋਂ ਵਿਦਿਆਰਥੀਆਂ ਦੇ ਵਜੀਫੇ ਅਪਲਾਈ ਨਾ ਕਰਨ ਦਾ ਜ਼ਿੰਮੇਵਾਰ ਅਧਿਆਪਕ ਨੂੰ ਮੰਨ ਕੇ ਉਸ ਤੇ ਦਬਾਅ ਬਣਾ ਕੇ ਵਜੀਫਾ ਅਪਲਾਈ ਨਾ ਹੋਣ ਲਈ ਉਸਨੂੰ ਦੋਸ਼ੀ ਬਣਾਇਆ ਜਾ ਰਿਹਾ ਹੈ। ਡੀ ਟੀ ਐੱਫ ਦੇ ਜਗਪਾਲ ਬੰਗੀ, ਬੇਅੰਤ ਫੂਲੇਵਾਲਾ, ਰਾਜੀਵ ਬਰਨਾਲਾ, ਗੁਰਪਿਆਰ ਕੋਟਲੀ, ਜਸਵਿੰਦਰ ਔਜਲਾ, ਰਘਬੀਰ ਭਵਾਨੀਗੜ੍ਹ, ਹਰਜਿੰਦਰ ਸਿੰਘ ਵਡਾਲਾ ਬਾਂਗਰ, ਦਲਜੀਤ ਸਫੀਪੁਰ, ਕੁਲਵਿੰਦਰ ਜੋਸਨ, ਪਵਨ ਕੁਮਾਰ ਮੁਕਤਸਰ, ਮਹਿੰਦਰ ਕੌੜਿਆਂਵਾਲੀ, ਤੇਜਿੰਦਰ ਸਿੰਘ, ਰੁਪਿੰਦਰ ਗਿੱਲ ਅਤੇ ਸੁਖਦੇਵ ਡਾਨਸੀਵਾਲ ਨੇ ਮੰਗ ਕੀਤੀ ਕਿ ਇਸ ਤਰ੍ਹਾਂ ਦੇ ਗੈਰ ਵਾਜਬ ਦਬਾਆਂ ਤੋਂ ਅਧਿਕਾਰੀਆਂ ਨੂੰ ਬਾਜ ਆਉਣਾ ਚਾਹੀਦਾ ਹੈ ਨਹੀਂ ਤਾਂ ਇੰਨ੍ਹਾਂ ਵਿਰੁੱਧ ਜੱਥੇਬੰਦੀ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਵਿੱਢਿਆ ਜਾਵੇਗਾ ਅਤੇ ਇਸਦੇ ਜ਼ਿੰਮੇਵਾਰ ਸਬੰਧਤ ਅਧਿਕਾਰੀ ਹੋਣਗੇ।

CMYK

# ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਾਹ ਖੋਲ੍ਹੇ ਜਾਣ : ਅਮਨ ਅਰੋੜਾ

**ਚੰਡੀਗੜ੍ਹ, ( ਗੁਰਜੀਤ ਬਿੱਲਾ)**—ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮਲਟੀ ਸਕਿੱਲ ਡਿਵੈਲਪਮੈਂਟ ਸੈਂਟਰਾਂ (ਐਮ.ਐਸ.ਡੀ.ਸੀਜ਼.) ਦੀ ਸੁਚੱਜੀ ਵਰਤੋਂ ਕਰਕੇ ਇਹਨਾਂ ਵਿੱਚ ਵੱਧ ਤੋਂ ਵੱਧ ਨੌਜਵਾਨਾਂ ਨੂੰ ਸਿਖਲਾਈ ਦਿੱਤੀ ਜਾਵੇ ਤਾਂ ਜੋ ਨੌਜਵਾਨਾਂ ਦੇ ਹੁਨਰ ਨੂੰ ਤਰਾਸ਼ ਕੇ ਉਨ੍ਹਾਂ ਲਈ ਰੋਜਗਾਰ ਦੇ ਨਵੇਂ ਰਾਹ ਖੋਲ੍ਹੇ ਜਾ ਸਕਣ। ਇੱਥੇ ਪੰਜਾਬ ਭਵਨ ਵਿਖੇ ਇੱਕ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਨੇ ਸੈਕਟਰ ਸਕਿੱਲ ਕੌਂਸਲਾਂ, ਟਰੇਨਿੰਗ ਪਾਰਟਨਰਜ, ਇੰਡਸਟਰੀ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਅਤੇ ਸਬੰਧਤ ਸੂਬਿਆਂ ਦੇ ਵਿਭਾਗਾਂ ਦੇ ਅਧਿਕਾਰੀਆਂ ਤੋਂ ਸੁਝਾਅ ਲਏ ਤਾਂ ਜੋ ਇਨ੍ਹਾਂ ਕੇਂਦਰਾਂ ਦੇ ਸਰਬੋਤਮ ਪ੍ਰਦਰਸਨ ਨੂੰ ਯਕੀਨੀ ਬਣਾਇਆ ਜਾ ਸਕੇ। ਬਠਿੰਡਾ, ਅੰਮ੍ਰਿਤਸਰ, ਲੁਧਿਆਣਾ, ਜਲੰਧਰ ਅਤੇ ਹੁਸ਼ਿਆਰਪੁਰ ਵਿੱਚ ਸਥਿਤ ਪੰਜ ਐਮ.ਐਸ.ਡੀ.ਸੀਜ਼. ਦੀ ਸਰਬੋਤਮ ਵਰਤੋਂ ਨੂੰ ਯਕੀਨੀ ਬਣਾਉਣ ਦੀ ਲੋੜ 'ਤੇ ਜੋਰ ਦਿੰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਐਮ.ਐਸ.ਡੀ.ਸੀਜ. ਵਿੱਚ ਉਦਯੋਗ ਦੀਆਂ ਲੋੜਾਂ ਅਨੁਸਾਰ ਕੋਰਸ ਚਲਾਉਣੇ ਚਾਹੀਦੇ ਹਨ। ਇਸ ਤੋਂ ਇਲਾਵਾ ਸੂਬੇ ਵਿੱਚ ਤਿੰਨ ਹੈਲਥ ਸਕਿੱਲ ਡਿਵੈਲਪਮੈਂਟ



ਸੈਂਟਰ ਅਤੇ 198 ਰੂਰਲ ਸਕਿੱਲ ਸੈਂਟਰ ਹਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸਨਅਤੀ ਲੋੜਾਂ ਅਤੇ ਹੁਨਰਮੰਦ ਵਰਕਫੋਰਸ ਦਰਮਿਆਨ ਪਾੜੇ ਨੂੰ ਪੂਰਾ ਕਰਨ 'ਤੇ ਧਿਆਨ ਦੇਣ ਲਈ ਵੀ ਕਿਹਾ। ਉਨ੍ਹਾਂ ਅੱਗੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੌਜਵਾਨਾਂ ਦੀ ਰੋਜਗਾਰ ਹਾਸਲ ਕਰਨ ਦੀ ਸਮਰੱਥਾ ਨੂੰ ਹੋਰ ਵਧਾਉਣ ਦੇ ਨਾਲ-ਨਾਲ ਕਾਲਜ, ਆਈ.ਟੀ.ਆਈ. ਅਤੇ ਪੌਲੀਟੈਕਨਿਕ ਦੇ ਵਿਦਿਆਰਥੀਆਂ ਨੂੰ ਲਾਈਫ ਅਤੇ ਸਾਫ਼ਟ ਸਕਿੱਲ ਨਾਲ ਲੈਸ ਕਰਨ ਲਈ ਆਪਣੀ ਸਕਿੱਲ ਟਰੇਨਿੰਗ ਸਕੀਮ ਸ਼ੁਰੂ ਕਰਨ ਜਾ ਰਹੀ ਹੈ। ਪ੍ਰਮੁੱਖ ਸਕੱਤਰ ਰੋਜਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਸ੍ਰੀਮਤੀ ਜਸਪ੍ਰੀਤ ਤਲਵਾੜ, ਡਾਇਰੈਕਟਰ ਅੰਮ੍ਰਿਤ ਸਿੰਘ, ਡਿਪਟੀ ਕਮਿਸਨਰ ਬਠਿੰਡਾ ਜਸਪ੍ਰੀਤ ਸਿੰਘ ਤੋਂ ਇਲਾਵਾ ਉਦਯੋਗ, ਤਕਨੀਕੀ ਸਿੱਖਿਆ, ਮੈਡੀਕਲ ਸਿੱਖਿਆ, ਉਚੇਰੀ ਸਿੱਖਿਆ, ਸਕੂਲ ਸਿੱਖਿਆ ਵਿਭਾਗਾਂ ਦੇ ਅਧਿਕਾਰੀ ਅਤੇ ਲੈਦਰ ਸੈਕਟਰ ਸਕਿੱਲ ਕੌਂਸਲ, ਟੂਰਿਜਮ ਐਂਡ ਹਾਸਪਿਟੈਲਿਟੀ ਸਕਿੱਲ ਕੌਂਸਲ, ਇਲੈਕਟ੍ਰੋਨਿਕਸ ਸੈਕਟਰ ਸਕਿੱਲਸ ਕੌਂਸਲ ਆਫ਼ ਇੰਡੀਆ, ਵਾਟਰ ਮੈਨੇਜਮੈਂਟ ਐਂਡ ਪਲੰਬਿੰਗ ਸਕਿੱਲ ਕੌਂਸਲ, ਮੈਨੇਜਮੈਂਟ ਐਂਡ ਐਂਟਰਪ੍ਰੀਨਿਓਰਸ਼ਿਪ ਐਂਡ ਪ੍ਰੋਫੈਸ਼ਨਲ ਸਕਿੱਲ ਕੌਂਸਲ (ਐਮ.ਈ.ਪੀ.ਐਸ.ਸੀ.), ਰਬੜ, ਕੈਮੀਕਲ ਐਂਡ ਪੈਟਰੋਕੈਮੀਕਲ ਸਕਿੱਲ ਡਿਵੈਲਪਮੈਂਟ ਕੌਂਸਲ, ਕੈਪੀਟਲ ਗੁੱਡਜ ਐਂਡ ਸਟ੍ਰੈਟਜਿਕ ਸਕਿੱਲ ਕੌਂਸਲ, ਬੀ.ਐੱਫ.ਐੱਸ.ਆਈ. ਸੈਕਟਰ ਸਕਿੱਲ ਕੌਂਸਲ ਆਫ਼ ਇੰਡੀਆ, ਆਈ.ਟੀ.-ਆਈ.ਟੀ.ਈ.ਐਸ. ਸੈਕਟਰ ਸਕਿੱਲ ਕੌਂਸਲ, ਜਲੰਧਰ ਫੋਕਲ ਪੁਆਇੰਟ ਐਕਸਟੈਂਸਨ ਇੰਡਸਟਰੀਅਲ ਐਸੋਸੀਏਸਨ, ਸਪੋਰਟਸ ਗੁੱਡਜ਼ ਮੈਨੂਫੈਕਚਰਰ ਐਂਡ ਐਕਸਪੋਰਟਰ ਐਸੋਸੀਏਸ਼ਨ, ਖੇਲ ਭਾਰਤੀ ਅਤੇ ਜਲੰਧਰ ਐਮ.ਐਸ.ਐਮ.ਈ. ਐਸੋਸੀਏਸ਼ਨ ਦੇ ਨੁਮਾਇੰਦੇ ਵੀ ਮੀਟਿੰਗ ਵਿੱਚ ਹਾਜਰ ਸਨ।

# ਲੁਠੇੜੀ ਸਕੂਲ ਵਿਖੇ ਲੜਕੀਆਂ ਦੇ ਬਲਾਕ ਪੱਧਰੀ ਕਰਾਟੇ ਮੁਕਾਬਲੇ




**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**– ਲੜਕੀਆਂ ਸਵੈ ਰੱਖਿਅਕ ਕਰਨ ਹਿਤ ਸਿੱਖਿਆ ਵਿਭਾਗ ਵੱਲੋਂ ਚਲਾਈ ਰਾਣੀ ਲਕਸਮੀ ਬਾਈ ਕਰਾਟੇ ਸਿਖਲਾਈ ਮੁਹਿੰਮ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੁਠੇੜੀ ਵਿਖੇ ਬਲਾਕ ਮੋਰਿੰਡਾ ਦੇ ਕਰਾਟੇ ਮੁਕਾਬਲੇ ਜੋਨਲ ਪ੍ਰਧਾਨ ਪ੍ਰਿੰਸੀਪਲ ਇੰਦਰਜੀਤ ਕੌਰ ਦੀ ਅਗਵਾਈ ਹੇਠ ਕਰਵਾਏ । ਪੰਜਾਬੀ ਅਧਿਆਪਕ ਧਰਮਿੰਦਰ ਸਿੰਘ ਭੰਗੂ ਅਤੇ ਜੋਨਲ ਸਕੱਤਰ ਸੁਰਮੁੱਖ ਸਿੰਘ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਬਲਾਕ ਦੇ ਤੀਹ ਸਕੂਲਾਂ ਦੀਆਂ ਦੋ ਸੌ ਦੇ ਕਰੀਬ ਵਿਦਿਆਰਥਣਾਂ ਨੇ ਭਾਗ ਲਿਆ । ਜਮਾਤ ਛੇਵੀਂ ਤੋਂ ਅੱਠਵੀਂ ਅਤੇ ਨੌਵੀਂ ਤੋਂ ਬਾਰ੍ਹਵੀ ਦੇ ਦੋ ਵਰਗਾਂ ਵਿੱਚ ਵਜਨ ਅਨੁਸਾਰ ਕਰਵਾਏ ਇਨ੍ਹਾਂ ਮੁਕਾਬਲਿਆਂ ਦੇ ਮਿਡਲ ਵਿੰਗ 'ਚ 35 ਕਿਲੋਗ੍ਰਾਮ ਵਜਨ ਵਰਗ ਵਿੱਚ ਐਸਮੀਨ ਕੌਰ ਉਇੰਦ ਨੇ ਪਹਿਲਾ , ਨਵਜੋਤ ਕੌਰ ਤਾਜਪੁਰ ਨੇ ਦੂਜਾ ਅਤੇ ਅਮਨਜੋਤ ਕੌਰ ਕਾਇਨੌਰ ਅਤੇ ਰਿਜਕਜੀਤ ਕੌਰ ਫਤਹਿਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ । 40 ਕਿਲੋ ਵਜਨ ਵਰਗ ਵਿੱਚ ਨਰਿੰਦਰਜੀਤ ਕੌਰ ਉਇੰਦ , ਤਰਨਪ੍ਰੀਤ ਕੌਰ , ਨੇ ਪਹਿਲਾ , ਦੂਜਾ ਅਤੇ ਅਮਨਪ੍ਰੀਤ ਕੌਰ ਕਜੌਲੀ ਤੇ ਏਕਮਜੋਤ ਕੌਰ ਕਕਰਾਲੀ ਨੇ ਤੀਜਾ ਸਥਾਨ ਹਾਸਲ ਕੀਤਾ । 45 ਕਿਲੋ ਵਜਨ ਵਰਗ ਵਿੱਚ ਪਰਮਵੀਰ ਕੌਰ ਕਜੌਲੀ ਪਹਿਲੇ , ਕੋਮਲਪ੍ਰੀਤ ਕੌਰ ਲੁਠੇੜੀ ਦੂਜੇ ਅਤੇ ਸਹਿਜਪ੍ਰੀਤ ਕੌਰ ਬਹਿਡਾਲੀ ਤੇ ਵੰਦਨਾ ਕੁਮਾਰੀ ਤੀਜੇ ਸਥਾਨ 'ਤੇ ਰਹੀਆਂ । ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ।

## ਜ਼ਰੂਰਤਮੰਦ ਔਰਤ ਨੂੰ ਵੀਲ੍ਹ ਚੇਅਰ ਭੇਟ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਭਾਈ ਘੱਨਈਆ ਜੀ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਵਲੋਂ ਇਕ ਜ਼ਰੂਰਤਮੰਦ ਔਰਤ ਨੂੰ, ਜੋ ਕਿ ਪਿਛਲੇ ਕਾਫ਼ੀ ਸਮੇਂ ਤੋਂ ਲੱਤਾਂ ਤੋਂ ਅੰਗਹੀਣ ਹੋਣ ਕਾਰਨ ਤੁਰਨ ਫਿਰਨ ਤੋਂ ਅਸਮਰੱਥ ਸੀ, ਨੂੰ ਵੀਲ੍ਹ ਚੇਅਰ ਭੇਂਟ ਕੀਤੀ ਗਈ। ਸੰਸਥਾ ਦੇ ਪ੍ਰਧਾਨ ਜਗਮੀਤ ਸਿੰਘ ਸੇਠੀ ਨੇ ਦਸਿਆ ਕਿ ਸੰਸਥਾ ਵਲੋਂ ਇਸ ਤਰ੍ਹਾਂ ਦੇ ਬਹੁਤ ਸਾਰੇ ਪ੍ਰੋਜੈਕਟ ਮੈਂਬਰਾਂ ਦੇ ਸਹਿਯੋਗ ਨਾਲ ਪਹਿਲਾਂ ਹੀ ਚਲਾਏ ਜਾ ਰਹੇ ਹਨ। ਇਸ ਵਿਚ ਲੋੜਵੰਦਾਂ ਨੂੰ ਰਾਸ਼ਨ, ਦਵਾਈਆਂ, ਬੱਚਿਆਂ ਨੂੰ ਵਰਦੀਆਂ ਅਤੇ ਸਰਕਾਰੀ ਸਕੂਲਾਂ ਵਿਚ ਹੋਰ ਕਈ ਤਰ੍ਹਾਂ ਦੀਆਂ ਸੇਵਾਵਾਂ ਤੇ ਸੈਮੀਨਾਰ ਲਗਾਏ ਜਾਂਦੇ ਹਨ। ਸੰਸਥਾ ਵਲੋਂ ਪਹਿਲਾਂ ਹੀ ਗਰੀਬ ਲੜਕੀਆਂ ਦੀ ਪੜ੍ਹਾਈ ਦਾ ਖਰਚਾ ਚੁੱਕਿਆ ਜਾ ਰਿਹਾ ਹੈ। ਉਹਨਾਂ ਨੇ ਇਹ ਵੀ ਦੱਸਿਆ ਕਿ ਸੰਸਥਾ ਵਲੋਂ ਜਲਦੀ ਹੀ ਇਕ ਚੈਰੀਟੇਬਲ ਲੈਬੋਰੇਟਰੀ ਸ਼ੁਰੂ ਕੀਤੀ ਜਾ ਰਹੀ ਹੈ ਜਿਸ ਵਿੱਚ ਜ਼ਰੂਰਤਮੰਦ ਨੂੰ ਬਹੁਤ ਹੀ ਸਸਤੇ ਰੇਟਾਂ 'ਤੇ ਟੈਸਟਾਂ ਦੀ ਸੁਵਿਧਾ ਪ੍ਰਾਪਤ ਹੋਵੇਗੀ। ਇਸ ਮੌਕੇ ਸੰਸਥਾ ਦੇ ਮੈਂਬਰ ਰਿਟਾਇਰਡ ਪ੍ਰੋ:ਦਲਜੀਤਸਿੰਘ, ਮਾ: ਗੁਰਪ੍ਰੀਤ ਸਿੰਘ, ਭੁਪਿੰਦਰ ਸਿੰਘ ਭਿੰਦਾ, ਰਣਜੀਤ ਸਿੰਘ ਚਾਵਲਾ , ਮਨਪ੍ਰੀਤ ਸਿੰਘ ਅਤੇ ਦਿਲਬਾਗ ਸਿੰਘ ਸਵੀਟ ਸ਼ਾਪ ਵਾਲੇ ਅਤੇ ਹੋਰ ਹਾਜ਼ਰ ਸਨ।

## 7ਵਾਂ ਤਿੰਨ ਰੋਜ਼ਾ ਫੁੱਟਬਾਲ ਟੂਰਨਾਮੈਂਟ ਅੱਜ

**ਫਿਲੌਰ (ਨਿਰਮਲ)** –ਫੁੱਟਬਾਲ ਅਕੈਡਮੀ ਫਿਲੌਰ ਵੱਲੋਂ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਦੀ ਗਰਾਉਂਡ ਵਿਖੇ 9,10,11 ਫਰਵਰੀ ਨੂੰ ਸਾਲਾਨਾ 7ਵਾਂ ਤਿੰਨ ਰੋਜਾ ਫੁੱਟਬਾਲ ਟੂਰਨਾਮੈਂਟ ਸਾਬਕਾ ਮੰਤਰੀ ਪੰਜਾਬ ਸਵ: ਗੁਰਬਿੰਦਰ ਸਿੰਘ ਅਟਵਾਲ ਦੀ ਨਿੱਘੀ ਯਾਦ ਨੂੰ ਸਮਰਪਿਤ ਕਰਵਾਇਆ ਜਾ ਰਿਹਾ ਹੈ। ਪ੍ਰਬੰਧਕਾਂ ਨੇ ਦੱਸਿਆ ਕਿ ਟੂਰਨਾਮੈਂਟ ਦੌਰਾਨ ਉਪੱਨ 16 ਅਤੇ ਅੰਡਰ 16 ਦੀਆਂ 8 ਟੀਮਾਂ ਤੋਂ ਇਲਾਵਾ 40 ਸਾਲ ਖਿਡਾਰੀਆਂ ਦਾ ਮੈਚ ਕਰਵਾਇਆ ਜਾਵੇਗਾ। ਇਸ ਮੌਕੇ ਬਤੌਰ ਮੁੱਖ ਮਹਿਮਾਨ ਖੇਡ ਮੰਤਰੀ ਮੀਤ ਹੇਅਰ, ਕੁਲਦੀਪ ਸਿੰਘ ਧਾਲੀਵਾਲ ਪ੍ਰਵਾਸੀ ਭਾਰਤੀ ਪ੍ਰਸ਼ਾਸਨਿਕ ਸੁਧਾਰ ਮੰਤਰੀ, ਜੁਗਿੰਦਰ ਬਾਸੀ ਗਾਉਂਦਾ ਪੰਜਾਬ ਰੇਡੀਓ ਕਨੇਡਾ,ਆਪ ਦੇ ਫਿਲੌਰ ਤੋਂ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ, ਵਿਕਰਮਜੀਤ ਸਿੰਘ ਚੌਧਰੀ ਵਿਧਾਇਕ ਫਿਲੌਰ,ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ, ਦਰਸਨ ਲਾਲ ਮੰਗੂਪੁਰ ਸਾਬਕਾ ਵਿਧਾਇਕ ਅਤੇ ਹੋਰ ਪਤਵੰਤੇ ਸੱਜਣ ਪਹੁੰਚਣਗੇ। ਟੂਰਨਾਮੈਂਟ ਦੇ ਅਖੀਰਲੇ ਦਿਨ ਪ੍ਰਸਿੱਧ ਲੋਕ ਗਾਇਕ ਹੁਨਰ ਸਿੱਧੂ,ਜੀ ਖਾਨ,ਇੰਦਰ ਨਾਗਰਾ ਦਰਸਕਾਂ ਦਾ ਮਨੋਰੰਜਨ ਕਰਨਗੇ। ਟੂਰਨਾਮੈਂਟ ਵਿੱਚ ਭਾਗ ਲੈਣ ਵਾਲੀਆਂ ਟੀਮਾਂ ਨੂੰ ਆਕਰਸ਼ਿਤ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

## 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਸੁਣੀਆਂ ਸਮੱਸਿਆਵਾਂ

**ਐੱਸ.ਏ.ਐਸ. ਨਗਰ: ( ਗੁਰਜੀਤ ਬਿੱਲਾ )**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹੋਂਦ ਵਿੱਚ ਆਉਣ ਤੋਂ ਬਾਅਦ ਸਰਕਾਰ ਖੁਦ ਲੋਕਾਂ ਦੇ ਦੁਆਰ 'ਤੇ ਜਾ ਕੇ ਉਹਨਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰ ਰਹੀ ਹੈ। ਇਸੇ ਤਹਿਤ ਪਿੰਡ ਮਨੌਲੀ ਅਤੇ ਚਾਓ ਮਾਜਰਾ ਵਿਖੇ ਦੋ ਕੈਂਪ ਲਗਾਏ ਗਏ, ਜਿੱਥੇ ਕਿ ਲੋਕ ਵੱਖ ਵੱਖ ਸੁਵਿਧਾਵਾਂ ਦਾ ਫਾਇਦਾ ਉਠਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਯੂਥ ਆਗੂ ਅਤੇ ਕੌਂਸਲਰ ਸਰਬਜੀਤ ਸਿੰਘ ਸਮਾਣਾ ਨੇ ਦੱਸਿਆ ਕਿ ਕੈਂਪਾਂ ਦੌਰਾਨ ਲੋਕਾਂ ਦੇ ਵੱਖ -ਵੱਖ ਸਕੀਮਾਂ ਦੇ ਫਾਰਮ ਵੀ ਭਰੇ ਜਾ ਰਹੇ ਹਨ। ਪਹਿਲਾਂ ਲੋਕਾਂ ਨੂੰ ਸਰਕਾਰੀ ਦਫਤਰਾਂ ਦੇ ਚੱਕਰ ਲਗਾਉਂਦਿਆਂ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈਂਦਾ ਸੀ, ਜਿਸ ਤੋਂ ਹੁਣ ਨਿਜਾਤ ਮਿਲ ਗਈ ਹੈ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਵੱਡੀ ਗਿਣਤੀ ਆਮ ਆਦਮੀ ਕਲੀਨਿਕ ਖੋਲੇ ਜਾ ਚੁੱਕੇ ਹਨ, ਜਿਨ੍ਹਾਂ ਦੇ ਵਿੱਚ ਰੋਜਾਨਾ ਹਜਾਰਾਂ ਮਰੀਜ ਆਪਣੀ ਸਿਹਤ ਨਾਲ ਸੰਬੰਧਿਤ ਜਾਂਚ ਕਰਵਾ ਰਹੇ ਹਨ ਅਤੇ 550 ਕਰੋੜ ਰੁਪਏ ਦੀ ਲਾਗਤ ਦੇ ਨਾਲ ਸਰਕਾਰੀ ਹਸਪਤਾਲਾਂ ਦਾ ਨਵੀਨੀਕਰਨ ਕੀਤਾ ਜਾ ਚੁੱਕਾ ਹੈ। ਇਸ ਮੌਕੇ ਕੁਲਵੀਰ ਸਿੰਘ ਮਨੌਲੀ, ਅਵਤਾਰ ਸਿੰਘ ਮੌਲੀ, ਸਾਬਕਾ ਕੌਂਸਲਰ ਆਰ.ਪੀ ਸਰਮਾ,ਹਰਮੇਸ ਸਿੰਘ ਕੁੰਭੜਾ, ਬਲਾਕ ਪ੍ਰਧਾਨ ਅਕਵਿੰਦਰ ਸਿੰਘ ਗੋਸਲ, ਗੁਰਪ੍ਰੀਤ ਸਿੰਘ ਕੁਰੜੀ, ਗੋਵਿੰਦਰ ਸਿੰਘ ਮਾਵੀ, ਹਰਜੋਤ ਸਿੰਘ ਗੱਬਰ, ਸਨੀ, ਜਸਵਿੰਦਰ ਸਿੰਘ ਚਾਓਮਾਜਰਾ, ਜਗਤਾਰ ਸਿੰਘ ਚਾਓਮਾਜਰਾ ਵੀ ਹਾਜਰ ਸਨ।

## ਟੀਕਾਕਰਨ ਅਫਸਰ ਡਾ: ਸੀਮਾ ਗਰਗ ਵੱਲੋਂ ਅਚਨਚੇਤ ਚੈਕਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪਿੰਡ ਘੋਗਰਾ ਵਿੱਚ ਮਮਤਾ ਦਿਵਸ ਦੌਰਾਨ ਜ਼ਿਲ੍ਹਾ ਟੀਕਾ ਕਰਨ ਅਫਸਰ ਡਾਕਟਰ ਸੀਮਾ ਗਰਗ ਵੱਲੋਂ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਸਿਹਤ ਟੀਮ ਪ੍ਰਮੋਦ ਗਿੱਲ, ਸੁਰਿੰਦਰ ਕੌਰ ਏਐਨ ਐਮ ਅਤੇ ਸੀਐਚਓ ਮਮਤਾ ਨਾਗਲੂ ਵਲੋਂ 0 ਤੋਂ 16 ਸਾਲ ਤੱਕ ਦੇ ਬੱਚਿਆਂ ਦਾ ਟੀਕਾ ਕਰਨ ਕੀਤਾ ਗਿਆ। ਡਾ: ਸੀਮਾ ਗਰਗ ਨੇ ਦੱਸਿਆ ਕਿ ਇੱਕ ਖਾਸ ਪ੍ਰੋਗਰਾਮ ਦੇ ਦੌਰਾਨ ਐਮ.ਸੀ.ਐਚ ਦਸੂਹਾ ਐਸ.ਡੀ.ਐਚ ਦਸੂਆ ਦੇ ਕੋਲਡ ਚੇਨ ਦੇ ਪੁਆਇੰਟ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਕੋਲਡ ਚੇਨ ਵਿੱਚ ਰੱਖੀਆਂ ਹੋਈਆਂ ਵੈਕਸੀਨ ਦਾ ਸਟਾਕ ਫਿਜੀਕਲੀ ਅਤੇ ਆਨਲਾਈਨ ਚੈੱਕ ਕੀਤਾ ਗਿਆ ਅਤੇ ਉਸ ਨੂੰ ਸਹੀ ਪਾਇਆ ਗਿਆ। ਇਸ ਦੌਰਾਨ ਕੋਲਡ ਚੇਨ ਇਕਿਊਪਮੈਂਟ ਨੂੰ ਚੈੱਕ ਕੀਤਾ ਗਿਆ। ਉਸ ਦਾ ਤਾਪਮਾਨ ਅਤੇ ਵੈਕਸੀਨ ਸਟਾਕ ਚੈੱਕ ਕੀਤਾ ਗਿਆ। ਘੋਗਰਾ ਵਿੱਚ ਮਮਤਾ ਦਿਵਸ ਦੌਰਾਨ ਚੈਕਿੰਗ ਕੀਤੀ ਗਈ। ਮਹੀਨੇ ਦੇ ਹਰ ਪਹਿਲੇ ਬੁੱਧਵਾਰ ਨੂੰ ਘੋਗਰਾ ਵਿੱਚ ਮਮਤਾ ਦਿਵਸ ਮਨਾਇਆ ਜਾਂਦਾ ਹੈ ਅਤੇ 0 ਤੋਂ 16 ਸਾਲ ਤੱਕ ਦੇ ਬੱਚਿਆਂ ਦਾ ਟੀਕਾ ਕਰਨ ਕੀਤਾ ਜਾਂਦਾ ਹੈ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਗਰਭਵਤੀ ਔਰਤਾਂ ਅਤੇ ਮਾਂ ਬਾਪ ਨੂੰ ਆਪਣੇ ਪਰਵਾਰ ਦਾ ਪੂਰਾ ਟੀਕਾਕਰਨ ਕਰਵਾਉਣਾ ਚਾਹੀਦਾ ਤਾਂ ਕਿ ਅਨੇਕਾਂ ਕਿਸਮ ਦੀਆਂ ਬਿਮਾਰੀਆਂ ਤੋਂ ਬਚਿਆ ਜਾ ਸਕੇ। ਇਸ ਮੌਕੇ ਬਲਜੀਤ ਕੌਰ ਅਤੇ ਕਾਂਤਾ ਆਸ਼ਾ ਵਰਕਰ ਮੌਜੂਦ ਸਨ।

## ਪਟਾਕਿਆਂ ਵਾਲੇ 7 ਮੋਟਰਸਾਈਕਲ ਪੁਲਸ ਨੇ ਕੀਤੇ ਕਾਬੂ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਤਹਿਤ ਇੰਸਪੈਕਟਰ ਹਿੰਮਤ ਸਿੰਘ ਮੁੱਖ ਅਫਸਰ ਥਾਣਾ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਸ਼ਹਿਰ ਵਿੱਚ ਵਿਸ਼ੇਸ਼ ਨਾਕਾਬੰਦੀ ਕੀਤੀ ਗਈ। ਜਿਸ ਦੌਰਾਨ ਟ੍ਰੈਫਿਕ ਨਿਯਮਾ ਦੀ ਉਲੰਘਣਾ ਕਰਨ ਵਾਲੇ ਵਿਅਕਤੀਆਂ ਦੇ ਚਲਾਨ ਕੀਤੇ ਗਏ ਅਤੇ ਬਿਨਾਂ ਨੰਬਰ ਪਲੇਟਾਂ ਅਤੇ ਪਟਾਕੇ ਮਾਰਨ ਵਾਲੇ ਬੁਲਟ ਮੋਟਰਸਾਈਕਲਾਂ ਨੂੰ ਜਬਤ ਕੀਤਾ ਗਿਆ। 07 ਬੁਲਟ ਮੋਟਰਸਾਈਕਲ ਬੰਦ ਕੀਤੇ ਗਏ ਹਨ ਅਤੇ ਬਾਕੀ ਮੋਟਰਸਾਈਕਲਾਂ ਦੇ ਚਲਾਨ ਕੀਤੇ ਗਏ ਹਨ। ਥਾਣਾ ਮੁਖੀ ਨੇ ਦੱਸਿਆ ਕਿ ਅੱਗੇ ਤੋਂ ਵੀ ਅਮਨ ਕਾਨੂੰਨ ਬਣਾਏ ਰੱਖਣ ਲਈ ਇਹ ਮੁਹਿੰਮ ਜਾਰੀ ਰੱਖੀ ਜਾਵੇਗੀ ਅਤੇ ਟ੍ਰੈਫਿਕ ਨਿਯਮਾ ਦੀ ਉਲੰਘਣਾ ਕਰਨ ਵਾਲੇ ਵਿਅਕਤੀਆਂ ਅਤੇ ਸ਼ਰਾਰਤੀ ਅਨਸਰਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।

# ਭਗਤ ਰਵਿਦਾਸ ਦੀ ਯਾਦ 'ਚ ਨਗਰ ਕੀਰਤਨ ਤੇ ਗੁਰਮਤਿ ਸਮਾਗਮ 24 ਨੂੰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇਨਕਲਾਬੀ ਯੋਧੇ ਮਹਾਂਪੁਰਖ ਸ੍ਰੋਮਣੀ ਭਗਤ ਰਵਿਦਾਸ ਜੀ ਦੇ ਆਗਮਨ ਪੁਰਬ ਦੇ ਸਬੰਧ ਵਿੱਚ 24 ਫਰਵਰੀ ਨੂੰ ਵਿਸ਼ਾਲ ਨਗਰ ਕੀਰਤਨ ਅਤੇ ਗੁਰਮਤ ਸਮਾਗਮ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਗੁਰੂ ਰਵਿਦਾਸ ਭਗਤ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਰਸਨ ਸਿੰਘ ਅਤੇ ਜਨਰਲ ਸਕੱਤਰ ਮਹਿੰਦਰ ਸਿੰਘ ਭਸੀਨ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਇਹ ਸਮਾਗਮ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੀ ਛਤਰ ਛਾਇਆ ਹੇਠ ਗੁਰਦੁਆਰਾ ਸ੍ਰੀ ਗੁਰੂ ਭਗਤ ਰਵਿਦਾਸ ਜੀ ਵਿਖੇ 24 ਫਰਵਰੀ ਦੁਪਹਿਰ ਨੂੰ ਵਿਸਾਲ ਨਗਰ ਕੀਰਤਨ ਮਹਲਾ ਬੜੀ ਸਰਕਾਰ ਤੋਂ ਆਰੰਭ ਹੋਵੇਗਾ ਜੋ ਕਿ ਸਮੁੱਚੇ ਸਹਿਰ ਵਿੱਚੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਭਗਤ ਰਵਿਦਾਸ ਜੀ ਮੁਹੱਲਾ ਕੇਸਗੜ੍ਹ ਸਾਹਿਬ ਵਿਖੇ ਪਹੁੰਚੇਗਾ .ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ. ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਸਿੰਘ ਸਾਹਿਬ ਪ੍ਰੋਫੈਸਰ ਮਨਜੀਤ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ. ਭਾਈ ਅਮਰਜੀਤ ਸਿੰਘ ਚਾਵਲਾ ਮੈਂਬਰ ਸ਼੍ਰੋਮਣੀ ਕਮੇਟੀ .ਗੁਰਪ੍ਰੀਤ ਸਿੰਘ ਰੋਡੇ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ. ਹਰਦੇਵ ਸਿੰਘ ਐਡੀਸ਼ਨਲ ਮੈਨੇਜਰ. ਭਾਈ ਚਰਨਜੀਤ ਸਿੰਘ ਪ੍ਰਿੰਸੀਪਲ ਸਿੱਖ ਮਿਸਨਰੀ ਕਾਲਜ .ਜਥੇਦਾਰ ਸੰਤੋਖ ਸਿੰਘ. ਇਸਤਰੀ ਸਤਿਸੰਗ ਸਭਾ. ਸ੍ਰੀ ਗੁਰੂ ਰਵਿਦਾਸ ਇਸਤਰੀ ਸਤਿਸੰਗ ਸਭਾ. ਬੀਬੀ ਭਾਨੀ ਜੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ. ਸਿੱਖ ਮਿਸਨਰੀ ਕਾਲਜ. ਗੁਰੂ ਗੋਬਿੰਦ ਸਿੰਘ ਸਟਡੀ ਸਰਕਲ. ਸੁਖਪਾਲ ਕੌਰ ਵਾਲੀਆ. ਮਲਟੀ ਖਾਲਸਾ ਇੰਟਰਨੈਸਨਲ ਸਕੂਲ ਦੇ ਡਾਇਰੈਕਟਰ ਅਮਿਤੋਜ ਸਿੰਘ. ਸੰਗਤਾਂ ਦੇ ਭਰਪੂਰ ਸਹਿਯੋਗ ਨਾਲ ਇਹ ਪੁਰਬ ਮਨਾਇਆ ਜਾਵੇਗਾ। ਉਹਨਾਂ ਨੇ ਦੱਸਿਆ ਕਿ ਭਾਈ ਸਤਨਾਮ ਸਿੰਘ ਕੁਹਾੜਕਾ ਹਜੂਰੀ ਰਾਗ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ. ਭਾਈ ਜਸਬੀਰ ਸਿੰਘ ਪੌਂਟਾ ਸਾਹਿਬ. ਭਾਈ ਜੁਗਰਾਜ ਸਿੰਘ ਹਜੂਰੀ ਰਾਗੀ ਤਖਤ ਸ੍ਰੀ ਕੇਸਗੜ੍ਹ ਸਾਹਿਬ. ਗਿਆਨੀ ਕਿਸੋਰ ਸਿੰਘ ਬੰਗੜ ਢਾਢੀ ਜਥਾ. ਗਿਆਨੀ ਜਗਤਾਰ ਸਿੰਘ ਸਾਬਕਾ ਮੁੱਖ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਨਗੇ। ਇਸ ਮੌਕੇ ਸੰਸਥਾ ਦੇ ਪ੍ਰਧਾਨ ਦਰਸਨ ਸਿੰਘ. ਜਨਰਲ ਸਕੱਤਰ ਮਹਿੰਦਰ ਸਿੰਘ ਭਸੀਨ. ਸਕੱਤਰ ਮਨਦੀਪ ਸਿੰਘ. ਜਥੇਦਾਰ ਸੰਤੋਖ ਸਿੰਘ. ਅਜਮੇਰ ਸਿੰਘ. ਭਾਈ ਅਮਰੀਕ ਸਿੰਘ. ਜਗਜੀਤ ਸਿੰਘ ਲਵਲੀ. ਪਰਮਜੀਤ ਸਿੰਘ. ਪਾਲ ਸਿੰਘ. ਸੋਨੀ ਆਦਿ ਹਾਜਰ ਸਨ ।



# ਮਜ਼ਦੂਰ ਯੂਨੀਅਨ ਵੱਲੋਂ ਸਬ ਡਵੀਜ਼ਨ ਤੇ ਬੀ ਡੀ ਪੀ ਓ ਦਫਤਰ ਅੱਗੇ ਰੋਸ ਪ੍ਰਦਰਸ਼ਨ ਅੱਜ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** — ਪੇਂਡੂ ਮਜਦੂਰਾਂ ਨੂੰ 100 ਦਿਨ ਰੁਜਗਾਰ ਦੀ ਗਰੰਟੀ ਦੇ ਬਾਵਜੂਦ ਨਾ ਕੰਮ ਦਿੱਤਾ ਜਾ ਰਿਹਾ ਹੈ, ਨਾ ਕੀਤੇ ਗਏ ਕੰਮ ਦਾ ਮਿਹਨਤਾਂਨਾ ਉਲਟਾ ਪਿਛਲੀ ਸਰਕਾਰਾਂ ਵੇਲੇ ਤੋਂ ਜਿਨਾਂ ਮਜਦੂਰਾਂ ਦੇ ਬਿਜਲੀ ਬਿੱਲ ਮਾਫ ਕੀਤੇ ਗਏ ਸੀ ਉਹਨਾਂ ਨੂੰ ਹਜਾਰਾਂ ਰੁਪਏ ਦੇ ਬਿੱਲ ਭੇਜੇ ਜਾ ਰਹੇ ਹਨ। ਜਿਸ ਦੇ ਵਿਰੋਧ ਵਿੱਚ 9 ਫਰਵਰੀ ਨੂੰ ਮਜਦੂਰ ਯੂਨੀਅਨ ਵੱਲੋਂ ਸਬ ਡਿਵੀਜਨ ਨੂਰਮਹਿਲ ਅਤੇ ਬੀਡੀਪੀਓ ਦਫਤਰ ਅੱਗੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਦੀ ਤਿਆਰੀ ਲਈ ਯੂਨੀਅਨ ਦੀ ਆਗੂ ਪਰਵੀਨ ਅਤੇ ਮਨਜੀਤ ਕੌਰ ਸੰਗਤਪੁਰ ਦੀ ਪ੍ਰਧਾਨਗੀ ਹੇਠ ਪਿੰਡ ਉਪਲਾਂ, ਨੱਤਾਂ ਅਤੇ ਸੰਗਤਪੁਰਾ ਵਿੱਚ ਪੇਂਡੂ ਮਜਦੂਰ ਯੂਨੀਅਨ ਵੱਲੋਂ ਰੈਲੀਆਂ ਕੀਤੀਆਂ ਗਈਆਂ। ਕੀਤੀਆਂ ਗਈਆਂ ਰੈਲੀਆਂ ਨੂੰ ਪੇਂਡੂ ਮਜਦੂਰ ਯੂਨੀਅਨ ਦੇ ਆਗੂ ਵਿਜੇ ਬਾਠ ,ਦਰਸਨ ਬਢਾਲਾ, ਚੰਨਣ ਸਿੰਘ ਅਤੇ ਰਸਪਾਲ ਸਿੰਘ ਨੇ ਰੈਲੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ "ਆਪ ਕੀ ਸਰਕਾਰ ਆਪਕੇ ਦੁਆਰ" ਪਿੰਡਾਂ ਦੁਆਰ ਤੇ ਪਹੁੰਚਦੀ ਤਾਂ ਜਰੂਰ ਹੈ। ਪਰ ਉਸ ਕੋਲ ਦੇਣ ਲਈ ਮਜਦੂਰਾਂ ਲਈ ਨਾ ਰੁਜਗਾਰ ਹੈ ਨਾ ਘਰਾਂ ਦੇ ਬਿਜਲੀ ਬਿੱਲਾਂ ਦੀ ਮਾਫੀ ਦੀ ਗਰੰਟੀ। ਉਲਟਾ ਹਜਾਰਾਂ ਰੁਪਏ ਦੇ ਬਿੱਲ ਭੇਜੇ ਜਾ ਰਹੇ ਹਨ। ਪਿਛਲੀਆਂ ਸਰਕਾਰਾਂ ਵਾਂਗ ਨਾ ਮਜਦੂਰਾਂ ਨੂੰ ਰਿਹਾਇਸ਼ੀ ਪਲਾਟ ਦਿੱਤੇ ਜਾ ਰਹੇ ਹਨ ਨਾ ਤੀਜੇ ਹਿੱਸੇ ਦੀ ਜਮੀਨ, ਜ਼ਿਲ੍ਹੇ ਅੰਦਰ ਲਾਲ ਲਕੀਰ ਅੰਦਰ ਰਹਿੰਦੇ ਕਿਸੇ ਵੀ ਮਜਦੂਰ, ਕਿਸਾਨ ਨੂੰ ਮਾਲਕੀ ਹੱਕ ਦੀ ਰਜਿਸਟਰੀ ਨਹੀਂ ਦਿੱਤੀ ਗਈ। ਯੂਨੀਅਨ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਕੀਤੀਆਂ ਗਈਆਂ ਰੈਲੀਆਂ ਵਿੱਚ ਮਤੇ ਪਾਸ ਕਰਕੇ 16 ਫਰਵਰੀ ਨੂੰ ਕੀਤੇ ਜਾ ਰਹੇ ਭਾਰਤ ਬੰਦ ਦੀ ਹਮਾਇਤ ਕਰਦਿਆਂ ਵੱਧ ਤੋਂ ਵੱਧ ਮਜਦੂਰਾਂ ਨੇ ਪਹੁੰਚਣ ਦਾ ਅਹਿਦ ਲਿਆ।

# ਯਾਦਗਾਰੀ ਹੋ ਨਿੱਬੜਿਆ ਸਕੂਲ ਆਫ ਐਮੀਨੈਂਸ ਫਾਰ ਗਰਲਜ਼ ਦਾ ਸਾਲਾਨਾ ਇਨਾਮ ਵੰਡ ਸਮਾਰੋਹ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਸਥਾਨਕ ਸਕੂਲ ਆਫ ਐਮੀਨੈਂਸ ਫਾਰ ਗਰਲਜ ਦਾ ਸਲਾਨਾ ਇਨਾਮ ਵੰਡ ਸਮਾਰੋਹ ਸੰਸਥਾ ਦੇ ਪ੍ਰਿੰਸੀਪਲ ਜਗਤਾਰ ਸਿੰਘ ਲੌਂਗੀਆ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੀਡੀਆ ਇੰਚਾਰਜ ਗੁਰਪ੍ਰੀਤ ਸਿੰਘ ਹੀਰਾ ਨੇ ਦੱਸਿਆ ਕਿ ਹਰੇਕ ਸਾਲ ਦੀ ਤਰ੍ਹਾਂ ਵਿਦਿਆਰਥਣਾਂ ਦੀ ਵਿੱਦਿਅਕ, ਖੇਡਾਂ ਤੇ ਸੱਭਿਆਚਾਰ ਪ੍ਰਾਪਤੀਆਂ ਤੇ ਪੇਸਕਾਰੀਆਂ ਸਦਕਾ ਇਹ ਸਲਾਨਾ ਸਮਾਰੋਹ ਯਾਦਗਾਰੀ ਹੋ ਨਿੱਬੜਿਆ। ਸਮਾਗਮ ਦੀ ਸ਼ੁਰੂਆਤ ਸੰਸਥਾ ਦੀਆਂ ਅੱਠਵੀਂ ਤੇ ਨੌਂਵੀਂ ਜਮਾਤ ਦੀਆਂ ਵਿਦਿਆਰਥਣਾਂ ਵੱਲੋਂ ਸਬਦ ਤੇਰੀ ਸੇਵਾ ਤੇਰੀ ਸੇਵਾ ਰਾਹੀਂ ਕੀਤੀ ਗਈ। ਇਸ ਉਪਰੰਤ ਸੰਸਥਾ ਦੇ ਜੀਵ ਵਿਗਿਆਨ ਵਿਸੇ ਦੇ ਲੈਕਚਰਾਰ ਸ੍ਰੀਮਤੀ ਸੁਧਾ ਮੱਲ ਵੱਲ ਸਲਾਨਾ ਰਿਪੋਰਟ ਪੇਸ ਕੀਤੀ ਗਈ। ਇਸ ਉਪਰੰਤ ਸਕੂਲ ਵਿਦਿਆਰਥਣਾਂ ਵੱਲੋਂ ਪੇਸ ਕੀਤੀਆਂ ਗਈਆਂ ਸੱਭਿਆਚਾਰ ਪੇਸਕਾਰੀਆਂ ਮੇਰਾ ਘੱਗਰਾ ਸੁਕਦਾ ਜਾਵੇ, ਸਾਡੇ ਪਿੰਡ ਦੇ ਪਾਣੀ ਵਿੱਚ, ਜੁੱਤੀ ਲੈ ਦੇ ਘੁੰਗਰੂਆਂ ਵਾਲੀ ਆਦਿ ਨੇ ਸਮਾਗਮ ਦੇ ਮਾਹੌਲ ਨੂੰ ਪੰਜਾਬੀ ਸੱਭਿਆਚਾਰ ਰੰਗ ਵਿੱਚ ਰੰਗ ਦਿੱਤਾ। ਕਵਾਲੀ ਉੱਥੇ ਅਮਲਾਂ ਦੇ ਹੋਣਗੇ ਨਬੇੜੇ, ਪੇਸਕਾਰੀ ਚਿੜੀ ਬਲੌਰੀ, ਸੋਰਾ ਵੇ ਰਾਵੀ ਵਾਲੜਿਆ, ਤੂੰ ਕੱਢਦੀ ਫੁਲਕਾਰੀ, ਪੱਟੀ ਤੋਂ ਪਟਿਆਲਾ, ਜੇ ਮੁੰਡਿਆਂ ਵੇ ਸਾਡੀ ਤੋਰ ਤੂੰ ਵੇਖਣੀ ਆਦਿ ਸਮਾਗਮ ਦੇ ਮਾਹੌਲ ਨੂੰ ਸਿਖਰ ਵੱਲ ਲੈ ਗਏ। ਸਮਾਗਮ ਨੂੰ ਸੰਬੋਧਨ ਕਰਦਿਆਂ ਸੰਸਥਾ ਦੇ ਪ੍ਰਿੰਸੀਪਲ ਜਗਤਾਰ ਸਿੰਘ ਲੌਂਗੀਆ ਨੇ ਕਿਹਾ ਕਿ ਸਕੂਲ ਆਫ ਐਮੀਨੈਂਸ ਸਕੀਮ ਸੂਬੇ ਦੀ ਸਿੱਖਿਆ ਦੇ ਖੇਤਰ ਵਿੱਚ ਨਵੀਂ ਗੁਣਾਤਮਕ ਵਿੱਦਿਅਕ ਕਿਰਨ ਲੈ ਕੇ ਆਈ ਹੈ। ਅੱਜ ਸੰਸਥਾ ਦੀਆਂ ਵਿਦਿਆਰਥਣਾਂ ਪੜ੍ਹਾਈ, ਖੇਡਾਂ ਤੇ ਸੱਭਿਆਚਾਰ ਖੇਤਰ ਅੰਦਰ ਨਵੀਆਂ ਪੈੜਾਂ ਪਾਉਂਦੀਆਂ ਹੋਈਆਂ ਆਪਣੀ ਸੰਸਥਾ ਤੇ ਮਾਪਿਆਂ ਦਾ ਨਾਂਅ ਸੂਬਾ ਪੱਧਰ 'ਤੇ ਰੌਸ਼ਨ ਕਰ ਰਹੀਆਂ ਹਨ।

ਸੰਸਥਾ ਵਿਖੇ ਚੱਲਦੇ ਅੰਗਰੇਜੀ ਤੇ ਪੰਜਾਬੀ ਦੋਵੇਂ ਮਾਧਿਅਮ, ਸੈਕੰਡਰੀ ਵਿੰਗ ਅੰਦਰ ਹਿਉਮੈਨਟੀਜ, ਸਾਇੰਸ,ਕਾਮਰਸ ਦੇ ਨਾਲ ਨਾਲ ਵੋਕੇਸਨਲ ਵਿਸੇ ਵਿਦਿਆਰਥਣਾਂ ਲਈ ਤਰੱਕੀ ਦੇ ਨਵੇਂ ਰਸਤੇ ਖੋਲ ਰਹੇ ਹਨ। ਇਸ ਮੌਕੇ ਸੈਸ਼ਨ 2022-2023 ਦੌਰਾਨ ਖੇਡਾਂ ਤੇ ਵਿਦਿਅਕ ਖੇਤਰ ਵਿਚ ਮੱਲਾਂ ਮਾਰਨ ਵਾਲੀਆਂ ਵਿਦਿਆਰਥਣਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਅਧਿਆਪਕਾਂ ਕ੍ਰਮਵਾਰ ਲੈਕਚਰਾਰ ਰਾਕੇਸ ਸਰਮਾ, ਲੈਕਚਰਾਰ ਜਗਤਾਰ ਸਿੰਘ, ਲੈਕਚਰਾਰ ਰਣਵੀਰ ਕੌਰ,ਐਨ ਐਸ ਐਸ ਪ੍ਰੋਗਰਾਮ ਅਫਸਰ ਅਮਨਦੀਪ ਸਿੰਘ ਵੱਲੋਂ ਆਪਣੇ ਆਪਣੇ ਸੰਬੋਧਨ ਵਿੱਚ ਵਿਦਿਆਰਥਣਾਂ ਨੂੰ ਜੀਵਨ ਵਿੱਚ ਸਫਲ ਹੋਣ ਲਈ ਸੇਧ ਦਿੱਤੀ ਗਈ। ਲੈਕਚਰਾਰ ਜਗਤਾਰ ਸਿੰਘ, ਪ੍ਰੋਗਰਾਮ ਅਫਸਰ ਅਮਨਦੀਪ ਸਿੰਘ, ਸੁਖਵਿੰਦਰ ਕੌਰ, ਸੁਖਵਿੰਦਰਪਾਲ ਸਿੰਘ, ਕਮਲਪ੍ਰੀਤ ਕੌਰ, ਸਾਬਕਾ ਮੁਲਾਜਮ ਰਾਜਵਿੰਦਰ ਕੌਰ ਦਾ ਸਨਮਾਨ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਵਿਦਿਆਰਥਣਾਂ ਵੱਲੋਂ ਪੇਸ਼ ਕੀਤੇ ਗਏ ਗਿੱਧੇ ਤੇ ਭੰਗੜੇ ਨੇ ਸਮੂਹ ਵਿਦਿਆਰਥਣਾਂ ਨੂੰ ਝੂੰਮਣ ਲਾ ਦਿੱਤਾ। ਸਮੂਹ ਹਾਜਰ ਵਿਦਿਆਰਥਣਾਂ ਨੂੰ ਵਿਸੇਸ ਰੀਫੈਸਮੈਂਟ ਪ੍ਰਦਾਨ ਕੀਤੀ ਗਈ। ਇਸ ਮੌਕੇ ਕੈਂਪਸ ਮੈਨੇਜਰ ਗੁਰਦੀਪ ਸਿੰਘ, ਨਵਨੀਤ ਕੁਮਾਰੀ, ਵਿਵੇਕ ਕੁਮਾਰ, ਅਵਨੀਤ ਕੌਰ, ਨਿਰਮਲ ਕੌਰ, ਕੁਲਵਿੰਦਰ ਕੌਰ, ਹਰਨੀਰ ਕੌਰ ਮਾਂਗਟ, ਹਰਜੀਤ ਕੌਰ, ਗੁਰਦੀਪ ਕੌਰ, ਪ੍ਰਿਯੰਕਾ ਮਹਿੰਦਰੂ, ਜੈਸਮੀਨ ਕੌਰ, ਸੰਦੀਪ ਕੌਰ, ਰੁਪਿੰਦਰ ਕੌਰ, ਅਮਨਦੀਪ, ਅਜੈ ਗੁਪਤਾ, ਮਨਦੀਪ ਕੁਮਾਰ, ਜੈਦੀਪ ਕੌਰ, ਹਰਦੀਪ ਕੌਰ, ਮਨਦੀਪ ਕੌਰ, ਹਰਜੀਤ ਸਿੰਘ, ਸਤਵਿੰਦਰ ਸਿੰਘ, ਜਸਵੀਰ ਸਿੰਘ, ਹਰਪ੍ਰੀਤ ਸਿੰਘ, ਨਰਿੰਦਰ ਸਿੰਘ, ਅਵਤਾਰ ਸਿੰਘ, ਸਰਬਜੀਤ ਕੌਰ, ਸੰਦੀਪ ਸਿੰਘ ਆਦਿ ਮੈਂਬਰ ਹਾਜਰ ਸਨ।

# ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵਲਨਰਬਿਲਟੀ ਮੈਪਿੰਗ ਵਿਸ਼ੇ 'ਤੇ ਸਿਖਲਾਈ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਅਗਾਮੀ ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਵਿਸ਼ੇਸ਼ ਸਾਰੰਗਲ ਦੀਆਂ ਹਦਾਇਤਾਂ 'ਤੇ ਜ਼ਿਲ੍ਹੇ ਦੇ 9 ਵਿਧਾਨ ਸਭਾ ਹਲਕਿਆਂ ਦੇ ਸਮੂਹ ਸਹਾਇਕ ਰਿਟਰਨਿੰਗ ਅਫਸਰਾਂ, ਸੈਕਟਰ ਅਫਸਰਾਂ ਅਤੇ ਪੁਲਸ ਕਾਊਂਟਰ ਪਾਰਟਸ ਨੂੰ ਵਲਨਰਬਿਲਟੀ ਮੈਪਿੰਗ ਵਿਸ਼ੇ 'ਤੇ ਵਿਸਥਾਰਪੂਰਵਕ ਸਿਖਲਾਈ ਦਿੱਤੀ ਗਈ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਏ 2 ਟ੍ਰੇਨਿੰਗ ਸੈਸ਼ਨਾਂ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਸਟੇਟ ਲੈਵਲ ਮਾਸਟਰ ਟ੍ਰੇਨਰ ਮੇਜਰ ਡਾ. ਅਮਿਤ ਮਹਾਜਨ ਨੇ ਸਹਾਇਕ ਰਿਟਰਨਿੰਗ ਅਫਸਰਾਂ, ਸੈਕਟਰ ਅਫਸਰਾਂ ਅਤੇ ਪੁਲਸ ਕਾਊਂਟਰ ਪਾਰਟਸ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਤੇ ਕਾਰਜ ਖੇਤਰ ਬਾਰੇ ਜਾਣੂ ਕਰਵਾਇਆ। ਟ੍ਰੇਨਿੰਗ ਦੌਰਾਨ ਅਧਿਕਾਰੀਆਂ ਨੂੰ ਵਲਨਰਬਿਲਟੀ ਕੰਸੈਪਟ, ਲੀਗਲ ਫਰੇਮਵਰਕ, ਸਟੇਜਸ ਆਫ ਵਲਨਰਬਿਲਟੀ, ਸੈਕਟਰ ਅਫਸਰਾਂ ਦੀ ਜ਼ਿੰਮੇਵਾਰੀ, ਰਿਪੋਰਟਿੰਗ ਅਤੇ ਟਾਈਮਲਾਈਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉ_ ਨ੍ ਂ ਅਧਿਕਾਰੀਆਂ ਨੂੰ ਕਿਹਾ ਕਿ ਵਲਨਰਬਿਲਟੀ ਮੈਪਿੰਗ ਦੌਰਾਨ ਪੂਰੀ ਜਾਣਕਾਰੀ ਸਹੀ ਢੰਗ ਨਾਲ ਦਰਜ ਕੀਤੀ ਜਾਵੇ ਅਤੇ ਆਪੋ-ਆਪਣੇ ਖੇਤਰ ਦਾ ਵਿਅਕਤੀਗਤ ਤੌਰ 'ਤੇ ਦੌਰਾ ਕਰਨ ਦੀਆਂ ਹਦਾਇਤਾਂ ਦਿੱਤੀਆਂ ਤਾਂ ਜੋ ਜ਼ਿਲ੍ਹੇ ਵਿੱਚ ਚੋਣ ਪ੍ਰਕਿਰਿਆ ਨੂੰ ਨਿਰਵਿਘਨ ਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਟ੍ਰੇਨਿੰਗ ਦੌਰਾਨ ਜ਼ਿਲ੍ਹੇ ਦੇ 9 ਵਿਧਾਨ ਸਭਾ ਹਲਕਿਆਂ ਦੇ ਸਮੂਹ ਸਹਾਇਕ ਰਿਟਰਨਿੰਗ ਅਫਸਰਾਂ, 184 ਸੈਕਟਰ ਅਫਸਰਾਂ, ਪੁਲਿਸ ਕਾਊਂਟਰ ਪਾਰਟ ਵਿੱਚ ਸ਼ਾਮਲ 10 ਡੀ.ਐਸ.ਪੀ. ਤੇ ਏ.ਸੀ.ਪੀਜ਼ ਅਤੇ 29 ਐਸ.ਐਚ.ਓਜ਼ ਨੇ ਭਾਗ ਲਿਆ। ਇਸ ਮੌਕੇ ਚੋਣ ਤਹਿਸੀਲਦਾਰ ਸੁਖਦੇਵ ਸਿੰਘ, ਚੋਣ ਕਾਨੂੰਨਗੋ ਰਾਕੇਸ਼ ਕੁਮਾਰ ਆਦਿ ਵੀ ਮੌਜੂਦ ਸਨ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਲੋਕ ਲੈ ਰਹੇ ਹਨ ਸਹੂਲਤਾਂ ਦਾ ਲਾਭ : ਬੈਂਸ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਬਰੂਹਾਂ 'ਤੇ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਦੇ ਮਕਸਦ ਨਾਲ 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਲਗਾਏ ਗਏ ਕੈਂਪਾਂ ਨੂੰ ਭਰਵਾਂ ਹੁੰਗਾਰਾ ਮਿਲਿਆ, ਕੈਂਪਾਂ ਦੌਰਾਨ ਵੱਡੀ ਗਿਣਤੀ ਵਿਚ ਲੋਕਾਂ ਨੇ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਲਾਭ ਲਿਆ। ਇਨ੍ਹਾਂ ਕੈਂਪਾ ਵਿਚ ਲੋਕਾਂ ਨੂੰ 44 ਤਰ੍ਹਾਂ ਦੀਆਂ ਸੇਵਾਵਾਂ ਘਰ ਨੇੜੇ ਦਿੱਤੀਆ ਜਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਨੇ ਪਿੰਡ ਰਾਮਪੁਰ-ਜੱਜਰ, ਤਾਰਾਪੁਰ-ਮੀਆਪੁਰ ਵਿਖੇ ਕੈਂਪ ਪ੍ਰਬੰਧਾਂ ਦਾ ਜਾਇਜਾ ਲੈ ਕੇ ਜਿੱਥੇ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਜਾਣਕਾਰੀ ਲਈ, ਉੱਥੇ ਹੀ ਲੋਕਾਂ ਨਾਲ ਵਿਚਾਰ ਵਟਾਦਰਾ ਵੀ ਕੀਤਾ। ਬੈਂਸ ਨੇ ਕਿਹਾ ਕਿ ਕੈਂਪਾਂ ਦੌਰਾਨ ਬਿਨੈਕਾਰਾਂ ਦੀ ਸਹੂਲਤ ਲਈ ਹੈਲਪ ਡੈਸਕ ਬਣਾਕੇ ਗਏ ਹਨ ਤਾ ਜੋ ਉਨ੍ਹਾਂ ਨੂੰ ਫਾਰਮ ਭਰਨ ਆਦਿ ਵਿਚ ਸਹਾਇਤਾ ਕੀਤੀ ਜਾਵੇ ਅਤੇ ਵੱਧ ਤੋਂ ਵੱਧ ਲੋਕ ਇਨਾਂ ਕੈਂਪਾਂ ਰਾਹੀਂ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਲੈ ਸਕਣ। 1076 'ਤੇ ਟੈਲੀਫੋਨ ਕਰਕੇ ਆਪਣੇ ਨਿੱਜੀ ਕੰਮ ਘਰ ਬੈਠੇ ਹੀ ਕਰਵਾਏ ਜਾ ਸਕਦੇ ਹਨ, ਸਾਂਝੇ ਕੰਮਾਂ ਲਈ ਲੋਕਾਂ ਦੀਆਂ ਬਰੂਹਾਂ 'ਤੇ ਲਗਾਏ ਕੈਂਪ ਸਫਲਤਾਪੂਰਵਕ ਚੱਲ ਰਹੇ ਹਨ। ਸਾਰੇ ਅਧਿਕਾਰੀ ਇਨ੍ਹਾਂ ਕੈਂਪਾਂ ਵਿਚ ਹਾਜ਼ਰ ਹਨ। ਇਸ ਮੌਕੇ ਨਾਇਬ ਤਹਿਸੀਲਦਾਰ ਵਿਕਾਸਦੀਪ, ਐਸ.ਡੀ.ਓ ਰਾਜੇਸ ਸ਼ਰਮਾ, ਬਲਾਕ ਪ੍ਰਧਾਨ ਸੂਬੇਦਾਰ ਰਾਜਪਾਲ ਮੋਹੀਵਾਲ, ਨੰਬਰਦਾਰ ਗੁਰਚਰਨ ਸਿੰਘ ਬਲਾਕ ਸੋਸਲ ਮੀਡੀਆ ਇੰਚਾਰਜ, ਗੁਰਨੈਬ ਸਿੰਘ, ਸਮਸੇਰ ਲਖੇੜ, ਮਦਨ ਸਰਮਾ ਜੱਜਰ, ਰਾਮ ਪ੍ਰਕਾਸ ਜੱਜਰ, ਗੁਰਚਰਨ ਸਿੰਘ ਸਮਲਾਹ ਸਰਪੰਚ ਰਾਮਪੁਰ, ਸਰਪੰਚ ਜੱਜਰ ਸਰਪੰਚ ਮਾਤਾ ਜੀਤੋ, ਸੋਸਾਇਟੀ ਦੇ ਪ੍ਰਧਾਨ ਬੀਬੀ ਹਰਜੀਤ ਕੌਰ, ਖੁਸ਼ਹਾਲ ਸਿੰਘ ਤਾਰਾਪੁਰ, ਸੰਜੀਵ ਮਾਨ ਤਾਰਾਪੁਰ, ਕੇਸਰ ਸਿੰਘ ਨਾਨੋਵਾਲ, ਨਰਦੇਵ ਸਿੰਘ ਮੀਆਪੁਰ, ਹੈਪੀ ਰਾਣਾ ਮੀਆਪੁਰ, ਦਵਿੰਦਰ ਸਿੰਘ ਸਰਪੰਚ ਮੀਆਪੁਰ, ਜਗਤਾਰ ਸਿੰਘ, ਸਕੱਤਰ ਕ੍ਰਿਸਨ ਕੁਮਾਰ, ਜਗਤਾਰ ਸਿੰਘ,ਵਰਿੰਦਰ ਸਿੰਘ ਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜਰ ਸਨ।

# 'ਆਪ' ਦੀ ਸਰਕਾਰ, ਤੁਹਾਡੇ ਦੁਆਰ ਮੁਹਿੰਮ ਨੂੰ ਲੈ ਕੇ ਪਿੰਡਾਂ 'ਚ ਭਾਰੀ ਉਤਸ਼ਾਹ : ਮਾਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ )** ਪੰਜਾਬ ਦੀ ਭਗਵੰਤ ਮਾਨ ਸਰਕਾਰ ਵਲੋਂ ਆਰੰਭੀ ਮੁਹਿਮ 'ਆਪ' ਦੀ ਸਰਕਾਰ, ਤੁਹਾਡੇ ਦੁਆਰ ਤਹਿਤ ਵਿਧਾਨ ਸਭਾ ਹਲਕਾ ਫਗਵਾੜਾ ਦੇ ਚਾਰ ਪਿੰਡਾਂ ਪਾਂਛਟ, ਮਾਇਓਪੱਟੀ, ਨਰੂੜ ਅਤੇ ਨਸੀਰਾਬਾਦ ਵਿਖੇ ਕੈਂਪ ਲਗਾਏ ਗਏ।

ਜਿਹਨਾਂ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਵਿਧਾਨ ਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਕਰਵਾਈ ਗਈ। ਇਹਨਾਂ ਕੈਂਪਾ ਨੂੰ ਲੈ ਕੇ ਪਿੰਡਾਂ ਦੇ ਵਸਨੀਕਾਂ 'ਚ ਭਾਰੀ ਉਤਸ਼ਾਹ ਰਿਹਾ। ਵੱਡੀ ਗਿਣਤੀ 'ਚ ਲੋਕ ਆਪਣੇ ਜਰੂਰੀ ਕੰਮ ਕਰਵਾਉਣ ਲਈ ਆਏ ਅਤੇ ਭਗਵੰਤ ਮਾਨ ਸਰਕਾਰ ਦੇ ਇਸ ਉਪਰਾਲੇ ਦੀ ਖੁੱਲ੍ਹੇ ਦਿਲ ਨਾਲ ਸ਼ਲਾਘਾ ਕੀਤੀ। ਜੋਗਿੰਦਰ ਮਾਨ ਨੇ ਦੱਸਿਆ ਕਿ ਰੋਜਾਨਾ ਚਾਰ ਪਿੰਡਾਂ 'ਚ ਕੈਂਪ ਲਗਾਏ ਜਾ ਰਹੇ ਹਨ। ਇਸੇ ਤਰ੍ਹਾਂ ਸ਼ਹਿਰੀ ਖੇਤਰ 'ਚ ਵੀ ਵਾਰਡ ਪੱਧਰ 'ਤੇ ਕੈਂਪ ਲਗਾਏ ਜਾਣਗੇ। ਉਹਨਾਂ ਨੇ ਦੱਸਿਆ ਕਿ ਜੋ ਲੋਕ ਕਿਸੇ ਕਾਰਨ ਕੈਂਪ ਦਾ ਲਾਭ ਲੈਣ ਤੋਂ ਵਾਂਝੇ ਰਹਿੰਦੇ ਹਨ ਉਹ ਹੈਲਪ ਲਾਈਨ ਨੰਬਰ 1076 'ਤੇ ਫੋਨ ਕਰਕੇ ਘਰ ਬੈਠੇ ਕਰੀਬ 44 ਤਰ੍ਹਾਂ ਦੀਆਂ ਸੁਵਿਧਾਵਾਂ ਦਾ ਲਾਭ ਘਰ ਬੈਠੇ ਲੈ ਸਕਦੇ ਹਨ। ਉਹਨਾਂ ਦੱਸਿਆ ਕਿ ਇਸ ਮੁਹਿਮ ਤਹਿਤ ਜਨਮ ਸਰਟੀਫਿਕੇਟ, ਮੌਤ ਦੇ ਸਰਟੀਫਿਕੇਟ ਬਨਾਉਣ ਤੇ ਸੋਧ ਕਰਵਾਉਣ, ਜਾਤੀ ਪ੍ਰਮਾਣ ਪੱਤਰ, ਪੁਲਿਸ ਮਹਿਕਮੇ ਨਾਲ ਸਬੰਧਤ ਪੀ.ਸੀ.ਸੀ. ਸਮੇਤ ਹੋਰ ਅਨੇਕਾਂ ਕੰਮ, ਪੈਨਸ਼ਨ ਸਕੀਮਾਂ, ਵਿਆਹ ਦੀ ਰਜਿਸਟ੍ਰੇਸ਼ਨ, ਦਿਵਿਅੰਗ ਸਰਟੀਫਿਕੇਟ, ਫਰਦਾਂ ਆਦਿ ਲੈਣ ਵਰਗੇ ਬਹੁਤ ਸਾਰੇ ਕੰਮ ਕੈਂਪਾਂ ਰਾਹੀਂ ਜਾਂ ਹੈਲਪ ਲਾਈਨ 'ਤੇ ਫੋਨ ਕਰਕੇ ਕਰਵਾਏ ਜਾ ਸਕਦੇ ਹਨ। ਉਹਨਾਂ ਸਮੂਹ ਫਗਵਾੜਾ ਵਾਸੀਆਂ ਨੂੰ ਇਸ ਯੋਜਨਾ ਦਾ ਭਰਪੂਰ ਫਾਇਦਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਤਹਿਸੀਲਦਾਰ ਬਲਜਿੰਦਰ ਸਿੰਘ, ਨਾਇਬ ਤਹਿਸੀਲਦਾਰ ਮਨਦੀਪ ਸਿੰਘ, ਐਸ.ਡੀ.ਓ. ਪਾਵਰਕਾਮ, ਬੀ.ਡੀ.ਪੀ.ਓ. ਰਾਮਪਾਲ ਸਿੰਘ ਰਾਣਾ, ਸੀਨੀਅਰ ਆਪ ਆਗੂ ਹਰਮੇਸ਼ ਪਾਠਕ, ਦਲਜੀਤ ਸਿੰਘ ਰਾਜੂ, ਬਲਾਕ ਪ੍ਰਧਾਨ ਵਰੁਣ ਬੰਗੜ, ਨਰੇਸ਼ ਸ਼ਰਮਾ, ਰਾਜਾ ਕੌਂਸਲਰ, ਫੌਜੀ ਸ਼ੇਰਗਿਲ, ਬਲਬੀਰ ਠਾਕੁਰ, ਸਮਰ ਗੁਪਤਾ ਤੋਂ ਇਲਾਵਾ ਰਾਕੇਸ਼ ਕੁਮਾਰ ਕੇਸ਼ੀ, ਹਰਦੀਪ ਸਿੰਘ ਨਰੂੜ, ਹਰਜੀਤ ਸਿੰਘ ਸਰਪੰਚ ਪਾਂਛਟ, ਅਵਤਾਰ ਸਿੰਘ ਸਰਪੰਚ ਨਸੀਰਾਬਾਦ, ਜੋਗਿੰਦਰ ਕੌਰ ਮਾਇਓਪੱਟੀ, ਹਰਦੀਪ ਸਿੰਘ, ਅੰਮ੍ਰਿਤਪਾਲ ਸਿੰਘ ਰਵੀ ਸਰਪੰਚ ਰਾਵਲਪਿੰਡੀ, ਮਲਕੀਤ ਸਿੰਘ ਪੰਚਾਇਤ ਸਕੱਤਰ, ਸੁਲੱਖਣ ਸਿੰਘ ਪੰਚਾਇਤ ਸਕੱਤਰ, ਜਗਜੀਤ ਸਿੰਘ ਪੰਚਾਇਤ ਅਫਸਰ, ਸੁਰਿੰਦਰ ਸਿੰਘ ਏ.ਪੀ.ਓ. ਆਦਿ ਹਾਜਰ ਸਨ।



# ਪੱਤਰਕਾਰਾਂ ਦੀਆਂ ਭਖਵੀਆਂ ਮੰਗਾਂ ਸੰਬੰਧੀ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੈਮੋਰੰਡਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਰਜਿ.ਪੰਜਾਬ ਇੰਡੀਆ ਜ਼ਿਲ੍ਹਾ ਹੁਸ਼ਿਆਰਪੁਰ ਦੀ ਇੱਕ ਅਹਿਮ ਮੀਟਿੰਗ ਪੰਜਾਬ ਪ੍ਰਧਾਨ ਪ੍ਰਿੰ.ਬਲਵੀਰ ਸਿੰਘ ਸੈਣੀ ਦੀ ਅਗਵਾਈ ਹੇਠ ਮੁਲਾਜ਼ਮ ਭਵਨ ਇਸਲਾਮਾਬਾਦ ਪ੍ਰੀਤ ਨਗਰ ਹੁਸ਼ਿਆਰਪੁਰ ਹੋਈ। ਜਿਸ ਵਿੱਚ ਉੱਚੇਚੇ ਤੌਰ 'ਤੇ ਸਕੱਤਰ ਜਨਰਲ ਇੰਡੀਆ ਵਿਨੋਦ ਕੌਸ਼ਲ,ਜੁਆਇੰਟ ਸਕੱਤਰ ਇੰਡੀਆ ਤਰਸੇਮ ਦੀਵਾਨਾ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸੰਬੰਧਿਤ ਪੱਤਰਕਾਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੀਟਿੰਗ ਉਪਰੰਤ ਪੱਤਰਕਾਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਭਖਵੀਆਂ ਮੰਗਾਂ ਸੰਬੰਧੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਲਈ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਆਈਏਐੱਸ ਰਾਹੀਂ ਯਾਦ ਪੱਤਰ ਸੌਂਪਿਆ।

ਇਸ ਮੀਟਿੰਗ ਵਿੱਚ ਜ਼ਿਲੇ ਦੀਆਂ ਨਵੀਆਂ ਇਕਾਈਆਂ ਦੀਆਂ ਸਥਾਪਨਾ ਕਰਕੇ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ,ਜਿਨਾਂ ਵਿੱਚ ਮਕੇਰੀਆਂ ਤੋਂ ਸੀਨੀਅਰ ਪੱਤਰਕਾਰ ਮਨਜੀਤ ਸਿੰਘ ਚੀਮਾ ਨੂੰ ਸੀਨੀਅਰ ਮੀਤ ਪ੍ਰਧਾਨ ਪੰਜਾਬ ਤੇ ਸਲਾਹਕਾਰ ਯੂਨਿਟ ਮੁਕੇਰੀਆਂ, ਨੀਤੂ ਸ਼ਰਮਾ ਨੂੰ ਗੜ੍ਹਸ਼ੰਕਰ ਯੂਨਿਟ ਪ੍ਰਧਾਨ ਅਤੇ ਦਲਵਿੰਦਰ ਸਿੰਘ ਮਨੋਚਾ ਚੇਅਰਮੈਨ, ਹਰਵਿੰਦਰ ਸਿੰਘ ਭੁੰਗਰਨੀ ਮੇਹਟਿਆਣਾ ਯੂਨਿਟ



ਪ੍ਰਧਾਨ ਤੇ ਚੰਦਰਪਾਲ ਹੈਪੀ ਚੇਅਰਮੈਨ, ਜਸਵੀਰ ਸਿੰਘ ਕਾਜਲ ਪ੍ਰਧਾਨ ਯੂਨਿਟ ਅੱਡਾ ਸਰਾਂ ਨਿਯੁਕਤ ਕੀਤੇ ਗਏ ਜਿਨਾਂ ਨੂੰ ਹਾਈ ਕਮਾਨ ਦੀ ਸਲਾਹ ਨਾਲ ਆਪੋ ਆਪਣੇ ਯੂਨਿਟ ਬਣਾਉਣ ਦੇ ਅਧਿਕਾਰ ਵੀ ਦਿੱਤੇ ਗਏ.ਇਸ ਮੌਕੇ ਮੁੱਖ ਮੰਤਰੀ ਪੰਜਾਬ ਨੂੰ ਭੇਜੇ ਗਏ ਮੰਗ ਪੱਤਰ ਵਿੱਚ ਦਰਜ ਮੰਗਾਂ ਵਿੱਚ 15 ਜਨਵਰੀ ਇਥੇ 26 ਜਨਵਰੀ ਨੂੰ ਜ਼ਿਲ੍ਹਾ ਪੱਧਰ ਅਤੇ ਸੂਬਾ ਪੱਧਰ 'ਤੇ ਹੁੰਦੇ ਸਰਕਾਰੀ ਸਮਾਗਮਾਂ ਵਿੱਚ ਪੱਤਰਕਾਰਾਂ ਨੂੰ ਸਨਮਾਨਿਤ ਕਰਨ, ਸੋਸ਼ਲ ਮੀਡੀਆ ਅਤੇ ਵੈਬ ਚੈਨਲ 'ਤੇ ਕੰਮ ਕਰਦੇ ਪੱਤਰਕਾਰਾਂ ਸਮੇਤ ਸਾਰੇ ਪੱਤਰਕਾਰਾਂ ਲਈ ਪੀਲੇ ਕਾਰਡ, ਮੈਡੀਕਲ ਸਹੂਲਤਾਂ ਅਤੇ ਹੋਰ ਸਰਕਾਰੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਪ੍ਰਬੰਧ ਕਰਨ, ਪੰਜ ਸਾਲ ਪੂਰੇ ਕਰ ਚੁੱਕੇ ਪੱਤਰਕਾਰਾਂ ਲਈ ਦੂਜੇ ਸੂਬਿਆਂ ਦੀ ਤਰਜ 'ਤੇ 20 ਹਜ਼ਾਰ ਰੁਪਏ ਮਾਸਕ ਤਨਖਾਹ ਭੱਤਾ ਜਾਰੀ ਕਰਨ ਸਮੇਤ ਹੋਰ ਮੰਗਾਂ ਵੀ ਸ਼ਾਮਿਲ ਸਨ। ਜਿਨਾਂ ਨੂੰ "ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਪੰਜਾਬ ਰਜਿ." ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਫੌਰੀ ਤੌਰ 'ਤੇ ਮੰਨੇ ਜਾਣ ਦੀ ਅਪੀਲ ਕੀਤੀ ਗਈ। ਇਸ ਮੌਕੇ ਗੁਰਬਿੰਦਰ ਸਿੰਘ ਪਲਾਹਾ ਵਾਈਸ ਚੇਅਰਮੈਨ ਪੰਜਾਬ, ਅਸ਼ਵਨੀ ਸਰਮਾ ਸੀਨੀਅਰ ਮੀਤ ਪ੍ਰਧਾਨ ਵਿਕਾਸ ਸੂਦ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ, ਓਮ ਪ੍ਰਕਾਸ਼ ਰਾਣਾ ਜ਼ਿਲ੍ਹਾ ਜਨਰਲ ਸਕੱਤਰ ਹੁਸ਼ਿਆਰਪੁਰ, ਕੁਲਵੀਰ ਸਿੰਘ ਘੁੜਿਆਲ,ਰਮਨ ਤੰਗਰਾਲੀਆ,ਮਾਸਟਰ ਮੋਹਣ ਸਿੰਘ ਡਾਂਡੀਆਂ ,ਗੋਰਵ ਗੌਰੀ ,ਸੁਰਿੰਦਰ ਸਿੰਘ ਮੱਟੂ, ਅਮਰਜੀਤ ਭੱਟੀ, ਕੁਲਵੰਤ ਸਿੰਘ ਪਾਲਾ, ਨਟਵਰ ਲਾਲ,ਇੰਦਰਜੀਤ ਸਿੰਘ ਮੁਕੇਰੀਆਂ, ਸੁਖਵਿੰਦਰ ਸਿੰਘ ਮੁਕੇਰੀਆਂ, ਦਲਵੀਰ ਸਿੰਘ ਚਰਖਾ ਮੁਕੇਰੀਆਂ,ਸੁਰਿੰਦਰ ਮੱਟੂ, ਗੌਰਵ ਕੁਮਾਰ,ਚੰਦਰਪਾਲ ਹੈਪੀ ਆਦਿ ਵੀ ਮੌਜੂਦ ਸਨ।

# ਪੰਜਾਬ ਬਚਾਓ ਯਾਤਰਾ ਦੇ ਸਵਾਗਤ ਪ੍ਰੋਗਰਾਮ ਦੀ ਰੂਪ-ਰੇਖਾ ਤਿਆਰ ਕਰਨ ਲਈ ਕੀਤਾ ਸਲਾਹ-ਮਸ਼ਵਰਾ

**ਮੋਹਾਲੀ (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਅਹੁਦੇਦਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਪਰਵਿੰਦਰ ਸਿੰਘ ਸੋਹਾਣਾ ਮੁੱਖ ਸੇਵਾਦਾਰ ਹਲਕਾ ਮੋਹਾਲੀ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਹਾਜਰ ਹੋਏ। ਇਸ ਮੀਟਿੰਗ 'ਚ ਪੰਜਾਬ ਬਚਾਉ ਯਾਤਰਾ ਦੀ ਹਲਕੇ 'ਚ ਆਉਣ ਤੇ ਉਸਦਾ ਸਵਾਗਤ ਪ੍ਰੋਗਰਾਮ ਲਈ ਰੂਪ ਰੇਖਾ ਤਿਆਰ ਕਰਨ ਲਈ ਸਲਾਹ ਮਸ਼ਵਰਾ ਕੀਤਾ ਤੇ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਵੱਧ ਤੋ ਵੱਧ ਬਣਾਉਣ ਲਈ ਡਿਊਟੀਆਂ ਲਗਾਈਆਂ ਗਈਆਂ। ਇਸ ਤੋਂ ਇਲਾਵਾ ਅਗਾਮੀ ਲੋਕ ਸਭਾ ਚੋਣਾਂ ਲਈ ਬੂਥ ਪੱਧਰ 'ਤੇ ਕਮੇਟੀਆਂ ਬਣਾਉਣ ਲਈ ਆਗੂਆਂ ਵੱਲੋਂ ਪ੍ਰੇਰਿਤ ਕੀਤਾ ਗਿਆ। ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਮੈਂਬਰ ਪਾਰਲੀਮੈਂਟ ਨੇ ਕਿਹਾ ਇਹ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਹਰ ਫਰੰਟ 'ਤੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਉਹਨਾਂ ਕਿਹਾ ਕਿ ਪੰਜਾਬ ਆਰਥਿਕ ਪੱਖੋਂ ਤਬਾਹ ਹੋ ਚੁੱਕਿਆ ਹੈ। ਪੰਜਾਬ ਦਾ ਨੌਜਵਾਨ ਨੌਕਰੀਆਂ ਲਈ ਧੱਕੇ ਖਾ ਰਿਹਾ ਹੈ। ਮੁਲਾਜ਼ਮ ਤਨਖਾਹਾਂ ਲਈ ਧਰਨੇ ਮਾਰ ਰਹੇ ਹਨ ਅਤੇ ਪੰਜਾਬ ਵਿੱਚ ਕਾਨੂੰਨ ਨਾਂਅ ਦੀ ਕੋਈ ਚੀਜ ਨਹੀਂ ਰਹਿ ਗਈ ਹੈ। ਉਹਨਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਵਿਰੋਧੀ ਪਾਰਟੀਆਂ ਨੇ ਅਕਾਲੀ ਦਲ ਪ੍ਰਤੀ ਝੂਠ ਦਾ ਜਹਿਰ ਫੈਲਾ ਕੇ ਸੱਤਾ ਤਾਂ ਸਾਂਭੀ ਪਰ ਪੰਜਾਬ ਦਾ ਬੇੜਾ ਗਰਕ ਕਰਕੇ ਰੱਖ ਦਿੱਤਾ ਹੈ। ਉਹਨਾਂ ਕਿਹਾ ਕਿ ਕਾਂਗਰਸ ਤਾਂ ਪਹਿਲਾਂ ਹੀ ਪੰਜਾਬ ਵਿਰੋਧੀ ਪਾਰਟੀ ਰਹੀ ਹੈ ਤੇ ਹੁਣ ਆਮ ਆਦਮੀ ਪਾਰਟੀ ਨੇ ਵੀ ਪੰਜਾਬ ਦਾ ਬੁਰੀ ਤਰ੍ਹਾਂ ਸੱਤਿਆਨਾਸ ਕਰਕੇ ਰੱਖ ਦਿੱਤਾ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਅਕਾਲੀ ਦਲ ਦੀ ਸਰਕਾਰ ਮਿਲੇ ਹੋਏ ਵਿਕਾਸ ਅਤੇ ਲੋਕ ਪੱਖੀ ਨੀਤੀਆਂ ਨੂੰ ਯਾਦ ਕਰਦੇ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਵੱਲੋਂ ਅਕਾਲੀ ਦਲ ਦੁਆਰਾ ਆਰੰਭੀ ਗਈ ਪੰਜਾਬ ਬਚਾਓ ਯਾਤਰਾ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਉਹਨਾਂ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਆਉਂਦੀਆਂ ਲੋਕ ਸਭਾ ਚੋਣਾਂ ਅਤੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਲਈ ਕਮਰ ਕੱਸੇ ਕਸਣ ਲਈ ਕਿਹਾ। ਇਸ ਮੌਕੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਨੇ ਆਏ ਸਾਰੇ ਆਗੂਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਹਾਲੇ ਮੋਹਾਲੀ ਹਲਕੇ ਵਿੱਚ ਇਸ ਯਾਤਰਾ ਦੇ ਪੁੱਜਣ ਦੀ ਤਰੀਕ ਫਿਕਸ ਨਹੀਂ ਹੋਈ ਹੈ ਪਰ ਇਲਾਕਾ ਵਾਸੀਆਂ ਵਿੱਚ ਇਸ ਯਾਤਰਾ ਨੂੰ ਲੈ ਕੇ ਬਹੁਤ ਉਤਸ਼ਾਹ ਹੈ। ਉਹਨਾਂ ਕਿਹਾ ਕਿ ਅਗਲੇਰੀ ਮਹੀਨੇ ਯਾਤਰਾ ਮੋਹਾਲੀ ਹਲਕੇ ਵਿੱਚ ਪੁੱਜੇਗੀ ਅਤੇ ਇੱਥੇ ਇਸ ਯਾਤਰਾ ਦਾ ਸ਼ਾਨਦਾਰ ਸਵਾਗਤ ਕੀਤਾ ਜਾਵੇਗਾ। ਇਸ ਮੀਟਿੰਗ ਦੌਰਾਨ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਬਣਾਉਣ ਅਤੇ ਆਉਂਦੀਆਂ ਲੋਕ ਸਭਾ ਚੋਣਾਂ ਲਈ ਤਿਆਰੀਆਂ ਸਬੰਧੀ ਸਰਕਲ ਪ੍ਰਧਾਨਾਂ ਨੂੰ ਆਪੋ ਆਪਣੇ ਖੇਤਰਾਂ ਵਿੱਚ ਮੀਟਿੰਗਾਂ ਦੀ ਜ਼ਿੰਮੇਵਾਰੀ ਸੌਂਪੀ ਗਈ ਅਤੇ ਇਹਨਾਂ ਮੀਟਿੰਗਾਂ ਵਿੱਚ ਹਲਕੇ ਦੇ ਆਗੂ ਵੀ ਪੁੱਜਣਗੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਇਸ ਮੌਕੇ ਚਰਨਜੀਤ ਸਿੰਘ ਕਾਲੇਵਾਲ, ਕਮਲਜੀਤ ਸਿੰਘ ਰੂਬੀ, ਕਰਮ ਸਿੰਘ ਬਬਰਾ ਪ੍ਰਧਾਨ ਰਾਮਗੜੀਆ ਸਭਾ, ਮਨਜੀਤ ਸਿੰਘ ਮਾਨ ਪ੍ਰਧਾਨ ਦਸਮੇਸ ਵੈਲਫੇਅਰ ਕੌਂਸਲ, ਕਰਤਾਰ ਸਿੰਘ ਤਸਿੰਬਲੀ ਸਰਬਜੀਤ ਸਿੰਘ ਪਾਰਸ, ਸਿਮਰਨ ਢਿੱਲੋਂ, ਸਤਿੰਦਰ ਸਿੰਘ ਗਿੱਲ, ਅਜੈਪਾਲ ਸਿੰਘ ਮਿੱਡੂਖੇੜਾ, ਹਰਮਨਪੀਤ ਸਿੰਘ ਪ੍ਰਿੰਸ, ਤਰਨਦੀਪ ਸਿੰਘ ਧਾਲੀਵਾਲ, ਹਰਪਾਲ ਸਿੰਘ ਬਰਾੜ, ਬਲਵਿੰਦਰ ਸਿੰਘ ਲਖਨੌਰ, ਅਵਤਾਰ ਸਿੰਘ ਦਾਊ, ਨਿਰਮਲ ਸਿੰਘ ਮਾਨਕਮਾਜਰਾ ਪ੍ਰੀਤਮ ਸਿੰਘ, ਬਹਾਦਰ ਸਿੰਘ ਨਾਨੂੰਮਾਜਰਾ, ਬਲਵਿੰਦਰ ਸਿੰਘ ਗੋਬਿੰਦਗੜ, ਗੁਰਮੀਤ ਸਿੰਘ ਸਾਮਪੁਰ, ਪਰਮਜੀਤ ਸਿੰਘ ਗਿੱਲ, ਸਵਿੰਦਰ ਸਿੰਘ ਲੱਖੋਵਾਲ, ਜਗਦੀਸ ਸਿੰਘ ਸਰਾਉ ਕੁਲਦੀਪ ਸਿੰਘ ਰੁੜਕਾ, ਬਹਾਦਰ ਸਿੰਘ ਮੋਜਪੁਰ, ਕੇਸਰ ਸਿੰਘ ਬਲੌਂਗੀ, ਜਰਨੈਲ ਸਿੰਘ ਬਲੌਂਗੀ, ਸੁਰਿੰਦਰ ਗਰੇਵਾਲ, ਮੋਹਨ ਸਿੰਘ ਕੰਬਾਲਾ, ਗੁਰਪ੍ਰੀਤ ਮਨੌਲੀ, ਨਿਰਭੈ ਮਨੌਲੀ, ਵਿੱਕੀ ਮਨੌਲੀ, ਕਾਲਾ ਸਫੀਪੁਰ, ਗੁਰਮੀਤ ਰਾਏਪੁਰ, ਸੋਨੂੰ ਮਨਾਣਾ, ਗੁਰਪ੍ਰੀਤ ਸਿੰਘ ਤੰਗੋਰੀ, ਨਾਹਰ ਮਦਨਪੁਰ, ਹਰਵਿੰਦਰ ਸਿੰਘ ਨੰਬਰਦਾਰ ਸੋਹਾਣਾ, ਸੁਭਾਸ ਸਰਮਾ, ਬਲਜੀਤ ਸਿੰਘ ਦੈੜੀ, ਅਮਨ ਪੂਨੀਆਂ, ਰਮਨਦੀਪ ਸਿੰਘ ਬਾਵਾ, ਕੁਲਦੀਪ ਸਿੰਘ ਬੈਰਮਪੁਰ, ਹੈਪੀ ਸਨੇਟਾ, ਹਰਪਾਲ ਸਿੰਘ ਬਠਲਾਣਾ, ਹਰਿੰਦਰ ਸਿੰਘ ਸੁੱਖਗੜ੍ਹ, ਸਰਦਾਰਾ ਸਿੰਘ ਜੁਝਾਰਨਗਰ, ਹੈਰੀ ਮਾਨ, ਪ੍ਰੀਤ ਰਾਠੌਰ ਸਮੇਤ ਹੋਰ ਪਤਵੰਤੇ ਸੱਜਣ ਹਾਜਰ ਸਨ।

# ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦਾ ਪ੍ਰਸ਼ਾਸਨ ਖਿਲਾਫ ਪ੍ਰਦਰਸ਼ਨ ਜਾਰੀ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**

ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦਾ ਪ੍ਰਸ਼ਾਸਨ ਖਿਲਾਫ ਪ੍ਰਦਰਸ਼ਨ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਉਨ੍ਹਾਂ ਵੱਲੋਂ ਪੰਜਵੀਂ ਵਾਰ ਪਿੰਡ ਗੁਲਾਬਾ ਭੈਣੀ ਵਿਖੇ ਡੀ ਸੀ ਫਾਜ਼ਿਲਕਾ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਸੁਬੇਗ ਝੰਗੜ ਭੈਣੀ ਜ਼ਿਲ੍ਹਾ ਸਕੱਤਰ ਫਾਜ਼ਿਲਕਾ ਅਤੇ ਸੀਨੀਅਰ ਆਗੂ ਗੁਰਦਿਆਲ ਸਿੰਘ ਨੇ ਕਿਹਾ ਕਿ ਡੀ ਸੀ ਫਾਜ਼ਿਲਕਾ ਵੱਲੋਂ ਉਨ੍ਹਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਸੀਨੀਅਰ ਸੈਕੰਡਰੀ ਸਕੂਲ ਝੰਗੜ ਭੈਣੀ ਵਿੱਚ ਪ੍ਰਿੰਸੀਪਲ ਅਤੇ ਸੱਤ ਲੈਕਚਰਾਰ ਦੀਆਂ ਖਾਲੀ ਪਈਆਂ ਅਸਾਮੀਆਂ ਅਤੇ ਸਕੂਲ ਵਿੱਚ ਇੱਕ ਕੰਡਮ ਪੁਰਾਣੀ ਬਿਲਡਿੰਗ ਨੂੰ ਲੈ ਕੇ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਇਸ ਤੋਂ ਇਲਾਵਾ ਬਾਰਡਰ ਪੱਟੀ ਤੇ ਹੜ੍ਹਾਂ ਕਾਰਨ ਪ੍ਰਭਾਵਿਤ ਸੜਕਾਂ ਦੀ ਮੁਰੰਮਤ ਕਰਨ ਵਾਸਤੇ ਕੋਈ ਯੋਜਨਾਬੰਦੀ ਨਹੀਂ ਬਣਾਈ ਗਈ। ਨਾ ਹੀ ਬਾਰਡਰ ਪੱਟੀ ਦੇ ਲੋਕਾਂ ਵਾਸਤੇ ਸਰਕਾਰੀ ਬੱਸਾਂ ਨੂੰ ਸ਼ੁਰੂ ਕਾਰਨ ਬਾਰੇ ਕੋਈ ਕਾਰਵਾਈ ਕੀਤੀ ਅਤੇ ਨਾ ਹੀ ਬਾਰਡਰ ਪੱਟੀ 'ਤੇ ਵਸਦੇ ਲੋਕਾਂ ਦੀ ਸਾਰ ਲਈ ਜਾ ਰਹੀ। ਦੂਜੇ ਪਾਸੇ ਡੀ ਸੀ ਵੱਲੋਂ ਜ਼ਿਲ੍ਹੇ ਦੇ ਅਲੱਗ ਅਲੱਗ ਪਿੰਡਾਂ ਵਿੱਚ ਦੌਰੇ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਡੀ ਸੀ ਜਦੋਂ ਤੱਕ ਬਾਰਡਰ ਪੱਟੀ ਦੀਆਂ ਇਨ੍ਹਾਂ ਸਮੱਸਿਆਵਾਂ ਤੇ ਧਿਆਨ ਨਹੀਂ ਦਿੰਦੇ ਉਦੋਂ ਤੱਕ ਉਹ ਲਗਾਤਾਰ ਪੁਤਲਾ ਫੂਕ ਪ੍ਰਦਰਸ਼ਨ ਜਾਰੀ ਰੱਖਣਗੇ। ਇਸ ਪੁਤਲਾ ਫੂਕ ਪ੍ਰਦਰਸ਼ਨ ਵਿੱਚ ਗੁਲਾਬਾ ਭੈਣੀ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸਾਥ ਦਿੰਦਿਆਂ ਡੀ ਸੀ ਫਾਜ਼ਿਲਕਾ ਦੀ ਮੁਰਦਾਬਾਦ ਕੀਤੀ। ਇਸ ਮੌਕੇ ਇਨ੍ਹਾਂ ਤੋਂ ਇਲਾਵਾ ਜੋਗਿੰਦਰ ਸਿੰਘ ਪ੍ਰਧਾਨ ਪਿੰਡ ਢਾਣੀ ਸੱਦਾ ਸਿੰਘ, ਸਿੰਦਰਪਾਲ ਸਿੰਘ ਰੇਤੇ ਵਾਲੀ ਭੈਣੀ, ਰਕੀਤ ਸਿੰਘ ਪ੍ਰਧਾਨ ਹਸਤਾਕਲਾਂ, ਰਾਜਨ ਸਕੱਤਰ ਹਸਤਾ ਕਲਾ, ਬੂਟਾ ਸਿੰਘ ਗੁਲਾਬਾ ਭੈਣੀ, ਆਕਾਸ਼ਦੀਪ ਅਤੇ ਸੁਰਿੰਦਰ ਬਾਮਨੀ ਵਾਲਾ, ਬਲਵਿੰਦਰ ਸਿੰਘ ਝੰਗੜ ਭੈਣੀ, ਸਵਰਨ ਸਿੰਘ ਤੇਜਾ ਰੁਹੇਲਾ, ਮੰਗਤ ਸਿੰਘ ਗੁਰਮੇਲ ਸਿੰਘ ਕਾਲਾ ਸਿੰਘ, ਕੁਲਵਿੰਦਰ ਸਿੰਘ ਸੋਹਣ ਸਿੰਘ, ਰਾਜ ਸਿੰਘ ਗੁਲਾਬਾ ਭੈਣੀ, ਰਾਜ ਸਿੰਘ ਢਾਣੀ ਸੱਦਾ ਸਿੰਘ ਅਨੋਸ ਕਾਵਾਂ ਵਾਲੀ ਆਦਿ ਹਾਜ਼ਰ ਸਨ। ਜਦੋਂ ਡੀ ਸੀ ਫਾਜ਼ਿਲਕਾ ਮੈਡਮ ਸੈਨੂ ਦੁੱਗਲ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਇਸ ਬਾਰੇ ਸਰਕਾਰ ਨੂੰ ਲਿਖ ਕੇ ਭੇਜ ਦਿੱਤਾ ਗਿਆ ਹੈ। ਇਸ ਲਈ ਇਹ ਕੰਮ ਸਰਕਾਰ ਲੇਵਲ ਦਾ ਹੈ। ਉਨ੍ਹਾਂ ਦੇ ਹੱਥ ਕੁਝ ਵੀ ਨਹੀਂ ਹੈ। ਉਨ੍ਹਾਂ ਕਿਹਾ ਕਿ ਪੁਤਲਾ ਫੂਕ ਪ੍ਰਦਰਸ਼ਨ ਕਰਨ ਤੋਂ ਪਹਿਲਾਂ ਨੇਤਾਵਾਂ ਵੱਲੋਂ ਉਨ੍ਹਾਂ ਨਾਲ ਕੋਈ ਗੱਲਬਾਤ ਨਹੀਂ ਕੀਤੀ ਗਈ ਅਤੇ ਨਾ ਹੀ ਉਨ੍ਹਾਂ ਨੂੰ ਮਿਲੇ ਸਨ। ਉਨ੍ਹਾਂ ਨੂੰ ਮੰਗ ਪੱਤਰ ਦੇਣ ਦੇ ਸਮੇਂ ਹੀ ਉਨ੍ਹਾਂ ਨਾਲ ਗੱਲਬਾਤ ਹੋਈ ਸੀ ਅਤੇ ਉਨ੍ਹਾਂ ਨੂੰ ਆਪਣੀਆਂ ਮੰਗਾਂ ਬਾਰੇ ਜਾਣੂ ਕਰਵਾਇਆ ਗਿਆ ਸੀ। ਜਿਸ ਬਾਰੇ ਉਨ੍ਹਾਂ ਵੱਲੋਂ ਪਹਿਲਾਂ ਹੀ ਸਬੰਧਤ ਵਿਭਾਗ ਅਤੇ ਸਰਕਾਰ ਨੂੰ ਲਿਖ ਕੇ ਭੇਜ ਦਿੱਤਾ ਗਿਆ ਹੈ।

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਜ਼ਿਲ੍ਹਾ ਹੈੱਡਕੁਆਰਟਰ ਅੱਗੇ ਪੰਜ ਰੋਜ਼ਾ ਪੱਕਾ ਮੋਰਚਾ ਸ਼ੁਰੂ

**ਜਲਾਲਾਬਾਦ (ਜੀਤ ਕੁਮਾਰ)**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਭਾਕਿਯੂ ਏਕਤਾ ਜ਼ਿਲ੍ਹਾ ਫ਼ਾਜ਼ਿਲਕਾ ਕਮੇਟੀ ਵੱਲੋਂ ਸਰਕਾਰ ਦੁਆਰਾ ਕੀਤੇ ਵਾਅਦਿਆਂ ਨੂੰ ਪੂਰੇ ਕਰਾਉਣ ਸਮੇਤ ਹੋਰਾਂ ਮੰਗਾਂ ਦੇ ਸਬੰਧ ਵਿੱਚ 6 ਫਰਵਰੀ ਤੋਂ ਪੰਜ ਰੋਜ਼ਾ ਪੱਕਾ ਮੋਰਚਾ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਸੰਘਰਸ਼ ਸ਼ੁਰੂ ਕੀਤਾ ਗਿਆ। ਇਹ ਪੱਕਾ ਮੋਰਚਾ ਜ਼ਿਲ੍ਹਾ ਪ੍ਰਧਾਨ ਗੁਰਭੇਜ ਸਿੰਘ ਰੋਹੀਵਾਲਾ ਦੀ ਅਗੁਵਾਈ ਹੇਠ ਲਾਇਆ ਗਿਆ ਹੈ, ਜਿਸ ਵਿੱਚ ਜ਼ਿਲ੍ਹਾ ਫ਼ਾਜ਼ਿਲਕਾ ਦੇ ਅਧੀਨ ਆਉਂਦੇ ਵੱਖ-ਵੱਖ ਬਲਾਕਾਂ ਤੋਂ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਹਿੱਸਾ ਲਿਆ। ਇਸ ਮੋਰਚੇ ਦੇ ਦੌਰਾਨ ਦਿੱਲੀ ਘੋਲ ਨਾਲ ਦੌਰਾਨ ਸੈਂਟਰ ਸਰਕਾਰ ਨੇ ਐਮ.ਐਸ.ਪੀ ਦੀ ਮੰਗ ਮੰਨੀ ਸੀ, ਉਹ ਬਕਾਇਆ ਖੜੀ ਹੈ। ਪੰਜਾਬ ਸਰਕਾਰ ਵੱਲੋਂ ਕੀਤਾ ਦਾਅਵਾ ਨਵੀਂ ਖੇਤੀ ਨੀਤੀ ਲਾਗੂ ਕਰਨ ਦੀ ਗੱਲ ਹਜੇ ਪੂਰੀ ਨਹੀਂ ਹੋਈ। ਪਹਿਲੇ ਬੁਲਾਰੇ ਇਨਕਲਾਬੀ ਕਲਾਕਾਰ ਸੁਦਰਸ਼ਨ ਸੁੱਲਾ ਨੇ ਖੇਤੀ ਖੇਤਰ ਨੂੰ ਸੰਸਾਰ ਵਪਾਰ ਸੰਸਥਾ ਸੰਸਾਰ ਬੈਂਕ ਅਤੇ ਕਾਰਪੋਰੇਟ ਘਰਾਣਿਆਂ ਦੇ ਕਬਜ਼ੇ ਵਿੱਚੋਂ ਮੁਕਤ ਕਰਾਉਣ ਦੀ ਮੰਗ ਚੁੱਕੀ ਬਲਾਕ ਅਰਨੀਵਾਲਾ ਦੇ ਆਗੂ ਜਸਪਾਲ ਸਿੰਘ ਜੰਡਵਾਲਾ ਨੇ ਬੋਲਦਿਆਂ ਕਿਸਾਨਾਂ ਦੀਆਂ ਚੋਣਵੀਆਂ ਮੰਗਾਂ 'ਤੇ ਚਾਨਣਾ ਪਾਇਆ ਅਤੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਮੁਕੰਮਲ ਕਰਜ਼ੇ ਦੇ ਖਾਤਮੇ ਦੀ ਮੰਗ ਉਠਾਈ ਅਤੇ ਵੱਡੀ ਹੋਈ ਫਸਲਾਂ ਦੀ ਬਰਬਾਦੀ ਦਾ ਮੁਆਵਜ਼ਾ ਦਿੱਤਾ ਜਾਵੇ। ਰਣਜੀਤ ਸਿੰਘ ਆਲਮਗੜ੍ਹ ਇਕਾਈ ਪ੍ਰਧਾਨ ਸਾਬਕਾ ਮੁਲਾਜ਼ਮ ਬਿਜਲੀ ਬੋਰਡ ਨੇ ਚਿੱਪ ਵਾਲੇ ਮੀਟਰਾਂ ਬਾਰੇ ਵਿਸਥਾਰ ਨਾਲ ਦੱਸਿਆ ਕਿ ਕਾਰਪੋਰੇਟ ਘਰਾਣਿਆਂ ਦੀ ਨੀਤੀ ਅਨੁਸਾਰ ਸਰਕਾਰ ਇਹ ਬਿਜਲੀ ਨੂੰ ਨਿੱਜੀ ਹੱਥਾਂ ਵਿੱਚ ਦੇ ਕੇ ਨਿੱਜੀਕਰਨ ਕਰਨਾ ਚਾਹੁੰਦੀ ਹੈ।



ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਲਾਏ ਪੱਕੇ ਮੋਰਚੇ 'ਚ ਮੌਜੂਦ ਕਿਸਾਨ ਅਤੇ ਆਗੂ।

ਹਰਵਿੰਦਰ ਸਿੰਘ ਬਾਠ ਬਲਾਕ ਆਗੂ ਅਰਨੀ ਵਾਲਾ ਨੇ ਬੋਲਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਹਰ ਖੇਤ ਤੱਕ ਪਾਣੀ ਪਹੁੰਚਾਉਣ ਬਾਰੇ ਗੱਲ ਕਹਿੰਦੇ ਸਨ, ਪਰ ਉਹ ਵਾਅਦਾ ਵੀ ਖੋਖਲਾ ਰਿਹਾ ਉਹ ਬੁਝ ਪੂਰੀ ਕੀਤੀ ਜਾਵੇ। ਬਲਾਕ ਅਬੋਹਰ ਦੇ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਬਿੱਟੂ ਨੇ ਕਿੰਨੂ ਦੇ ਬਾਗ਼ਾਂ ਦੇ ਹੋ ਰਹੇ ਵੱਡੇ ਭਾਅ ਘੁਟਾਲੇ ਸਰਕਾਰ ਦੀ ਮਾੜੀ ਨੀਤੀ ਨੂੰ ਦੋਸ਼ੀ ਕਰਾਰ ਦਿੰਦਿਆਂ ਦੱਸਿਆ ਕਿ ਸਾਡੇ ਲੋਕ ਭਾਅ ਨਾ ਪੂਰਾ ਹੋਣ ਦੀ ਸੂਰਤ ਵਿੱਚ ਬਾਗ਼ ਪੁੱਟਣ ਲਈ ਮਜਬੂਰ ਹੋ ਰਹੇ ਹਨ ਅਤੇ ਇਸ ਸਮੇਂ ਜ਼ਿਲ੍ਹਾ ਸਲਾਹਕਾਰ ਸੁਰਜੀਤ ਸਿੰਘ ਗੁਰੂਹਰਸਹਾਏ ਨੇ ਬੋਲਦਿਆਂ ਮੰਗ ਕੀਤੀ ਕਿ ਬੇਜ਼ਮੀਨੇ ਗਰੀਬ ਕਿਸਾਨਾਂ ਅਤੇ ਮਜ਼ਦੂਰਾਂ ਲਈ ਸਸਤੇ ਸਰਕਾਰੀ ਖੇਤੀ ਕਰਜ਼ਿਆਂ ਦਾ ਪ੍ਰਬੰਧ ਕੀਤਾ ਜਾਵੇ। ਕਿਸਾਨਾਂ ਮਜ਼ਦੂਰਾਂ ਪੱਖੀ ਕਰਜ਼ਾ ਕਾਨੂੰਨ ਬਣਾਇਆ ਜਾਵੇ ਸੂਦਖੋਰੀ ਦਾ ਖਾਤਮਾ ਹੋਵੇ ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਉਪਰ ਲੀਕ ਮਾਰੀ ਜਾਵੇ। ਇਸ ਸਮੇਂ ਸਟੇਜ ਦੀ ਕਾਰਵਾਈ ਜਗਤਾਰ ਸਿੰਘ ਬੁਰਜ ਬਲਾਕ ਪ੍ਰਧਾਨ ਅਬੋਹਰ ਨੇ ਬਾਖੂਬੀ ਨਿਭਾਈ ਅਤੇ ਜ਼ਿਲ੍ਹਾ ਸਲਾਹਕਾਰ ਪੂਰਨ ਸਿੰਘ ਜ਼ਿਲ੍ਹਾ ਸੰਗਠਨ ਸਕੱਤਰ ਜਗਸੀਰ ਸਿੰਘ ਘੋਲਾ ਨੇ ਸੰਬੋਧਨ ਕੀਤਾ।

## ਕਾਤਰਾਂ

### ਡਰੀਮ ਬਿਲਡਰਜ਼ ਨੇ ਕੈਨੇਡਾ ਦਾ ਵਿਜ਼ਟਰ ਵੀਜ਼ਾ ਲਗਵਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਮੁੱਖ ਬੱਸ ਸਟੈਂਡ ਦੇ ਸਾਹਮਣੇ ਵਾਲੀ ਗਲੀ ਵਿੱਚ ਸਥਿਤ ਡਰੀਮ ਬਿਲਡਰਜ਼ ਸੰਸਥਾ ਜੋ ਕਿ ਆਇਲਟਸ ਅਤੇ ਇਮੀਗ੍ਰੇਸ਼ਨ ਦੇ ਖੇਤਰ 'ਚ ਭਰੋਸੇਮੰਦ ਸੇਵਾਵਾਂ ਨਿਭਾਅ ਰਹੀ ਹੈ। ਸੰਸਥਾ ਨੇ ਜਸਪਾਲ ਸਿੰਘ ਪੂਨੀ ਪੁੱਤਰ ਪਰਮਜੀਤ ਸਿੰਘ ਵਾਸੀ ਭਗਤਾ ਭਾਈਕਾ (ਬਠਿੰਡਾ) ਦਾ ਕੈਨੇਡਾ ਦਾ ਵਿਜ਼ਟਰ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤਾ ਹੈ। ਇਸ ਮੌਕੇ ਐੱਮ.ਡੀ ਨਵਜੋਤ ਸਿੰਘ ਬਰਾੜ ਨੇ ਵੀਜ਼ੇ ਦੀ ਕਾਪੀ ਸੌਂਪਦਿਆਂ ਵਧਾਈ ਦਿੱਤੀ। ਉਨ੍ਹਾ ਦੱਸਿਆ ਕਿ ਸਾਡੀ ਸੰਸਥਾ ਕੈਨੇਡਾ ਵਿਜ਼ਟਰ ਵੀਜ਼ੇ ਲਗਾਉਣ ਵਿੱਚ ਮੋਹਰੀ ਸੰਸਥਾ ਬਣ ਚੁੱਕੀ ਹੈ। ਅਸੀਂ ਲੋਕਾਂ ਨੂੰ ਗੁੰਮਰਾਹ ਨਹੀਂ ਕਰਦੇ ਅਤੇ ਫਾਈਲ ਬਿਲਕੁਲ ਪਾਰਦਰਸ਼ੀ ਢੰਗ ਨਾਲ ਅਪਲਾਈ ਕਰਦੇ ਹਾਂ ਜਿਸ ਕਰਕੇ ਵੀਜ਼ਾ ਅਸਾਨੀ ਨਾਲ ਪ੍ਰਾਪਤ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਸੰਸਥਾ ਕੈਨੇਡਾ ਦੇ ਹਰੇਕ ਪ੍ਰਕਾਰ ਦੇ ਵੀਜ਼ੇ ਲਗਵਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕੈਨੇਡਾ ਵਿਜ਼ਟਰ ਵੀਜ਼ਾ ਅਪਲਾਈ ਕਰਨ ਦਾ ਹੁਣ ਬਹੁਤ ਵਧੀਆ ਸਮਾਂ ਹੈ ਅਤੇ ਸੰਸਥਾ ਪੈਕੇਜ ਕਰਕੇ ਸਾਰੇ ਪੈਸੇ ਵੀਜ਼ਾ ਆਉਣ ਤੋਂ ਬਾਅਦ ਲੈਂਦੀ ਹੈ।

### ਬੱਸ ਤੇ ਕਾਰ ਦੀ ਟੱਕਰ 'ਚ ਜ਼ਖ਼ਮੀ ਦੀ ਇਲਾਜ ਦੌਰਾਨ ਮੌਤ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮਮਦੋਟ ਦੇ ਅਧੀਨ ਆਉਂਦੇ ਪਿੰਡ ਟਿੱਬੀ ਕਲਾਂ ਵਿਖੇ ਬੱਸ ਅਤੇ ਮੋਟਰਸਾਈਕਲ ਦੀ ਟੱਕਰ ਵਿਚ ਜ਼ਖ਼ਮੀ ਹੋਏ ਵਿਅਕਤੀ ਦੀ ਇਲਾਜ ਦੌਰਾਨ ਮੌਤ ਹੋਣ ਦੀ ਖ਼ਬਰ ਮਿਲੀ ਹੈ। ਇਸ ਸਬੰਧ ਵਿਚ ਥਾਣਾ ਮਮਦੋਟ ਪੁਲਿਸ ਨੇ ਬੱਸ ਚਾਲਕ ਖ਼ਿਲਾਫ 304-ਏ, 279, 427 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਨਿਰੰਜਨ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਪਿੰਡ ਖਾਈ ਫੇਮੇ ਕੀ ਨੇ ਦੱਸਿਆ ਕਿ ਉਸ ਦਾ ਭਤੀਜਾ ਦਵਿੰਦਰ ਸਿੰਘ (25 ਸਾਲ) ਪੁੱਤਰ ਸਵਰਨ ਸਿੰਘ ਵਾਸੀ ਪਿੰਡ ਖਾਈ ਫੇਮੇ ਕੀ ਆਪਣੇ ਦੋਸਤ ਨੂੰ ਛੱਡਣ ਲਈ ਪਿੰਡ ਤਰਾਂਵਾਲੀ ਵਿਖੇ ਆਇਆ ਸੀ ਤੇ ਆਪਣੇ ਦੋਸਤ ਨੂੰ ਉਸ ਦੇ ਘਰ ਉਤਾਰ ਕੇ ਵਾਪਸ ਜਾ ਰਿਹਾ ਸੀ, ਜਦ ਉਹ ਪਿੰਡ ਟਿੱਬੀ ਕਲਾਂ ਪਾਸ ਪੁੱਜਾ ਤਾਂ ਇਕ ਬੱਸ ਜੋ ਕਿਸੇ ਵਹੀਕਲ ਨੂੰ ਉਵਰਟੇਕ ਕਰਨ ਲੱਗੀ, ਜੋ ਬੱਸ ਦੇ ਡਰਾਈਵਰ ਮੇਜਰ ਸਿੰਘ ਪੁੱਤਰ ਗੁਰਮੇਜ ਸਿੰਘ ਵਾਸੀ ਪਿੰਡ ਅਹਿਮਦ ਢੰਡੀ ਨੇ ਬੱਸ ਤੇਜ਼ ਰਫ਼ਤਾਰ ਤੇ ਲਾਪ੍ਰਵਾਹੀ ਨਾਲ ਤੇ ਬਿਨਾਂ ਹਾਰਨ ਵਜਾਏ ਉਸ ਦੇ ਭਤੀਜੇ ਦੇ ਮੋਟਰਸਾਈਕਲ ਵਿਚ ਮਾਰੀ। ਇਸ ਹਾਦਸੇ ਵਿਚ ਉਸ ਦਾ ਭਤੀਜਾ ਦੇ ਕਾਫੀ ਸੱਟਾਂ ਲੱਗੀਆਂ ਤੇ ਮੋਟਰਸਾਈਕਲ ਨੁਕਸਾਨਿਆ ਗਿਆ। ਨਿਰੰਜਨ ਸਿੰਘ ਨੇ ਦੱਸਿਆ ਕਿ ਉਸ ਦੇ ਭਤੀਜੇ ਨੂੰ ਇਲਾਜ ਲਈ ਮੈਡੀਸਿਟੀ ਹਸਪਤਾਲ ਮੋਗਾ ਵਿਖੇ ਦਾਖ਼ਲ ਕਰਾਇਆ ਗਿਆ ਸੀ, ਜਿਥੇ ਦੌਰਾਨ ਇਲਾਜ ਉਸ ਦੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਖਚੈਨ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਬੱਸ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

### 'ਪੰਜਾਬ ਬਚਾਓ ਯਾਤਰਾ' ਦਾ ਸ੍ਰੀ ਮੁਕਤਸਰ ਸਾਹਿਬ ਹੋਵੇਗਾ ਭਰਵਾਂ ਸਵਾਗਤ : ਰੋਜ਼ੀ, ਬਿੱਟੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਜਾਰੀ 'ਪੰਜਾਬ ਬਚਾਓ ਯਾਤਰਾ' ਦਾ 19 ਫਰਵਰੀ ਨੂੰ ਭਰਵਾਂ ਸਵਾਗਤ ਕੀਤਾ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਸਾਬਕਾ ਵਿਧਾਇਕ ਅਤੇ ਮਨਜਿੰਦਰ ਸਿੰਘ ਬਿੱਟੂ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਬਰੀਵਾਲਾ ਵੱਲੋਂ ਜੈਲ ਬਰੀਵਾਲਾ ਦੇ ਪਿੰਡ ਕੋਟਲੀ ਸੰਘਰ, ਹਰਾਜ, ਖੋਖਰ ਆਦਿ ਵਿਖੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ ਗਿਆ। ਰੋਜ਼ੀ ਬਰਕੰਦੀ ਨੇ ਕਿਹਾ ਕਿ ਲੋਕ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਨਹੀਂ ਹਨ, ਇਸ ਲਈ ਵੱਡੀ ਗਿਣਤੀ 'ਚ ਲੋਕ ਪੰਜਾਬ ਬਚਾਓ ਯਾਤਰਾ ਦਾ ਹਿੱਸਾ ਬਣ ਰਹੇ ਹਨ। ਇਸ ਮੌਕੇ ਮਨਜਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਲੋਕਾਂ ਨੂੰ ਸਬਜ਼ਬਾਗ਼ ਦਿਖਾ ਕੇ ਅਤੇ ਝੂਠੇ ਲਾਰੇ ਲਾ ਕੇ ਸਰਕਾਰ ਤਾਂ ਬਣਾ ਲਈ, ਪਰ ਇਸ ਸਮੇਂ ਗ਼ਲਤ ਨੀਤੀਆਂ ਕਾਰਨ ਪੰਜਾਬ ਆਰਥਿਕ ਤੌਰ 'ਤੇ ਬਹੁਤ ਪੱਛੜ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਮੀਂਹ ਤੇ ਗੜ੍ਹੇਮਾਰੀ ਨਾਲ ਨੁਕਸਾਨੀਆਂ ਗਈਆਂ ਫ਼ਸਲਾਂ ਕਾਰਨ ਪ੍ਰੇਸ਼ਾਨ ਅੰਨਦਾਤੇ ਦੀ ਕਿਸੇ ਨੇ ਸਾਰ ਤੱਕ ਨਹੀਂ ਲਈ ਅਤੇ ਜਿਥੇ ਅਨੇਕਾਂ ਗ਼ਰੀਬ ਪਰਿਵਾਰਾਂ ਦੇ ਨੀਲੇ ਕਾਰਡ ਕੱਟ ਦਿੱਤੇ ਗਏ, ਉਥੇ ਹੀ ਸ਼ਗਨ ਸਕੀਮਾਂ ਅਤੇ ਪੈਨਸ਼ਨਾਂ ਵੀ ਬੰਦ ਹੋ ਚੁੱਕੀਆਂ ਹਨ। ਉਨ੍ਹਾਂ ਵਰਕਰਾਂ ਨੂੰ ਟਰੈਕਟਰ, ਕਾਰਾਂ, ਜੀਪਾਂ, ਮੋਟਰਸਾਇਕਲ ਤੇ ਪੈਦਲ ਯਾਤਰਾ ਰਾਹੀਂ ਸ਼ਮੂਲੀਅਤ ਕਰਕੇ ਯਾਤਰਾ ਦਾ ਸਵਾਗਤ ਕਰਨ ਲਈ ਲਾਮਬੰਦ ਹੋਣ ਦਾ ਸੱਦਾ ਦਿੱਤਾ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਰਤ ਬੰਦ ਪ੍ਰੋਗਰਾਮ ਦੀਆਂ ਵੱਡੀ ਪੱਧਰ 'ਤੇ ਤਿਆਰੀਆਂ



**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)**

ਸੰਯੁਕਤ ਕਿਸਾਨ ਮੋਰਚੇ ਅਤੇ ਕੇਂਦਰੀ ਟਰੇਡ ਯੂਨੀਅਨ ਦੇ ਸੱਦੇ ਅਨੁਸਾਰ 16 ਫਰਵਰੀ ਨੂੰ ਕੀਤੇ ਜਾ ਰਹੇ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਸੰਯੁਕਤ ਕਿਸਾਨ ਮੋਰਚੇ ਅਤੇ ਟਰੇਡ ਯੂਨੀਅਨ ਦਾ ਇੱਕ ਸਾਂਝਾ ਵਫਦ ਬਠਿੰਡਾ ਸ਼ਹਿਰ ਵਿੱਚ ਸਮਾਜ ਦੇ ਵੱਖ-ਵੱਖ ਵਰਗਾਂ ਆੜ੍ਹਤੀਆ ਐਸੋਸੀਏਸ਼ਨ, ਵਪਾਰ ਮੰਡਲ, ਪੈਸਟੀਸਾਈਡ ਐਸੋਸੀਏਸ਼ਨ, ਸਬਜ਼ੀ ਮੰਡੀ ਆੜ੍ਹਤੀਆ ਯੂਨੀਅਨ, ਫਰੂਟ ਮੰਡੀ ਆੜ੍ਹਤੀਆ ਯੂਨੀਅਨ, ਟਰੱਕ ਯੂਨੀਅਨ, ਕੈਂਟਰ ਯੂਨੀਅਨ, ਟੈਕਸੀ ਯੂਨੀਅਨ ਅਤੇ ਬੱਸ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਦੇ ਆਗੂਆਂ ਨੂੰ ਮਿਲਿਆ। ਇਸ ਵਫਦ ਨੇ ਕੇਂਦਰ ਸਰਕਾਰ ਦੀਆਂ ਕਾਰਪੋਰੇਟ ਪੱਖੀ ਅਤੇ ਲੋਕ ਵਿਰੋਧੀ ਨੀਤੀਆਂ ਵਿਰੁੱਧ ਕੀਤੇ ਜਾ ਰਹੇ 16 ਫਰਵਰੀ ਦੇ ਭਾਰਤ ਬੰਦ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ। ਅੱਜ ਦੇ ਇਸ ਪ੍ਰੋਗਰਾਮ ਦੇ ਵੇਰਵੇ ਪ੍ਰੈਸ ਨੂੰ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ ਨੇ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਫਿਰਕੂ, ਫਾਸ਼ੀਵਾਦੀ, ਲੋਕ ਵਿਰੋਧੀ, ਦਲਿਤਾਂ, ਔਰਤਾਂ ਤੇ ਘੱਟ ਗਿਣਤੀਆਂ 'ਤੇ ਜ਼ੁਲਮ ਕਰਨ ਵਾਲੀਆਂ ਅਤੇ ਕਾਰਪੋਰੇਟ ਨੂੰ ਸਮੁੱਚਾ ਆਰਥਕ ਢਾਂਚਾ ਦੇਣ ਵਾਲੀਆਂ ਨੀਤੀਆਂ ਦਾ 16 ਫਰਵਰੀ ਨੂੰ ਭਾਰਤ ਬੰਦ ਕਰਕੇ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਦੇਸ਼ ਦੇ ਸੰਵਿਧਾਨ ਨੂੰ ਤੋੜ ਮਰੋੜ ਕੇ, ਲੋਕਾਂ ਦੇ ਮੁਢਲੇ ਹੱਕਾਂ ਨੂੰ ਖਤਮ ਕਰਕੇ, ਰਾਜਾਂ ਦੇ ਅਧਿਕਾਰਾਂ 'ਤੇ ਵਾਰ ਵਾਰ ਡਾਕੇ ਮਾਰ ਕੇ ਤਾਨਾਸ਼ਾਹੀ ਅਤੇ ਫਿਰਕੂ ਰੰਗਤ ਵਾਲਾ ਮੰਨੂ ਸਿਮਰਤੀ ਤੋਂ ਪ੍ਰੇਰਤ ਸੰਵਿਧਾਨ ਲਾਗੂ ਕਰਕੇ ਦੇਸ਼ ਦੇ ਧਰਮ ਨਿਰਪੱਖ ਤਾਣੇ ਬਾਣੇ ਨੂੰ ਖਤਮ ਕਰਨਾ ਚਾਹੁੰਦੀ ਹੈ । ਪਰ ਦੇਸ਼ ਦੇ ਲੋਕ ਉਸਦੀਆਂ ਇਹਨਾਂ ਕੋਝੀਆਂ ਚਾਲਾਂ ਨੂੰ ਕਾਮਯਾਬ ਨਹੀਂ ਹੋਣ ਦੇਣਗੇ। ਅੱਜ ਦੇ ਇਸ ਵਫਦ ਵਿੱਚ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਭਾਈ ਰੂਪਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਕਨਵੀਨਰ ਸਵਰਨ ਸਿੰਘ ਪੂਹਲੀ, ਕਿਰਤੀ ਕਿਸਾਨ ਯੂਨੀਅਨ ਆਜ਼ਾਦ ਦੇ ਸੂਬਾ ਕਨਵੀਨਰ ਅਮਰਜੀਤ ਹਨੀ, ਭਾਰਤੀ ਕਿਸਾਨ ਯੂਨੀਅਨ ਮਾਨਸਾ ਦੇ ਸੂਬਾ ਆਗੂ ਬੇਅੰਤ ਸਿੰਘ ਮਹਿਮਾ ਸਰਜਾ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਫੁੱਲੋ ਮਿੱਠੀ, ਦਲਿਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਆਗੂ ਸੁਖਪਾਲ ਸਿੰਘ ਖਿਆਲੀ ਵਾਲਾ, ਸਿਕੰਦਰ ਸਿੰਘ ਧਾਲੀਵਾਲ ਸੂਬਾ ਪ੍ਰਧਾਨ ਡੀ ਐਮ ਐਫ, ਗਗਨਦੀਪ ਸਿੰਘ ਬਠਿੰਡਾ ਸੂਬਾ ਪ੍ਰਧਾਨ ਪੀ ਐਸ ਐਸ ਐਫ, ਪ੍ਰਿੰਸੀਪਲ ਰਣਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ ਬਠਿੰਡਾ, ਸੰਜੀਵ ਕੁਮਾਰ ਬਡਿਆਲਾ ਜ਼ਿਲ੍ਹਾ ਪ੍ਰਧਾਨ ਪੀ ਐਸ ਐਸ ਐਫ ਅਤੇ ਬਲਵਿੰਦਰ ਸਿੰਘ ਗੰਗਾ ਵੀ ਸ਼ਾਮਲ ਸਨ । ਇਸ ਵਫਦ ਦੇ ਆਗੂਆਂ ਨੇ ਸਮਾਜ ਦੇ ਸਾਰੇ ਵਰਗਾਂ ਨੂੰ ਇਸ ਇਸ ਬੰਦ ਨੂੰ ਸਫਲ ਬਣਾਉਣ ਲਈ 16 ਫਰਵਰੀ ਨੂੰ 11 ਵਜੇ ਭਾਈ ਘਨੱਈਆ ਜੀ ਚੌਕ ਬਠਿੰਡਾ ਵਿਖੇ ਪਹੁੰਚਣ ਦੀ ਅਪੀਲ ਕੀਤੀ।

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਬੱਲਰਾਂ ਤੇ ਭੂਟਾਲ ਕਲਾਂ 'ਚ ਮੀਟਿੰਗਾਂ



**ਮੂਨਕ (ਰਾਜਪਾਲ ਸਿੰਗਲਾ)**

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ 12 ਫਰਵਰੀ ਨੂੰ ਫ਼ਤਹਿਗੜ੍ਹ ਸਾਹਿਬ ਵਿਖੇ ਸਿੱਖ ਕੌਮ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਭਿੰਡਰਾਂ ਵਾਲਿਆਂ ਦੇ ਮਨਾਏ ਜਾ ਰਹੇ ਜਨਮ ਦਿਹਾੜੇ ਦੀਆਂ ਤਿਆਰੀਆਂ ਨੂੰ ਲੈ ਕੇ ਪਾਰਟੀ ਦੇ ਪੀਏਸੀ ਮੈਂਬਰ ਅਤੇ ਹਲਕਾ ਲਹਿਰਾ ਦੇ ਇੰਚਾਰਜ ਬਹਾਦਰ ਸਿੰਘ ਭਸੌੜ ਦੀ ਅਗਵਾਈ ਹੇਠ ਹਲਕੇ ਦੇ ਪਿੰਡ ਬੱਲਰਾਂ ਅਤੇ ਭੂਟਾਲ ਕਲਾਂ ਵਿਖੇ ਸੰਗਤਾਂ ਨਾਲ ਮੀਟਿੰਗ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਵੱਡੀ ਗਿਣਤੀ ਸੰਗਤਾਂ ਨੇ ਸ਼ਮੂਲੀਅਤ ਕਰਕੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਤ ਸਮਾਗਮ ਵਿੱਚ ਵਧ-ਚੜ੍ਹ ਕੇ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਭਸੌੜ ਨੇ ਕਿਹਾ ਕਿ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਸਿੱਖ ਕੌਮ ਦੇ ਅਨਮੁੱਲੇ ਹੀਰੇ ਹਨ, ਜਿਨ੍ਹਾਂ ਨੇ ਆਪਣਾ ਪੂਰਾ ਜੀਵਨ ਸਿੱਖ ਕੌਮ ਦੀ ਚੜ੍ਹਦੀ ਕਲਾਂ ਦੇ ਲੇਖੇ ਲਾਇਆ। ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਸਿੱਖ ਕੌਮ ਨਾਲ ਕੀਤੇ ਜਾਂਦੇ ਵਿਤਕਰਿਆਂ ਵਿਰੁੱਧ ਆਵਾਜ਼ ਬੁਲੰਦ ਕੀਤੀ। ਅੱਜ ਦੇ ਸਮੇਂ ਵਿੱਚ ਵੀ ਸਿੱਖ ਕੌਮ ਸਮੇਤ ਸਮੂਹ ਘੱਟ ਗਿਣਤੀਆਂ ਨਾਲ ਭੇਦਭਾਵ ਵਾਲਾ ਰਵੱਈਆ ਸਰਕਾਰਾਂ ਵੱਲੋਂ ਅਪਣਾਇਆ ਜਾ ਰਿਹਾ ਹੈ ਅਤੇ ਸਾਨੂੰ ਸਾਡੇ ਹੱਕਾਂ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ। ਸਿੱਖ ਕੌਮ ਨੂੰ ਬਣਦੇ ਹੱਕ ਦਿਵਾਉਣ ਲਈ ਅਤੇ ਸਾਰਿਆਂ ਲਈ ਬਰਾਬਰਤਾ ਵਾਲੇ ਰਾਜ ਦੀ ਸਥਾਪਨਾ ਲਈ ਸੰਤ ਜਰਨੈਲ ਸਿੰਘ ਭਿੰਡਰਾਂ ਵਾਲਿਆਂ ਦੀ ਸੋਚ 'ਤੇ ਪਹਿਰਾ ਦੇਣ ਦੀ ਲੋੜ ਹੈ।

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 12 ਫਰਵਰੀ ਨੂੰ ਫ਼ਤਹਿਗੜ੍ਹ ਸਾਹਿਬ ਵਿਖੇ ਸੰਤ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ, ਜਿਸ ਵਿੱਚ ਸਮੂਹ ਸੰਗਤ ਨੂੰ ਵਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਜਾਂਦੀ ਹੈ।

# ਪੰਜਾਬ ਬਚਾਓ ਯਾਤਰਾ 'ਚ ਇਸਤਰੀ ਅਕਾਲੀ ਦਲ ਦੀਆਂ ਬੀਬੀਆਂ ਵੱਧ ਤੋਂ ਵੱਧ ਸ਼ਮੂਲੀਅਤ ਕਰਨਗੀਆਂ : ਹਰਗੋਬਿੰਦ ਕੌਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪਰਮਜੀਤ, ਪੂਜਾ, ਚਾਵਲਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਜੋ ਪੰਜਾਬ ਬਚਾਓ ਯਾਤਰਾ ਕੱਢੀ ਜਾ ਰਹੀ ਹੈ ਉਸ ਯਾਤਰਾ ਦੌਰਾਨ ਮਾਲਵਾ ਖੇਤਰ ਵਿੱਚ ਇਸਤਰੀ ਅਕਾਲੀ ਦਲ ਦੀਆਂ ਬੀਬੀਆਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ। ਇਸਤਰੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਨੇ ਕਿਹਾ ਕਿ ਇਸ ਯਾਤਰਾ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਰਾਜ ਭਾਗ ਵਿੱਚ ਕੀਤੇ ਗਏ ਕੰਮਾਂ, ਵਿਕਾਸ ਕਾਰਜਾਂ ਅਤੇ ਲੋਕ ਭਲਾਈ ਸਕੀਮਾਂ ਦਾ ਜ਼ਿਕਰ ਕੀਤਾ ਜਾ ਰਿਹਾ ਹੈ ਅਤੇ ਦੱਸਿਆ ਜਾ ਰਿਹਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਹੀ ਇਕੋ ਇਕ ਖੇਤਰੀ ਪਾਰਟੀ ਹੈ, ਜੋ ਪੰਜਾਬ ਨੂੰ ਬਚਾਅ ਸਕਦੀ ਹੈ, ਕਿਉਂਕਿ ਦੂਜੀਆਂ ਸਿਆਸੀ ਪਾਰਟੀਆਂ ਤਾਂ ਲੋਕਾਂ ਨੂੰ ਝੂਠੇ ਲਾਰੇ ਲਾ ਕੇ ਗੁੰਮਰਾਹ ਹੀ ਕਰ ਰਹੀਆਂ ਹਨ। ਹਰਗੋਬਿੰਦ ਕੌਰ ਨੇ ਕਿਹਾ ਕਿ ਪੰਜਾਬ ਬਚਾਓ ਯਾਤਰਾ 9 ਫਰਵਰੀ ਨੂੰ ਸਵੇਰੇ 10:30 ਵਜੇ ਜੀਰਾ, ਦੁਪਹਿਰ 2:30 ਵਜੇ ਫ਼ਿਰੋਜ਼ਪੁਰ ਸ਼ਹਿਰੀ, 15 ਫਰਵਰੀ ਨੂੰ ਸਵੇਰੇ 10:30 ਵਜੇ ਫ਼ਿਰੋਜ਼ਪੁਰ ਦਿਹਾਤੀ, ਦੁਪਹਿਰ 2-30 ਵਜੇ ਫ਼ਰੀਦਕੋਟ, 19 ਫਰਵਰੀ ਨੂੰ ਸਵੇਰੇ 10:30 ਵਜੇ ਗਿੱਦੜਬਾਹਾ, ਦੁਪਹਿਰ 2-30 ਵਜੇ ਸ੍ਰੀ ਮੁਕਤਸਰ ਸਾਹਿਬ, 20 ਫਰਵਰੀ ਨੂੰ ਸਵੇਰੇ 10-30 ਵਜੇ ਗੁਰੂ ਹਰਸਹਾਏ, ਦੁਪਹਿਰ 2:30 ਵਜੇ ਜਲਾਲਾਬਾਦ, 22 ਫਰਵਰੀ ਨੂੰ ਸਵੇਰੇ 10:30 ਵਜੇ ਫ਼ਾਜ਼ਿਲਕਾ, ਦੁਪਹਿਰ 2:30 ਵਜੇ ਅਬੋਹਰ, 23 ਫਰਵਰੀ ਨੂੰ ਸਵੇਰੇ 10-30 ਵਜੇ ਬੱਲੂਆਣਾ, ਦੁਪਹਿਰ 2:30 ਵਜੇ ਮਲੋਟ, 26 ਫਰਵਰੀ ਨੂੰ ਸਵੇਰੇ 10:30 ਵਜੇ ਲੰਬੀ, ਦੁਪਹਿਰ 2-30 ਵਜੇ ਬਠਿੰਡਾ ਦਿਹਾਤੀ, 27 ਫਰਵਰੀ ਸਵੇਰੇ 10 -30 ਵਜੇ ਬੁੱਚੋ ਮੰਡੀ, ਦੁਪਹਿਰ 2:30 ਵਜੇ ਬਠਿੰਡਾ ਸ਼ਹਿਰੀ, 4 ਮਾਰਚ ਨੂੰ ਸਵੇਰੇ 10 ਵਜੇ ਕੋਟਕਪੂਰਾ, ਦੁਪਹਿਰ 2:30 ਵਜੇ ਜੈਤੋ, 5 ਮਾਰਚ ਨੂੰ ਸਵੇਰੇ 10 ਵਜੇ ਬਾਘਾਪੁਰਾਣਾ, ਦੁਪਹਿਰ 2:30 ਵਜੇ ਨਿਹਾਲ ਸਿੰਘ ਵਾਲਾ, 6 ਮਾਰਚ ਨੂੰ ਸਵੇਰੇ 10:30 ਵਜੇ ਧਰਮਕੋਟ, ਦੁਪਹਿਰ 2-30 ਵਜੇ ਮੋਗਾ, 7 ਮਾਰਚ ਨੂੰ ਸਵੇਰੇ 10:30 ਵਜੇ ਰਾਮਪੁਰਾ ਫੂਲ, ਦੁਪਹਿਰ 2:30 ਵਜੇ ਮੌੜ, 8 ਮਾਰਚ ਨੂੰ ਸਵੇਰੇ 10:30 ਵਜੇ ਬੁਢਲਾਡਾ, ਦੁਪਹਿਰ 2:30 ਵਜੇ ਮਾਨਸਾ ਅਤੇ 11 ਮਾਰਚ ਨੂੰ ਸਵੇਰੇ 10:30 ਵਜੇ ਸਰਦੂਲਗੜ੍ਹ ਤੇ ਦੁਪਹਿਰ 2.30 ਵਜੇ ਤਲਵੰਡੀ ਸਾਬੋ ਵਿਖੇ ਪੁੱਜੇਗੀ।

# ਵਿਸ਼ਵ ਕੈਂਸਰ ਹਫ਼ਤੇ ਮੌਕੇ ਜਾਗਰੂਕਤਾ ਸੈਮੀਨਾਰ

**ਦੋਰਾਹਾ (ਹਰਮਿੰਦਰ ਸੇਠ)**-ਸਿਹਤ ਬਲਾਕ ਪਾਇਲ ਵੱਲੋਂ ਕੌਮੀ ਕੈਂਸਰ ਹਫਤੇ ਮੌਕੇ ਸਿਵਲ ਸਰਜਨ ਲੁਧਿਆਣਾ ਡਾ. ਜਸਵੀਰ ਸਿੰਘ ਔਲਖ ਜੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਹਰਵਿੰਦਰ ਸਿੰਘ ਦੀ ਅਗਵਾਈ ਹੇਠ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਾਇਲ ਵਿੱਚ ਕੈਂਸਰ ਜਾਗਰੂਕਤਾ ਕੈਂਪ ਲਾ ਕੇ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ।

ਇਹ ਜਾਗਰੂਕਤਾ ਕੈਂਪ 6 ਫਰਵਰੀ ਤੋਂ 12 ਫਰਵਰੀ ਤੱਕ ਚਲਾਏ ਜਾਣਗੇ। ਸਰਕਾਰੀ ਕੰਨਿਆ ਸੀਨੀਅਰ ਸਕੈਂਡਰੀ ਸਕੂਲ ਪਾਇਲ ਵਿਖੇ ਜਾਗਰੂਕਤਾ ਸੈਮੀਨਾਰ ਵਿੱਚ ਬਲਾਕ ਐਜੂਕੇਟਰ ਸਵਾਤੀ ਸੱਚਦੇਵਾ ਨੇ ਕੈਂਸਰ ਦੇ ਲੱਛਣਾਂ ਬਾਰੇ ਦੱਸਿਆ ਕਿ ਸਰੀਰ ਵਿੱਚ ਗਿਲਟੀ, ਲਗਾਤਾਰ ਖੰਘ ਅਤੇ ਆਵਾਜ਼ ਵਿੱਚ ਭਾਰੀਪਣ, ਮੂੰਹ ਵਿੱਚ ਨਾ ਠੀਕ ਹੋਣ ਵਾਲੇ ਛਾਲੇ ਅਤੇ ਮਹਾਂਮਾਰੀ ਤੋਂ ਇਲਾਵਾ ਖ਼ੂਨ ਪੈਣਾ ਆਦਿ ਲੱਛਣ ਹੋਣ ਤੇ ਹਸਪਤਾਲ ਵਿੱਚ ਜਾ ਕੇ ਜਾਂਚ ਕਰਾਉਣੀ ਚਾਹੀਦੀ ਹੈ। ਘਰਾਂ ਦੇ ਨੇੜੇ ਮੁਫ਼ਤ ਜਾਂਚ ਲਈ ਸਿਹਤ ਤੰਦਰੁਸਤੀ ਕੇਂਦਰਾਂ ਵਿੱਚ ਤਾਇਨਾਤ ਕਮਿਊਨਿਟੀ ਹੈਲਥ ਅਫ਼ਸਰ ਵੱਲੋਂ ਗੈਰ-ਸੰਚਾਰੀ ਬੀਮਾਰੀਆਂ ਖਾਸ ਤੌਰ 'ਤੇ ਕੈਂਸਰ ਦੀ ਜਾਗਰੂਕਤਾ ਕਰਨ ਦੇ ਨਾਲ-ਨਾਲ ਇਨ੍ਹਾਂ ਬਿਮਾਰੀਆਂ ਦੀ ਮੁੱਢਲੇ ਪੜਾਵਾਂ 'ਤੇ ਜਾਂਚ ਕਰਕੇ ਜ਼ਰੂਰੀ ਇਲਾਜ ਮੁਹੱਈਆ ਕਰਾਇਆ ਜਾਂਦਾ ਹੈ। ਇਸ ਮੌਕੇ ਉਨ੍ਹਾਂ ਦੱਸਿਆ ਕੇ ਸਾਨੂੰ ਰੋਜ਼ਾਨਾ ਕਸਰਤ ਅਤੇ ਸੰਤੁਲਤ ਭੋਜਨ ਕਰਨਾ ਚਾਹੀਦਾ ਹੈ।

# 16 ਦੇ ਪੇਂਡੂ ਭਾਰਤ ਬੰਦ ਤੇ ਉਦਯੋਗਿਕ ਹੜਤਾਲ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਲੁਧਿਆਣਾ (ਐਮ.ਐਸ.ਭਾਟੀਆ)**-16 ਫਰਵਰੀ ਦੇ ਭਾਰਤ ਬੰਦ ਅਤੇ ਹੜਤਾਲ ਦੀਆਂ ਤਿਆਰੀਆਂ ਲਈ ਬਣਾਈ ਗਈ 6 ਮੈਂਬਰੀ ਕਮੇਟੀ ਦੀ ਮੀਟਿੰਗ ਸਾਥੀ ਰਾਮ ਲਾਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਜਿਹੜੀਆਂ ਯੂਨੀਅਨਾਂ ਇਸ ਹੜਤਾਲ ਵਿੱਚ ਸਿੱਧੇ ਤੌਰ 'ਤੇ ਸ਼ਾਮਲ ਨਹੀਂ ਹੋ ਰਹੀਆਂ ਉਨ੍ਹਾਂ ਨੂੰ ਮਿਲ ਕੇ ਸੱਦਾ ਪੱਤਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਨੂੰ ਰੈਲੀ ਲਈ ਬੁਲਾਇਆ ਜਾਵੇਗਾ। ਇਸ ਤੋਂ ਇਲਾਵਾ ਸ਼ਹਿਰ ਦੀਆਂ ਵੱਖ-ਵੱਖ ਵਪਾਰਕ ਅਤੇ ਸਨਅਤੀ ਅਦਾਰਿਆਂ ਦੀਆਂ ਜਥੇਬੰਦੀਆਂ, ਟਰਾਂਸਪੋਰਟਾਂ ਦੀਆਂ ਯੂਨੀਅਨਾਂ, ਟੈਂਪੂ ਯੂਨੀਅਨਾਂ ਆਦਿ ਤੋਂ ਇਲਾਵਾ ਮੁਹੱਲਾ ਕਮੇਟੀਆਂ ਅਤੇ ਐਸੋਸੀਏਸ਼ਨਾਂ ਨੂੰ ਮਿਲ ਕੇ ਸਮਰਥਨ ਪ੍ਰਾਪਤ ਕੀਤਾ ਜਾਵੇਗਾ। 16 ਤਰੀਕ ਤੋਂ ਪਹਿਲਾਂ ਸ਼ਹਿਰ ਦੇ ਵੱਖ-ਵੱਖ ਮੁੱਖ ਚੌਕਾਂ ਵਿਖੇ ਖਲੋ ਕੇ ਇਸ ਬੰਦ ਲਈ ਅਪੀਲ ਕੀਤੀ ਜਾਵੇਗੀ ਅਤੇ ਬੰਦ ਨਾਲ ਸੰਬੰਧਤ ਮੰਗਾਂ ਉਭਾਰੀਆਂ ਜਾਣਗੀਆਂ । ਇਹ ਭਾਰਤ ਬੰਦ ਅਤੇ ਹੜਤਾਲ ਸਿਰਫ ਮਜ਼ਦੂਰਾਂ ਮੁਲਾਜ਼ਮਾਂ ਅਤੇ ਕਿਸਾਨਾਂ ਦੀਆਂ ਮੰਗਾਂ ਲਈ ਨਹੀਂ ਸਗੋਂ ਆਮ ਲੋਕਾਂ ਨਾਲ ਸੰਬੰਧਤ ਵੀ ਹੈ, ਕਿਉਂਕਿ ਮਹਿੰਗਾਈ, ਬੇਰੋਜ਼ਗਾਰੀ ਅਤੇ ਸੰਵਿਧਾਨਕ ਸੰਸਥਾਵਾਂ ਦੇ ਕੀਤੇ ਜਾ ਰਹੇ ਘਾਣ ਦਾ ਅਸਰ ਦੇਸ਼ ਦੇ ਆਮ ਲੋਕਾਂ 'ਤੇ ਪਵੇਗਾ। ਮੀਟਿੰਗ ਵਿੱਚ ਸਾਥੀ ਡੀ ਪੀ ਮੌੜ, ਜਗਦੀਸ਼ ਚੰਦ, ਜੋਗਿੰਦਰ ਰਾਮ, ਐਮ.ਐਸ.ਭਾਟੀਆ, ਪਰਮਜੀਤ ਸਿੰਘ ਅਤੇ ਰਾਮ ਲਾਲ ਸ਼ਾਮਲ ਹੋਏ।

# ਡੀ ਏ ਵੀ ਸਕੂਲ 'ਚ ਵਿਦਾਇਗੀ ਪਾਰਟੀ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਡੀ.ਏ.ਵੀ ਪਬਲਿਕ ਸਕੂਲ ਵੱਲੋਂ ਸਕੂਲ ਦੇ ਵਿਹੜੇ ਵਿਚ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦਾ ਵਿਦਾਇਗੀ ਸਮਾਗਮ ਕਰਵਾਇਆ ਗਿਆ। ਵਿਦਾਇਗੀ ਸਮਾਰੋਹ ਦੀ ਪ੍ਰਧਾਨਗੀ ਸਕੂਲ ਦੀ ਪ੍ਰਿੰਸੀਪਲ ਸੰਧਿਆ ਬਠਲਾ ਨੇ ਕੀਤੀ। ਵਿਦਾਇਗੀ ਸਮਾਗਮ ਵਿਚ ਸਭ ਤੋਂ ਪਹਿਲਾਂ ਵਿਦਿਆਰਥੀਆਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ 'ਤੇ ਵਿਦਿਆਰਥੀਆਂ ਦੀਆਂ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਕਰਵਾਈਆਂ ਗਈਆਂ। ਇਸ ਮੌਕੇ ਪ੍ਰਿੰਸੀਪਲ ਸੰਧਿਆ ਬਠਲਾ ਨੇ ਬੱਚਿਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਦੁਨੀਆ ਨੂੰ ਤੁਹਾਡੇ ਵਰਗੇ ਸੂਝਵਾਨ ਨੌਜਵਾਨਾਂ ਦੀ ਲੋੜ ਹੈ। ਸਫਲਤਾ ਤੁਹਾਡੇ ਰਾਹ 'ਤੇ ਰਹੇਗੀ। ਬਸ ਆਪਣੇ ਮਨ ਵਿਚ ਰੱਖੋ ਕਿ ਤੁਸੀਂ ਆਪਣੇ ਸਾਰੇ ਕੰਮਾਂ ਵਿਚ ਸਹੀ ਹੋ ਅਤੇ ਇਹ ਵੀ ਨਾ ਭੁੱਲੋ ਕਿ ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ। ਇਸ ਮੌਕੇ 'ਤੇ ਸਕੂਲ ਦੇ ਚੇਅਰਮੈਨ ਰਵੀ ਛਾਬੜਾ ਨੇ ਆਪਣੇ ਸੰਦੇਸ਼ 'ਚ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਮੇਰੀ ਕਾਮਨਾ ਹੈ ਕਿ ਤੁਸੀਂ ਦਿਨ ਰਾਤ ਚੌਗੁਣੀ ਤਰੱਕੀ ਕਰਦੇ ਰਹੋ ਅਤੇ ਸਮਾਜ ਨੂੰ ਨਵੀਂ ਦਿਸ਼ਾ ਪ੍ਰਦਾਨ ਕਰਦੇ ਰਹੋ। ਸਮਾਗਮ ਦੇ ਅੰਤ ਵਿਚ ਸਮੂਹ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦਿੱਤੇ ਗਏ।

# 'ਆਪ' ਦੀ ਸਰਕਾਰ, ਆਪ ਦੇ ਦੁਆਰ' ਤਹਿਤ ਲੱਗੇ 45 ਕੈਂਪਾਂ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ



**ਲੁਧਿਆਣਾ (ਰਾਜ ਸਿੰਗਲਾ)**

ਲੋਕਾਂ ਨੂੰ ਦਫ਼ਤਰਾਂ ਵਿੱਚ ਜਾਣ ਦੀ ਬਜਾਏ ਉਨ੍ਹਾਂ ਦੇ ਜੱਦੀ ਸਥਾਨਾਂ 'ਤੇ ਹੀ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਲਈ 'ਆਪ ਦੀ ਸਰਕਾਰ' ਦੇ ਉਪਰਾਲੇ ਤਹਿਤ ਲੁਧਿਆਣਾ ਪ੍ਰਸ਼ਾਸਨ ਨੇ ਪਹਿਲੇ ਦਿਨ 45 ਕੈਂਪ ਲਾਏ ਜਿਨ੍ਹਾਂ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ।

ਵਿਧਾਇਕ ਸਰਵਜੀਤ ਕੌਰ ਮਾਣੂੰਕੇ, ਰਜਿੰਦਰਪਾਲ ਕੌਰ ਛੀਨਾ, ਜੀਵਨ ਸਿੰਘ ਸੰਗੋਵਾਲ, ਮਦਨ ਲਾਲ ਬੱਗਾ, ਹਰਦੀਪ ਸਿੰਘ ਮੁੰਡੀਆਂ, ਹਾਕਮ ਸਿੰਘ ਠੇਕੇਦਾਰ, ਮਨਵਿੰਦਰ ਸਿੰਘ ਗਿਆਸਪੁਰਾ, ਜਗਤਾਰ ਸਿੰਘ ਦਿਆਲਪੁਰਾ ਆਦਿ ਨੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨਾਲ ਕਈ ਇਲਾਕਿਆਂ ਵਿੱਚ ਕੈਂਪਾਂ ਦਾ ਦੌਰਾ ਕੀਤਾ। ਉਨ੍ਹਾਂ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਕੈਂਪਾਂ ਵਿੱਚ ਸੇਵਾਵਾਂ ਲੈਣ ਵਾਲੇ ਲੋਕਾਂ ਨੂੰ ਮੌਕੇ 'ਤੇ ਹੀ ਦਸਤਾਵੇਜ਼ ਵੀ ਸੌਂਪੇ।

ਲੋਕਾਂ ਨੇ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਹੈ, ਕਿਉਂਕਿ ਹੁਣ ਉਨ੍ਹਾਂ ਨੂੰ 44 ਤਰ੍ਹਾਂ ਦੀਆਂ ਸੇਵਾਵਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਮਿਲਣਗੀਆਂ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਧਾਂਦਰਾ, ਫੁੱਲਾਂਵਾਲ ਵਿਖੇ ਲਾਏ ਕੈਂਪਾਂ ਦਾ ਜਾਇਜ਼ਾ ਲਿਆ ਤੇ ਸੈਂਕੜੇ ਲੋਕਾਂ ਨਾਲ ਮੁਲਾਕਾਤ ਕਰਨ ਤੋਂ ਇਲਾਵਾ ਉਨ੍ਹਾਂ ਨੂੰ ਮੌਕੇ 'ਤੇ ਹੀ ਨਾਗਰਿਕ ਕੇਂਦਰਿਤ ਸੇਵਾਵਾਂ ਮੁਹੱਈਆ ਕਰਾਈਆਂ। ਵਧੀਕ ਡਿਪਟੀ ਕਮਿਸ਼ਨਰ (ਜ) ਓਜਸਵੀ ਅਲੰਕਾਰ, ਐਸ.ਡੀ.ਐਮ. ਦੀਪਕ ਭਾਟੀਆ ਦੇ ਨਾਲ ਸਾਹਨੀ ਨੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਠਰੰਮੇ ਨਾਲ ਸੁਣਿਆ ਅਤੇ ਕੈਂਪਾਂ ਵਿੱਚ ਹਰੇਕ ਵਿਭਾਗ ਦੇ ਕਾਊਂਟਰਾਂ ਦਾ ਦੌਰਾ ਕਰਕੇ ਅਧਿਕਾਰੀਆਂ ਤੋਂ ਫੀਡਬੈਕ ਲਿਆ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਪਿੰਡਾਂ ਤੇ ਸ਼ਹਿਰੀ ਖੇਤਰਾਂ ਵਿੱਚ ਰੋਜ਼ਾਨਾ ਅਜਿਹੇ ਕੈਂਪ ਲਾਏ ਜਾਣਗੇ ਤਾਂ ਜੁ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਜਾ ਕੇ ਸੇਵਾਵਾਂ ਲੈਣ ਵਿੱਚ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਡਿਪਟੀ ਕਮਿਸ਼ਨਰ ਸਾਹਨੀ ਨੇ ਕਿਹਾ ਕਿ ਕੈਂਪਾਂ ਵਿੱਚ ਆਉਣ ਵਾਲੇ ਲੋਕਾਂ ਨੂੰ ਵੱਧ ਤੋਂ ਵੱਧ ਸਕੀਮਾਂ ਦਾ ਲਾਭ ਪੁਚਾਉਣ ਲਈ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ ਅਤੇ ਲੋਕਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਲਈ ਜਨਤਕ ਤੌਰ 'ਤੇ ਪ੍ਰਚਾਰ ਯਕੀਨੀ ਬਣਾਇਆ ਜਾਵੇਗਾ।

# 16 ਦੇ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਕਿਸਾਨਾਂ ਨੇ ਵਪਾਰੀਆਂ ਤੋਂ ਸਹਿਯੋਗ ਮੰਗਿਆ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਵੱਲੋਂ 16 ਫਰਵਰੀ ਦੇ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਦੀਆਂ ਜ਼ਮੀਨੀ ਪੱਧਰ 'ਤੇ ਵਿਉਂਤਬੰਦੀ ਤਹਿਤ ਕਿਸਾਨ ਆਗੂਆਂ ਦੀ ਵਪਾਰੀਆਂ ਨਾਲ ਅਹਿਮ ਮੀਟਿੰਗ ਆੜ੍ਹਤੀਆ ਐਸੋਸੀਏਸ਼ਨ ਦੇ ਦਫ਼ਤਰ ਵਿਖੇ ਹੋਈ।

ਇਸ ਮੀਟਿੰਗ ਦੌਰਾਨ ਸੰਯੁਕਤ ਕਿਸਾਨ ਮੋਰਚੇ ਵੱਲੋਂ ਮੇਜਰ ਸਿੰਘ ਪੁੰਨਾਵਾਲ, ਬਲਵਿੰਦਰ ਸਿੰਘ ਜੱਖਲਾਂ, ਰਾਮ ਸਿੰਘ ਕੱਕੜਵਾਲ, ਗੁਰਜੀਤ ਸਿੰਘ ਭੜੀ ਮਾਨਸਾ ਸਮੇਤ ਹੋਰ ਕਿਸਾਨ ਆਗੂਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਵਪਾਰੀਆਂ ਤੋਂ 16 ਫ਼ਰਵਰੀ ਦੇ ਭਾਰਤ ਬੰਦ ਦੇ ਸੱਦੇ ਵਿੱਚ ਸਮਰਥਨ ਦੀ ਮੰਗ ਕੀਤੀ। ਸੰਬੋਧਨ ਕਰਦਿਆਂ ਸੂਬਾਈ ਆਗੂ ਮੇਜਰ ਸਿੰਘ ਪੁੰਨਾਂਵਾਲ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਅਨੁਸਾਰ 16 ਫਰਵਰੀ ਵਾਲੇ ਦਿਨ ਨੂੰ ਜਿਲਾ ਤੇ ਤਹਿਸੀਲ ਕੇਂਦਰਾਂ ਪ੍ਰਮੁੱਖ ਸੜਕਾਂ ਅਤੇ ਚੌਕਾਂ 'ਤੇ ਵੱਡੇ ਇਕੱਠ ਕਰਕੇ ਜਾਮ ਕਰਨ ਦਾ ਫੈਸਲਾ ਵੀ ਕੀਤਾ ਗਿਆ। ਮੀਟਿੰਗ ਮਗਰੋਂ ਆਗੂਆਂ ਨੇ ਦੱਸਿਆ ਕਿ ਭਾਰਤ ਬੰਦ ਦੇਸ ਦੇ ਖੇਤੀ ਖੇਤਰ, ਸਨਅਤੀ ਖੇਤਰ, ਸਿੱਖਿਆ, ਸਿਹਤ, ਟਰਾਂਸਪੋਰਟ, ਰੇਲਵੇ ਤੇ ਬਿਜਲੀ ਸਮੇਤ ਹੋਰ ਪਬਲਿਕ ਸੈਕਟਰ ਉੱਪਰ ਕੀਤੇ ਜਾ ਰਹੇ ਹਮਲੇ ਤੇ ਕਾਰਪੋਰੇਟ ਪੱਖੀ ਨੀਤੀਆਂ ਨਾਲ ਵਿੱਢੇ ਗਏ ਉਜਾੜੇ ਵਿਰੁੱਧ ਲੋਕਾਂ ਦੇ ਰੋਹ ਦਾ ਪ੍ਰਗਟਾਵਾ ਕਰੇਗਾ। ਆੜ੍ਹਤੀਆ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਗਤਾਰ ਸਿੰਘ ਸਮਰਾ, ਧਰਮਪਾਲ ਆਦਿ ਨੇ ਆੜ੍ਹਤੀਆਂ ਵੱਲੋਂ 16 ਫ਼ਰਵਰੀ ਦੇ ਭਾਰਤ ਬੰਦ ਦਾ ਸਮਰਥਨ ਕਰਨ ਦਾ ਫ਼ੈਸਲਾ ਕਰਦਿਆਂ ਆਪਣੇ ਅਦਾਰੇ ਪੂਰਨ ਰੂਪ ਵਿੱਚ ਬੰਦ ਰੱਖਣ ਦਾ ਐਲਾਨ ਕੀਤਾ। ਉਧਰ ਧੂਰੀ ਵਪਾਰ ਮੰਡਲ ਦੇ ਪ੍ਰਧਾਨ ਵਿਕਾਸ ਜੈਨ, ਹੰਸ ਰਾਜ ਬਜਾਜ ਅਤੇ ਅਮਨ ਗਰਗ ਨੇ ਦੱਸਿਆ ਕਿ 16 ਫ਼ਰਵਰੀ ਦੇ ਬੰਦ ਦੇ ਸਮਰਥਨ ਸਬੰਧੀ 12 ਫ਼ਰਵਰੀ ਨੂੰ ਧੂਰੀ ਵਪਾਰ ਮੰਡਲ ਵਿੱਚ ਸ਼ਾਮਲ 30 ਟਰੇਡ ਐਸੋਸੀਏਸ਼ਨਾਂ ਦੀ ਮੀਟਿੰਗ ਸੱਦੀ ਗਈ ਹੈ, ਉਸ ਉਪਰੰਤ ਹੀ ਸਮਰਥਨ ਦਾ ਐਲਾਨ ਕੀਤਾ ਜਾਵੇਗਾ।

# ਮੁੱਖ ਮੰਤਰੀ ਰੋਜ਼ਾਨਾ ਕਰ ਰਹੇ ਇਤਿਹਾਸਕ ਫੈਸਲੇ : ਵਿਧਾਇਕ ਰਾਏ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜਦੋਂ ਤੋਂ ਸੂਬੇ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਬਣੀ ਹੈ, ਉਦੋਂ ਤੋਂ ਹੀ ਪੰਜਾਬ ਦੇ ਲੋਕਾਂ ਵਾਸਤੇ ਰੋਜ਼ਾਨਾ ਇਤਿਹਾਸਕ ਫ਼ੈਸਲੇ ਕੀਤੇ ਜਾ ਰਹੇ ਹਨ, ਜੋ 70 ਸਾਲ ਵਿੱਚ ਕਿਸੇ ਸਿਆਸੀ ਪਾਰਟੀ ਨੇ ਨਹੀਂ ਕੀਤੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ 'ਆਪ' ਦੀ ਸਰਕਾਰ ਆਪ ਦੇ ਦੁਆਰ ਤਹਿਤ ਲਾਏ ਕੈਂਪਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਪੰਜਾਬ ਦੇ ਲੋਕਾਂ ਨਾਲ ਇਹ ਵਾਅਦਾ ਕੀਤਾ ਸੀ ਕਿ ਉਨ੍ਹਾਂ ਨੂੰ ਸਰਕਾਰੀ ਦਫਤਰਾਂ ਦੇ ਗੇੜੇ ਨਹੀਂ ਮਾਰਨੇ ਪੈਣਗੇ, ਸਗੋਂ ਸਰਕਾਰੀ ਦਫ਼ਤਰ ਉਨ੍ਹਾਂ ਤੱਕ ਪਹੁੰਚਣਗੇ ਅਤੇ ਇਸ ਵਾਅਦੇ ਨੂੰ ਪੂਰਾ ਕਰਨ ਲਈ ਸਰਕਾਰ ਨੇ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਕੈਂਪ ਲਾਉਣੇ ਸ਼ੁਰੂ ਕੀਤੇ ਹਨ, ਜੋ ਲੋਕਾਂ ਲਈ ਵੱਡੀ ਰਾਹਤ ਸਾਬਤ ਹੋਣਗੇ। ਵਿਧਾਇਕ ਰਾਏ ਨੇ ਕਿਹਾ ਕਿ ਸਰਕਾਰ ਵੱਲੋਂ ਰਜਿਸਟਰੀਆਂ ਬਣਾਉਣ ਮੌਕੇ ਵੱਖ-ਵੱਖ ਤਰ੍ਹਾਂ ਦੀਆਂ ਐਨਓਸੀ ਵਾਪਸ ਲੈਣ ਦਾ ਫ਼ੈਸਲਾ ਅਜਿਹਾ ਫੈਸਲਾ ਹੈ, ਜੋ ਵੱਡੀ ਪੱਧਰ 'ਤੇ ਲੋਕਾਂ ਨੂੰ ਲਾਭ ਦੇਵੇਗਾ ਅਤੇ ਹੁਣ ਲੋਕ ਰਜਿਸਟਰੀਆਂ ਲਈ ਐਨਓਸੀ ਵਾਸਤੇ ਦਫ਼ਤਰਾਂ ਦੇ ਗੇੜੇ ਨਹੀਂ ਮਾਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਹੁਣ ਵੱਖ-ਵੱਖ ਤਰ੍ਹਾਂ ਦੀਆਂ 43 ਸੇਵਾਵਾਂ ਆਪਣੇ ਘਰਾਂ ਨੇੜੇ ਹਾਸਲ ਕਰਨ ਲਈ ਹੈਲਪਲਾਈਨ ਨੰਬਰ 1076 'ਤੇ ਸੰਪਰਕ ਕੀਤਾ ਜਾ ਸਕਦਾ ਹੈ ਅਤੇ ਉਸ ਸਹੂਲਤਾਂ ਲੋਕਾਂ ਦੇ ਘਰਾਂ ਤੱਕ ਮੁਹੱਈਆ ਕਰਾਈਆਂ ਜਾਣਗੀਆਂ।

# ਵਜ਼ੀਫ਼ੇ ਦੀ ਗ਼ਲਤ ਅਦਾਇਗੀ ਦਾ ਹਰਜਾਨਾ ਅਧਿਆਪਕ ਕਿਉਂ ਭਰਨ : ਡੀ ਟੀ ਐੱਫ਼



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ)**-ਪੰਜਾਬ ਸਰਕਾਰ ਦੀ ਅਫ਼ਸਰਸ਼ਾਹੀ ਦੀਆਂ ਗ਼ਲਤੀਆਂ ਦਾ ਖਮਿਆਜ਼ਾ ਸਕੂਲ ਮੁਖੀਆਂ ਅਤੇ ਅਧਿਆਪਕਾਂ ਨੂੰ ਭੁਗਤਣਾ ਪੈ ਰਿਹਾ ਹੈ। ਜਾਣਕਾਰੀ ਅਨੁਸਾਰ ਪ੍ਰੀ ਮੈਟ੍ਰਿਕ ਵਜ਼ੀਫ਼ਾ ਫਾਰ ਐਸ.ਸੀ.ਐਂਡ ਅਦਰਜ ਸਟੂਡੈਂਟ ਸਕੀਮ ਤਹਿਤ ਪੰਜਾਬ ਫਾਇਨਾਂਸ ਸਿਸਟਮ ਪੋਰਟਲ ਰਾਹੀਂ ਯੋਗ ਲਾਭਪਾਤਰੀ ਵਿਦਿਆਰਥੀਆਂ ਦੇ ਖਾਤੇ ਵਿੱਚ 1400/- ਰੁਪਏ ਪ੍ਰਤੀ ਵਿਦਿਆਰਥੀ ਰਾਸ਼ੀ ਜਮ੍ਹਾਂ ਕੀਤੀ ਜਾਣੀ ਬਣਦੀ ਸੀ, ਪ੍ਰੰਤੂ ਵਿਭਾਗ ਦੀ ਅਣਗਹਿਲੀ ਕਾਰਨ 23001 ਵਿਦਿਆਰਥੀਆਂ ਦੇ ਖਾਤੇ ਵਿੱਚ ਦੁੱਗਣੀ ਤੇ 694 ਵਿਦਿਆਰਥੀਆਂ ਦੇ ਖਾਤੇ ਵਿੱਚ ਤਿੰਨ ਗੁਣਾ ਰਾਸ਼ੀ ਜਮ੍ਹਾਂ ਕਰ ਦਿੱਤੀ। ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਆਪਣੀ ਗਲਤੀ ਛੁਪਾਉਣ ਲਈ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਰਾਹੀਂ ਸਕੂਲ ਮੁਖੀਆਂ ਨੂੰ ਇਹ ਰਾਸ਼ੀ ਵਿਦਿਆਰਥੀਆਂ ਤੋਂ ਰਿਕਵਰ ਕਰਕੇ ਜਮ੍ਹਾਂ ਕਰਾਉਣ ਦੇ ਫੁਰਮਾਨ ਪਿਛਲੇ ਦੋ-ਤਿੰਨ ਮਹੀਨਿਆਂ ਤੋਂ ਵਾਰ ਵਾਰ ਜਾਰੀ ਕੀਤੇ ਜਾ ਰਹੇ ਹਨ। ਇਸ ਦੀ ਤਾਜ਼ਾ ਮਿਸਾਲ ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਮੁਕਤਸਰ ਸ਼ਿਵ ਪਾਲ ਗੋਇਲ ਵੱਲੋਂ ਸਕੂਲ ਮੁਖੀਆਂ ਨਾਲ ਕੀਤੀ ਗਈ ਜ਼ੂਮ ਮੀਟਿੰਗ ਤੋਂ ਮਿਲਦਾ ਹੈ। ਜ਼ੂਮ ਮੀਟਿੰਗ ਰਾਹੀਂ ਉਨ੍ਹਾਂ ਨੇ ਸਕੂਲ ਮੁਖੀਆਂ ਨੂੰ ਡੀ.ਜੀ.ਐਸ.ਸੀ. ਪੰਜਾਬ ਦੇ ਹਵਾਲੇ ਨਾਲ ਵਾਰ ਵਾਰ 'ਹੁੱਕ ਐਂਡ ਕਰੁੱਕ' ਸ਼ਬਦ ਦੀ ਵਰਤੋਂ ਕਰਦਿਆਂ ਆਉਂਦੇ ਕੱਲ੍ਹ ਤੱਕ ਹਰ ਹਾਲਤ ਵਜ਼ੀਫ਼ੇ ਦੀ ਰਿਕਵਰੀ ਰਾਸ਼ੀ ਸਰਕਾਰੀ ਖਾਤੇ ਵਿੱਚ ਜਮ੍ਹਾਂ ਕਰਾਉਣ ਦੇ ਹੁਕਮ ਚਾੜ੍ਹ ਦਿੱਤੇ। ਜ਼ਿਲ੍ਹਾ ਸਿੱਖਿਆ ਅਧਿਕਾਰੀ ਨੇ ਪ੍ਰੀ ਮੈਟ੍ਰਿਕ ਐਸ.ਸੀ. ਸਕਾਲਰਸ਼ਿਪ ਸਕੀਮ ਲਈ ਜ਼ਿਲ੍ਹੇ ਦੇ ਘੱਟੋ-ਘੱਟ 50% ਵਿਦਿਆਰਥੀਆਂ ਨੂੰ ਅਪਲਾਈ ਕਰਨ ਲਈ ਹੁਕਮ ਵੀ ਚਾੜ੍ਹੇ। ਉਨ੍ਹਾਂ ਨੇ ਅਧਿਆਪਕਾਂ ਤੇ ਦਬਾਅ ਬਣਾਇਆ ਕਿ ਕਿਸੇ ਵੀ ਢੰਗ ਨਾਲ ਵਿਦਿਆਰਥੀਆਂ ਦੇ ਜਾਤੀ, ਰਿਹਾਇਸ਼ੀ ਤੇ ਆਮਦਨ ਸਰਟੀਫ਼ਿਕੇਟ ਹਰ ਹਾਲਤ ਬਣਵਾਏ ਜਾਣ। ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰ ਫਰੰਟ ਦੇ ਸੂਬਾ ਪ੍ਰਧਾਨ ਦਿੱਗਵਿਜੈਪਾਲ ਸ਼ਰਮਾ ਸੂਬਾ ਸਕੱਤਰ ਬਲਬੀਰ ਲੌਂਗੋਵਾਲ ਅਤੇ ਵਿੱਤ ਸਕੱਤਰ ਜਸਵਿੰਦਰ ਗੋਨਿਆਣਾ ਨੇ ਵਿਭਾਗੀ ਅਣਗਹਿਲੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀ ਕਰਦਿਆਂ ਕਿਹਾ ਕਿ ਵਜ਼ੀਫ਼ਾ ਰਾਸੀ ਦਾ ਬੋਝ ਸਕੂਲ ਮੁਖੀਆਂ ਅਤੇ ਅਧਿਆਪਕਾਂ ਦੀ ਜੇਬ 'ਤੇ ਪਵੇਗਾ। ਆਗੂਆਂ ਨੇ ਦੱਸਿਆ ਕਿ ਇਹ ਰਾਸ਼ੀ 2022-23 ਦੇ ਲਾਭਪਾਤਰੀਆਂ ਦੀ ਹੈ ਅਤੇ ਇਨ੍ਹਾਂ ਵਿੱਚੋਂ ਕਾਫੀ ਵਿਦਿਆਰਥੀ ਦਸਵੀਂ ਜਮਾਤ ਪਾਸ ਕਰਨ ਉਪਰੰਤ ਸਕੂਲ ਛੱਡ ਚੁੱਕੇ ਹਨ। ਕੁੱਝ ਸਕੂਲਾਂ ਵਿੱਚ ਪ੍ਰਵਾਸੀ ਮਜ਼ਦੂਰਾਂ ਦੇ ਬੱਚੇ ਆਪਣੇ ਮਾਪਿਆਂ ਨਾਲ ਪਿੱਤਰੀ ਰਾਜਾਂ ਵਿੱਚ ਪਰਤ ਚੁੱਕੇ ਹਨ। ਅਜਿਹੀ ਸਥਿਤੀ ਵਿੱਚ ਰਿਕਵਰੀ ਕਰਨਾ ਬੇਹੱਦ ਮੁਸ਼ਕਲ ਹੈ। ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਹਰੀਕੇ, ਜ਼ਿਲ੍ਹਾ ਸਕੱਤਰ ਜੀਵਨ ਸਿੰਘ ਬਧਾਈ ਨੇ ਅਣਗਹਿਲੀ ਕਰਨ ਵਾਲੇ ਉੱਚ ਅਧਿਕਾਰੀਆਂ ਖਿਲਾਫ਼ ਵਿਭਾਗੀ ਕਾਰਵਾਈ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਇਸ ਗਲਤੀ ਦਾ ਹਰਜਾਨਾ ਅਧਿਆਪਕ ਵਰਗ ਕਿਉਂ ਭਰੇ ?

ਇਸ ਸਮੇਂ ਸੀਨੀਅਰ ਮੀਤ ਪ੍ਰਧਾਨ ਸੁਰਿੰਦਰ ਸੇਤੀਆ ਵਿੱਤ ਸਕੱਤਰ ਨੀਰਜ ਬਜਾਜ, ਬਲਾਕ ਮਲੋਟ ਦੇ ਪ੍ਰਧਾਨ ਵਰਿੰਦਰ ਬਾਹਿਲ, ਲੰਬੀ ਦੇ ਪ੍ਰਧਾਨ ਗੁਰਪ੍ਰੀਤ ਲੰਬੀ, ਗਿੱਦੜਬਾਹਾ ਦੇ ਪ੍ਰਧਾਨ, ਅਮਿਤ ਬੱਬਰ, ਮੁਕਤਸਰ 2 ਦੇ ਪ੍ਰਧਾਨ ਪਰਮਿੰਦਰ ਖੋਖਰ, ਬੂਟਾ ਸਿੰਘ ਵਾਕਫ਼ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਹਾਜ਼ਰ ਸਨ।

ਉੱਤਰ ਰੇਲਵੇ

EXPRESSION OF INTEREST

No. NR-FZR0COML(NFR)/4/2024 Date: 07/02/2024

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ, ਸੀਨੀਅਰ ਮੰਡਲ ਵਾਣਿਜਕ ਪ੍ਰਬੰਧਕ, ਫਿਰੋਜ਼ਪੁਰ ਡਵੀਜ਼ਨ, ਉੱਤਰ ਰੇਲਵੇ, ਗੈਰ-ਮੇਲਾ ਦਿਨਾਂ ਵਿਚ ਰੇਲਵੇ ਸਟੇਸ਼ਨ ਸੁਲਤਾਨਪੁਰ ਲੋਧੀ ਵਿਚ ਮੇਲਾ ਵੇਟਿੰਗ ਦੇ ਸੰਚਾਲਨ ਨਵੀਨੀਕਰਨ, ਅਤੇ ਰਖਰਖਾਅ ਦੇ ਲਈ Expression of Interest ਮੰਗ ਕਰਦਾ ਹੈ। ਇਛੁਕ ਪਾਰਟੀਆਂ ਨੂੰ ਬੇਨਤੀ ਹੈ ਕਿ ਉਹ ਰੇਲਵੇ ਸਟੇਸ਼ਨ/ਸਥਾਨ/ਖੇਤਰ ਦਾ ਦੌਰਾ ਕਰਕੇ ਕਮਾਈ ਸਮਰਥਾ ਤੋਂ ਜਾਣੂ ਹੋਣ ਅਤੇ ਆਪਣੇ ਵਿਚਾਰਾਂ ਨੂੰ ਵਿਸਤ੍ਰਿਤ ਪ੍ਰਸਤਾਵ ਦੇ ਨਾਲ 06/03/2024 ਤਕ ਇਸ ਦਫਤਰ ਵਿਚ ਪ੍ਰਸਤੁਤ ਕਰਨ। ਪਾਰਟੀਆਂ ਦੁਆਰਾ ਪੇਸ਼ ਵਿਚਾਰਾਂ ਤੇ ਅੰਤਮ ਫੈਸਲਾ ਰੇਲਵੇ ਪ੍ਰਸ਼ਾਸਨ ਦੁਆਰਾ ਲਿਆ ਜਾਵੇਗਾ।

ਵਧੇਰੇ ਜਾਣਕਾਰੀ ਦੇ ਲਈ ਕਿਰਪਾ ਉੱਤਰ ਰੇਲਵੇ ਦੀ ਵੈਬਸਾਈਟ https://nr.indianrailways.gov.in 'ਤੇ ਵੇਖੋ ਜਾਂ ਸੀਨੀਅਰ ਮੰਡਲ ਵਾਣਿਜਕ ਪ੍ਰਬੰਧਕ ਦਫਤਰ, ਉੱਤਰ ਰੇਲਵੇ, ਡੀਆਰਐਮ ਦਫਤਰ, ਫਿਰੋਜ਼ਪੁਰ ਕੈਂਟ ਦੇ ਦਫ਼ਤਰ ਵਿਚ ਦਫਤਰ ਸਮੇਂ ਦੇ ਦੌਰਾਨ ਕਿਸੇ ਵੀ ਕੰਮ ਵਾਲੇ ਦਿਨ ਵਿਚ ਸੰਪਰਕ ਕਰਨ।

ਕ੍ਰਿਤੇ ਸੀਨੀਅਰ ਮੰਡਲ ਵਾਣਿਜਕ ਪ੍ਰਬੰਧਕ, ਉੱਤਰ ਰੇਲਵੇ, ਫਿਰੋਜ਼ਪੁਰ ਮੰਡਲ, ਡੀਆਰਐਮ ਦਫਤਰ, ਫਿਰੋਜ਼ਪੁਰ ਕੈਂਟ 152001,

ਟੈਲੀਫੋਨ ਨੰਬਰ : 01632244470, ਈ-ਮੇਲ- pamcell.fzr@gmail.com

415/24 ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਪੇਂਡੂ ਮਜ਼ਦੂਰ ਯੂਨੀਅਨ 16 ਦੇ ਭਾਰਤ ਬੰਦ 'ਚ ਪੂਰੀ ਤਾਕਤ ਨਾਲ ਕਰੇਗੀ ਸ਼ਮੂਲੀਅਤ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਅੱਜ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਮੇਜਰ ਸਿੰਘ ਕੋਟ ਟੋਡਰ ਮੱਲ ਦੇ ਘਰੇ ਇਲਾਕੇ ਦੇ ਜਥੇਬੰਦੀ ਦੇ ਆਗੂ ਨਾਲ ਇਹ ਮੀਟਿੰਗ ਦਲਬੀਰ ਸਿੰਘ ਲੀਲ੍ਹ ਕਲਾਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਪੰਡੋਰੀ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਜੰਥੇਬੰਦੀ ਦੇ ਮੈਂਬਰਾਂ ਨੂੰ ਵੱਧ ਤੋਂ ਵੱਧ 16 ਫ਼ਰਵਰੀ ਨੂੰ ਭਾਰਤ ਬੰਦ ਵਿੱਚ ਸ਼ਾਮਲ ਹੋਣ ਸੱਦਾ ਦਿੱਤਾ। ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਯੂਥ ਵਿੰਗ ਦੇ ਸੂਬਾ ਆਗੂ ਮੇਜਰ ਸਿੰਘ ਕੋਟ ਟੋਡਰ ਮੱਲ ਨੇ ਪ੍ਰੈਸ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਕਾਰਪੋਰੇਟ ਪੱਖੀ ਫਾਸ਼ੀਵਾਦੀ ਨੀਤੀਆਂ ਖਿਲਾਫ਼ ਸੰਯੁਕਤ ਕਿਸਾਨ ਮੋਰਚਾ, ਟ੍ਰੇਡ ਯੂਨੀਅਨਾਂ, ਪੇਂਡੂ ਮਜ਼ਦੂਰ ਅਤੇ ਹੋਰ ਜਥੇਬੰਦੀਆਂ ਵਲੋਂ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਰੁਜ਼ਗਾਰ, ਸਿਹਤ, ਵਿਦਿਆ ਅਤੇ ਸੁਰੱਖਿਆ ਨੂੰ ਕੇ ਸਮਾਜ ਦਾ ਹਰ ਵਰਗ ਇਸ ਬੰਦ ਨੂੰ ਸਫ਼ਲ ਬਣਾਏਗਾ।16 ਫ਼ਰਵਰੀ ਨੂੰ ਭਾਰਤ ਬੰਦ ਮੌਕੇ ਯੂਨੀਅਨ ਮੰਗ ਕਰਦੀ ਹੈ ਕਿ ਪਿੰਡ ਵਿੱਚ ਰਾਖਵੇਂ ਤੀਜੇ ਹਿੱਸੇ ਦੀ ਪੰਚਾਇਤੀ ਜ਼ਮੀਨ ਅਮਲ ਵਿੱਚ ਅਨੁਸੂਚਿਤ ਜਾਤੀ ਦੇ ਲੋਕਾਂ ਨੂੰ ਦਿੱਤੀ ਜਾਵੇ, ਗ਼ਰੀਬ ਬੇਘਰੇ ਲੋੜਵੰਦ ਮਜ਼ਦੂਰ ਪਰਵਾਰਾਂ ਨੂੰ ਰਿਹਾਇਸ਼ੀ ਪਲਾਟ ਤੇ ਮਕਾਨ ਉਸਾਰੀ ਲਈ ਗ੍ਰਾਂਟ ਮੁਹੱਈਆ ਕਰਵਾਈ ਜਾਵੇ, ਮਗਨਰੇਗਾ ਤਹਿਤ 200 ਦਿਨ ਰੁਜ਼ਗਾਰ ਤੇ ਦਿਹਾੜੀ 700 ਰੁਪਏ ਕੀਤੀ ਜਾਵੇ, ਜਨਤਕ ਵੰਡ ਪ੍ਰਣਾਲੀ ਤਹਿਤ ਰਸੋਈ ਵਿੱਚ ਵਰਤੋਂ ਦੀਆਂ ਸਾਰੀਆਂ ਵਸਤਾਂ ਕੰਟਰੋਲ ਰੇਟ 'ਤੇ ਦਿੱਤੀਆਂ ਜਾਣ ਅਤੇ ਮਜ਼ਦੂਰਾਂ ਕਿਸਾਨਾਂ ਦੇ ਸਹਿਕਾਰੀ, ਸਰਕਾਰੀ ਤੇ ਗੈਰ ਸਰਕਾਰੀ ਸਮੁੱਚੇ ਕਰਜ਼ੇ ਮੁਆਫ਼ ਕੀਤੇ ਜਾਣ।ਇਸ ਮੌਕੇ ਮੀਟਿੰਗ ਵਿੱਚ ਸਾਥੀ ਕਾਲਾ ਸਿੰਘ ਭਰਥ, ਸੁੱਚਾ ਸਿੰਘ ਸਰਪੰਚ, ਗੁਰਪ੍ਰੀਤ ਸਿੰਘ ਗੋਲਡੀ ਤੁਗਲਵਾਲ, ਕੇਵਲ ਸਿੰਘ ਜ਼ਫਰਵਾਲ, ਦਲਬੀਰ ਸਿੰਘ ਨੱਤ ਮੌਕਲ, ਪਰਮਜੀਤ ਕੌਰ, ਕਿਰਨਦੀਪ ਕੌਰ, ਗੁਰਜੀਤ ਕੌਰ ਹਾਜ਼ਰ ਸਨ।

# ਵਿਰਸੇ ਨੂੰ ਰੂਪਮਾਨ ਕਰਦੀਆਂ ਝਾਕੀਆਂ ਦੇ ਰੂਬਰੂ ਹੋਣਗੇ ਜ਼ਿਲ੍ਹਾ ਗੁਰਦਾਸਪੁਰ ਦੇ ਵਾਸੀ



ਗੁਰਦਾਸਪੁਰ, ( ਦਿਨੇਸ਼ ਕੁਮਾਰ ) - ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਵਿਚ ਪੰਜਾਬੀਆਂ ਦੇ ਅਹਿਮ ਯੋਗਦਾਨ, ਨਾਰੀ ਸ਼ਕਤੀ ਅਤੇ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ ਨੂੰ ਰੂਪਮਾਨ ਕਰਦੀਆਂ ਝਾਕੀਆਂ ਦੇ ਦਰਸ਼ਨ ਜ਼ਿਲ੍ਹਾ ਗੁਰਦਾਸਪੁਰ ਦੇ ਵਾਸੀ ਜਲਦ ਕਰਨਗੇ। 12 ਤੇ 13 ਫਰਵਰੀ ਨੂੰ ਦੋ ਦਿਨ ਇਹ ਝਾਕੀਆਂ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਸ਼ਹਿਰਾਂ ਵਿੱਚ ਪਹੁੰਚ ਕੇ ਜ਼ਿਲ੍ਹਾ ਵਾਸੀਆਂ ਦੇ ਰੂਬਰੂ ਹੋਣਗੀਆਂ।ਇਸ ਸਬੰਧੀ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ 12 ਫਰਵਰੀ ਨੂੰ ਸਵੇਰੇ ਇਹ ਝਾਕੀਆਂ ਪਠਾਨਕੋਟ ਜ਼ਿਲ੍ਹੇ ਰਾਹੀਂ ਜ਼ਿਲ੍ਹਾ ਗੁਰਦਾਸਪੁਰ ਵਿੱਚ ਦਾਖਲ ਹੋਣਗੀਆਂ, ਜਿਥੇ ਦੀਨਾਨਗਰ ਵਿਖੇ ਇਨ੍ਹਾਂ ਝਾਕੀਆਂ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਦੀਨਾਨਗਰ ਤੋਂ ਬਾਅਦ ਇਹ ਝਾਕੀਆਂ ਗੁਰਦਾਸਪੁਰ ਸ਼ਹਿਰ ਪਹੁੰਚਣਗੀਆਂ ਜਿਥੇ ਗੁਰਦਾਸਪੁਰ ਵਾਸੀ ਇਨ੍ਹਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਦੱਸਿਆ ਕਿ ਝਾਕੀਆਂ ਦਾ ਰਾਤ ਦਾ ਠਹਿਰਾਅ ਗੁਰਦਾਸਪੁਰ ਵਿਖੇ ਹੋਵੇਗਾ। ਡਿਪਟੀ ਕਮਿਸ਼ਨਰ ਦੇ ਦੱਸਿਆ ਕਿ 13 ਫਰਵਰੀ ਨੂੰ ਸਵੇਰੇ ਇਹ ਝਾਕੀਆਂ ਧਾਰੀਵਾਲ ਨੂੰ ਰਵਾਨਾ ਹੋਣਗੀਆਂ ਜਿਥੋਂ ਅੱਗੇ ਇਹ ਨੌਸ਼ਿਹਰਾ ਮੱਝਾ ਸਿੰਘ ਅਤੇ ਬਟਾਲਾ ਸ਼ਹਿਰ ਵਿਖੇ ਪਹੁੰਚਣਗੀਆਂ। ਬਟਾਲਾ ਤੋਂ ਬਾਅਦ ਇਹ ਝਾਕੀਆਂ ਆਪਣੇ ਅਗਲੇ ਪੜਾਅ ਵੱਲ ਚਲੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਤਿਆਰ ਕਰਵਾਈਆਂ ਇਨ੍ਹਾਂ ਝਾਕੀਆਂ ਵਿਚ ਜਲ੍ਹਿਆਂਵਾਲੇ ਬਾਗ ਦੀ ਘਟਨਾ, ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਬਾਬਾ ਸੋਹਨ ਸਿੰਘ ਭਕਨਾ, ਲਾਲਾ ਲਾਜਪਤ ਰਾਏ, ਸ਼ਹੀਦ ਸੁਖਦੇਵ, ਲਾਲਾ ਹਰਦਿਆਲ, ਸਰਦਾਰ ਅਜੀਤ ਸਿੰਘ, ਬਾਬਾ ਖੜਕ ਸਿੰਘ, ਮਦਨ ਲਾਲ ਢੀਂਗਰਾ, ਡਾ. ਦੀਵਾਨ ਸਿੰਘ ਕਾਲੇਪਾਣੀ ਵਰਗੀਆਂ ਮਹਾਨ ਸ਼ਖ਼ਸੀਅਤਾਂ ਦੀ ਕੁਰਬਾਨੀ ਅਤੇ ਕਾਮਾਗਾਟਾਮਾਰੂ ਦੀ ਘਟਨਾ ਨੂੰ ਦਿਖਾਇਆ ਗਿਆ ਹੈ।

ਇਸੇ ਤਰ੍ਹਾਂ ਦੂਜੀ ਝਾਕੀ ਜ਼ਰੀਏ ਨਾਰੀ ਸਸ਼ਕਤੀਕਰਨ (ਮਾਈ ਭਾਗੋ ਦੀ ਸੂਰਮਗਤੀ) ਅਤੇ ਮਾਈ ਭਾਗੋ ਆਰਮਡ ਫੋਰਸਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਦੁਆਰਾ ਵੱਖ-ਵੱਖ ਖੇਤਰਾਂ ਵਿੱਚ ਨਾਂ ਰੌਸ਼ਨ ਕਰਨ ਵਾਲੀਆਂ ਮਹਿਲਾਵਾਂ ਨੂੰ ਦਰਸਾਇਆ ਗਿਆ ਹੈ। ਇਸੇ ਤਰ੍ਹਾਂ ਤੀਜੀ ਝਾਕੀ ਦੇ ਰਾਹੀਂ ਪੰਜਾਬ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਦੀ ਇਕ ਝਲਕ ਪੇਸ਼ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ 12 ਤੇ 13 ਫਰਵਰੀ ਨੂੰ ਜ਼ਿਲ੍ਹਾ ਗੁਰਦਾਸਪੁਰ ਵਿੱਚ ਪਹੁੰਚ ਰਹੀਆਂ ਝਾਕੀਆਂ ਦੇ ਦਰਸ਼ਨਾਂ ਲਈ ਹੁੰਮ-ਹੁਮਾ ਕੇ ਪਹੁੰਚਣ।

# ਨਵਾਂ ਸ਼ਾਲਾ ਦੇ ਨੌਜਵਾਨ ਦੀ ਅਮਰੀਕਾ ਵਿਖੇ ਸੜਕ ਹਾਦਸੇ 'ਚ ਮੌਤ, ਦੋ ਨੌਜਵਾਨ ਜ਼ਖਮੀ

## ਪਰਵਾਰਕ ਮੈਂਬਰਾਂ ਨੇ ਲਵਪ੍ਰੀਤ ਦੀ ਮ੍ਰਿਤਕ ਦੇਹ ਘਰ ਲਿਆਉਣ ਲਈ ਭਾਰਤ ਸਰਕਾਰ ਕੋਲ ਲਗਾਈ ਗੁਹਾਰ



**ਗੁਰਦਾਸਪੁਰ (ਜਨਕ ਮਹਾਜਨ)**- ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਨਵਾਂ ਸ਼ਾਲਾ (ਗੁਰਦਾਸਪੁਰ) ਦੇ ਰਹਿਣ ਵਾਲੇ ਨੌਜਵਾਨ ਲਵਪ੍ਰੀਤ ਸਿੰਘ (26) ਪੁੱਤਰ ਹਰਜੀਤ ਸਿੰਘ ਦੀ ਬੀਤੇ ਦਿਨੀਂ ਅਮਰੀਕਾ ਵਿਖੇ ਸੜਕ ਹਾਦਸੇ ਵਿਚ ਮੌਤ ਹੋ ਜਾਣ ਅਤੇ ਉਸ ਦੇ ਦੋ ਸਾਥੀਆਂ ਦੇ ਜ਼ਖਮੀ ਹੋਣ ਦਾ ਸਮਾਚਾਰ ਹੈ। 'ਨਵਾਂ ਜ਼ਮਾਨਾ' ਨਾਲ ਗੱਲਬਾਤ ਕਰਦਿਆਂ ਮ੍ਰਿਤਕ ਲਵਪ੍ਰੀਤ ਸਿੰਘ ਦੇ ਪਿਤਾ ਹਰਜੀਤ ਸਿੰਘ ਨੇ ਦੱਸਿਆ ਕਿ ਕਰੀਬ 7 ਸਾਲ ਪਹਿਲਾਂ ਲੱਖਾਂ ਰੁਪਏ ਖ਼ਰਚ ਕੇ ਉਨ੍ਹਾਂ ਆਪਣੇ ਲੜਕੇ ਨੂੰ ਅਮਰੀਕਾ ਦੇ ਸ਼ਹਿਰ ਕੈਲੀਫੋਰਨੀਆ ਭੇਜਿਆ ਸੀ ਅਤੇ ਦੋ ਦਿਨ ਪਹਿਲਾਂ ਉਹ ਪੱਕੇ ਹੋਣ ਦੇ ਕਾਗਜ਼ ਲੈਣ ਲਈ ਅਮਰੀਕਾ ਦੇ ਕਿਸੇ ਸ਼ਹਿਰ ਗਿਆ ਸੀ। ਜਦੋਂ ਉਹ ਐਲ.ਏ. ਏਅਰਪੋਰਟ 'ਤੇ ਉਤਰਿਆ ਤਾਂ ਉਸ ਨੇ ਆਪਣੇ ਦੋਸਤ ਸੁਨੀਲ ਕਾਟਲ ਵਾਸੀ ਚਾਵਾ (ਗੁਰਦਾਸਪੁਰ) ਅਤੇ ਵਿਸ਼ਾਲ ਸਲਾਰੀਆ ਵਾਸੀ ਭੈਣੀ ਕਾਣੇ (ਗੁਰਦਾਸਪੁਰ) ਨੂੰ ਬੁਲਾਇਆ। ਇਸ ਤੋਂ ਬਾਅਦ ਇਹ ਤਿੰਨੋਂ ਦੋਸਤ ਕਾਰ ਵਿਚ ਸਵਾਰ ਹੋ ਕੇ ਆਪਣੇ ਸ਼ਹਿਰ ਕੈਲੀਫੋਰਨੀਆ ਆ ਰਹੇ ਸਨ ਕਿ ਐਲ.ਏ. ਨਜ਼ਦੀਕ ਪਹਾੜੀ ਇਲਾਕੇ ਵਿਚ ਪੁੱਜੇ ਤਾਂ ਕਾਰ ਦਾ ਸੰਤੁਲਨ ਵਿਗੜਨ ਕਾਰਨ ਕਾਰ ਡਿਵਾਈਡਰ ਨਾਲ ਟਕਰਾਉਂਦੇ ਹੋਏ ਡੂੰਘੀ ਖੱਡ ਵਿਚ ਜਾ ਡਿੱਗੀ। ਜਿਸ ਦੌਰਾਨ ਲਵਪ੍ਰੀਤ ਸਿੰਘ ਦੇ ਕਾਫ਼ੀ ਸੱਟਾਂ ਲੱਗੀਆਂ ਜਦੋਂਕਿ ਸੁਨੀਲ ਕੁਮਾਰ ਦੇ ਲੱਤ ਦੇ ਸੱਟ ਲੱਗੀ ਪਰ ਵਿਸ਼ਾਲ ਸਲਾਰੀਆ ਵਾਲ-ਵਾਲ ਬਚ ਗਿਆ। ਵਿਸ਼ਾਲ ਸਲਾਰੀਆ ਜਦੋਂ ਹੋਸ਼ ਵਿਚ ਆਇਆ ਤਾਂ ਉਸ ਨੇ ਪੁਲਸ ਕੰਟਰੋਲ ਰੂਮ ਫ਼ੋਨ ਕਰਕੇ ਐਂਬੂਲੈਂਸ ਨੂੰ ਬੁਲਾਇਆ। ਇਸ ਉਪਰੰਤ ਪਹੁੰਚੀ ਪੁਲਸ ਨੇ ਕਾਰ ਵਿਚ ਫਸੇ ਨੌਜਵਾਨਾਂ ਨੂੰ ਬਾਹਰ ਕੱਢਿਆ। ਇਸ ਹਾਦਸੇ ਵਿਚ ਲਵਪ੍ਰੀਤ ਸਿੰਘ ਨੂੰ ਗੰਭੀਰ ਜ਼ਖਮੀ ਹੋਣ 'ਤੇ ਫੌਰੀ ਤੌਰ 'ਤੇ ਹਸਪਤਾਲ ਵਿਚ ਦਾਖ਼ਲ ਕਰਵਾਇਆ ਜਿੱਥੇ ਉਹ ਜ਼ਖ਼ਮਾਂ ਦੀ ਤਾਬ ਨਾ ਝੱਲਦਾ ਹੋਇਆ ਦਮ ਤੋੜ ਗਿਆ। ਇਸ ਸੜਕ ਹਾਦਸੇ ਦੀ ਖ਼ਬਰ ਮਿਲਣ 'ਤੇ ਇਲਾਕੇ ਅੰਦਰ ਸੋਗ ਦੀ ਲਹਿਰ ਫੈਲ ਗਈ। ਮ੍ਰਿਤਕ ਲਵਪ੍ਰੀਤ ਆਪਣੇ ਪਿੱਛੇ ਇਕ ਭਰਾ ਇਟਲੀ, ਇਕ ਭੈਣ, ਮਾਤਾ ਸਲਵਿੰਦਰ ਕੌਰ ਅਤੇ ਪਿਤਾ ਨੂੰ ਰੋਂਦੇ ਕੁਰਲਾਉਂਦੇ ਹੋਏ ਛੱਡ ਗਿਆ। ਪਰਵਾਰਕ ਮੈਂਬਰਾਂ ਅਤੇ ਇਲਾਕੇ ਦੇ ਮੋਹਤਬਰ ਵਿਅਕਤੀਆਂ ਨੇ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਪਾਸੋਂ ਮੰਗ ਕੀਤੀ ਕਿ ਉਨ੍ਹਾਂ ਦੇ ਪੁੱਤਰ ਦੀ ਮ੍ਰਿਤਕ ਦੇਹ ਨੂੰ ਜਲਦੀ ਤੋਂ ਜਲਦੀ ਘਰ ਲਿਆਂਦਾ ਜਾਵੇ ਤਾਂ ਜੋ ਲਵਪ੍ਰੀਤ ਸਿੰਘ ਦਾ ਰੀਤੀ ਰਿਵਾਜਾਂ ਨਾਲ ਅੰਤਿਮ ਸੰਸਕਾਰ ਕਰ ਸਕਣ।

# ਸਰਕਾਰੀ ਸਕੂਲ ਪਸਨਾਵਾਲ ਦੀਆਂ ਵਿਦਿਆਰਥਣਾਂ ਨੇ ਕਰਾਟੇ 'ਚ 4 ਸੋਨੇ ਦੇ ਤਗਮੇ ਜਿੱਤੇ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸਰਕਾਰੀ ਹਾਈ ਸਕੂਲ ਪਸਨਾਵਾਲ ਦੀਆਂ ਚਾਰ ਵਿਦਿਆਰਥਣਾਂ ਨੇ ਬਲਾਕ ਪੱਧਰੀ ਕਰਾਟੇ ਮੁਕਾਬਲਿਆਂ ਵਿੱਚੋਂ ਸੋਨੇ ਦੇ ਤਗਮੇ ਜਿੱਤ ਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਂ ਰੌਸ਼ਨ ਕੀਤਾ ਹੈ। ਇਸ ਸਬੰਧੀ ਸਕੂਲ ਦੇ ਮੁੱਖ ਅਧਿਆਪਕ ਪ੍ਰਿੰਸਪਾਲ ਸਿੰਘ ਨੇ ਦੱਸਿਆ ਕਿ ਸਿੱਖਿਆ ਵਿਭਾਗ ਵਲੋਂ ਵਿਦਿਆਰਥਣਾਂ ਦੇ ਬਲਾਕ ਪੱਧਰੀ ਕਰਾਟੇ ਮੁਕਾਬਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਵਿੱਚ ਕਰਵਾਏ ਗਏ। ਇਨ੍ਹਾਂ ਕਰਾਟੇ ਮੁਕਾਬਲਿਆਂ ਵਿੱਚ ਬਲਾਕ ਕਾਹਨੂੰਵਾਨ 2 ਅਧੀਨ ਪੈਂਦੇ ਸਰਕਾਰੀ ਹਾਈ ਸਕੂਲ ਪਸਨਾਵਾਲ ਸਮੇਤ ਕੁੱਲ 28 ਸਰਕਾਰੀ ਸਕੂਲਾਂ ਦੀਆਂ ਵਿਦਿਆਰਥਣਾਂ ਨੇ ਭਾਗ ਲਿਆ। ਇਨ੍ਹਾਂ ਮੁਕਾਬਲਿਆਂ ਵਿੱਚ ਸਰਕਾਰੀ ਹਾਈ ਸਕੂਲ ਪਸਨਾਵਾਲ ਦੀਆਂ 6 ਵਿਦਿਆਰਥਣਾਂ ਨੇ ਕੋਚ ਬਲਜਿੰਦਰ ਸਿੰਘ ਜੋਤੀ ਦੀ ਅਗਵਾਈ ਹੇਠ ਭਾਗ ਲੈ ਕੇ ਚਾਰ ਸੋਨੇ ਦੇ ਤਗਮੇ ਜਿੱਤੇ, ਜਿਨ੍ਹਾਂ ਵਿੱਚ ਅੰਡਰ 50 ਕਿਲੋ ਭਾਰ ਵਰਗ ਮੁਕਾਬਲੇ ਵਿੱਚ ਕਿਰਨ ਨੇ ਸੋਨ ਤਗਮਾ, ਅੰਡਰ 40 ਕਿਲੋ ਭਾਰ ਵਿੱਚ ਗੁਰਲੀਨ ਕੌਰ ਨੇ ਸੋਨ ਤਗਮਾ, ਪਲੱਸ 45 ਕਿਲੋ ਭਾਰ ਵਿੱਚ ਮਨਮੀਤ ਕੌਰ ਨੇ ਸੋਨ ਤਗਮਾ ਅਤੇ ਅੰਡਰ 45 ਕਿਲੋ ਭਾਰ ਵਰਗ ਵਿੱਚ ਕੌਰ ਮੱਲ ਨੇ ਸੋਨ ਤਗਮਾ ਜਿੱਤੇ ਹਨ ਅਤੇ ਸਿਮਰਨਦੀਪ ਕੌਰ ਅਤੇ ਖੁਸ਼ੀ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਰਟੀਫਿਕੇਟ ਪ੍ਰਾਪਤ ਕੀਤੇ ਹਨ। ਸੋਨੇ ਦੇ ਤਗਮੇ ਜੇਤੂ ਵਿਦਿਆਰਥਣਾਂ ਹੁਣ ਜ਼ਿਲ੍ਹਾ ਪੱਧਰੀ ਕਰਾਟੇ ਮੁਕਾਬਲਿਆਂ ਵਿੱਚ ਭਾਗ ਲੈਣਗੀਆਂ। ਜੇਤੂ ਵਿਦਿਆਰਥਣਾਂ ਦਾ ਸਕੂਲ ਪਹੁੰਚਣ 'ਤੇ ਮੁੱਖ ਅਧਿਆਪਕ ਪ੍ਰਿੰਸਪਾਲ ਸਿੰਘ, ਅਧਿਆਪਕ ਪਵਨ ਕੁਮਾਰ ਅਤੇ ਸਮੂਹ ਸਟਾਫ ਵਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

# ਡਾਕਟਰ ਉਬਰਾਏ ਨੇ ਮਾਸੂਮ ਬੱਚਿਆਂ ਸਮੇਤ ਰਹਿ ਰਹੀ ਵਿਧਵਾ ਦੇ ਸਿਰ 'ਤੇ ਦਿੱਤੀ ਛੱਤ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਕੁਝ ਸਮਾਂ ਪਹਿਲਾਂ ਰਾਤ ਨੂੰ ਅਚਾਨਕ ਇੱਕ ਪਰਵਾਰ ਦੇ ਉੱਪਰ ਘਰ ਦੀ ਛੱਤ ਡਿੱਗਣ ਕਾਰਨ ਜਿੱਥੇ ਘਰ ਦੇ ਮੁਖੀ ਨੌਜਵਾਨ ਦੀ ਮਲਬੇ ਹੇਠ ਦੱਬੇ ਜਾਣ ਕਾਰਨ ਮੌਤ ਹੋ ਗਈ ਸੀ, ਉੱਥੇ ਦੋ ਮਾਸੂਮ ਬੱਚਿਆਂ ਸਮੇਤ ਵਿਧਵਾ ਔਰਤ ਬਿਨਾਂ ਛੱਤ ਤੋਂ ਖੁੱਲ੍ਹੇ ਅਸਮਾਨ ਦੇ ਹੇਠਾਂ ਰਹਿਣ ਨੂੰ ਮਜਬੂਰ ਸੀ। ਜਦ ਇਹ ਮਾਮਲਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਦੇ ਧਿਆਨ ਹਿੱਤ ਆਇਆ ਤਾਂ ਉਨ੍ਹਾ ਤੁਰੰਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖ਼ਸੀਅਤ ਡਾਕਟਰ ਐਸ ਪੀ ਸਿੰਘ ਉਬਰਾਏ ਨੂੰ ਇਸ ਸਬੰਧੀ ਸਾਰੀ ਸਥਿਤੀ ਤੋਂ ਜਾਣੂ ਕਰਵਾਉਂਦਿਆਂ ਗਰੀਬ ਲੋੜਵੰਦ ਪਰਵਾਰ ਨੂੰ ਨਵਾਂ ਘਰ ਮਕਾਨ ਬਣਾ ਕੇ ਦੇਣ ਲਈ ਬੇਨਤੀ ਕੀਤੀ। ਜਿਸ ਤੋਂ ਬਾਅਦ ਸਰਬੱਤ ਦਾ ਭਲਾ ਚੈਰੀਟੇਬਲ ਟਰਸਟ ਜ਼ਿਲ੍ਹਾ ਗੁਰਦਾਸਪੁਰ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਅਤੇ ਦੀ ਟੀਮ ਮੈਂਬਰਾਂ ਵੱਲੋਂ ਟਰੱਸਟ ਦੇ ਮੁਖੀ ਡਾਕਟਰ ਉਬਰਾਏ ਦੀ ਯੋਗ ਸਰਪ੍ਰਸਤੀ ਹੇਠ ਅਤੇ ਟਰੱਸਟੀ ਡਾ. ਸਤਨਾਮ ਸਿੰਘ ਨਿੱਜਰ ਦੇ ਸਹਿਯੋਗ ਨਾਲ ਬਟਾਲਾ ਦੇ ਉਮਰਪੁਰਾ ਇਲਾਕੇ ਦੀ ਰਹਿਣ ਵਾਲੀ ਵਿਧਵਾ ਸੁਨੀਤਾ ਰਾਣੀ ਅਤੇ ਉਸ ਦੇ ਦੋ ਮਾਸੂਮ ਬੱਚਿਆਂ ਨੂੰ ਬਹੁਤ ਸੁੰਦਰ ਸਾਰੀਆਂ ਸਹੂਲਤਾਂ ਦੇ ਨਾਲ ਲੈਸ ਨਵਾਂ ਘਰ ਮਕਾਨ ਬਣਾ ਕੇ ਦਿੱਤਾ ਗਿਆ। ਇਸ ਨਵੇਂ ਘਰ ਮਕਾਨ ਦਾ ਰਸਮੀ ਤੌਰ 'ਤੇ ਉਦਘਾਟਨ ਕਰਨ ਲਈ ਡਾਕਟਰ ਐਸ ਪੀ ਸਿੰਘ ਉਬਰਾਏ ਅਤੇ ਟਰੱਸਟੀ ਡਾ. ਸਤਨਾਮ ਸਿੰਘ ਨਿੱਜਰ ਤੋਂ ਇਲਾਵਾ ਡਾਕਟਰ ਬਾਗੀ ਅਤੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ, ਵਿੱਤ ਸਕੱਤਰ ਰਜਿੰਦਰ ਸਿੰਘ ਰਾਜੂ, ਸੀਨੀਅਰ ਮੈਂਬਰ ਇੰਦਰਪ੍ਰੀਤ ਸਿੰਘ ਰਿੱਕੀ, ਸੀਨੀਅਰ ਮੈਂਬਰ ਰੋਹਿਤ ਕੁਮਾਰ ਵਿਸ਼ੇਸ਼ ਤੌਰ 'ਤੇ ਉਮਰਪੁਰਾ ਵਿਖੇ ਪਹੁੰਚੇ। ਇਸ ਦੌਰਾਨ ਡਾਕਟਰ ਐਸ ਪੀ ਸਿੰਘ ਉਬਰਾਏ ਵੱਲੋਂ ਫੀਤਾ ਕੱਟ ਕੇ ਜਿੱਥੇ ਨਵੇਂ ਘਰ ਮਕਾਨ ਦਾ ਉਦਘਾਟਨ ਕਰਦਿਆਂ ਲੋੜਵੰਦ ਪਰਵਾਰ ਨੂੰ ਸੌਂਪਿਆ ਗਿਆ, ਉੱਥੇ ਨਾਲ ਹੀ ਪਰਵਾਰ ਦੇ ਨਾਲ ਮੁਲਾਕਾਤ ਕਰਦਿਆਂ ਵਿਧਵਾ ਸੁਨੀਤਾ ਰਾਣੀ ਦੀ ਮਹੀਨਾਵਾਰ ਪੈਨਸ਼ਨ ਲਗਾਉਣ ਦਾ ਵੀ ਐਲਾਨ ਕੀਤਾ ਗਿਆ। ਇਸ ਦੌਰਾਨ ਵਿਧਵਾ ਸੁਨੀਤਾ ਰਾਣੀ ਨੇ ਡਾ. ਐਸ ਪੀ ਸਿੰਘ ਉਬਰਾਏ, ਡਾ. ਸਤਨਾਮ ਸਿੰਘ ਨਿੱਜਰ ਅਤੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਸਮੇਤ ਟਰੱਸਟ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੇਰੇ ਬੱਚਿਆਂ ਦੇ ਸਿਰ ਉੱਪਰ ਛੱਤ ਦੇ ਕੇ ਡਾ. ਉਬਰਾਏ ਵੱਲੋਂ ਬਹੁਤ ਹੀ ਨੇਕ ਤੇ ਸ਼ਲਾਘਾਯੋਗ ਕਾਰਜ ਕੀਤਾ ਗਿਆ ਹੈ। ਜਿਸ ਕਰਕੇ ਅਸੀਂ ਸਦਾ ਹੀ ਡਾਕਟਰ ਉਬਰਾਏ ਦੀ ਧੰਨਵਾਦੀ ਰਹਾਂਗੇ। ਇਸ ਮੌਕੇ ਇਲਾਕੇ ਦੇ ਹੋਰ ਵੀ ਮੈਂਬਰ ਹਾਜ਼ਰ ਸਨ।

# ਨੌਜਵਾਨਾਂ ਨੂੰ ਭਾਰਤੀ ਫ਼ੌਜ 'ਚ ਭਰਤੀ ਹੋਣ ਲਈ ਉਤਸ਼ਾਹਤ ਕੀਤਾ



**ਗੁਰਦਾਸਪੁਰ, (ਜਨਕ ਮਹਾਜਨ)**- ਆਰਮੀ ਭਰਤੀ ਦਫ਼ਤਰ ਅੰਮ੍ਰਿਤਸਰ ਦੇ ਅਧਿਕਾਰੀਆਂ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੀਆਂ ਵੱਖ-ਵੱਖ ਸਿੱਖਿਆ ਸੰਸਥਾਵਾਂ ਵਿੱਚ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾ ਕੇ ਨੌਜਵਾਨਾਂ ਨੂੰ ਅਗਨੀਪੱਥ ਸਕੀਮ ਤਹਿਤ ਭਾਰਤੀ ਫੌਜ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕੀਤਾ। ਇਸ ਸਬੰਧੀ ਸਰਕਾਰੀ ਕਾਲਜ, ਗੁਰਦਾਸਪੁਰ, ਆਈ.ਟੀ.ਆਈ. ਸੰਸਥਾਵਾਂ ਅਤੇ ਡੇਰਾ ਬਾਬਾ ਨਾਨਕ ਸਥਿਤ ਸੀ-ਪਾਈਟ ਕੇਂਦਰ ਵਿਖੇ ਇਹ ਸੈਮੀਨਾਰ ਲਗਾਏ ਗਏ ਜਿਸ ਵਿੱਚ 800 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਭਰਤੀ ਬੋਰਡ ਦੇ ਅਧਿਕਾਰੀਆਂ ਨੇ ਦੱਸਿਆ ਕਿ ਭਾਰਤੀ ਫ਼ੌਜ ਵਿੱਚ ਅਗਨੀਪੱਥ ਯੋਜਨਾ ਦੇ ਤਹਿਤ ਭਰਤੀ ਹੋਣ ਦੇ ਚਾਹਵਾਨ ਨੌਜਵਾਨ 8 ਫਰਵਰੀ ਤੋਂ 21 ਮਾਰਚ 2024 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ ਅਤੇ ਇਸ ਅਰਸੇ ਦੌਰਾਨ join**indianarmy.nic.in** ਪੋਰਟਲ ਖੁੱਲ੍ਹਾ ਰਹੇਗਾ। ਉਨ੍ਹਾਂ ਦੱਸਿਆ ਕਿ ਭਰਤੀ ਸਾਲ 2024-25 ਦੇ ਲਈ ਅਗਨੀਵੀਰ ਦੀ ਭਰਤੀ ਦੋ ਪੜਾਵਾਂ ਵਿੱਚ ਕੀਤੀ ਜਾਵੇਗੀ। ਪਹਿਲੇ ਪੜਾਅ ਤਹਿਤ ਆਨ-ਲਾਈਨ ਕੰਪਿਊਟਰ ਅਧਾਰਤ ਲਿਖਤੀ ਪ੍ਰੀਖਿਆ (ਆਨਲਾਈਨ ਸੀ.ਈ.ਈ.) ਅਤੇ ਦੂਜੇ ਪੜਾਅ ਵਿੱਚ ਸਰੀਰਿਕ ਪ੍ਰੀਖਿਆ ਹੋਵੇਗੀ। ਭਰਤੀ ਦੇ ਚਾਹਵਾਨ ਉਮੀਦਵਾਰ ਦੇ ਲਈ ਆਪਣਾ ਨਾਮ joinindianarmy.nic.in ਵੈੱਬਸਾਈਟ 'ਤੇ ਰਜਿਸਟਰ ਕਰਨਾ ਲਾਜ਼ਮੀ ਹੈ। ਆਨਲਾਈਨ ਪ੍ਰੀਖਿਆ ਦੇ ਲਈ ਉਮੀਦਵਾਰ ਦੁਆਰਾ ਪ੍ਰੀਖਿਆ ਫੀਸ 250 ਦਾ ਭੁਗਤਾਨ ਕਰਨਾ ਹੋਵੇਗਾ। ਉਨ੍ਹਾਂ ਦੱਸਿਆ ਕਿ ਨੌਜਵਾਨਾਂ ਦੀ ਉਮਰ 17 ਸਾਲ 6 ਮਹੀਨੇ ਤੋਂ 21 ਸਾਲ ਦੇ ਦਰਮਿਆਨ ਹੈ ਅਤੇ ਉਨ੍ਹਾਂ ਨੇ 8ਵੀਂ, 10ਵੀਂ ਜਾਂ 12ਵੀਂ ਪ੍ਰੀਖਿਆ ਪਾਸ ਕੀਤੀ ਹੈ ਅਤੇ ਉਹ ਉਮੀਦਵਾਰ ਜੋ ਕਲਾਸ 10ਵੀਂ ਅਤੇ ਕਸਾਲ 12ਵੀਂ ਵਿੱਚ ਉਪਸਥਿਤ ਹੋਏ ਹਨ ਅਤੇ ਉਹ ਨਤੀਜੇ ਦੀ ਉਡੀਕ ਕਰ ਰਹੇ ਹਨ, ਉਹ ਨੌਜਵਾਨ ਵੀ ਅਪਲਾਈ ਕਰਨ ਦੇ ਯੋਗ ਹਨ, ਬਸ਼ਰਤੇ ਉਹ ਬਾਕੀ ਸਾਰੀਆਂ ਯੋਗਤਾਂ ਵੀ ਪੂਰੀਆਂ ਕਰਦੇ ਹੋਣ। ਉਨ੍ਹਾਂ ਅੱਗੇ ਦੱਸਿਆ ਕਿ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਲਿਪਕਿ ਅਤੇ ਸਟੋਰ ਤਕਨੀਕੀ, ਅਗਨੀਵੀਰ ਤਕਨੀਕੀ, ਅਗਨੀਵੀਰ ਟਰੇਡਸਮੈਨ 10ਵੀਂ ਪਾਸ ਅਤੇ ਅਗਨੀਵੀਰ ਟਰੇਡਮੈਨ 8ਵੀਂ ਪਾਸ ਦੇ ਅਹੁਦੇ ਲਈ ਸਾਰੇ ਆਰਮ ਫੋਰਸ ਦੇ ਲਈ ਹਨ। ਜਿਨ੍ਹਾਂ ਉਮੀਦਵਾਰਾਂ ਨੇ ਘੱਟੋ-ਘੱਟ ਵਿੱਦਿਅਕ ਅਤੇ ਉਮਰ ਹੱਦ ਦੀ ਯੋਗਤਾ ਪੂਰੀ ਕਰ ਰੱਖੀ ਹੈ ਉਹ ਇਸ ਯੋਜਨਾ ਦੇ ਤਹਿਤ ਆਪਣੇ ਆਵੇਦਨ ਅਪਲਾਈ ਕਰ ਸਕਦੇ ਹਨ। ਸੈਨਾ ਭਰਤੀ ਬੋਰਡ ਦੇ ਅਧਿਕਾਰੀਆਂ ਨੇ ਦੱਸਿਆ ਕਿ ਭਰਤੀ ਸਾਲ 2024-25 ਤੋਂ ਅਗਨੀਵੀਰ ਲਿਪਿਕ ਅਤੇ ਸਟੋਰ ਕੀਪਰ ਤਕਨੀਕੀ ਦੇ ਲਈ ਟਾਈਪਿੰਗ ਟੈਸਟ ਲਾਜ਼ਮੀ ਕੀਤਾ ਗਿਆ ਹੈ। ਉਮੀਦਵਾਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਭਰਤੀ ਪ੍ਰੀਕ੍ਰਿਆ ਤੋਂ ਪਹਿਲਾਂ ਟਾਈਪਿੰਗ ਅਭਿਆਸ ਜ਼ਰੂਰ ਕਰਦੇ ਰਹਿਣ। ਅਧਿਕਾਰੀਆਂ ਨੇ ਦੱਸਿਆ ਕਿ ਉਮੀਦਵਾਰ ਰਜਿਸਟਰੇਸ਼ਨ ਤੋਂ ਪਹਿਲਾਂ ਆਪਣੇ ਅਧਾਰ ਕਾਰਡ, ਈ-ਮੇਲ ਅਤੇ ਡੀਜੀ ਲਾਕਰ ਨੂੰ ਆਪਣੇ ਫੋਨ ਨੰਬਰ ਨਾਲ ਲਿੰਕ ਕਰ ਲੈਣ। ਰਜਿਸਟਰੇਸ਼ਨ ਦੇ ਦੌਰਾਨ ਜੋ ਦਸਤਾਵੇਜ਼ ਉਨ੍ਹਾਂ ਕੋਲ ਹਨ ਉਹ ਹੀ ਪਾਏ ਜਾਣ ਜਿਵੇਂ ਐੱਨ.ਸੀ.ਸੀ. ਸਰਟੀਫਿਕੇਟ ਜਾਂ ਵੈਲਡ ਸਪੋਰਟਸ ਫੈਡਰੇਸ਼ਨ ਤੋਂ ਪ੍ਰਾਪਤ ਸਪੋਰਟਸ ਸਰਟੀਫਿਕੇਟ ਹਨ ਤਾਂ ਹੀ ਰਜਿਸਟਰੇਸ਼ਨ ਐਪਲੀਕੇਸ਼ਨ ਵਿੱਚ ਭਰੇ ਜਾਣ।

# ਚੇਅਰਮੈਨ ਨੇ ਦਾਖਲਾ ਮੁਹਿੰਮ ਰੈਲੀ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



ਪਠਾਨਕੋਟ (ਦਵਿੰਦਰ ਸਿੰਘ)- ਸਰਕਾਰੀ ਸਕੂਲਾਂ ਅੰਦਰ ਤਜਰਬੇਕਾਰ ਅਤੇ ਮਿਹਨਤੀ ਅਧਿਆਪਕ ਬੱਚਿਆਂ ਨੂੰ ਗੁਣਾਤਮਕ ਸਿੱਖਿਆ ਦੇਣ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ ਅਤੇ ਪੰਜਾਬ ਸਰਕਾਰ ਵੱਲੋਂ ਵੀ ਸਕੂਲਾਂ ਦੇ ਸੁੰਦਰੀਕਰਨ ਅਤੇ ਸਕੂਲਾਂ ਨੂੰ ਡਿਜੀਟਲ ਕਰਨ ਲਈ ਕੋਈ ਕਸਰ ਨਹੀਂ ਛੱਡੀ ਜਾ ਰਹੀ। ਸਰਕਾਰ ਵੱਲੋਂ ਬੱਚਿਆਂ ਨੂੰ ਮੁਫਤ ਵਰਦੀਆਂ, ਕਿਤਾਬਾਂ ਤੇ ਯੋਗ ਬੱਚਿਆਂ ਨੂੰ ਵਜ਼ੀਫੇ ਦੇਣ ਦੇ ਨਾਲ ਨਾਲ ਈਕੰਟੈਂਟ, ਪ੍ਰੋਜੈਕਟਰ, ਐਲ ਈ ਡੀ, ਕੰਪਿਊਟਰ ਤੇ ਵੱਖ ਵੱਖ ਮਾਧਿਅਮ ਰਾਹੀਂ ਸਿੱਖਿਆ ਦੇਣ ਲਈ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਇਸ ਲਈ ਮਾਪੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾ ਕੇ ਵੱਧ ਤੋਂ ਵੱਧ ਸਰਕਾਰੀ ਸਹੂਲਤਾਂ ਦਾ ਫਾਇਦਾ ਲੈਣ। ਪੰਜਾਬ ਸਰਕਾਰ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਵਚਨਬੱਧ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਦਿਨ ਰਾਤ ਉਪਰਾਲੇ ਕੀਤੇ ਜਾ ਰਹੇ ਹਨ। ਪੰਜਾਬ ਦੇ ਸਰਕਾਰੀ ਸਕੂਲਾਂ ਹੁਣ ਬਦਲ ਚੁੱਕੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਚੇਅਰਮੈਨ ਪੰਜਾਬ ਟੂਰਿਜ਼ਮ ਡਿਵੈਲਪਮੈਂਟ ਕਾਰਪੋਰੇਸ਼ਨ ਵਿਭੂਤੀ ਸ਼ਰਮਾ ਵੱਲੋਂ ਸਿੱਖਿਆ ਵਿਭਾਗ ਪਠਾਨਕੋਟ ਵੱਲੋਂ ਜ਼ਿਲ੍ਹਾ ਪਠਾਨਕੋਟ ਦੇ ਸਰਕਾਰੀ ਸਕੂਲਾਂ 'ਚ ਪ੍ਰੀ-ਪ੍ਰਾਇਮਰੀ ਜਮਾਤਾਂ ਤੋਂ ਬਾਰ੍ਹਵੀਂ ਜਮਾਤਾਂ ਤੱਕ ਦੇ ਦਾਖ਼ਲਿਆਂ ਨੂੰ ਭਰਵਾਂ ਹੁੰਗਾਰਾ ਦੇਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਸਿੱਖਿਆ ਮੰਤਰੀ ਪੰਜਾਬ ਹਰਜੋਤ ਬੈਂਸ ਅਤੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਸਿੱਖਿਆ ਅਫਸਰ ਪਠਾਨਕੋਟ ਰਾਜੇਸ਼ ਕੁਮਾਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਡੀ ਜੀ ਸਿੰਘ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਦਾਖਲਾ ਮੁਹਿੰਮ ਜਾਗਰੂਕਤਾ ਰੈਲੀ ਨੂੰ ਸਥਾਨਕ ਨੇ ਸਰਕਾਰੀ ਪ੍ਰਾਇਮਰੀ ਸਕੂਲ ਡਲਹੌਜ਼ੀ ਰੋਡ ਬਲਾਕ ਪਠਾਨਕੋਟ -3 ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਮੌਕੇ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਵਿਭੂਤੀ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਅੰਦਰ ਵਧੀਆ ਸਿੱਖਿਆ ਪ੍ਰਣਾਲੀ ਦੀਆਂ ਸਹੂਲਤਾਂ ਪ੍ਰਦਾਨ ਕਰਨਾ ਹੈ ਤਾਂ ਜੋ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਮਾਪਿਆਂ ਅਤੇ ਇਲਾਕਾ ਵਾਸੀਆਂ ਨੂੰ ਆਪਣੇ ਆਲੇ ਦੁਆਲੇ ਦੇ ਬੱਚਿਆਂ ਨੂੰ ਵੀ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ। ਦਾਖਲਾ ਰੈਲੀ ਨੂੰ ਹਰੀ ਝੰਡੀ ਦਿਖਾਉਣ ਤੋਂ ਬਾਅਦ ਚੇਅਰਮੈਨ ਸ਼ਰਮਾ ਵੱਲੋਂ ਦਾਖਲਾ ਰੈਲੀ ਨਾਲ ਡੋਰ ਟੂ ਡੋਰ ਜਾ ਕੇ ਮਾਪਿਆਂ ਨੂੰ ਸਰਕਾਰੀ ਸਕੂਲਾਂ ਦੀਆਂ ਉਪਲਬਧੀਆਂ ਗਿਣਾ ਕੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ ਅਤੇ ਇਸ ਦੇ ਨਾਲ ਹੀ ਸਾਂਝੀਆਂ ਥਾਵਾਂ ਤੋਂ ਅਨਾਊਂਸਮੈਂਟਾਂ ਦੇ ਜ਼ਰੀਏ ਮਾਪਿਆਂ ਨੂੰ ਪ੍ਰੇਰਿਤ ਕੀਤਾ।

ਇਸ ਮੌਕੇ ਬੀ ਪੀ ਈ ਓ ਕੁਲਦੀਪ ਸਿੰਘ, ਹੈਡਮਾਸਟਰ ਰਾਹੁਲ ਗੁਪਤਾ, ਅਮਿਤ ਕੁਮਾਰ, ਸਮਾਰਟ ਸਕੂਲ ਕੋਆਰਡੀਨੇਟਰ ਸੰਜੀਵ ਮਨੀ, ਸੀ ਐਚ ਟੀ ਸੁਖਜੀਤ ਕੌਰ, ਸੁਨੀਤਾ ਦੇਵੀ, ਰਿੰਪੀ ਮਹਾਜਨ, ਰੇਨੂੰ ਬਾਲਾ, ਵਰਿੰਦਰ, ਸੋਨੀਆ, ਨਿਰਮਲਾ, ਰਚਨਾ, ਨੀਰੂ, ਕਿਰਨ, ਸਰਬਜੀਤ , ਅਨੁਰਾਧਾ, ਪੂਜਾ, ਰਜਨੀ, ਮੰਜੂ ਬਾਲਾ, ਆਰਤੀ ਆਦਿ ਹਾਜ਼ਰ ਸਨ।

# ਜੈਤੋ ਦੇ ਮੋਰਚੇ ਦੀ ਸ਼ਤਾਬਦੀ ਦੀਆਂ ਤਿਆਰੀਆਂ ਸੰਬੰਧੀ ਪ੍ਰਚਾਰਕਾਂ ਨਾਲ ਕੀਤੀ ਇਕੱਤਰਤਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 21 ਫ਼ਰਵਰੀ ਨੂੰ ਮਨਾਈ ਜਾ ਰਹੀ ਜੈਤੋ ਦੇ ਮੋਰਚੇ ਦੀ 100 ਸਾਲਾ ਸ਼ਤਾਬਦੀ ਦੇ ਸਮਾਗਮਾਂ ਦੀਆਂ ਤਿਆਰੀਆਂ ਸਬੰਧੀ ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨਾਲ ਵਿਸ਼ੇਸ਼ ਇਕੱਤਰਤਾ ਕੀਤੀ ਗਈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਕੀਤੀ ਗਈ ਇਸ ਇਕੱਤਰਤਾ ਵਿਚ ਜੈਤੋ ਮੋਰਚੇ ਦੀ 100 ਸਾਲਾ ਸ਼ਤਾਬਦੀ ਨੂੰ ਸਮਰਪਤ ਕੀਤੇ ਜਾ ਰਹੇ ਗੁਰਮਤਿ ਸਮਾਗਮਾਂ ਦੀ ਸਮੀਖਿਆ ਕੀਤੀ ਗਈ ਅਤੇ ਭਵਿੱਖ ਵਿਚ ਕੀਤੇ ਜਾਣ ਵਾਲੇ ਸਮਾਗਮਾਂ ਬਾਰੇ ਚਰਚਾ ਕੀਤੀ ਗਈ। ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਓ ਐਸ ਡੀ ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਅਤੇ ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਪ੍ਰਚਾਰਕ ਸਿੰਘਾਂ ਨਾਲ ਵਿਚਾਰ ਸਾਂਝੇ ਕੀਤੇ। ਇਕੱਤਰਤਾ ਮਗਰੋਂ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਜੈਤੋ ਦਾ ਮੋਰਚਾ ਸਿੱਖ ਇਤਿਹਾਸ ਦਾ ਇਕ ਗੌਰਵਸ਼ਾਲੀ ਅਧਿਆਇ ਹੈ। ਇਸ ਮੋਰਚੇ ਦੌਰਾਨ ਸ਼ਹੀਦ ਹੋਏ ਸਿੱਖਾਂ ਦੀ 100 ਸਾਲਾ ਸ਼ਹੀਦੀ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਵੱਡੇ ਪੱਧਰ 'ਤੇ ਮਨਾਈ ਜਾ ਰਹੀ ਹੈ। ਭਾਈ ਮਹਿਤਾ ਨੇ ਕਿਹਾ ਕਿ ਇਸ ਇਤਿਹਾਸਕ ਦਿਹਾੜੇ ਸਬੰਧੀ ਸੰਗਤਾਂ ਨੂੰ ਜਾਗਰੂਕ ਕਰਨ ਲਈ ਪ੍ਰਚਾਰਕ ਜਥਿਆਂ ਦਾ ਵੱਡਾ ਰੋਲ ਹੈ, ਜਿਸ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਜਥਿਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜੈਤੋ ਦੇ ਮੋਰਚੇ ਨੂੰ ਸਮਰਪਤ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਜਿਥੇ ਅੱਜ ਸਮੀਖਿਆ ਕੀਤੀ ਗਈ ਹੈ, ਉਥੇ ਹੀ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਵਿਖੇ 19, 20 ਅਤੇ 21 ਫ਼ਰਵਰੀ ਨੂੰ ਕਰਵਾਏ ਜਾਣ ਵਾਲੇ ਸਮਾਗਮਾਂ ਬਾਰੇ ਵੀ ਵਿਚਾਰਾਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ 19 ਫ਼ਰਵਰੀ ਨੂੰ ਜੈਤੋ ਵਿਖੇ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ, 20 ਫ਼ਰਵਰੀ ਨੂੰ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਗੁਰਮਤਿ ਸਮਾਗਮ ਵਿਚ ਹਾਜ਼ਰੀ ਭਰੀ ਜਾਵੇਗੀ। 21 ਫ਼ਰਵਰੀ ਨੂੰ ਜੈਤੋ ਮੋਰਚੇ ਦੀ 100 ਸਾਲਾ ਸ਼ਤਾਬਦੀ ਸਬੰਧੀ ਮੁੱਖ ਸਮਾਗਮ ਹੋਵੇਗਾ, ਜਿਸ ਵਿਚ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ, ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਨਗੀਆਂ। ਇਸ ਮੌਕੇ ਸਕੱਤਰ ਪ੍ਰਤਾਪ ਸਿੰਘ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਹਰਭਜਨ ਸਿੰਘ ਵਕਤਾ, ਸ਼ਹੀਦ ਸਿੱਖ ਮਿਸ਼ਨਰੀ ਕਾਲਜ ਦੀ ਪ੍ਰਿੰਸੀਪਲ ਬੀਬੀ ਮਨਜੀਤ ਕੌਰ, ਇੰਚਾਰਜ ਮਲਕੀਤ ਸਿੰਘ ਬਹਿੜਵਾਲ, ਕਰਤਾਰ ਸਿੰਘ, ਬਹਾਲ ਸਿੰਘ, ਅਨੰਦਪੁਰ ਜ਼ੋਨ ਦੇ ਇੰਚਾਰਜ ਗੁਰਭਾਗ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਜ਼ੋਨ ਦੇ ਇੰਚਾਰਜ ਜਗਪਾਲ ਸਿੰਘ ਸਮੇਤ ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥੇ ਹਾਜ਼ਰ ਸਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਅੱਜ 31 ਨਵ-ਨਿਯੁਕਤ ਪ੍ਰਚਾਰਕਾਂ ਨੂੰ ਨਿਯੁਕਤੀ ਪੱਤਰ ਵੀ ਦਿੱਤੇ ਗਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਪਿਛਲੇ ਸਮੇਂ ਧਰਮ ਪ੍ਰਚਾਰ ਲਹਿਰ ਨੂੰ ਘਰ-ਘਰ ਤੱਕ ਪਹੁੰਚਉਣ ਦੇ ਮੰਤਵ ਨਾਲ ਮਿਸ਼ਨਰੀ ਕਾਲਜਾਂ ਤੋਂ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਲੰਟੀਅਰ ਦੇ ਤੌਰ 'ਤੇ ਨਿਯੁਕਤ ਕੀਤਾ ਗਿਆ ਸੀ। ਇਨ੍ਹਾਂ ਵਿਦਿਆਰਥੀਆਂ ਨੇ ਬਾਰਡਰ ਏਰੀਏ ਦੇ ਵੱਖ-ਵੱਖ ਪਿੰਡਾਂ ਵਿਚ ਵਿਚਰਦਿਆਂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਭੂਮਿਕਾ ਨਿਭਾਈ ਹੈ। ਇਨ੍ਹਾਂ ਵਿਦਿਆਰਥੀਆਂ ਨੂੰ ਅੱਜ ਬਤੌਰ ਪ੍ਰਚਾਰਕ ਨਿਯੁਕਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਪ੍ਰਤਾਪ ਸਿੰਘ, ਓ ਐਸ ਡੀ ਸਤਬੀਰ ਸਿੰਘ ਧਾਮੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਵੱਲੋਂ ਨਿਯੁਕਤੀ ਪੱਤਰ ਸੌਂਪੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਬੀਤੇ ਸਮੇਂ ਦੌਰਾਨ ਵਲੰਟੀਅਰ ਦੇ ਤੌਰ 'ਤੇ ਕਾਰਜ ਕਰਦਿਆਂ ਇਨ੍ਹਾਂ ਪ੍ਰਚਾਰਕਾਂ ਨੇ ਧਰਮ ਪ੍ਰਚਾਰ ਦੇ ਨਾਲ-ਨਾਲ ਸਿੱਖੀ ਨੂੰ ਦਰਪੇਸ਼ ਚੁਣੌਤੀਆਂ ਦਾ ਡਟਵਾਂ ਮੁਕਾਬਲਾ ਕਰਕੇ ਬਿਹਤਰ ਜ਼ੁੰਮੇਵਾਰੀ ਨਿਭਾਈ ਹੈ।

# ਦੂਜੇ ਦਿਨ ਵੀ ਜ਼ਿਲ੍ਹਾ ਵਾਸੀਆਂ ਨੇ ਭਲਾਈ ਸਕੀਮਾਂ ਦਾ ਲਾਭ ਉਠਾਇਆ

ਗੁਰਦਾਸਪੁਰ (ਜਨਕ ਮਹਾਜਨ)- 'ਆਪ ਦੀ ਸਰਕਾਰ ਆਪ ਦੇ ਦੁਆਰ' ਪ੍ਰੋਗਰਾਮ ਤਹਿਤ ਅੱਜ ਦੂਜੇ ਦਿਨ ਵੀ ਜ਼ਿਲ੍ਹਾ ਗੁਰਦਾਸਪੁਰ ਵਿੱਚ ਵਿਸ਼ੇਸ਼ ਕੈਂਪ ਲਗਾਏ ਗਏ ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਆਮ ਲੋਕਾਂ ਨੇ ਸ਼ਾਮਲ ਹੋ ਕੇ ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਉਠਾਇਆ। ਕੈਂਪਾਂ ਬਾਰੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਜਾ ਕੇ ਕਰਨ ਲਈ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਵਿਚ ਕੈਂਪ ਲਗਾਉਣ ਦੀ ਸ਼ੁਰੂਆਤ ਕੱਲ੍ਹ ਤੋਂ ਹੋ ਚੁੱਕੀ ਹੈ ਅਤੇ ਇਕ ਮਹੀਨੇ ਤੱਕ ਇਹ ਕੈਂਪ ਇਸੇ ਤਰ੍ਹਾਂ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਦੌਰਾਨ ਪੰਜਾਬ ਸਰਕਾਰ ਦੀਆਂ ਪ੍ਰਚਾਰ ਵੈਨਾਂ ਵੱਲੋਂ ਭਲਾਈ ਸਕੀਮਾਂ ਬਾਰੇ ਲੋਕਾਂ ਨੂੰ ਜਾਗਰੂਕ ਵੀ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੀਤੇ ਕੱਲ੍ਹ ਪਹਿਲੇ ਦਿਨ ਜ਼ਿਲ੍ਹੇ ਦੀਆਂ ਛੇ ਸਬ ਡਵੀਜ਼ਨਾਂ 'ਚ ਲਗਾਏ ਗਏ ਕੈਂਪਾਂ ਵਿਚ 940 ਸੇਵਾਵਾਂ ਲਈ ਲੋਕਾਂ ਨੇ ਅਰਜ਼ੀਆਂ ਦਿੱਤੀਆਂ ਸਨ, ਜਿਨ੍ਹਾਂ ਵਿਚੋਂ 413 ਸੇਵਾਵਾਂ ਮੌਕੇ 'ਤੇ ਹੀ ਮੁਹੱਈਆ ਕਰਵਾ ਦਿੱਤੀਆਂ ਗਈਆਂ ਅਤੇ ਬਾਕੀ ਸੇਵਾਵਾਂ ਵੀ ਜਲਦ ਮੁਹੱਈਆ ਕਰਵਾ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਕੈਂਪਾਂ ਵਿਚ ਆਈਆਂ 51 ਸ਼ਿਕਾਇਤਾਂ ਵਿਚੋਂ 5 ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ ਗਿਆ ਅਤੇ ਬਾਕੀ ਸ਼ਿਕਾਇਤਾਂ ਦਾ ਵੀ ਸਮਾਂਬੱਧ ਨਿਪਟਾਰਾ ਕਰ ਦਿੱਤਾ ਜਾਵੇਗਾ।

# ਅਣਅਧਿਕਾਰਤ ਚਲਾਏ ਜਾ ਰਹੇ ਮੁੜ ਵਸੇਬਾ ਕੇਂਦਰ ਨੂੰ ਕੀਤਾ ਸੀਲ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਹਲਕਾ ਖੇਮਕਰਨ ਅਧੀਨ ਪੈਂਦੇ ਪਿੰਡ ਆਸਲ ਉਤਾੜ 'ਚ ਅਣਅਧਿਕਾਰਤ ਤਰੀਕੇ ਨਾਲ ਚਲਾਏ ਜਾ ਰਹੇ ਮੁੜ ਵਸੇਬਾ ਸੈਂਟਰ ਨੂੰ ਸਿਵਲ ਪ੍ਰਸ਼ਾਸਨ ਵੱਲੋਂ ਸੀਲ ਕਰ ਦੇਣ ਦੀ ਖ਼ਬਰ ਸਾਹਮਣੇ ਆਈ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਮੈਡੀਕਲ ਕਮਿਸ਼ਨਰ ਡਾ. ਸੰਦੀਪ ਕਾਲਰਾ ਤੇ ਡਾ. ਗੁਰਿੰਦਰਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਆਸਲ ਉਤਾੜ 'ਚ ਸਥਿਤ ਮੁੜ ਵਸੇਬਾ ਕੇਂਦਰ ਖਿਲਾਫ਼ ਸ਼ਿਕਾਇਤ ਮਿਲੀ ਸੀ, ਜਿਸ ਸੰਬੰਧੀ ਅੱਜ ਉਹ ਐਸ ਐਮ ਓ ਖੇਮਕਰਨ ਡਾ. ਜਤਿੰਦਰ ਕੌਰ ਤੇ ਐਸ ਐਚ ਓ ਵਲਟੋਹਾ ਸੁਨੀਤਾ ਬਾਵਾ ਦੀ ਹਾਜ਼ਰੀ 'ਚ ਉਪਰੋਕਤ ਮੁੜ ਵਸੇਬਾ ਕੇਂਦਰ ਦੀ ਚੈਕਿੰਗ ਕੀਤੀ ਗਈ । ਉਪਰੋਕਤ ਅਧਿਕਾਰੀਆਂ ਨੇ ਦੱਸਿਆ ਕਿ ਜਾਂਚ ਦੌਰਾਨ ਉਕਤ ਮੁੜ ਵਸੇਬਾ ਕੇਂਦਰ ਦਾ ਮਾਲਕ ਸੈਂਟਰ ਨੂੰ ਚਲਾਉਣ ਲਈ ਸਰਕਾਰ ਪਾਸੋਂ ਜਾਰੀ ਕੀਤਾ ਗਿਆ ਕੋਈ ਵੀ ਦਸਤਾਵੇਜ਼ ਪੇਸ਼ ਨਹੀਂ ਕਰ ਸਕਿਆ। ਉਨ੍ਹਾਂ ਦੱਸਿਆ ਕਿ ਉਪਰੋਕਤ ਮੁੜ ਵਸੇਬਾ ਕੇਂਦਰ ਦੇ ਮਾਲਕ ਵੱਲੋਂ 2021 'ਚ ਲਾਇਸੰਸ ਲੈਣ ਸੰਬੰਧੀ ਇੱਕ ਅਰਜ਼ੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੀ ਗਈ ਸੀ, ਪ੍ਰੰਤੂ ਉਪਰੋਕਤ ਮਾਲਕ ਨੇ ਸੰਬੰਧਤ ਲਾਇਸੰਸ ਨਹੀਂ ਲਿਆ ਤੇ ਉਹ ਸਾਲ 2021 ਤੋਂ ਲੈ ਕੇ ਹੁਣ ਤੱਕ ਅਣਅਧਿਕਾਰਤ ਤਰੀਕੇ ਨਾਲ ਸੈਂਟਰ ਚਲਾ ਕੇ ਨੌਜਵਾਨਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰ ਰਿਹਾ ਸੀ। ਉਪਰੋਕਤ ਅਧਿਕਾਰੀਆਂ ਨੇ ਦੱਸਿਆ ਕਿ ਇਸ ਮੁੜ ਵਸੇਬਾ ਕੇਂਦਰ 'ਚ ਤੀਹ ਦੇ ਕਰੀਬ ਬੈਡ ਲੱਗੇ ਹਨ, ਪ੍ਰੰਤੂ ਅੱਜ ਚੈਕਿੰਗ ਦੌਰਾਨ ਗੁਰਜੀਤ ਸਿੰਘ, ਰੁਪਿੰਦਰ ਸਿੰਘ, ਅਮਰਜੀਤ ਸਿੰਘ ਤੇ ਅਰੁਣਦੀਪ ਸਿੰਘ ਨਾਮਕ ਚਾਰ ਨੌਜਵਾਨ ਹੀ ਕੇਂਦਰ ਵਿੱਚ ਦਾਖਲ ਪਾਏ ਗਏ। ਉਨ੍ਹਾਂ ਕਿਹਾ ਕਿ ਇਨ੍ਹਾਂ ਚੌਹਾਂ ਨੌਜਵਾਨਾਂ ਨੂੰ 108 ਐਂਬੂਲੈਂਸ ਦੀ ਮਦਦ ਨਾਲ ਸੀ ਐਚ ਸੀ ਹਸਪਤਾਲ ਖੇਮਕਰਨ ਵਿੱਚ ਭਰਤੀ ਕਰਵਾ ਦਿੱਤਾ ਗਿਆ ਹੈ ਅਤੇ ਉਕਤ ਮੁੜ ਵਸੇਬਾ ਕੇਂਦਰ ਨੂੰ ਸੀਲ ਕਰਕੇ ਇਸ ਦੀ ਰਿਪੋਰਟ ਡਿਪਟੀ ਕਮਿਸ਼ਨਰ ਤਰਨ ਤਾਰਨ ਨੂੰ ਸੌਂਪ ਦਿੱਤੀ ਜਾਵੇਗੀ। ਉਧਰ ਜਦੋਂ ਮੌਕੇ 'ਤੇ ਮੌਜੂਦ ਐਸ ਐਚ ਓ ਵਲਟੋਹਾ ਸੁਨੀਤਾ ਬਾਵਾ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਸਿਵਲ ਪ੍ਰਸ਼ਾਸਨ ਵੱਲੋਂ ਕਾਰਵਾਈ ਕਰਕੇ ਸੌਂਪੀ ਗਈ ਰਿਪੋਰਟ ਦੇ ਆਧਾਰ 'ਤੇ ਬਣਦੀ ਕਾਰਵਾਈ ਕਰਨਗੇ। ਬੀਤੇ ਕੁਝ ਕੁ ਦਿਨ ਪਹਿਲਾਂ ਕਥਿਤ ਤੌਰ 'ਤੇ ਮੁੜ ਵਸੇਬਾ ਕੇਂਦਰ ਦੇ ਮਾਲਕਾਂ ਅਤੇ ਮੁਲਾਜ਼ਮਾਂ ਨੇ ਸੈਂਟਰ ਵਿੱਚ ਨਸ਼ਾ ਛੱਡਣ ਲਈ ਦਾਖ਼ਲ ਹੋਏ ਨੌਜਵਾਨ ਮਨਦੀਪ ਸਿੰਘ ਪੁੱਤਰ ਅਮੀਰ ਸਿੰਘ ਵਾਸੀ ਭਿੱਖੀਵਿੰਡ ਦੀ ਬੁਰੀ ਤਰ੍ਹਾਂ ਕੁੱਟਮਾਰ ਕਰਕੇ ਖੱਬੀ ਬਾਂਹ ਤੋੜ ਦਿੱਤੀ ਸੀ, ਜਿਸ ਸੰਬੰਧੀ ਪੀੜਤ ਮਨਦੀਪ ਸਿੰਘ ਵੱਲੋਂ ਵਲਟੋਹਾ ਪੁਲਸ ਨੂੰ ਲਿਖਤੀ ਦਰਖ਼ਾਸਤ ਦੇ ਕੇ ਉਪਰੋਕਤ ਸੈਂਟਰ ਖਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਗਈ ਕੀਤੀ ਗਈ ਸੀ।

# ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਐਕਟ ਨਾਲ ਛੇੜਛਾੜ ਬਰਦਾਸ਼ਤ ਨਹੀਂ : ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਗੁਰਦੁਆਰਾ ਬੋਰਡ ਵਿਚ ਸਰਕਾਰ ਵੱਲੋਂ ਸਿੱਖ ਸੰਸਥਾਵਾਂ ਦੇ ਮੈਂਬਰਾਂ ਦੀ ਗਿਣਤੀ ਘਟਾਉਣ ਦੀ ਕਾਰਵਾਈ ਦਾ ਗੰਭੀਰ ਨੋਟਿਸ ਲੈਂਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਹ ਬਹੁਤ ਹੀ ਦੁਖਦਾਈ ਅਤੇ ਨਿੰਦਣਯੋਗ ਹੈ। ਉਨ੍ਹਾਂ ਇਸ ਮਾਮਲੇ ਨੂੰ ਲੈ ਕੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੂੰ ਪੱਤਰ ਲਿਖ ਕੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ ਅਤੇ ਮਾਮਲੇ ਦੀ ਗੰਭੀਰਤਾ ਨੂੰ ਵੇਖਦਿਆਂ ਮੁਲਾਕਾਤ ਲਈ ਸਮਾਂ ਮੰਗਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਮਹਾਰਾਸ਼ਟਰ ਸਰਕਾਰ ਦੇ ਮੰਤਰੀ ਮੰਡਲ ਵੱਲੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਦੇ ਐਕਟ ਵਿਚ ਮਨਮਰਜ਼ੀ ਦੀ ਸੋਧ ਸਿੱਖ ਗੁਰਦੁਆਰਾ ਪ੍ਰਬੰਧਾਂ ਵਿੱਚ ਸਿੱਧੀ ਦਖਲਅੰਦਾਜ਼ੀ ਹੈ। ਉਨ੍ਹਾਂ ਕਿਹਾ ਕਿ ਨਾਂਦੇੜ ਗੁਰਦੁਆਰਾ ਬੋਰਡ ਵਿੱਚ ਸਿੱਖ ਸੰਸਥਾਵਾਂ ਦੇ ਮੈਂਬਰਾਂ ਦੀ ਨੁਮਾਇੰਦਗੀ ਦਾ ਮੰਤਵ ਤਖ਼ਤ ਸਾਹਿਬ, ਸਬੰਧਤ ਸਿੱਖ ਗੁਰਧਾਮਾਂ ਦੀ ਮਰਿਆਦਾ ਦੇ ਮੱਦੇਨਜ਼ਰ ਬੋਰਡ ਦੇ ਕੰਮਕਾਜ ਨੂੰ ਪਾਰਦਰਸ਼ੀ ਅਤੇ ਧਾਰਮਿਕ ਢੰਗ ਨਾਲ ਯਕੀਨੀ ਬਣਾਉਣਾ ਹੈ। ਉਨ੍ਹਾਂ ਚਿੰਤਾ ਜ਼ਾਹਰ ਕੀਤੀ ਕਿ ਐਕਟ ਵਿੱਚ ਕੋਈ ਵੀ ਵਿਗਾੜ ਇਸ ਭਾਵਨਾ ਨੂੰ ਠੇਸ ਪਹੁੰਚਾਏਗਾ। ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਸਰਕਾਰ ਦਾ ਗੁਰਦੁਆਰਾ ਬੋਰਡ ਵਿਚ ਸਰਕਾਰੀ ਨਾਮਜ਼ਦ ਮੈਂਬਰਾਂ ਦੀ ਗਿਣਤੀ ਵਧਾਉਣ ਅਤੇ ਸਿੱਖ ਸੰਸਥਾਵਾਂ ਦੇ ਮੈਂਬਰਾਂ ਨੂੰ ਘਟਾਉਣ ਦਾ ਫੈਸਲਾ ਸਿੱਖ ਗੁਰਧਾਮਾਂ 'ਤੇ ਸਿੱਧਾ ਕਬਜ਼ਾ ਕਰਨ ਦੀ ਕਾਰਵਾਈ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਸਰਕਾਰ ਨੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਕੀ ਬੋਰਡ ਵਿੱਚ ਅਜਿਹੀ ਸੋਧ ਦਾ ਪ੍ਰਸਤਾਵ ਪੇਸ਼ ਕਰਨ ਤੋਂ ਪਹਿਲਾਂ ਸਿੱਖਾਂ ਦੀਆਂ ਨੁਮਾਇੰਦਾ ਸੰਸਥਾਵਾਂ ਅਤੇ ਜਥੇਬੰਦੀਆਂ ਨਾਲ ਕੋਈ ਅਗਾਊਂ ਸਲਾਹ-ਮਸ਼ਵਰਾ ਨਹੀਂ ਕੀਤਾ।

ਐਡਵੋਕੇਟ ਧਾਮੀ ਨੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੂੰ ਅਪੀਲ ਕੀਤੀ ਕਿ ਉਹ ਸਿੱਖ ਗੁਰਧਾਮਾਂ ਦੇ ਪ੍ਰਬੰਧਾਂ ਵਿੱਚ ਸਰਕਾਰੀ ਪ੍ਰਭਾਵ ਵਧਾਉਣ ਵਾਲੀਆਂ ਕਾਰਵਾਈਆਂ ਨੂੰ ਤੁਰੰਤ ਬੰਦ ਕਰਨ ਅਤੇ ਸ੍ਰੀ ਹਜ਼ੂਰ ਸਾਹਿਬ ਗੁਰਦੁਆਰਾ ਬੋਰਡ ਨਾਲ ਸਬੰਧਤ ਐਕਟ 1956 ਨੂੰ ਤੋੜਨ ਦੀ ਕਾਰਵਾਈ ਨੂੰ ਤੁਰੰਤ ਰੋਕਣ। ਉਨ੍ਹਾਂ ਕਿਹਾ ਕਿ ਨਾਂਦੇੜ ਗੁਰਦੁਆਰਾ ਬੋਰਡ ਵਿੱਚ ਪਹਿਲਾਂ ਵਾਂਗ ਸਿੱਖ ਸੰਸਥਾਵਾਂ ਦੇ ਨੁਮਾਇੰਦਿਆਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਇਸ ਸੋਧ ਨੂੰ ਲੈ ਕੇ ਸਮੁੱਚੇ ਸਿੱਖ ਜਗਤ ਅੰਦਰ ਵੱਡੇ ਰੋਸ ਦੀ ਲਹਿਰ ਹੈ। ਮਹਾਰਾਸ਼ਟਰ ਦੀਆਂ ਸੰਗਤਾਂ ਵੱਲੋਂ ਵੀ ਇਸ ਨੂੰ ਲੈ ਕੇ ਸਖ਼ਤ ਇਤਰਾਜ਼ ਪ੍ਰਗਟਾਏ ਜਾ ਰਹੇ ਹਨ।

# ਮੋਦੀ ਸਰਕਾਰ ਨੇ 70 ਸਾਲਾਂ ਦੀਆਂ ਕਮੀਆਂ ਨੂੰ ਦੂਰ ਕਰਨ ਦਾ ਕੰਮ ਕੀਤਾ : ਸ਼ਾਹ

**ਲੁਧਿਆਣਾ/ਜਲੰਧਰ** : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ 'ਸੁਰੱਖਿਆ ਬਾਇਓਂਡ ਟੂਮੋਰੋ: ਫੋਰਜਿੰਗ ਇੰਡੀਆਜ਼ ਰੈਜ਼ੀਲੈਂਟ ਫਿਊਚਰ' ਵਿਸ਼ੇ 'ਤੇ ਆਯੋਜਿਤ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਸਪੱਸ਼ਟ ਕੀਤਾ ਕਿ ਪਿਛਲੇ 10 ਸਾਲਾਂ ਵਿੱਚ 70 ਸਾਲਾਂ ਦੀਆਂ ਕਮੀਆਂ ਨੂੰ ਦੂਰ ਕਰਨ ਦਾ ਕੰਮ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਨੇ ਅੰਦਰੂਨੀ ਸੁਰੱਖਿਆ ਵਿੱਚ ਸੁਧਾਰ ਕੀਤਾ ਹੈ।

ਦੇਸ਼ ਵਿੱਚ ਇੱਕ ਮਜ਼ਬੂਤ ਲੋਕਤੰਤਰ ਬਣਾਉਣ ਵਿੱਚ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਗਈ ਹੈ। ਇਸ ਮੌਕੇ ਸ਼ਾਹ ਨੇ ਓ ਆਰ ਐੱਫ ਵਿਦੇਸ਼ ਨੀਤੀ ਸਰਵੇਖਣ ਵੀ ਲਾਂਚ ਕੀਤਾ। ਮੋਦੀ ਦੀ ਦੂਰਅੰਦੇਸ਼ੀ ਅਤੇ ਅਮਿਤ ਸ਼ਾਹ ਦੀ ਅੰਤੋਦਿਆ ਰਾਜਨੀਤੀ ਦਾ ਹੀ ਨਤੀਜਾ ਹੈ ਕਿ ਪਿਛਲੇ 10 ਸਾਲਾਂ ਵਿੱਚ ਸਾਲਾਂ ਤੋਂ ਵਾਂਝੇ ਰਹੇ ਕਰੋੜਾਂ ਆਮ ਲੋਕਾਂ ਨੂੰ ਆਜ਼ਾਦੀ ਦੀ ਅਸਲ ਖੁਸ਼ੀ ਮਿਲੀ ਹੈ।

# ਬਿਰਧ ਘਰ ਸ਼ੁਰੂ ਕਰਨ ਸਮੇਂ ਰਜਿਸਟਰਡ ਕਰਵਾਉਣਾ ਜ਼ਰੂਰੀ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਵੱਲੋਂ ਗੈਰ ਸਰਕਾਰੀ ਸੰਸਥਾਵਾਂ ਨੂੰ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਜਿਸ ਵੀ ਗੈਰ ਸਰਕਾਰੀ ਸੰਸਥਾ ਵੱਲੋਂ ਬਿਰਧ ਘਰ ਚਲਾਇਆ ਜਾ ਰਿਹਾ ਹੈ ਉਸ ਨੂੰ ਆਪਣਾ ਬਿਰਧ ਘਰ ਪੰਜਾਬ ਮੈਨੇਜਮੈਂਟ ਆਫ਼ ਸੀਨੀਅਰ ਸਿਟੀਜ਼ਨ ਹੋਮ ਫ਼ਾਰ ਐਲਡਰੀ ਪਰਸਨ ਸਕੀਮ 2019 ਤਹਿਤ ਰਜਿਸਟਰਡ ਕਰਵਾਉਣਾ ਲਾਜ਼ਮੀ ਹੈ। ਰਾਜ ਸਰਕਾਰ ਦੇ ਇਨ੍ਹਾਂ ਹੁਕਮਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਡਾ. ਕਿਰਤਪ੍ਰੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 'ਪੰਜਾਬ ਮੈਨੇਜਮੈਂਟ ਆਫ਼ ਸੀਨੀਅਰ ਸਿਟੀਜ਼ਨ ਹੋਮ ਫ਼ਾਰ ਐਲਡਰੀ ਪਰਸਨ ਸਕੀਮ, 2019' ਤਹਿਤ ਇਹ ਲਾਜ਼ਮੀ ਕੀਤਾ ਗਿਆ ਹੈ ਕਿ ਕੋਈ ਵੀ ਗੈਰ ਸਰਕਾਰੀ ਸੰਸਥਾ ਬਿਰਧ ਘਰ ਸ਼ੁਰੂ ਕਰਨਾ ਸਮੇਂ ਆਪਣੇ ਆਪ ਨੂੰ ਸੀਨੀਅਰ ਸਿਟੀਜ਼ਨ ਐਕਟ 2007 ਅਤੇ ਪਾਲਿਸੀ 2019 ਤਹਿਤ ਰਜਿਸਟਰਡ ਕਰਵਾਏ ਅਤੇ ਰੂਲਾਂ ਦੀ ਇੰਨ-ਬਿੰਨ ਪਾਲਣਾ ਕਰੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਬਿਰਧ ਘਰ ਉਪਰੋਕਤ ਪਾਲਿਸੀ ਤਹਿਤ ਰਜਿਸਟਰਡ ਨਹੀਂ ਹੈ ਤਾਂ ਉਹ ਤੁਰੰਤ ਨਿਰਧਾਰਤ ਪ੍ਰੋਫ਼ਾਰਮਾ ਭਰ ਕੇ ਸਮਾਜਿਕ ਸੁਰੱਖਿਆ ਵਿਭਾਗ ਕੋਲ ਰਜਿਸਟਰੇਸ਼ਨ ਅਪਲਾਈ ਕਰੇ। ਉਨ੍ਹਾਂ ਕਿਹਾ ਕਿ ਅਰਜ਼ੀ ਪ੍ਰਾਪਤ ਹੋਣ ਤੋਂ ਬਾਅਦ ਵਿਭਾਗ ਦੇ ਅਧਿਕਾਰੀਆਂ ਵੱਲੋਂ ਉਸ ਬਿਰਧ ਘਰ ਦੀ ਇੰਸਪੈਕਸ਼ਨ ਕਰਕੇ ਕੇਸ ਨੂੰ 'ਪੰਜਾਬ ਮੈਨੇਜਮੈਂਟ ਆਫ਼ ਸੀਨੀਅਰ ਸਿਟੀਜ਼ਨ ਹੋਮ ਫ਼ਾਰ ਐਲਡਰੀ ਪਰਸਨ ਸਕੀਮ, 2019' ਅਧੀਨ ਰਜਿਸਟਰੇਸ਼ਨ ਕਰਨ ਲਈ ਭੇਜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਇਹ ਕੇਸ ਭੇਜਣ ਦੀ ਆਖ਼ਰੀ ਮਿਤੀ 10 ਫ਼ਰਵਰੀ 2024 ਨਿਰਧਾਰਤ ਕੀਤੀ ਗਈ ਹੈ।

# 80ਵਾਂ ਦਸਤਾਰ ਤੇ ਦੁਮਾਲਾ ਮੁਕਾਬਲਾ ਸੰਪੰਨ



ਪੱਟੀ, (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ) - ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਸੁਸਾਇਟੀ ਦਸਤੂਰ-ਇ- ਦਸਤਾਰ ਲਹਿਰ ਵੱਲੋਂ ਕੌਮ ਦੇ ਮਹਾਨ ਵਿਦਵਾਨ ਗਿਆਨੀ ਪਲਵਿੰਦਰ ਸਿੰਘ ਅਮਰੀਕਾ ਵਾਲੇ ਅਤੇ ਸਮੂਹ ਨੌਜਵਾਨ ਸਭਾ ਦੇ ਸਹਿਯੋਗ ਨਾਲ ਬਾਬਾ ਭੂਪ ਸਿੰਘ ਜੀ ਦੀ ਪਵਿੱਤਰ ਸ਼ਹਾਦਤ ਨੂੰ ਸਮਰਪਤ ਪਿੰਡ ਬਾਹਮਣੀਵਾਲਾ ਵਿਖੇ ਖੁੱਲ੍ਹੇ ਪੰਡਾਲਾਂ ਵਿੱਚ ਦਸਤਾਰ ਅਤੇ ਦੁਮਾਲਾ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਆਸ ਪਾਸ ਦੇ ਸਕੂਲਾਂ ਪਿੰਡਾਂ ਦੀ ਨੌਜਵਾਨ ਬੱਚੇ ਅਤੇ ਬੱਚੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਮੁਕਾਬਲੇ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਚਾਰ ਗਰੁੱਪਾਂ ਵਿੱਚ ਵੰਡਿਆ ਗਿਆ ਅਤੇ ਹਰੇਕ ਗਰੁੱਪ ਵਿੱਚੋਂ ਪਹਿਲੀ ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਲੜਕੇ ਲੜਕੀਆਂ ਨੂੰ ਸ਼ੀਲਡਾਂ ਅਤੇ ਬਾਕੀ ਸਭਨਾਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਸੁਸਾਇਟੀ ਵੱਲੋਂ ਉਚੇਚੇ ਤੌਰ 'ਤੇ ਮੀਤ ਸਕੱਤਰ ਹਰਚਰਨ ਸਿੰਘ ਉਬੋਕੇ, ਖਜ਼ਾਨਚੀ ਭਾਈ ਮਨਦੀਪ ਸਿੰਘ ਘੋਲੀਆਂ ਕਲਾਂ, ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ, ਦਸਤਾਰ ਕੋਚ ਆਕਾਸ਼ਦੀਪ ਸਿੰਘ, ਬਿਸ਼ਨਦੀਪ ਸਿੰਘ, ਜਗਦੀਸ਼ ਸਿੰਘ ਭਿੱਖੀਵਿੰਡ ਨੇ ਸ਼ਮੂਲੀਅਤ ਕੀਤੀ। ਇਸ ਸਮੇਂ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਕਿਹਾ ਕਿ ਪੰਜਾਬ ਦਿਨ ਬ ਦਿਨ ਖਾਲੀ ਹੁੰਦਾ ਜਾ ਰਿਹਾ। ਜਿਹੜੇ ਨੌਜਵਾਨ ਇੱਥੇ ਰਹਿ ਰਹੇ ਹਨ ਉਨ੍ਹਾਂ ਵਿੱਚੋਂ ਬਹੁਤਾਤ ਛੋਟੀ ਉਮਰ ਵਿੱਚ ਨਸ਼ਿਆਂ ਵਰਗੀ ਬਿਮਾਰੀ ਦੀ ਗ੍ਰਿਫ਼ਤ ਵਿੱਚ ਆ ਚੁੱਕੇ ਹਨ। ਜਦੋਂ ਕਿ ਪੰਜਾਬ ਅਤੇ ਇਸ ਦੀ ਜਵਾਨੀ ਆਖ਼ਰੀ ਸਾਹਾਂ 'ਤੇ ਹੈ। ਤਦੋਂ ਸੁਹਿਰਦ ਅਤੇ ਕੌਮ ਹਮਦਰਦ ਵੀਰਾਂ ਦੇ ਵੱਲੋਂ ਇਹ ਕਦਮ ਚੁੱਕਿਆ ਗਿਆ ਕਿ ਅਸੀਂ ਇੱਕ ਕਾਫਲਾ ਬਣਾ ਕੇ ਪੰਜਾਬ ਦੇ ਜਵਾਨਾਂ ਨੂੰ ਉਨ੍ਹਾਂ ਦੀ ਜ਼ਿੰਦਗੀ ਨੂੰ ਜਿੱਥੇ ਬਚਾਉਣਾ ਹੈ ਉਥੇ ਨਾਲ ਹੀ ਗੁਰੂ ਜੀ ਵੱਲੋਂ ਪਹਿਨਾਈ ਗਈ ਪੰਜ ਕਕਾਰੀ ਵਰਦੀ ਦਾ ਹਿੱਸਾ ਦਸਤਾਰ ਹਰ ਇੱਕ ਸਿਰ 'ਤੇ ਸਜਾਉਣੀ ਹੈ । ਬੱਚਿਆਂ ਨੇ ਇਸ ਨਾਅਰੇ ਨੂੰ ਕਿ ਕਾਫਲਾ ਇਹ ਉੱਠ ਤੁਰਿਆ ਅੱਗੇ ਨੂੰ ਵਧਦਾ ਜਾਊਗਾ ਉਦੋਂ ਹੀ ਸਾਡੇ ਕਦਮ ਰੁਕਣਗੇ ਜਦੋਂ ਹਰ ਕੋਈ ਦਸਤਾਰ ਸਜਾਊਗਾ ਉੱਚੀ ਆਵਾਜ਼ ਵਿੱਚ ਹੋਕਾ ਦੇ ਕੇ ਪੰਜਾਬ ਦੇ ਹਰੇਕ ਨੌਜਵਾਨ ਨੂੰ ਆਪਣੇ ਸਿਰ 'ਤੇ ਦਸਤਾਰ ਸਜਾਉਣ ਦੀ ਪ੍ਰੇਰਨਾ ਦਿੱਤੀ। ਇਸ ਸਮੇਂ ਗਿਆਨੀ ਪਲਵਿੰਦਰ ਸਿੰਘ ਅਮਰੀਕਾ ਵਾਲਿਆਂ ਨੇ ਸੁਸਾਇਟੀ ਦੇ ਸਮੂਹ ਪ੍ਰਬੰਧਕ ਅਤੇ ਸੇਵਾਦਾਰਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਹਰੇਕ ਪੱਖ ਤੋਂ ਸਹਿਯੋਗ ਕਰਨ ਦਾ ਭਰੋਸਾ ਦਿਵਾਇਆ। ਇਸ ਮੌਕੇ ਸਮੂਹ ਨੌਜਵਾਨਾਂ ਵੱਲੋਂ ਸੁਸਾਇਟੀ ਦੇ ਨੌਜਵਾਨਾਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਸੁਸਾਇਟੀ ਦੇ ਨੌਜਵਾਨਾਂ ਵੱਲੋਂ ਨਗਰ ਦੇ ਨੌਜਵਾਨ ਅਤੇ ਸਹਿਯੋਗ ਦੇਣ ਵਾਲੇ ਹਰੇਕ ਪ੍ਰਾਣੀ ਨੂੰ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਸੋਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਹਰਜੀਤ ਸਿੰਘ ਆਸਟਰੇਲੀਆ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਜ਼ੋਨਲ ਇੰਚਾਰਜ ਭਿੱਖੀਵਿੰਡ ਗੁਰਜੰਟ ਸਿੰਘ ਸਾਹਿਲ ਪ੍ਰੀਤ ਦਸਤਾਰ ਕੋਚ, ਪ੍ਰਚਾਰਕ ਭਾਈ ਗੁਰਪ੍ਰੀਤ ਸਿੰਘ ਜੋਤੀ ਸ਼ਾਹ, ਭੈਣ ਜਸਪ੍ਰੀਤ ਕੌਰ ਕੈਰੋਂ ਲਵਪ੍ਰੀਤ ਕੌਰ ਪਲਾਸੌਰ, ਭਾਈ ਤਰਸੇਮ ਸਿੰਘ ਭਾਈ ਬਾਜ ਸਿੰਘ ਬਾਹਮਣੀ ਵਾਲਾ, ਡਾਕਟਰ ਨਿਸ਼ਾਨ ਸਿੰਘ ਮਾਨੋਚਾਹਲ ਆਦਿ ਹਾਜ਼ਰ ਸਨ।


ਪੰਜਾਬ ਮੰਡੀ ਬੋਰਡ

## ਪੰਜਾਬ ਮੰਡੀ ਬੋਰਡ

**ਈ-ਟੈਂਡਰਿੰਗ ਨੋਟਿਸ ਨੰ. : 05 ਮਿਤੀ 08.02.2024**

ਦਫਤਰ ਕਾਰਜਕਾਰੀ ਇੰਜੀਨੀਅਰ (ਸ) ਪੰਜਾਬ ਮੰਡੀ ਬੋਰਡ ਤਰਨ ਤਾਰਨ ਵੱਲੋਂ ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੀਆਂ ਮਾਰਕਿਟ ਕਮੇਟੀਆਂ ਨੌਸ਼ਹਿਰਾ ਪੰਨੂਆਂ ਅਤੇ ਭਿੱਖੀਵਿੰਡ ਅਧੀਨ ਪੈਂਦੀਆਂ ਵੱਖ-ਵੱਖ ਲਿੰਕ ਸੜਕਾਂ ਦੀ ਰਿਪੇਅਰ ਨਾਲ ਸੰਬੰਧਤ ਕੰਮਾਂ ਨੂੰ ਕਰਨ ਲਈ ਪੰਜਾਬ ਮੰਡੀ ਬੋਰਡ ਪਾਸੋਂ ਪ੍ਰਵਾਨਤ ਰਜਿਸਟਰਡ ਯੋਗ ਠੇਕੇਦਾਰਾਂ/ਫਰਮਾਂ/ਸਹਿਕਾਰੀ ਸਭਾਵਾਂ ਪਾਸੋਂ ਪ੍ਰਤੀਸ਼ਤ ਦਰ 'ਤੇ ਈ-ਟੈਂਡਰਿੰਗ ਸਾਈਟ http://eproc.punjab.gov.in ਰਾਹੀਂ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ।

ਇਸ ਟੈਂਡਰ ਨੋਟਿਸ ਦੇ ਨਿਯਮਾਂ ਅਤੇ ਸ਼ਰਤਾਂ ਸੰਬੰਧੀ ਹੋਰ ਜਾਣਕਾਰੀ ਲਈ ਪੰਜਾਬ ਸਰਕਾਰ ਦੀ ਈ-ਟੈਂਡਰਿੰਗ ਸਾਈਟ http://eproc.punjab.gov.in ਤੋਂ ਹਵਾਲਾ ਲਿਆ ਜਾ ਸਕਦਾ ਹੈ।

ਨੋਟ : ਕੋਰੀਜੰਡਮ ਕੇਵਲ http://eproc.punjab.gov.in ਵੈੱਬਸਾਈਟ 'ਤੇ ਹੀ ਜਾਰੀ ਕੀਤਾ ਜਾਵੇਗਾ।

ਸਹੀ/- ਕਾਰਜਕਾਰੀ ਇੰਜੀਨੀਅਰ (ਸ),
ਪੰਜਾਬ ਮੰਡੀ ਬੋਰਡ
ਤਰਨ ਤਾਰਨ

# 21ਵਾਂ ਰਾਜ ਪੱਧਰੀ ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸ਼ੁਰੂ



**ਗੜ੍ਹਸ਼ੰਕਰ** : ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਕਮੇਟੀ ਗੜ੍ਹਸ਼ੰਕਰ ਵਲੋਂ ਸਥਾਨਕ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਦੇ ਆਲੀਸ਼ਾਨ ਜਰਨੈਲ ਸਿੰਘ ਯਾਦਗਾਰੀ ਫੁੱਟਬਾਲ ਸਟੇਡੀਅਮ 'ਚ ਕਮੇਟੀ ਦੇ ਸਰਪ੍ਰਸਤ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਸਾਬਕਾ ਵਿਧਾਇਕ ਦੀ ਸਰਪ੍ਰਸਤੀ ਹੇਠ ਕਰਵਾਇਆ ਜਾ ਰਿਹਾ 21ਵਾਂ ਰਾਜ ਪੱਧਰੀ ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸ਼ੁਰੂ ਹੋ ਗਿਆ। ਟੂਰਨਾਮੈਂਟ ਦੀ ਆਰੰਭਤਾ 'ਤੇ ਸੰਤ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ ਨੇ ਅਰਦਾਸ ਕੀਤੀ। ਟੂਰਨਾਮੈਂਟ ਦਾ ਉਦਘਾਟਨ ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ ਮੁੱਖ ਮਹਿਮਾਨ ਨੇ ਸਾਬਕਾ ਵਿਧਾਇਕ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਸ਼੍ਰੋਮਣੀ ਕਮੇਟੀ ਮੈਂਬਰ ਡਾ. ਜੰਗ ਬਹਾਦਰ ਸਿੰਘ ਰਾਏ ਅਤੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ ਨਾਲ ਖਿਡਾਰੀਆਂ ਨਾਲ ਜਾਣ ਪਹਿਚਾਣ ਕਰਦਿਆਂ ਹਵਾ 'ਚ ਗੁਬਾਰੇ ਛੱਡਕੇ ਕੀਤਾ। ਇਸ ਮੌਕੇ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਨੇ ਟੂਰਨਾਮੈਂਟ ਕਮੇਟੀ ਵਲੋਂ ਜਥੇਦਾਰ ਗੁਰਬਖਸ਼ ਸਿੰਘ ਖਾਲਸਾ, ਹੋਰ ਮਹਿਮਾਨਾਂ, ਐਨ.ਆਰ.ਆਈਜ਼ ਤੇ ਖਿਡਾਰੀਆਂ ਦਾ ਸਵਾਗਤ ਕੀਤਾ। ਉਨ੍ਹਾਂ ਸਮੂਹ ਕਮੇਟੀ ਮੈਂਬਰਾਂ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਖਿਡਾਰੀਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ। ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਨੇ ਉਲੰਪੀਅਨ ਜਰਨੈਲ ਸਿੰਘ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਟੂਰਨਾਮੈਂਟ ਕਮੇਟੀ ਵਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਪ੍ਰਸ਼ੰਸਾ ਕੀਤੀ। ਕਮੇਟੀ ਦੇ ਸੀਨੀਅਰ ਵਾਈਸ ਪ੍ਰਧਾਨ ਡਾ. ਹਰਵਿੰਦਰ ਸਿੰਘ ਨੇ ਮੁੱਖ ਮਹਿਮਾਨ ਸਮੇਤ ਪਹੁੰਚੀਆਂ ਸਮੁੱਚੀਆਂ ਸਖਸ਼ੀਅਤਾਂ ਦਾ ਕਮੇਟੀ ਵਲੋਂ ਧੰਨਵਾਦ ਕੀਤਾ।ਟੂਰਨਾਮੈਂਟ ਦੇ ਪਿੰਡ ਪੱਧਰੀ ਉਦਘਾਟਨੀ ਮੈਚ ਵਿਚ ਪੱਦੀ ਸੂਰਾ ਸਿੰਘ ਨੇ ਚੱਕ ਫੁੱਲੂ ਨੂੰ 4-0 ਨਾਲ ਹਰਾਇਆ, ਪਿੰਡ ਪੱਧਰੀ ਦੂਜੇ ਮੈਚ ਵਿਚ ਪਨਾਮ ਨੇ ਸਮੁੰਦੜਾ ਨੂੰ 1-0 ਨਾਲ ਮਾਤ ਦਿੱਤੀ। ਤੀਜਾ ਪਿੰਡ ਪੱਧਰੀ ਮੁਕਾਬਲਾ ਫਤਹਿਪੁਰ ਖੁਰਦ ਤੇ ਧਮਾਈ ਦਰਮਿਆਨ ਹੋਇਆ। ਕਾਲਜ ਵਰਗ ਦੇ ਮੁਕਾਬਲੇ ਵਿਚ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੀ ਟੀਮ ਨੇ ਫੁੱਟਬਾਲ ਅਕੈਡਮੀ ਬੱਡੋਂ ਨੂੰ 5-0 ਦੇ ਫਰਕ ਨਾਲ ਹਰਾਕੇ ਜਿੱਤ ਦਰਜ ਕੀਤੀ।ਟੂਰਨਾਮੈਂਟ ਦੌਰਾਨ ਐਨ.ਆਰ.ਆਈਜ਼ ਵਿਚ ਬਲਦੀਪ ਸਿੰਘ ਗਿੱਲ ਕੈਨੇਡਾ, ਗੁਰਪਾਲ ਸਿੰਘ ਨਾਗਰਾ ਵੈਨਕੂਵਰ, ਮਨਮੋਹਨ ਸਿੰਘ ਦਿਆਲ ਕੈਨੇਡਾ, ਸਤਨਾਮ ਸਿੰਘ ਸੰਘਾ ਨਿਊਜ਼ੀਲੈਂਡ, ਲਵ ਮਿਨਹਾਸ ਅਮਰੀਕਾ, ਬਿਮਲ ਬੰਗਾ, ਅਲਵਿੰਦਰ ਸਿੰਘ ਸ਼ੇਰਗਿੱਲ ਕੈਨੇਡਾ ਤੋਂ ਇਲਾਵਾ ਸ਼ਵਿੰਦਰਜੀਤ ਸਿੰਘ ਬੈਂਸ ਰਿਟਾ. ਐਸ.ਪੀ., ਬਲਰਾਜ ਸਿੰਘ ਤੂਰ, ਬੂਟਾ ਸਿੰਘ ਅਲੀਪੁਰ, ਰਾਜਿੰਦਰ ਸਿੰਘ ਸ਼ੂਕਾ, ਹਰਜੀਤ ਸਿੰਘ ਭਾਤਪੁਰ, ਅਮਰਜੀਤ ਸਿੰਘ ਪੁਰਖੋਵਾਲ, ਟੂਰਨਾਮੈਂਟ ਦੌਰਾਨ ਕਮੇਟੀ ਵਲੋਂ ਸੀਨੀਅਰ ਵਾਈਸ ਪ੍ਰਧਾਨ ਡਾ. ਹਰਵਿੰਦਰ ਸਿੰਘ ਬਾਠ, ਬਲਵੀਰ ਸਿੰਘ ਬੈਂਸ ਜਨਰਲ ਸਕੱਤਰ, ਯੋਗ ਰਾਜ ਗੰਭੀਰ, ਬਲਵੀਰ ਸਿੰਘ ਚੰਗਿਆੜਾ, ਰਣਜੀਤ ਸਿੰਘ ਖੱਖ, ਅਮਨਦੀਪ ਸਿੰਘ ਬੈਂਸ, , ਰੋਸ਼ਨਜੀਤ ਸਿੰਘ ਪਨਾਮ, ਕਸ਼ਮੀਰ ਸਿੰਘ ਭੱਜਲ, ਜਸਵੰਤ ਸਿੰਘ ਭੱਠਲ, ਸੱਜਣ ਸਿੰਘ ਧਮਾਈ, ਬਘੇਲ ਸਿੰਘ ਲੱਲੀਆਂ, ਤਰਸੇਮ ਸਿੰਘ ਡੇਰੋਂ, ਡਾ. ਕੀਮਤੀ ਲਾਲ, ਹਰਭਜਨ ਸਿੰਘ ਮੋਇਲਾ, ਕੋਚ ਹਰਦੀਪ ਸਿੰਘ ਗਿੱਲ, ਤਰਲੋਚਨ ਸਿੰਘ ਗੋਲੀਆਂ, ਭੁਪਿੰਦਰ ਸਿੰਘ ਸਿੰਬਲੀ ਤੇ ਹੋਰ ਮੈਂਬਰ ਤੇ ਦਰਸ਼ਕ ਵੱਡੀ ਗਿਣਤੀ 'ਚ ਹਾਜ਼ਰ ਹੋਏ। ਸਟੇਜ ਦੀ ਕਾਰਵਾਈ ਰੋਸ਼ਨਜੀਤ ਸਿੰਘ ਪਨਾਮ ਵਲੋਂ ਬਾਖੂਬੀ ਚਲਾਈ ਗਈ।

# 16 ਦੀ ਕੌਮੀ ਹੜਤਾਲ 'ਚ ਪੈਨਸ਼ਨਰ ਹੋਣਗੇ ਸ਼ਾਮਲ : ਬਲਵਿੰਦਰ ਕੁਮਾਰ



**ਫਿਲੌਰ (ਨਿਰਮਲ)**- ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਤਹਿਸੀਲ ਫਿਲੌਰ ਦੀ ਮੀਟਿੰਗ ਪ੍ਰਧਾਨ ਬਲਵਿੰਦਰ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਐਸੋਸੀਏਸ਼ਨ ਤਹਿਸੀਲ ਫਿਲੌਰ ਦੇ ਜਨਰਲ ਸਕੱਤਰ ਬੂਟਾ ਰਾਮ ਅਕਲਪੁਰ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀਆਂ ਜ਼ਿਲ੍ਹਾ ਪੱਧਰੀ ਮੀਟਿੰਗਾਂ ਅਤੇ ਕਿਸਾਨ, ਮਜ਼ਦੂਰ ਯੂਨੀਅਨ ਸਮੇਤ ਬਾਕੀ ਜਨਤਕ ਜਥੇਬੰਦੀਆਂ ਨਾਲ ਤਹਿਸੀਲ ਅਤੇ ਜ਼ਿਲ੍ਹਾ ਪੱਧਰੀ ਹੋਈਆਂ ਮੀਟਿੰਗਾਂ ਦੇ ਫ਼ੈਸਲਿਆਂ ਨੂੰ ਪੂਰੀ ਤਰ੍ਹਾਂ ਨਾਲ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ।ਮੀਟਿੰਗ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਦਿਆਂ ਐਸੋਸੀਏਸ਼ਨ ਜ਼ਿਲ੍ਹਾ ਜਲੰਧਰ ਦੇ ਆਗੂ ਕੁਲਦੀਪ ਸਿੰਘ ਕੌੜਾ ਨੇ ਕਿਹਾ ਕਿ ਦੇਸ਼ ਅੰਦਰ 16 ਫਰਵਰੀ ਦੀ ਕੌਮੀ ਹੜਤਾਲ ਕੇਂਦਰ ਸਰਕਾਰ ਦੀਆਂ ਆਮ ਲੋਕਾਂ, ਮੁਲਾਜ਼ਮਾਂ, ਮਜ਼ਦੂਰਾਂ, ਕਿਰਤੀ ਲੋਕਾਂ ਦੀ ਲੁੱਟ ਕਰਨ ਵਾਲੀਆਂ ਨੀਤੀਆਂ, ਨਿੱਜੀਕਰਨ ਅਤੇ ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਲਾਭ ਦੇਣ ਦੀਆਂ ਨੀਤੀਆਂ ਅਤੇ ਪਬਲਿਕ ਅਦਾਰਿਆਂ ਨੂੰ ਲਗਾਤਾਰ ਪ੍ਰਾਈਵੇਟ ਹੱਥਾਂ ਵਿੱਚ ਵੇਚਣ ਦੇ ਵਿਰੁੱਧ ਕੀਤੀ ਜਾ ਰਹੀ ਹੈ।

ਕੌਮੀ ਹੜਤਾਲ ਦੇ ਮੁੱਦਿਆਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪੀ ਐਫ ਆਰ ਡੀ ਏ ਬਿੱਲ ਰੱਦ ਕਰਵਾਉਣ, ਪਬਲਿਕ ਅਦਾਰਿਆਂ ਨੂੰ ਵੇਚਣ ਤੋਂ ਰੋਕਣ ਲਈ, ਨਵੀਂ ਪੈਨਸ਼ਨ ਸਕੀਮ ਰੱਦ ਕਰਵਾ ਕੇ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ, ਠੇਕੇਦਾਰੀ ਸਿਸਟਮ ਅਤੇ ਨਿੱਜੀਕਰਨ ਨੂੰ ਬੰਦ ਕਰਵਾਉਣ, ਅੱਠਵੇਂ ਵੇਤਨ ਅਯੋਗ ਦੀ ਸਥਾਪਨਾ ਕਰਵਾਉਣ, ਰੈਗੂਲਰ ਨਿਯੁਕਤੀਆਂ ਪੂਰੇ ਪੂਰੇ ਗਰੇਡਾਂ ਵਿੱਚ ਚਾਲੂ ਕਰਵਾਉਣ, ਸਿੱਖਿਆ ਨੀਤੀਆਂ 2020 ਨੂੰ ਰੱਦ ਕਰਵਾਉਣ, ਹਿੱਟ ਐਂਡ ਰਨ-ਕਾਲਾ ਕਾਨੂੰਨ ਰੱਦ ਕਰਵਾਉਣ, ਟਰੇਡ ਯੂਨੀਅਨ ਅਧਿਕਾਰਾਂ ਨੂੰ ਬਹਾਲ ਕਰਵਾਉਣ, ਛੇਵੇਂ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ, ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਬਕਾਏ ਲੈਣ, ਪੈਨਸ਼ਨ ਰੀਵਾਈਜ ਲਈ 2.59 ਦਾ ਗੁਣਾਂਕ ਲੈਣ ਆਦਿ ਮੁੱਦਿਆਂ ਲਈ ਕੀਤੀ ਜਾ ਰਹੀ ਹੈ। ਉਹਨਾਂ ਇਸ ਕੌਮੀ ਹੜਤਾਲ ਸਮੇਂ ਚੱਕਾ ਜਾਮ ਕਰਕੇ ਹੋਣ ਵਾਲੀਆਂ ਰੈਲੀਆਂ ਵਿੱਚ ਪੈਨਸ਼ਨਰਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ। ਦੂਜੇ ਮਤੇ ਰਾਹੀਂ 16 ਫਰਵਰੀ ਦੀ ਹੜਤਾਲ ਦੀ ਸਫਲਤਾ ਲਈ ਤਹਿਸੀਲ ਅਤੇ ਜਿਲਾ ਪੱਧਰ 'ਤੇ ਆਪਣੇ ਆਪਣੇ ਪੱਧਰ ਅਤੇ ਸਾਂਝੀ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ ।ਇਸ ਮੌਕੇ ਅਕਲ ਚੰਦ ਸਿੰਘ, ਕੁਲਦੀਪ ਸਿੰਘ ਕੌੜਾ, ਤਾਰਾ ਸਿੰਘ ਬੀਕਾ, ਰਤਨ ਸਿੰਘ,ਗੁਰਸੇਵ ਸਿੰਘ ਬਾਸੀ, ਅਵਤਾਰ ਕੌਰ ਬਾਸੀ, ਅਜਮੇਰ ਕੌਰ ਢੇਸੀ, ਕੁਲਵਿੰਦਰ ਕੌਰ, ਮੰਗਤ ਰਾਮ ਸਮਰਾ,ਸ਼ਿਵ ਦਾਸ, ਬਲਜਿੰਦਰ ਕੁਮਾਰ ਆਦਿ ਸਾਥੀ ਹਾਜ਼ਰ ਹੋਏ।

## ਵਰ੍ਹੇਗੰਢ ਮਨਾਈ



ਪ੍ਰਦੀਪ ਢਿੱਲੋਂ ਤੇ ਸੋਨੀਆ ਨੂੰ ਵਿਆਹ ਦੀ 29ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ

## ਜਨਮ ਦਿਨ ਮੁਬਾਰਕ



ਹਰਮਨਦੀਪ ਸਿੰਘ, ਧਾਰੀਵਾਲ

# 18 ਵਿਦਿਆਰਥੀਆਂ ਨੂੰ ਪ੍ਰਿੰ. ਹਰਭਜਨ ਸਿੰਘ ਯਾਦਗਾਰੀ ਵਜ਼ੀਫ਼ਾ ਰਾਸ਼ੀ ਪ੍ਰਦਾਨ



**ਮਾਹਿਲਪੁਰ (ਸ਼ਫ਼ਰੀ)** ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿਖੇ ਸੰਸਥਾ ਦੇ ਹੁਸ਼ਿਆਰ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪ੍ਰਿੰਸੀਪਲ ਹਰਭਜਨ ਸਿੰਘ ਮੈਮੋਰੀਅਲ ਟਰੱਸਟ ਮਾਹਿਲਪੁਰ ਵਲੋਂ ਦਿੱਤੀ ਜਾਂਦੀ ਸਾਲਾਨਾ ਵਜ਼ੀਫ਼ਾ ਰਾਸ਼ੀ ਪ੍ਰਦਾਨ ਕਰਨ ਸਬੰਧੀ ਇਕ ਸਮਾਗਮ ਟਰੱਸਟ ਦੇ ਅਹੁਦੇਦਾਰ ਵਿੰਗ ਕਮਾਂਡਰ ਹਰਦੇਵ ਸਿੰਘ ਢਿੱਲੋਂ ਅਤੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਕਾਲਜ ਦੇ 18 ਵਿਦਿਆਰਥੀਆਂ ਨੂੰ ਉਕਤ ਵਜ਼ੀਫ਼ਾ ਰਾਸ਼ੀ ਦੇ ਚੈੱਕ ਪ੍ਰਦਾਨ ਕੀਤੇ ਗਏ। ਇਸ ਮੌਕੇ ਵਿੰਗ ਕਮਾਂਡਰ ਹਰਦੇਵ ਸਿੰਘ ਢਿੱਲੋਂ ਨੇ ਦੱਸਿਆ ਕਿ ਕਰਨਲ ਸੁਰਿੰਦਰ ਸਿੰਘ ਬੈਂਸ, ਸਵ. ਡਾ. ਪ੍ਰੀਤਮ ਸਿੰਘ ਹੁੰਦਲ, ਸਵ. ਡਾ ਲਛਮਣ ਸਿੰਘ ਹੁੰਦਲ ਦੇ ਵਿਸ਼ੇਸ਼ ਉੱਦਮਾਂ ਨਾਲ ਸ਼ੁਰੂ ਕੀਤੀ ਇਹ ਵਜੀਫਾ ਰਾਸ਼ੀ ਕਾਲਜ ਦੇ ਬਾਨੀ ਪ੍ਰਿੰਸੀਪਲ ਹਰਭਜਨ ਸਿੰਘ ਦੀ ਯਾਦ ਨੂੰ ਤਾਜ਼ਾ ਰੱਖਦੀ ਹੈ। ਇਸ ਮੌਕੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੇ ਵਜੀਫਾ ਰਾਸ਼ੀ ਦੇ ਜੇਤੂ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦੇ ਟੀਚਿੰਗ ਸਟਾਫ ਵਿੱਚ ਡਾ. ਬਿਮਲਾ ਜਸਵਾਲ ਅਤੇ ਪ੍ਰੋ ਪਵਨਦੀਪ ਚੀਮਾ ਸਮੇਤ ਪਰਵਾਸੀ ਦਾਨੀ ਸੱਜਣ ਪਰਮਿੰਦਰ ਸਿੰਘ ਵੱਲੋਂ ਵੀ ਲੋੜਵੰਦ ਵਿਦਿਆਰਥੀਆਂ ਦੀ ਆਰਥਿਕ ਮਦਦ ਵਿੱਚ ਹਿੱਸਾ ਪਾਇਆ ਗਿਆ। ਇਸ ਮੌਕੇ ਉੱਪ ਪ੍ਰਿੰਸੀਪਲ ਅਰਾਧਨਾ ਦੁੱਗਲ, ਸੇਵਕ ਸਿੰਘ ਬੈਂਸ, ਦਲਜੀਤ ਸਿੰਘ ਬੈਂਸ ਸਮੇਤ ਵਜ਼ੀਫ਼ਾ ਰਾਸ਼ੀ ਹਾਸਿਲ ਕਰਨ ਵਾਲੇ ਵਿਦਿਆਰਥੀ ਹਾਜ਼ਰ ਸਨ।

# ਸੰਪੂਰਨ ਵਿਕਾਸ ਤੋਂ ਬਾਅਦ ਕਲੋਨੀ ਦਾ ਨਾਂਅ ਬਦਲ ਕੇ ਗੁਰੂਦੇਵ ਨਗਰ ਰੱਖਿਆ

**ਗੁਰਾਇਆ (ਬਿੰਦਰ ਸੁਮਨ )**-ਗ੍ਰਾਮ ਪੰਚਾਇਤ ਰੁੜਕਾ ਕਲਾਂ,ਸਰਵ ਪੱਖੀ ਵਿਕਾਸ ਮੰਚ ਅਤੇ ਵਾਈ ਐਫ ਸੀ ਰੁੜਕਾ ਕਲਾਂ ਪਿਛਲੇ ਸਮੇਂ ਤੋਂ ਪਿੰਡ ਵਿੱਚ ਕਰੋੜਾਂ ਰੁਪਏ ਦੇ ਪ੍ਰੋਜੈਕਟਾਂ ਦੇ ਕੰਮ ਕਰ ਰਹੀ ਹੈ ਤਾਂ ਜੋ ਪਿੰਡ ਨੂੰ ਇੱਕ ਨਮੂਨੇ ਦੇ ਪਿੰਡ ਦੇ ਤੌਰ 'ਤੇ ਜਾਣਿਆ ਜਾਵੇ।ਪਿੰਡ ਵਿੱਚ ਗਲੀਆਂ-ਨਾਲੀਆਂ,ਸੈਮੀ ਸੀਵਰੇਜ,ਸਟਰੀਟ ਲਾਈਟਾਂ,ਸੱਥਾਂ ਦਾ ਨਿਰਮਾਣ,ਪੌਦੇ ਲਗਾਉਣ ਅਤੇ ਪਾਰਕਾਂ ਦਾ ਨਿਰਮਾਣ,ਸਕੂਲਾਂ ਵਿੱਚ ਮੁਰੰਮਤ ਅਤੇ ਨਵੀਂ ਉਸਾਰੀ ਆਦਿ ਕੰਮਾਂ ਦੇ ਨਾਲ-ਨਾਲ ਪਾਣੀ ਦੀ ਸਾਂਭ ਸੰਭਾਲ ਲਈ ਵੀ ਸੰਜੀਦਾ ਯਤਨ ਕੀਤੇ ਜਾ ਰਹੇ ਹਨ।ਪਿਛਲੇ 5 ਸਾਲਾਂ ਵਿੱਚ ਪੂਰੇ ਪਿੰਡ ਵਿੱਚ ਬਿਨਾਂ ਕਿਸੇ ਭੇਦ ਭਾਵ ਤੋਂ ਸਾਰੇ ਨਗਰ ਦਾ ਵਿਕਾਸ ਕੀਤਾ ਗਿਆ।ਬਹੁਤ ਸਾਰੇ ਪ੍ਰੋਜੈਕਟ ਪਹਿਲਾਂ ਵੀ ਲੋਕਾਂ ਨੂੰ ਸਮਰਪਿਤ ਕੀਤੇ ਜਾ ਚੁੱਕੇ ਹਨ।ਪਿੰਡ ਵਿੱਚ ਚੱਲ ਰਹੇ ਨਵੇਂ ਕਾਰਜਾਂ ਦਾ ਸਰਪੰਚ ਬੀਬੀ ਕੁਲਵਿੰਦਰ ਕੌਰ ਅਤੇ ਸਮੁੱਚੀ ਗ੍ਰਾਮ ਪੰਚਾਇਤ,ਵਾਈ ਐਫ ਸੀ ਰੁੜਕਾ ਕਲਾ ਦੇ ਮੈਂਬਰ,ਸਰਵਪੱਖੀ ਵਿਕਾਸ ਮੰਚ ਤੇ ਨਗਰ ਨਿਵਾਸੀਆਂ ਦੀ ਹਾਜ਼ਰੀ ਵਿੱਚ ਉਦਘਾਟਨ ਕੀਤੇ ਗਏ।ਨਵੇਂ ਬਣੇ ਪ੍ਰੋਜੈਕਟਾਂ ਵਿਚ ਪਾਸਲਾ ਰੋਡ ਤੇ ਸਥਿੱਤ ਕਲੋਨੀ ਦੀ ਕਾਇਆ ਕਲਪ ਕੀਤੀ ਗਈ।ਕਲੋਨੀ ਦੀਆਂ ਸਾਰੀਆਂ ਗਲੀਆਂ ਨੂੰ ਇੰਟਰਲਾਕ ਲਗਾ ਕੇ ਤੇ ਸੈਮੀ ਸੀਵਰੇਜ਼ ਪਾਇਆ ਗਿਆ।ਇਸ ਕਲੋਨੀ ਵਿੱਚ ਹੀ ਇੱਕ ਕਮਿਊਨਿਟੀ ਸੈਂਟਰ ਵੀ ਉਸਾਰਿਆ ਗਿਆ ਹੈ ਜਿਸ ਨਾਲ ਇਸ ਕਲੋਨੀ ਵਾਸੀਆਂ ਨੂੰ ਇਕੱਠ ਵਾਲੇ ਪ੍ਰੋਗਰਾਮ ਕਰਨ ਲਈ ਵੱਡਾ ਲਾਭ ਪ੍ਰਾਪਤ ਹੋਵੇਗਾ।ਮਹੱਲਾ ਨਿਵਾਸੀਆ ਦੇ ਕਹਿਣ ਦੇ 'ਤੇ ਇਸ ਕਲੋਨੀ ਦਾ ਨਵਾਂ ਨਾਮ ਗੁਰੂਦੇਵ ਨਗਰ ਰੱਖਿਆ ਗਿਆ।ਪਹਿਲਾਂ ਇਸ ਕਲੋਨੀ ਦੇ ਲੋਕਾਂ ਨੂੰ ਰਾਤ ਸਮੇਂ ਆਉਣ ਜਾਣ ਵਾਲੇ ਬਹੁਤ ਹੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਇਸ ਸਮੱਸਿਆ ਨੂੰ ਦੇਖਦੇ ਹੋਏ ਗ੍ਰਾਮ ਪੰਚਾਇਤ ਰੁੜਕਾ ਕਲਾ ਨੇ ਵਾਈ ਐਫ ਸੀ ਰੁੜਕਾ ਕਲਾ ਅਤੇ ਸਰਵ ਪੱਖੀ ਵਿਕਾਸ ਮੰਚ ਦੇ ਸਹਿਯੋਗ ਨਾਲ ਪੂਰੇ ਗੁਰੂਦੇਵ ਨਗਰ ਵਿੱਚ ਸਟਰੀਟ ਲਾਈਟਾਂ ਵੀ ਲਗਾਈਆਂ। ਇਸ ਮੁਹੱਲੇ ਦਾ ਉਦਘਾਟਨ ਸਰਪੰਚ ਕੁਲਵਿੰਦਰ ਕੌਰ ਅਤੇ ਸਮੁੱਚੀ ਗ੍ਰਾਮ ਪੰਚਾਇਤ ਮੈਂਬਰ,ਵਾਈ ਐਫ ਸੀ ਰੁੜਕਾ ਕਲਾਂ ਦੇ ਮੈਂਬਰ ਅਤੇ ਸਰਵ ਪੱਖੀ ਵਿਕਾਸ ਮੰਚ ਦੇ ਮੈਂਬਰਾ ਦੁਆਰਾ ਕੀਤਾ ਗਿਆ।

# ਐਡਵੋਕੇਟ ਰਾਜੂ ਅੰਬੇਡਕਰ ਨੂੰ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ), ਜਲੰਧਰ ਦੇ ਮਨੁੱਖੀ ਅਧਿਕਾਰ ਸੈੱਲ ਦਾ ਚੇਅਰਮੈਨ ਨਿਯੁਕਤ ਕੀਤਾ



**ਜਲੰਧਰ ( ਰਾਜੇਸ਼ ਥਾਪਾ)** ਐਡਵੋਕੇਟ ਰਾਜੂ ਅੰਬੇਡਕਰ ਨੂੰ ਜਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਜਲੰਧਰ ਦੇ ਪ੍ਰਧਾਨ ਰਜਿੰਦਰ ਬੇਰੀ ਵੱਲੋਂ ਜਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਜਲੰਧਰ ਦੇ ਮਨੁੱਖੀ ਅਧਿਕਾਰ ਸੈੱਲ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ। ਇਸ ਮੌਕੇ ਜਲੰਧਰ ਕਾਂਗਰਸ ਲੀਗਲ ਸੈੱਲ ਦੇ ਮੁਖੀ ਐਡਵੋਕੇਟ ਗੁਰਜੀਤ ਸਿੰਘ ਕਾਹਲੋਂ, ਕਾਂਗਰਸ ਦੇ ਹਲਕਾ ਇੰਚਾਰਜ ਪ੍ਰਮੋਦ ਕੁਮਾਰ ਜੈਅੰਤ, ਸੈਂਸਰ ਬੋਰਡ ਦੇ ਸਾਬਕਾ ਚੇਅਰਮੈਨ ਐਡਵੋਕੇਟ ਸੂਰਜ ਪ੍ਰਕਾਸ਼ ਲਾਡੀ, ਐਡਵੋਕੇਟ ਅੰਜਲੀ ਵਿਰਦੀ ਬਲਾਕ ਪ੍ਰਧਾਨ, ਐਡਵੋਕੇਟ ਰੂਬਲ, ਐਡਵੋਕੇਟ ਰਮਨ ਸਿੱਧੂ ਆਦਿ ਹਾਜ਼ਰ ਸਨ।

# ਬਾਬਾ ਹੰਸਾ ਸਿੰਘ ਤੇ ਮਾਤਾ ਧੰਨ ਕੌਰ ਯਾਦ 'ਚ ਸੁਖਮਨੀ ਸਾਹਿਬ ਦੇ ਭੋਗ ਤੇ ਸੱਭਿਆਚਾਰਕ ਨਾਟਕ ਮੇਲਾ



**ਫਿਲੌਰ ( ਨਿਰਮਲ )** ਬਾਬਾ ਹੰਸਾ ਸਿੰਘ ਸਪੋਰਟਸ ਅਤੇ ਕਲਚਰਲ ਚੈਰੀਟੇਬਲ ਟਰੱਸਟ ਰਜਿਸਟਰ ਬੱਛੋਵਾਲ ਵੱਲੋਂ ਬਾਬਾ ਹੰਸਾ ਸਿੰਘ ਅਤੇ ਮਾਤਾ ਧੰਨ ਕੌਰ ਦੀ ਮਿੱਠੀ ਯਾਦ 'ਚ ਭੋਗ ਸ੍ਰੀ ਸੁਖਮਨੀ ਸਾਹਿਬ ਤੇ ਸਾਲਾਨਾ ਸੱਭਿਆਚਾਰਕ ਨਾਟਕ ਮੇਲਾ ਪਿੰਡ ਬੱਛੋਵਾਲ ਵਿਖੇ ਕਰਵਾਇਆ ਗਿਆ।ਸੱਭਿਆਚਾਰਕ ਨਾਟਕ ਮੇਲੇ ਦਾ ਉਦਘਾਟਨ ਬਾਬਾ ਜਗਜੀਤ ਸਿੰਘ, ਹਰਭਜਨ ਸਿੰਘ ਬਾਜਵਾ ਸੀਨੀਅਰ ਮੀਤ ਪ੍ਰਧਾਨ ਬੀਕੇਯੂ ਦੋਆਬਾ ਪੰਜਾਬ, ਸੰਤੋਖ ਸਿੰਘ ਢੇਸੀ ਚੇਅਰਮੈਨ ਆਜ਼ਾਦ ਰੰਗ ਮੰਚ ਫਗਵਾੜਾ, ਹਰਜੀਤ ਸਿੰਘ ਢੇਸੀ,ਸੁਰਿੰਦਰ ਪਾਲ ਸਿੰਘ ਢੇਸੀ ਅਤੇ ਸਮੂਹ ਢੇਸੀ ਪਰਵਾਰ ਨੇ ਕੀਤਾ,ਜਿਸ ਦੇ ਵਿੱਚ ਆਜ਼ਾਦ ਰੰਗ ਮੰਚ ਤੇ ਕਲਾਕਾਰ ਤੇ ਵੱਖ ਵੱਖ ਸਕੂਲਾਂ ਦੇ ਬੱਚਿਆਂ ਨੇ ਨਸ਼ਿਆਂ ਖਿਲਾਫ ਕੋਰੀਓਗ੍ਰਾਫਰੀ ਪੇਸ਼ ਕਰਕੇ ਨੌਜਵਾਨ ਪੀੜੀ ਨੂੰ ਜਾਗਰੂਕ ਕੀਤਾ। ਆਜ਼ਾਦ ਰੰਗ ਮੰਚ ਟੀਮ ਦੇ ਇੰਚਾਰਜ ਬੀਬੀ ਕੁਲਵੰਤ ਉਹਨਾਂ ਦੀ ਟੀਮ ਤੇ ਸਾਥੀ ਕਲਾਕਾਰਾਂ ਨੇ ਨਾਟਕ 'ਤੇ ਕੋਰੀਓਗ੍ਰਾਫੀ ਪੇਸ਼ ਕੀਤੀਆਂ। ਇਸ ਮੌਕੇ ਬੀਕੇਯੂ ਦੁਆਬਾ ਦੇ ਵਾਈਸ ਪ੍ਰਧਾਨ ਹਰਭਜਨ ਸਿੰਘ ਬਾਜਵਾ ਨੇ ਢੇਸੀ ਪਰਵਾਰ ਦਾ ਸ਼ਲਾਘਾਯੋਗ ਕਦਮ ਦੱਸਿਆ। ਉਹਨਾਂ ਨੇ ਕਿਹਾ ਇਹਨਾਂ ਤੋਂ ਸੇਧ ਲੈ ਕੇ ਪਿੰਡ ਪਿੰਡ ਨਸ਼ਿਆਂ ਖਿਲਾਫ ਨੁਕੜ ਮੇਲੇ ਕਰਵਾਉਣੇ ਚਾਹੀਦੇ ਹਨ। ਇਸ ਮੌਕੇ ਬਾਬਾ ਸਰੂਪ ਸਿੰਘ ਬੱਛੋਵਾਲ, ਸਤਪਿੰਦਰ ਸਿੰਘ ਢੇਸੀ ਨੰਬਰਦਾਰ, ਤਰਸੇਮ ਸਿੰਘ ਢਿੱਲੋਂ, ਬਲਵਿੰਦਰ ਸਿੰਘ ਮੀਤ ਪ੍ਰਧਾਨ ਜਲੰਧਰ, ਦਲਜੀਤ ਸਿੰਘ ਥਿੰਦ, ਅਜਮੇਰ ਸਿੰਘ, ਜਸਵੀਰ ਦੁੱਗਲ, ਗੁਰਨਾਮ ਸਿੰਘ ਥਾਣੇਦਾਰ, ਪ੍ਰਭ ਢੇਸੀ, ਗ੍ਰਾਮ ਪੰਚਾਇਤ ਮੈਂਬਰ ਸਮੂਹ ਨਗਰ ਨਿਵਾਸੀ ਇਲਾਕੇ ਦੀਆਂ ਵਿਸ਼ੇਸ਼ ਸ਼ਖ਼ਸ਼ੀਅਤਾਂ ਬੀਕੇਯੂ ਦੁਆਬਾ ਦੇ ਅਹੁਦੇਦਾਰ ਹਾਜ਼ਰ ਸਨ।

# ਅਨੰਦਪੁਰ ਸਾਹਿਬ ਤੋਂ ਲੋਕਲ ਉਮੀਦਵਾਰ ਨੂੰ ਟਿਕਟ ਦਿੱਤੀ ਜਾਵੇ : ਬ੍ਰਹਮਪੁਰੀ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਵਿੱਚ ਅਖਲ ਭਾਰਤ ਗੁੱਜਰ ਮਹਾਸਭਾ ਪੰਜਾਬ ਦੇ ਬੁਲਾਰੇ ਕੇਵਲ ਚੇਚੀ ਬ੍ਰਹਮਪੁਰੀ ਕਿਹਾ ਕਿ ਪਿਛਲੇ ਸਮਿਆਂ ਦੀ ਤਰ੍ਹਾਂ ਇਥੇ ਬਾਹਰੋਂ ਕੈਂਡੀਡੇਟ ਲਿਆ ਕੇ ਜਿੱਤ ਕੇ ਚਲੇ ਜਾਂਦੇ ਹਨ ਜੋ ਕਿ ਪੰਜ ਸਾਲ ਹਲਕੇ ਦੇ ਲੋਕਾਂ ਨੂੰ ਲੱਭਦੇ ਨਹੀਂ। ਇਸ ਹਲਕੇ ਤੋਂ ਲੋਕਲ ਉਮੀਦਵਾਰ ਨੂੰ ਟਿਕਟ ਕਿਉਂ ਨਹੀਂ ਦਿੱਤੀ ਜਾਂਦੀ। ਕਿਸੇ ਵੀ ਪਾਰਟੀ ਦਾ ਸਾਂਸਦ ਹਲਕੇ ਦੀ ਕੋਈ ਸਾਰ ਨਹੀਂ ਲੈਂਦਾ ਹੈ। ਪਿਛਲੇ ਕਾਫੀ ਲੰਮੇ ਟਾਈਮ ਤੋਂ ਸੜਕਾਂ ਦਾ ਬਹੁਤ ਬੁਰਾ ਹਾਲ ਹੈ ਅਤੇ ਰਾਹਗੀਰਾਂ ਲਈ ਬਹੁਤ ਮੁਸ਼ਕਿਲਾਂ ਖੜੀਆਂ ਹੁੰਦੀਆਂ ਹਨ, ਜਦਕਿ ਇਹ ਰਸਤਾ ਬਹੁਤ ਹੀ ਪਵਿੱਤਰ ਅਸਥਾਨਾਂ ਨੂੰ ਜਾ ਰਿਹਾ ਹੈ। ਕਰੋੜਾਂ ਹੀ ਸ਼ਰਧਾਲੂ ਇਸ ਰਸਤੇ ਗੁਰਦੁਆਰਾ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਅਤੇ ਸ੍ਰੀ ਮਾਤਾ ਨੈਣਾਂ ਦੇਵੀ ਦੇ ਮੰਦਿਰ ਦੇ ਦਰਸ਼ਨ ਕਰਨ ਜਾਂਦੇ ਹਨ ਪਰ ਕੋਈ ਵੀ ਪਾਰਟੀ ਕਿਉਂ ਨਹੀਂ ਇਸ ਵੱਲ ਧਿਆਨ ਦੇ ਰਹੀ। ਇਸ ਲੋਕ ਸਭਾ ਹਲਕੇ ਵਿੱਚ ਸਭ ਤੋਂ ਜਿਆਦਾ ਵੋਟ ਗੁੱਜਰ ਬਰਾਦਰੀ ਨਾਲ ਸੰਬੰਧਿਤ ਰੱਖਣ ਵਾਲੇ ਲੋਕਾਂ ਦੀ ਹੈ । ਸੂਬਾ ਅਤੇ ਕੇਂਦਰ ਸਰਕਾਰ ਅੱਗੇ ਜ਼ੋਰਦਾਰ ਢੰਗ ਨਾਲ ਮੰਗ ਕਰਦੇ ਹਾਂ ਕਿ ਅਨੰਦਪੁਰ ਸਾਹਿਬ ਤੋਂ ਲੋਕਲ ਉਮੀਦਵਾਰ ਨੂੰ ਟਿਕਟ ਦਿੱਤੀ ਜਾਵੇ ।

# ਬੰਦ ਨੂੰ ਸਫਲ ਬਣਾਉਣ ਵੱਖ-ਵੱਖ ਆਗੂਆਂ ਨੇ ਕੀਤੀ ਮੀਟਿੰਗ



**ਸ਼ਾਹਕੋਟ (ਗਿਆਨ ਸੈਦਪੁਰੀ)** ਸਥਾਨਕ ਤਹਿਸੀਲ ਕੰਪਲੈਕਸ ਵਿਚ ਇਲਾਕੇ ਦੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਨੌਜਵਾਨਾਂ ਅਤੇ ਵਿਦਿਆਰਥੀਆਂ ਨੇ ਆਲ ਇੰਡੀਆ ਕਿਸਾਨ ਸਭਾ ਦੇ ਤਹਿਸੀਲ ਸ਼ਾਹਕੋਟ ਦੇ ਪ੍ਰਧਾਨ ਬਚਿੱਤਰ ਸਿੰਘ ਤੱਗੜ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ। ਦਿਹਾਤੀ ਮਜ਼ਦੂਰ ਸਭਾ ਦੇ ਆਗੂ ਨਿਰਮਲ ਸਿੰਘ ਮਲਸੀਆਂ,ਆਲ ਇੰਡੀਆ ਕਿਸਾਨ ਸਭਾ ਦੇ ਆਗੂ ਵਰਿੰਦਰ ਕਾਲਾ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੀ ਆਗੂ ਗੁਰਬਖਸ਼ ਕੌਰ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੇਂਦਰ ਸਰਕਾਰ ਦੀਆਂ ਮਜ਼ਦੂਰ ਤੇ ਕਿਸਾਨ ਵਿਰੋਧੀ ਨੀਤੀਆਂ ਖਿਲਾਫ 16 ਫਰਵਰੀ ਨੂੰ ਭਾਰਤ ਬੰਦ ਦਾ ਸੱਦਾ ਦਿਤਾ ਗਿਆ। ਮੁਲਾਜ਼ਮ ਜਥੇਬੰਦੀਆਂ ਵੱਲੋਂ ਮੁਲਾਜ਼ਮ ਵਿਰੋਧੀ ਨੀਤੀਆਂ ਦੇ ਖਿਲਾਫ ਇਸ ਦਿਨ ਹੜਤਾਲ ਕਰਕੇ ਭਾਰਤ ਬੰਦ ਦਾ ਸਮਰਥਨ ਕੀਤਾ ਗਿਆ ਹੈ। ਤਹਿਸੀਲ ਸ਼ਾਹਕੋਟ ਅੰਦਰ ਬੰਦ ਨੂੰ ਕਾਮਯਾਬ ਬਣਾਉਣ ਲਈ ਸਾਂਝੀ ਮੀਟਿੰਗ ਕਰਕੇ 13 ਫਰਵਰੀ ਨੂੰ ਸ਼ਾਹਕੋਟ,ਮਲਸੀਆਂ ਅਤੇ ਲੋਹੀਆਂ ਖਾਸ ਦੇ ਦੁਕਾਨਦਾਰਾਂ,ਟਰੱਕ ਤੇ ਟੈਕਸੀ ਯੂਨੀਅਨਾਂ ਨਾਲ ਸੰਪਰਕ ਕਰਕੇ ਉਨ੍ਹਾਂ ਬੰਦ ਵਿਚ ਸ਼ਾਮਿਲ ਹੋਣ ਦੀ ਅਪੀਲ ਕਰਨ,ਪਿੰਡਾਂ ਵਿਚ ਮੀਟਿੰਗਾਂ ਕਰਵਾ ਕੇ ਲੋਕਾਂ ਨੂੰ ਮੋਦੀ ਸਰਕਾਰ ਦੀਆਂ ਲੋਕ ਦੋਖੀ ਨੀਤੀਆਂ ਤੋਂ ਜਾਗਰੂਕ ਕਰਨ ਅਤੇ ਲੋਕਾਂ ਨੂੰ ਬੰਦ ਵਿਚ ਸ਼ਾਮਿਲ ਕਰਵਾਉਣ ਲੀ ਪਿੰਡਾਂ ਦੇ ਗੁਰਦੁਆਰਿਆਂ ਤੋਂ ਅਨਾਊਸਮੈਂਟਾਂ ਕਰਵਾਉਣ ਦਾ ਫੈਸਲਾ ਕੀਤਾ ਗਿਆ। 16 ਫਰਵਰੀ ਨੂੰ ਬੱਸ ਅੱਡਾ ਸ਼ਾਹਕੋਟ 'ਤੇ ਇਕੱਠੇ ਹੋਣ ਉਪਰੰਤ ਕਸਬੇ ਵਿਚ ਮੁਜ਼ਾਹਰਾ ਕਰਕੇ ਥਾਣੇ ਅੱਗੇ ਰੈਲੀ ਕੀਤੀ ਜਾਵੇਗੀ। ਬਲਾਕ ਲੋਹੀਆਂ ਖਾਸ ਵਿਚ ਟੀ ਪੁਆਇੰਟ 'ਤੇ ਰੈਲੀ ਕੀਤੀ ਜਾਵੇਗੀ। ਮੀਟਿੰਗ ਵਿਚ ਦਿਹਾਤੀ ਮਜ਼ਦੂਰ ਸਭਾ ਵੱਲੋਂ ਤਾਰਾ ਸਿੰਘ ਥੰਮੂਵਾਲ,ਸਤਪਾਲ ਮੁਰੀਦਵਾਲ,ਆਲ ਇੰਡੀਆ ਕਿਸਾਨ ਸਭਾ ਵੱਲੋਂ ਕੇਵਲ ਸਿੰਘ ਦਾਨੇਵਾਲ,ਕਿਸਾਨ ਸੰਘਰਸ਼ ਕਮੇਟੀ ਵੱਲੋਂ ਮਹਿੰਦਰ ਸਿੰਘ ਨੱਲ੍ਹ,ਪੇਂਡੂ ਮਜ਼ਦੂਰ ਯੂਨੀਅਨ ਵੇਲੋਂ ਗੁਰਚਰਨ ਸਿੰਘ ਅਟਵਾਲ,ਸੀ.ਆਈ.ਟੀ.ਯੂ ਵੱਲੋਂ ਜਸਕਰਨ ਸਿੰਘ ਕੰਗ,ਨੌਜਵਾਨ ਭਾਰਤ ਸਭਾ ਵੱਲੋ ਸੋਨੂੰ ਲੋਹੀਆਂ,ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਵਿਕਰਮ ਮੰਡਾਲਾ,ਭਾਰਤੀ ਜਨਵਾਦੀ ਨੌਜਵਾਨ ਸਭਾ ਵੱਲੋਂ ਕਰਨਜੀਤ ਸਿੰਘ,ਕੁਲ ਹਿੰਦ ਖੇਤ ਮਜ਼ਦੂਰ ਸਭਾ ਮੱਖਣ ਸਿੰਘ ਸੈਦਪੁਰ,ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਗਿਆਨ ਸੈਦਪੁਰੀ ਅਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਗੁਰਮੀਤ ਸਿੰਘ ਕੋਟਲੀ ਨੇ ਭਾਗ ਲਿਆ।

# 22 ਨੂੰ ਕਰਵਾਏ ਜਾਣਗੇ ਸੂਬਾ ਪੱਧਰੀ ਘੋੜ-ਦੌੜ ਮੁਕਾਬਲੇ



**ਅੱਡਾ ਸਰਾਂ (ਕਾਜਲ )**- ਟਾਂਡਾ-ਹੁਸ਼ਿਆਰਪੁਰ ਮਾਰਗ ਸਥਿਤ ਅੱਡਾ ਬੂਰੇ ਰਾਜਪੂਤਾਂ ਦਰਬਾਰ ਬਾਬਾ ਖਵਾਜਾ ਭਾਗੂ ਬਲੀ ਦੇ ਸਥਾਨ 'ਤੇ ਘੋੜ ਦੌੜ ਮੁਕਾਬਲੇ ਤੇ ਭੰਡਾਰਾ 22 ਫਰਵਰੀ ਨੂੰ ਕਰਵਾਇਆ ਜਾਵੇਗਾ। ਜਿਸ ਵਿਚ ਸੂਬੇ ਭਰ ਤੋਂ ਪ੍ਰਤੀਯੋਗੀ ਆਪਣੇ ਘੋੜੇ ਲੈ ਕੇ ਆਉਣਗੇ । ਇਸ ਸੰਬੰਧੀ ਗੁਰੂ ਨਾਨਕ ਬਿਰਧ ਆਸ਼ਰਮ ਦੇਹਰੀਵਾਲ ਵਿਚ ਪਰਵਾਸੀ ਪੰਜਾਬੀ ਸਮਾਜ ਸੇਵਕ ਜਵਾਹਰ ਸਿੰਘ ਪੱਡਾ ਦੀ ਮੌਜੂਦਗੀ ਵਿਚ ਹੋਈ ਮੀਟਿੰਗ ਦੌਰਾਨ ਜਾਣਕਾਰੀ ਦਿੰਦੇ ਮੁੱਖ ਪ੍ਰਬੰਧਕ ਜੋਗਾ ਸਿੰਘ ਸਰੋਆ ਨੇ ਦੱਸਿਆ ਕਿ ਘੋੜ ਦੌੜਾਂ ਸਵੇਰੇ 11 ਵਜੇ ਆਰੰਭ ਹੋਣਗੀਆਂ ਤੇ ਪਹਿਲੇ ਸਥਾਨ 'ਤੇ ਰਹਿਣ ਵਾਲੇ ਨੂੰ 31 ਹਜ਼ਾਰ ,ਦੂਸਰੇ ਸਥਾਨ 'ਤੇ ਰਹਿਣ ਵਾਲੇ ਨੂੰ 21 ਹਜ਼ਾਰ ਤੇ ਤੀਸਰਾ ਸਥਾਨ ਹਾਸਿਲ ਕਰਨ ਵਾਲੇ ਨੂੰ 15 ਹਜ਼ਾਰ ਦਾ ਨਕਦ ਰਾਸ਼ੀ ਦਾ ਇਨਾਮ ਦਿੱਤਾ ਜਾਵੇਗਾ । ਇਹ ਮੁਕਾਬਲੇ ਸਨਪ੍ਰੀਤ ਸਿੰਘ ਸਰੋਆ,ਤਨਪ੍ਰੀਤ ਸਿੰਘ ਸਰੋਆ ਅਤੇ ਹੋਰਨਾਂ ਪਰਵਾਸੀ ਪੰਜਾਬੀਆਂ ਦੀ ਮਦਦ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਸਮਾਜ ਸੇਵੀ ਪ੍ਰਵਾਸੀ ਭਾਰਤੀ ਜਵਾਹਰ ਸਿੰਘ ਪੱਡਾ, ਸਤਨਾਮ ਸਿੰਘ ਢਿੱਲੋਂ, ਹਰਵਿੰਦਰ ਸਿੰਘ ਬਸੀ ਜਲਾਲ, ਜਨਕਜੀਤ ਸਿੰਘ ਢਿੱਲੋ, ਹਰਨਰਿੰਦਰਪਾਲ ਸਿੰਘ ਪੰਨੂ ਅਮਰੀਕਾ, ਸੁਖਵਿੰਦਰ ਸਿੰਘ ਢਿੱਲੋ, ਤਰਵਿੰਦਰ ਸਿੰਘ ਬੱਸੀ ਜਲਾਲਾਬਾਦ ਮੌਜੂਦ ਸਨ ।

# ਮੇਹਰ ਚੰਦ ਪੋਲੀਟੈਕਨਿਕ ਕਾਲਜ ਵਿਖੇ ਆਟੋਨੌਮਸ ਰੋਬੋਟਿਕਸ ਵਿਸ਼ੇ 'ਤੇ ਵਰਕਸ਼ਾਪ



**ਜਲੰਧਰ ( ਸ਼ੈਲੀ ਐਲਬਰਟ)**-ਪ੍ਰਿੰ. ਡਾ: ਜਗਰੂਪ ਸਿੰਘ ਦੀ ਰਹਿਨੁਮਾਈ ਹੇਠ ਇੰਸਟੀਟਿਊਟ ਇਨੋਵੇਟਿਵ ਕਾਂਉਸਿਲ ਵੱਲੋਂ ਆਟੋਨੌਮਸ ਰੋਬੋਟਿਕਸ ਦੇ ਵਿਸ਼ੇ 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ ।

ਇਸ ਵਰਕਸ਼ਾਪ ਵਿੱਚ ਇੰਟਰੰਚ ਇਲੈਕਟ੍ਰੋਨਿਕ ਪ੍ਰਾਈਵੇਟ ਲਿਮਿਟਿਡ ਦੇ ਮਯੰਕ ਤਿਆਗੀ ਅਤੇ ਨੀਰਜ ਮਹੇ ਵਲੋਂ ਉਚੇਚੇ ਤੌਰ 'ਤੇ ਪੁੱਜ ਕੇ ਵਿਦਿਆਰਥੀਆਂ ਨਾਲ ਆਪਣਾ ਤਜ਼ਰਬਾ ਸਾਂਝਾ ਕੀਤਾ ਗਿਆ।। ਇਲੈਕਟ੍ਰੀਕਲ, ਮਕੈਨਿਕਲ, ਇਲੈਕਟ੍ਰੋਨਿਕਸ ਅਤੇ ਕਮਿਊਨੀਕੇਸ਼ਨ ਇੰਜੀ: ਵਿਭਾਗ ਦੇ ਲੱਗਭਗ 110 ਵਿਦਿਆਰਥੀਆਂ ਨੇ ਸ਼ਿਰਕਤ ਕੀਤੀ । ਇਸ ਵਿੱਚ ਕਸ਼ਮੀਰ ਕੁਮਾਰ, ਮੁੱਖੀ ਵਿਭਾਗ ਇਲੈਕਟ੍ਰੀਕਲ, ਮੈਡਮ ਰਿਚਾ, ਮੁੱਖੀ ਵਿਭਾਗ ਮਕੈਨਿਕਲ ਅਤੇ ਪ੍ਰਿੰਸ ਮਦਾਨ, ਮੁੱਖੀ ਵਿਭਾਗ ਈ.ਸੀ.ਈ ਉਚੇਚੇ ਤੌਰ 'ਤੇ ਪਹੁੰਚੇ।ਵਰਕਸ਼ਾਪ ਦੀ ਸ਼ੁਰੂਆਤ ਇੰਜ. ਮਯੰਕ ਤਿਆਗੀ ਵੱਲੋਂ ਕੀਤੀ ਗਈ। ਉਨ੍ਹਾਂ ਵੱਲੋਂ ਬੜੇ ਪ੍ਰਭਾਵਸ਼ਾਲੀ ਤਰੀਕੇ ਨਾਲ ਆਟੋਨੌਮਸ ਰੋਬੋਟਿਕਸ ਤੇ ਕਰਾਈ ਵਰਕਸ਼ਾਪ ਨੇ ਵਿਦਿਆਰਥੀਆਂ ਨੂੰ ਬਹੁਤ ਪ੍ਰਭਾਵਿਤ ਅਤੇ ਪ੍ਰੇਰਿਤ ਕੀਤਾ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅੱਜ ਦੇ ਸਮੇਂ ਵਿੱਚ ਵਰਤੋਂ ਵਿਚ ਆਉਣ ਵਾਲੀਆਂ ਅਤੇ ਕਿਸੇ ਵੀ ਸਮਾਨ ਨੂੰ ਕਿਤੋਂ ਵੀ ਨਿਯੰਤਰਿਤ ਕਰਨ ਵਾਲੀਆਂ ਇਲੈਕਟ੍ਰੀਕਲ, ਮਕੈਨਿਕਲ ਅਤੇ ਇਲੈਕਟ੍ਰੋਨਿਕ ਤਕਨੀਕਾਂ ਆਦਿ ਦੇ ਬਾਰੇ ਵੀ ਜਾਣਕਾਰੀ ਦਿੱਤੀ । ਉਨ੍ਹਾਂ ਆਪਣੀ ਲੈਬ ਬਾਰੇ ਵੀ ਦੱਸਿਆ ਜਿਸ ਵਿੱਚ ਵਿਦਿਆਰਥੀ ਉਚੇਚੇ ਤੌਰ ਤੇ ਹੱਥੀਂ ਕੰਮ ਕਰਕੇ ਆਪਣੀ ਸੋਚ ਨੂੰ ਸੱਚ ਕਰ ਸਕਦੇ ਹਨ। ਇੰਜ਼. ਨੀਰਜ ਮਹੇ ਨੇ ਆਟੋਨੌਮਸ ਰੋਬੋਟਿਕਸ ਨਾਲ ਵੱਧ ਰਹੀਆਂ ਸਹੂਲਤਾਂ 'ਤੇ ਚਾਨਣਾ ਪਾਇਆ।ਇਸ ਵਰਕਸ਼ਾਪ ਦਾ ਮੁੱਖ ਮਕਸਦ ਸੀ ਕਿ ਵਿਦਿਆਰਥੀ ਲੇਟੈਸਟ ਟੈਕਨੋਲੋਜੀ ਅਤੇ ਨਵੀਤਮ ਮਾਡਲਸ ਨੂੰ ਵਰਤੋਂ ਵਿਚ ਲਿਆ ਕੇ ਵੱਖ-ਵੱਖ ਤਰ੍ਹਾਂ ਦੇ ਪ੍ਰੋਜੈਕਟ ਬਣਾਉਣ ਜੋ ਕਿ ਘੱਟ ਖਰਚੇ ਵਿਚ ਜਿਆਦਾ ਯੋਗਤਾ ਅਤੇ ਵਾਤਾਵਰਨ ਅਨੁਕੂਲ ਹੋਣ ਦੇ ਨਾਲ ਨਾਲ ਸਮਾਜ ਲਈ ਵੀ ਲਾਹੇਵੰਦ ਸਾਬਤ ਹੋਣ।ਇਸ ਮੌਕੇ ਕਾਲਜ ਵੱਲੋਂ ਪ੍ਰਭੂ ਦਿਆਲ, ਗੌਰਵ ਸ਼ਰਮਾ, ਰੋਹਿਤ ਸ਼ਰਮਾ, ਸੁਸ਼ਾਂਤ ਸ਼ਰਮਾ, ਅਮਿਤ ਸ਼ਰਮਾ, ਮੈਡਮ ਪ੍ਰੀਤ ਕੰਵਲ, ਮਨੀਸ਼ ਸਚਦੇਵਾ, ਮੈਡਮ ਮਨਿੰਦਰ ਕੌਰ, ਵਿਕਰਮਜੀਤ ਸਿੰਘ, ਮੈਡਮ ਗੀਤਾ, ਮੈਡਮ ਸਿਮਰਤਪਾਲ ਕੌਰ ਅਤੇ ਗਗਨਦੀਪ ਸਿੰਘ ਵੀ ਹਾਜ਼ਰ ਰਹੇ।ਇਸ ਵਰਕਸ਼ਾਪ ਨੇ ਜਿੱਥੇ ਨਵੀਆਂ ਤਕਨੀਕਾਂ ਨਾਲ ਜਾਣੂ ਕਰਾਇਆ ਉੱਥੇ ਸਾਰਿਆਂ ਦੇ ਦਿਲਾਂ ਤੇ ਅਮਿੱਟ ਛਾਪ ਛੱਡੀ।

# ਐੱਸ ਸੀ, ਬੀ ਸੀ ਇੰਪਲਾਈਜ਼ ਵੈੱਲਫੇਅਰ ਫੈਡਰੇਸ਼ਨ ਨੇ ਮੱਖਣ ਰੱਤੂ ਨੂੰ ਕੀਤਾ ਸਨਮਾਨਤ



**ਜਲੰਧਰ**-ਗਜ਼ਟਿਡ ਐਂਡ ਨਾਨ ਗਜ਼ਟਿਡ ਐਸ.ਸੀ.ਬੀ.ਸੀ. ਇੰਪਲਾਈਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਮੱਖਣ ਰੱਤੂ ਲੈਕਚਰਾਰ (ਅੰਗਰੇਜੀ) ਜੋ ਕਿ ਮਿਤੀ 31.01.2024 ਨੂੰ ਜੱਥੇਦਾਰ ਲਛਮਣ ਸਿੰਘ ਮੈਮੋਰੀਅਲ ਸਰਕਾਰੀ ਸੀਨੀਅਰ ਸਮਾਰਟ ਸਕੂਲ ਚੱਕ ਦੇਸ਼ ਰਾਜ (ਜਲੰਧਰ) ਤੋਂ ਸੇਵਾ ਮੁਕਤ ਹੋਏ ਹਨ, ਉਨ੍ਹਾਂ ਨੂੰ ਚੇਅਰਮੈਨ ਸਲਵਿੰਦਰ ਸਿੰਘ ਜੱਸੀ ਤੇ ਵਿੱਤ ਸਕੱਤਰ ਹਰਬੰਸ ਲਾਲ ਵਿਰਕ ਦੀ ਅਗਵਾਈ ਹੇਠ ਫੈਡਰੇਸ਼ਨ ਦੇ ਆਗੂਆਂ ਨੇ ਯਾਦਗਾਰੀ ਚਿੰਨ ਅਤੇ ਲੋਈ ਨਾਲ ਸਨਮਾਨਿਤ ਕੀਤਾ । ਇਸ ਮੌਕੇ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਕੁਲਵਿੰਦਰ ਕੌਰ ਨੂੰ ਫੁਲਕਾਰੀ ਨਾਲ ਸਨਮਾਨਿਤ ਕੀਤਾ ਗਿਆ । ਮੱਖਣ ਰੱਤੂ ਨੇ ਮਾਸਟਰ ਕੇਡਰ ਅਤੇ ਬਤੌਰ ਲੈਕਚਰਾਰ (ਅੰਗਰੇਜੀ) ਜੱਥੇਦਾਰ ਮੈਮੋਰੀਅਲ ਸਰਕਾਰੀ ਸੀਨੀਅਰ ਸਮਾਰਟ ਸਕੂਲ, ਚੱਕ ਦੇਸ਼ ਰਾਜ (ਜਲੰਧਰ) ਵਿਖੇ ਹੀ ਲਗਭਗ 27 ਸਾਲ ਆਪਣੀ ਸੇਵਾ ਇਮਾਨਦਾਰੀ, ਮਿਹਨਤ ਨਾਲ ਬਾਖੂਬੀ ਨਿਭਾਈ ਅਤੇ ਬੇਦਾਗ ਸੇਵਾ ਮੁਕਤ ਹੋਏ ਹਨ । ਉਨ੍ਹਾਂ ਨੇ ਫੈਡਰੇਸ਼ਨ ਦੇ ਬਤੌਰ ਜ਼ਿਲ੍ਹਾ ਪ੍ਰਧਾਨ ਆਪਣੀ ਜਿੰਮੇਵਾਰੀ ਤਨ, ਮਨ, ਧੰਨ ਨਾਲ ਬੇਮਿਸਾਲ ਨਿਭਾਈ ਹੈ ਅਤੇ ਫੈਡਰੇਸ਼ਨ ਦੇ ਆਗੂਆਂ ਨੇ ਫੈਡਰੇਸ਼ਨ ਨੂੰ ਪੂਰਨ ਸਹਿਯੋਗ ਦੇਣ 'ਤੇ ਉਨ੍ਹਾਂ ਦਾ ਧੰਨਵਾਦ ਕੀਤਾ ।ਇਸ ਸਮੇਂ ਸ੍ਰੀਮਤੀ ਅਭਿਲਾਸ਼ਾ ਬਾਲੀ, ਹਰਬੰਸ ਲਾਲ ਵਿਰਕ, ਪਰਮਜੀਤ ਜੌੜਾ, ਸੁਰੇਸ਼ ਕੁਮਾਰ ਢਿਲਵਾ, ਸਤੀਸ਼ ਕੁਮਾਰ ਜੱਸੀ, ਬਲਦੇਵ ਜੌਹਲ, ਗੁਲਸ਼ਨ ਕੁਮਾਰ, ਸੁਰਿੰਦਰ ਸਿੰਘ, ਚੇਤ ਰਾਮ, ਪਵਨ ਕੁਮਾਰ, ਰਵਿੰਦਰ ਕੁਮਾਰ ਅਤੇ ਪ੍ਰਿੰਸੀਪਲ ਕਮਲਜੀਤ ਕੌਰ ਹਾਜ਼ਰ ਸਨ ।

# ਪ੍ਰੀਖਿਆ ਕੇਂਦਰ ਦਸ ਕਿਲੋਮੀਟਰ ਦੀ ਦੂਰੀ ਅੰਦਰ ਹੀ ਬਣਾਏ ਜਾਣ : ਅਰੋੜਾ



**ਟਾਂਡਾ ਉੜਮੁੜ (ਉਂਕਾਰ ਸਿੰਘ ਜਸਵਿੰਦਰ ਸੰਧੂ)**-ਸੀਬੀਐਸਈ ਨਵੀਂ ਦਿੱਲੀ ਵੱਲੋਂ ਕਰਵਾਈ ਜਾ ਰਹੀ ਦਸਵੀਂ ਦੀ ਸਾਲਾਨਾ ਪ੍ਰੀਖਿਆ ਦੇ ਪ੍ਰੀਖਿਆ ਕੇਂਦਰ 10 ਕਿਲੋਮੀਟਰ ਤੋਂ ਵੱਧ ਦੂਰ 'ਤੇ ਨਾ ਬਣਾਏ ਜਾਣ। ਇਸ ਗੱਲ ਦੀ ਮੰਗ ਕਰਦੇ ਹੋਏ ਪ੍ਰਾਈਵੇਟ ਸਕੂਲ ਫੈਡਰੇਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਵੱਲੋਂ ਇੱਕ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਗਿਆ ਕਿ ਟਾਂਡਾ ਉੜਮੁੜ ਦੇ ਸੀਬੀਐਸ ਨਾਲ ਸੰਬੰਧਿਤ 10 ਸਕੂਲਾਂ ਦਾ ਦਸਵੀਂ ਕਲਾਸ ਦਾ ਪ੍ਰੀਖਿਆ ਕੇਂਦਰ 85 ਤੋਂ 90 ਕਿਲੋਮੀਟਰ ਦੂਰ ਬਣਾਏ ਜਾਣ ਕਾਰਨ ਸਕੂਲ ਅਧਿਆਪਕਾਂ ਅਤੇ ਮਾਪਿਆਂ ਵਿੱਚ ਭਾਰੀ ਪ੍ਰੇਸ਼ਾਨੀ ਦੇਖਣ ਨੂੰ ਮਿਲ ਰਹੀ ਹੈ। ਉਹਨਾਂ ਦੱਸਿਆ ਕਿ ਇਹਨਾਂ ਸਕੂਲਾਂ ਦਾ ਪਹਿਲਾ ਪ੍ਰੀਖਿਆ ਕੇਂਦਰ ਆਦੇਸ਼ ਇੰਟਰਨੈਸ਼ਨਲ ਸਕੂਲ ਮਿਆਣੀ ਬਣਾਇਆ ਗਿਆ ਸੀ ਜਿਸ ਦੀ ਦੂਰੀ ਇਹਨਾਂ ਸਕੂਲਾਂ ਤੋਂ ਪੰਜ ਤੋਂ 10 ਕਿਲੋਮੀਟਰ ਤੱਕ ਸੀ ਪਰੰਤੂ ਇਸ ਨੂੰ ਬਦਲ ਕੇ ਇਹਨਾਂ ਸਕੂਲਾਂ ਦਾ ਸੈਂਟਰ ਬਦਲ ਕੇ ਹੁਣ ਦੁਆਬਾ ਸੀਨੀਅਰ ਸੈਕੰਡਰੀ ਸਕੂਲ ਪਾਰੋਵਾਲ ਹੁਸ਼ਿਆਰਪੁਰ ਬਣਾ ਦਿੱਤਾ ਗਿਆ ਹੈ ਜੋ ਕਿ ਇਹਨਾਂ ਸਕੂਲਾਂ ਤੋਂ 85 ਤੋਂ 90 ਕਿਲੋਮੀਟਰ ਦੂਰ ਹੈ । ਅਜਿਹੀ ਸਥਿਤੀ ਵਿੱਚ ਬੱਚਿਆਂ ਨੂੰ ਦੋ ਤੋਂ ਤਿੰਨ ਘੰਟੇ ਜਾਣ ਅਤੇ ਇਸੇ ਤਰ੍ਹਾਂ ਵਾਪਸੀ ਤੇ ਲੱਗਣਗੇ ਜੋ ਕਿ ਕਿਸੇ ਤਰ੍ਹਾਂ ਵੀ ਉਚਿਤ ਨਹੀਂ ਹੈ। ਇਸ ਸੰਬਧੀ ਸੀਬੀਐਸਈ ਦੇ ਚੰਡੀਗੜ੍ਹ ਆਫਿਸ ਨੂੰ ਮੇਲ ਰਾਹੀਂ ਜਾਣਕਾਰੀ ਦੇ ਦਿੱਤੀ ਗਈ ਹੈ ਅਤੇ ਸੈਂਟਰ ਤੁਰੰਤ ਬਦਲਣ ਦੀ ਮੰਗ ਕੀਤੀ ਗਈ ਹੈ। ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਅਤੇ ਕੋਰ ਕਮੇਟੀ ਮੈਂਬਰ ਰਜਿੰਦਰ ਸਿੰਘ ਮਾਰਸ਼ਲ ਨੇ ਆਰ ਓ, ਚੰਡੀਗੜ੍ਹ ਤੋਂ ਮੰਗ ਕੀਤੀ ਹੈ ਕਿ ਉਹ ਤੁਰੰਤ ਇਹਨਾਂ ਸਕੂਲਾਂ ਨੂੰ ਰਾਹਤ ਦੇ ਕੇ ਕਿਸੇ ਨਜ਼ਦੀਕੀ ਸਕੂਲ ਨੂੰ ਪ੍ਰੀਖਿਆ ਕੇਂਦਰ ਬਣਾਉਣ।

# ਖੇਡਾਂ ਨਾਲ ਜੁੜਨਾ ਸਾਕਾਰਾਤਮਕ ਕਦਮ : ਡਾ. ਬਾਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਗੁੱਜਰ ਸਪੋਰਟਸ ਕਲੱਬ ਹੁਸ਼ਿਆਰਪੁਰ ਵਲੋਂ ਤੀਸਰੀ ਕ੍ਰਿਕੇਟ ਚੈਂਪਿਅਨਸ਼ਿਪ ਦਾ ਆਯੋਜਨ ਕੀਤਾ ਗਿਆ। ਟੂਰਨਾਮੈਂਟ ਵਿੱਚ ਬਹੁਤ ਸਾਰੀਆਂ ਟੀਮਾਂ ਨੇ ਭਾਗ ਲਿਆ। ਸੈਮੀਫਾਈਨਲ ਵਿੱਚ ਪੁੱਜਣ ਵਾਲੀ ਟੀਮ ਵਿੱਚ ਕੋਹਲੀ ਸਪੋਰਟਸ ਕਲੱਬ ਹੁਸ਼ਿਆਰਪੁਰ, ਬਿਸਮਿਲਹਾ ਸਪੋਰਟਸ ਕਲੱਬ ਫਲੌਰ, ਮੱਗਰ ਖਰੜ ਸਪੋਰਟਸ ਕਲੱਬ ਜੰਮੂ, ਗੜ੍ਹਸ਼ੰਕਰ ਸਪੋਰਟਸ ਕਲੱਬ ਦੀ ਟੀਮ ਨੇ ਭਾਗ ਲਿਆ।ਜਿਸ ਵਿੱਚ ਬਿਸਮਿਲਹਾ ਸਪੋਰਟਸ ਕਲੱਬ ਫਲੌਰ ਅਤੇ ਮੱਗਰ ਖਰੜ ਜੰਮੂ ਦੋਨਾਂ ਦੇ ਵਿਚਕਾਰ ਫਾਈਨਲ ਮੁਕਾਬਲਾ ਹੋਇਆ। ਜਿਸ ਵਿੱਚ ਬਿਸਮਿਲਹਾ ਸਪੋਰਟਸ ਕਲੱਬ ਦੀ ਟੀਮ ਜੇਤੂ ਰਹੀ। ਜੇਤੂ ਟੀਮ ਨੂੰ ਸਨਮਾਨਿਤ ਕਰਨ ਦੇ ਲਈ ਸਮਾਜ ਸੇਵੀ ਡਾ.ਜਮੀਲ ਬਾਲੀ ਅਤੇ ਵਿਸ਼ਵਨਾਥ ਬੰਟੀ ਘੋੜੀਆਂ ਵਾਲਾ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਿਲ ਹੋਏ। ਡਾ.ਮੁਹੰਮਦ ਜਮੀਲ ਬਾਲੀ ਨੇ ਜੇਤੂ ਟੀਮ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੇ ਖਿਡਾਰੀਆਂ ਨੂੰ ਕਿਹਾ ਕਿ ਨਸ਼ਾ ਮੁਕਤ ਜੀਵਨ ਜੀਉਣ ਦੇ ਲਈ ਖੇਡਾਂ ਸਭ ਤੋਂ ਵੱਡਾ ਮਾਧਿਅਮ ਹਨ। ਖੇਡਾਂ ਨਾ ਕੇਵਲ ਸਾਡੇ ਜੀਵਨ ਨੂੰ ਸਰੀਰਕ, ਮਾਨਸਿਕ ਤੌਰ ਤੇ ਤੰਦਰੁਸਤ ਰੱਖਦੀਆਂ ਹਨ ਬਲਕਿ ਜੀਵਨ ਵਿੱਚ ਅੱਗੇ ਵੱਧਣ ਲਈ ਪ੍ਰੇਰਿਤ ਕਰਦੀਆਂ ਹਨ। ਖੇਡਾਂ ਨਾਲ ਜੁੜਨਾ ਸਾਕਾਰਾਤਮਕ ਕਦਮ ਹੈ। ਇਸ ਮੌਕੇ ਤੇ ਗੁਜਰ ਸਪੋਰਟਸ ਕਲੱਬ ਦੇ ਪ੍ਰਧਾਨ ਬਾਗ ਹੁਸੈਨ, ਨਵਾਜ ਹੁਸੈਨ, ਮੁਹੰਮਦ ਬਕੀਲ (ਸੁਮੂ ਪਹਿਲਵਾਨ), ਗੁਲਾਬ ਦੀਨ, ਠਾਨੇਦਾਰ, ਗਾਮਾ, ਮੁਰੀਦ, ਖਲੀਲ ਅਹਿਮਦ ਆਦਿ ਮੌਜੂਦ ਸਨ।

# ਸੀਟੀ ਗਰੁੱਪ ਵੱਲੋਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਹਿਯੋਗ ਨਾਲ ਰਾਜ ਪੱਧਰੀ ਜਾਗਰੂਕਤਾ ਸੈਮੀਨਾਰ



**ਜਲੰਧਰ ( ਸ਼ੈਲੀ ਐਲਬਰਟ)**-ਨਸ਼ਿਆਂ ਦੀ ਦੁਰਵਰਤੋਂ ਦੇ ਮਸਲੇ ਨੂੰ ਹੱਲ ਕਰਨ ਲਈ ਸੀਟੀ ਗਰੁੱਪ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀ.ਐਲ.ਐਸ.ਏ.) ਦੇ ਸਹਿਯੋਗ ਨਾਲ ਰਾਜ ਪੱਧਰੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ।। ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੇ ਕਾਰਜਕਾਰੀ ਚੀਫ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਯੋਜਿਤ ਇਸ ਸੈਮੀਨਾਰ ਵਿੱਚ ਵੱਖ-ਵੱਖ ਖੇਤਰੀ ਯੂਨੀਵਰਸਿਟੀਆਂ ਦੇ 500 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ । ਇਸ ਪ੍ਰੋਗਰਾਮ ਦਾ ਵਿਸ਼ਾ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਪੀੜਤਾਂ ਲਈ ਕਾਨੂੰਨੀ ਸੇਵਾਵਾਂ ਅਤੇ ਨਸ਼ਿਆਂ ਦੇ ਖਾਤਮੇ ਸੀ, ਜਿਸਦਾ ਉਦੇਸ਼ ਨਸ਼ਿਆਂ ਦੀ ਦੁਰਵਰਤੋਂ ਤੋਂ ਪ੍ਰਭਾਵਿਤ ਲੋਕਾਂ ਲਈ ਉਪਲਬਧ ਕਾਨੂੰਨੀ ਸੇਵਾਵਾਂ ਬਾਰੇ ਵਿਆਪਕ ਜਾਣਕਾਰੀ ਪ੍ਰਦਾਨ ਕਰਨਾ ਸੀ। ਸੀਟੀ ਗਰੁੱਪ ਦੇ ਲਾਅ ਵਿਭਾਗ ਨੇ ਸੈਮੀਨਾਰ ਦੇ ਆਯੋਜਨ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਈ, ਜਿਸ ਵਿੱਚ ਨਾ ਸਿਰਫ ਸੀਟੀ ਗਰੁੱਪ ਦੇ ਅੰਦਰ, ਬਲਕਿ ਡੀਏਵੀ ਯੂਨੀਵਰਸਿਟੀ, ਜਲੰਧਰ, ਜੀਐਨਡੀਯੂ ਖੇਤਰੀ ਕੈਂਪਸ, ਲਾਡੇਵਾਲੀ ਵਰਗੀਆਂ ਉੱਘੀਆਂ ਖੇਤਰੀ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ । ਇਸ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੁਹਾਲੀ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਮੈਂਬਰ ਸਕੱਤਰ ਮਨਜਿੰਦਰ ਸਿੰਘ ਨੇ ਸ਼ਿਰਕਤ ਕੀਤੀ। ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਦੇ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਬਲਜਿੰਦਰ ਸਿੰਘ ਮਾਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਪੂਰਥਲਾ ਦੀ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਅਮਨਦੀਪ ਕੌਰ ਚਾਹਲ, ਸੁਪਰੀਮ ਕੋਰਟ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤੋਂ ਐਡਵੋਕੇਟ ਮਨਦੀਪ ਸਿੰਘ ਸਚਦੇਵ ਅਤੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਆਦਿੱਤਿਆ ਜੈਨ ਸਮੇਤ ਕਾਨੂੰਨੀ ਭਾਈਚਾਰੇ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ ।ਮਨਜਿੰਦਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਆਪਣੇ ਸੰਬੋਧਨ ਵਿੱਚ ਨਸ਼ਿਆਂ ਦੇ ਪੀੜਤਾਂ ਨੂੰ ਉਪਲਬਧ ਕਾਨੂੰਨੀ ਸੇਵਾਵਾਂ ਬਾਰੇ ਚਾਨਣਾ ਪਾਇਆ । ਨਸ਼ਿਆਂ ਦੇ ਖ਼ਤਰੇ ਦਾ ਮੁਕਾਬਲਾ ਕਰਨ ਲਈ ਡੀ.ਐਲ.ਐਸ.ਏ ਦੇ ਕੰਮਕਾਜ ਬਾਰੇ ਕੀਮਤੀ ਸੂਝ ਪ੍ਰਦਾਨ ਕੀਤੀ। ਉਨ੍ਹਾਂ ਨੇ ਚੋਣਾਂ ਪ੍ਰਤੀ ਸਰਗਰਮੀ ਨਾਲ ਚੇਤੰਨ ਰਹਿਣ ਦੀ ਮਹੱਤਤਾ ਤੇ ਜ਼ੋਰ ਦਿੱਤਾ ਅਤੇ ਮਾਜੂਦ ਨੂੰ ਡੀ.ਐਲ.ਐਸ.ਏ ਦੀ 24/7 ਸਹਾਇਤਾ ਦਾ ਭਰੋਸਾ ਦਿੱਤਾ । ਡੀ.ਐਲ.ਐਸ.ਏ. ਜਲੰਧਰ ਦੇ ਸਕੱਤਰ ਬਲਜਿੰਦਰ ਸਿੰਘ ਮਾਨ ਨੇ ਸਾਰਥਕ ਕਾਰਜਾਂ ਰਾਹੀਂ ਸੱਚੀ ਖੁਸ਼ੀ ਪੈਦਾ ਕਰਨ ਦੀ ਸ਼ਕਤੀ ਤੇ ਜ਼ੋਰ ਦਿੰਦੇ ਹੋਏ ਇੱਕ ਭਾਵੁਕ ਸੰਦੇਸ਼ ਦਿੱਤਾ । ਆਪਣੀਆਂ ਸੂਝਵਾਨ ਟਿੱਪਣੀਆਂ ਵਿੱਚ, ਉਹਨਾਂ ਨੇ ਦਰਸ਼ਕਾਂ ਨੂੰ ਖੁਸ਼ੀ ਪੈਦਾ ਕਰਨ, ਸ਼ੌਕ ਵਿੱਚ ਸ਼ਾਮਲ ਹੋਣ ਅਤੇ ਨਕਲੀ ਸਰੋਤਾਂ ਵਿੱਚ ਖੁਸ਼ੀ ਦੀ ਭਾਲ ਕਰਨ ਤੋਂ ਪਰਹੇਜ਼ ਕਰਨ ਲਈ ਉਤਸ਼ਾਹਤ ਕੀਤਾ । ਇਹ ਵਿਚਾਰਸ਼ੀਲ ਸਲਾਹ ਇਹ ਯਾਦ ਦਿਵਾਉਂਦੀ ਹੈ ਕਿ ਸੱਚੀ ਪੂਰਤੀ ਸਕਾਰਾਤਮਕ ਅਤੇ ਪ੍ਰਮਾਣਿਕ ਯਤਨਾਂ ਤੋਂ ਆਉਂਦੀ ਹੈ, ਜੋ ਵਿਅਕਤੀਆਂ ਨੂੰ ਨੁਕਸਾਨਦੇਹ ਰਸਤਿਆਂ ਤੋਂ ਦੂਰ ਰੱਖਦੀ ਹੈ।। ਸੀਟੀ ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਸੀਟੀ ਗਰੁੱਪ ਅਤੇ ਡੀ.ਐਲ.ਐਸ.ਏ ਦਾ ਸਹਿਯੋਗ ਨਸ਼ਿਆਂ ਦੀ ਸਮਾਜਿਕ ਚੁਣੌਤੀ ਨਾਲ ਨਜਿੱਠਣ ਲਈ ਵਿਦਿਅਕ ਸੰਸਥਾਵਾਂ ਅਤੇ ਕਾਨੂੰਨੀ ਅਥਾਰਟੀਆਂ ਨੂੰ ਇਕਜੁੱਟ ਕਰਨ ਦੀ ਮਹੱਤਤਾ ਨੂੰ ਦਰਸਾਉਂਦਾ ਹੈ। ਅਜਿਹੀਆਂ ਪਹਿਲਕਦਮੀਆਂ ਇੱਕ ਜ਼ਿੰਮੇਵਾਰ ਅਤੇ ਸੂਚਿਤ ਭਾਈਚਾਰੇ ਨੂੰ ਉਤਸ਼ਾਹਤ ਕਰਨ ਵਿੱਚ ਯੋਗਦਾਨ ਪਾਉਂਦੀਆਂ ਹਨ।।